ਸ਼ਨੀਵਾਰ, 22 ਜੂਨ, 2024

9 ਹਾੜ੍ਹ { ਨਾਨਕਸ਼ਾਹੀ 556 / ਬਿਕਰਮੀ 2081 }

ਜਿਲਦ/VOL. : 73

ਅੰਕ/NO. : 21

# ਨਵਾਂ ਜ਼ਮਾਨਾ

DAILY NAWAN ZAMANA • SATURDAY, 22 JUNE, 2024

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


## ਜੰਮੂ-ਕਸ਼ਮੀਰ ਅਸੈਂਬਲੀ ਲਈ ਚੋਣ ਪ੍ਰਕਿਰਿਆ ਸ਼ੁਰੂ

**ਨਵੀਂ ਦਿੱਲੀ** : ਚੋਣ ਕਮਿਸ਼ਨ ਨੇ ਜੰਮੂ-ਕਸ਼ਮੀਰ, ਹਰਿਆਣਾ, ਝਾਰਖੰਡ ਤੇ ਮਹਾਰਾਸ਼ਟਰ ਵਿਚ ਅਸੈਂਬਲੀ ਚੋਣਾਂ ਦਾ ਅਮਲ ਸ਼ੁਰੂ ਕਰਦਿਆਂ 20 ਅਗਸਤ ਤਕ ਵੋਟਰ ਸੂਚੀਆਂ ਦੀ ਸੁਧਾਈ ਦਾ ਐਲਾਨ ਕੀਤਾ ਹੈ। ਚੋਣ ਕਮਿਸ਼ਨ ਨੇ ਇਨ੍ਹਾਂ ਰਾਜਾਂ ਤੇ ਕੇਂਦਰ ਸ਼ਾਸਤ ਪ੍ਰਦੇਸ਼ ਦੇ ਮੁੱਖ ਚੋਣ ਅਧਿਕਾਰੀਆਂ ਨੂੰ ਵੀਰਵਾਰ ਲਿਖਿਆ ਕਿ ਉਹ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਕਰਨ।

## ਨਿੱਝਰ ਨੂੰ ਯਾਦ ਕਰਨ 'ਤੇ ਕੈਨੇਡਾ ਦੀ ਆਲੋਚਨਾ

**ਨਵੀਂ ਦਿੱਲੀ** : ਭਾਰਤ ਨੇ ਕੈਨੇਡੀਅਨ ਸੰਸਦ ਵੱਲੋਂ ਖਾਲਿਸਤਾਨੀ ਕੱਟੜਪੰਥੀ ਹਰਦੀਪ ਸਿੰਘ ਨਿੱਝਰ ਦੀ ਯਾਦ 'ਚ ਇੱਕ ਮਿੰਟ ਦਾ ਮੌਨ ਰੱਖਣ ਦੀ ਆਲੋਚਨਾ ਕੀਤੀ ਹੈ। ਨਿੱਝਰ ਨੂੰ ਪਿਛਲੇ ਸਾਲ ਜੂਨ 'ਚ ਬ੍ਰਿਟਿਸ਼ ਕੋਲੰਬੀਆ ਦੇ ਸਰੀ 'ਚ ਗੋਲੀ ਮਾਰ ਕੇ ਮਾਰ ਦਿੱਤਾ ਗਿਆ ਸੀ। ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ—ਅਸੀਂ ਅੱਤਵਾਦ ਨੂੰ ਸਿਆਸੀ ਥਾਂ ਦੇਣ ਅਤੇ ਹਿੰਸਾ ਦੀ ਵਕਾਲਤ ਕਰਨ ਵਾਲੇ ਕਿਸੇ ਵੀ ਕਦਮ ਦਾ ਵਿਰੋਧ ਕਰਦੇ ਹਾਂ। ਪਿਛਲੇ ਸਾਲ ਸਤੰਬਰ 'ਚ ਨਿੱਝਰ ਦੀ ਹੱਤਿਆ 'ਚ ਭਾਰਤੀ ਏਜੰਟਾਂ ਦੀ ਸੰਭਾਵੀ ਸ਼ਮੂਲੀਅਤ ਦੇ ਪ੍ਰਧਾਨ ਮੰਤਰੀ ਜਸਟਿਸ ਟਰੂਡੋ ਦੇ ਦੋਸ਼ਾਂ ਤੋਂ ਬਾਅਦ ਦੋਵਾਂ ਦੇਸ਼ਾਂ ਦੇ ਸੰਬੰਧ ਤਣਾਅਪੂਰਨ ਹੋ ਗਏ ਸਨ। ਭਾਰਤ ਨੇ ਟਰੂਡੋ ਦੇ ਦੋਸ਼ਾਂ ਨੂੰ ਬੇਤੁਕਾ ਦੱਸਦਿਆਂ ਰੱਦ ਕੀਤਾ ਸੀ।

## ਸ਼ਰਾਬ ਕਾਂਡ 'ਚ ਮੌਤਾਂ ਦੀ ਗਿਣਤੀ 47

**ਚੇਨਈ** : ਤਾਮਿਲਨਾਡੂ ਸਰਕਾਰ ਨੇ ਸ਼ੁੱਕਰਵਾਰ ਕਿਹਾ ਕਿ ਕੱਲਾਕੁਰਿਚੀ ਜ਼ਹਿਰੀਲੀ ਸ਼ਰਾਬ ਕਾਂਡ 'ਚ ਮਰਨ ਵਾਲਿਆਂ ਦੀ ਗਿਣਤੀ 47 ਹੋ ਗਈ ਹੈ ਅਤੇ ਘੱਟੋ-ਘੱਟ 30 ਵਿਅਕਤੀਆਂ ਦੀ ਹਾਲਤ ਗੰਭੀਰ ਹੈ। 165 ਵਿਅਕਤੀਆਂ ਨੂੰ ਸ਼ਰਾਬ ਪੀਣ ਤੋਂ ਬਾਅਦ ਹਸਪਤਾਲਾਂ 'ਚ ਦਾਖਲ ਕਰਵਾਇਆ ਗਿਆ ਸੀ। ਜ਼ੇਰੇ ਇਲਾਜ 118 ਵਿੱਚੋਂ 30 ਦੀ ਹਾਲਤ ਨਾਜ਼ੁਕ ਬਣੀ ਹੋਈ ਸੀ।

## ਕੌਂਸਲਿੰਗ 'ਤੇ ਰੋਕ ਤੋਂ ਮੁੜ ਇਨਕਾਰ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸ਼ੁੱਕਰਵਾਰ ਕੌਮੀ ਯੋਗਤਾ-ਕਮ-ਪ੍ਰਵੇਸ਼ ਪ੍ਰੀਖਿਆ (ਨੀਟ-ਯੂ ਜੀ) 2024 ਵਿਚ ਕੌਂਸਲਿੰਗ ਦੀ ਪ੍ਰਕਿਰਿਆ 'ਤੇ ਰੋਕ ਲਗਾਉਣ ਤੋਂ ਮੁੜ ਇਨਕਾਰ ਕਰ ਦਿੱਤਾ ਅਤੇ ਕੌਮੀ ਪ੍ਰੀਖਿਆ ਏਜੰਸੀ (ਐੱਨ ਟੀ ਏ) ਨੂੰ ਨੋਟਿਸ ਜਾਰੀ ਕੀਤਾ। ਸੁਪਰੀਮ ਕੋਰਟ ਦੇ ਜਸਟਿਸ ਵਿਕਰਮ ਨਾਥ ਅਤੇ ਜਸਟਿਸ ਐੱਸ ਵੀ ਐੱਨ ਭੱਟੀ ਦੀ ਬੈਂਚ ਨੇ ਨਵੀਆਂ ਪਟੀਸ਼ਨਾਂ ਨੂੰ ਲਟਕਦੀਆਂ ਪਟੀਸ਼ਨਾਂ ਦੇ ਨਾਲ ਜੋੜ ਦਿੱਤਾ ਤੇ ਉਨ੍ਹਾਂ ਨੂੰ 8 ਜੁਲਾਈ ਨੂੰ ਸੁਣਵਾਈ ਲਈ ਪਾ ਦਿੱਤਾ ਹੈ।

## ਆਤਿਸ਼ੀ ਭੁੱਖ ਹੜਤਾਲ 'ਤੇ

**ਨਵੀਂ ਦਿੱਲੀ** : ਦਿੱਲੀ ਦੀ ਜਲ ਮੰਤਰੀ ਆਤਿਸ਼ੀ ਨੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਪਤਨੀ ਸੁਨੀਤਾ ਕੇਜਰੀਵਾਲ ਅਤੇ ਹੋਰ 'ਆਪ' ਆਗੂਆਂ ਦੀ ਮੌਜੂਦਗੀ 'ਚ ਹਰਿਆਣਾ ਤੋਂ ਵੱਧ ਪਾਣੀ ਲੈਣ ਲਈ ਸ਼ੁੱਕਰਵਾਰ ਦੱਖਣੀ ਦਿੱਲੀ ਦੇ ਭੋਗਲ ਵਿਖੇ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ। ਸੁਨੀਤਾ ਕੇਜਰੀਵਾਲ ਨੇ ਮੁੱਖ ਮੰਤਰੀ ਦਾ ਸੰਦੇਸ ਪੜ੍ਹਿਆ, ਜਿਸ 'ਚ ਉਨ੍ਹਾ ਆਸ ਪ੍ਰਗਟਾਈ ਕਿ ਆਤਿਸ਼ੀ ਦੀ ਤਪੱਸਿਆ ਸਫਲ ਹੋਵੇਗੀ। ਇਸ ਤੋਂ ਪਹਿਲਾਂ ਆਤਿਸ਼ੀ ਨੇ ਸੁਨੀਤਾ ਕੇਜਰੀਵਾਲ, ਦਿੱਲੀ ਦੇ ਮੰਤਰੀ ਸੌਰਭ ਭਾਰਦਵਾਜ ਅਤੇ ਹੋਰ ਨੇਤਾਵਾਂ ਦੇ ਨਾਲ ਰਾਜਘਾਟ 'ਤੇ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਭੇਟ ਕੀਤੀ। ਦਿੱਲੀ ਸਰਕਾਰ ਹਰਿਆਣਾ ਤੋਂ ਰੋਜ਼ਾਨਾ 10 ਕਰੋੜ ਗੈਲਨ ਪਾਣੀ ਛੱਡਣ ਦੀ ਮੰਗ ਕਰ ਰਹੀ ਹੈ।

## ਵਿਧਾਇਕ ਦੀ ਪਤਨੀ ਦੀ ਲਟਕਦੀ ਲਾਸ਼ ਮਿਲੀ

**ਹੈਦਰਾਬਾਦ** : ਤਿਲੰਗਾਨਾ ਦੇ ਕਾਂਗਰਸ ਵਿਧਾਇਕ ਐੱਮ ਸਤਿਅਮ ਦੀ ਪਤਨੀ ਰੂਪਾ ਦੇਵੀ ਦੀ ਵੀਰਵਾਰ ਰਾਤ ਘਰ 'ਚ ਲਟਕਦੀ ਲਾਸ਼ ਮਿਲੀ ਹੈ। ਪਰਵਾਰਕ ਮੈਂਬਰਾਂ ਨੇ ਕਿਹਾ ਕਿ ਉਹ ਸਿਹਤ ਸੰਬੰਧੀ ਸਮੱਸਿਆਵਾਂ ਤੋਂ ਪ੍ਰੇਸ਼ਾਨ ਸੀ। ਸਤਿਅਮ ਕਰੀਮਨਗਰ ਜ਼ਿਲ੍ਹੇ ਦੇ ਚੋਪਡਾਂਡੀ ਹਲਕੇ ਤੋਂ ਵਿਧਾਇਕ ਹਨ।

## ਡਰਾਈਵਰ-ਕੰਡਕਟਰ ਸਣੇ 4 ਮੌਤਾਂ



**ਸ਼ਿਮਲਾ** : ਹਿਮਾਚਲ ਦੇ ਸ਼ਿਮਲਾ ਜ਼ਿਲ੍ਹੇ ਦੇ ਕੁੱਦੂ-ਦਿਲਤਾਰੀ ਰੋਡ 'ਤੇ ਸ਼ੁੱਕਰਵਾਰ ਬੱਸ ਪਲਟਣ ਕਾਰਨ 4 ਵਿਅਕਤੀਆਂ ਦੀ ਮੌਤ ਹੋ ਗਈ, ਜਦਕਿ 3 ਗੰਭੀਰ ਜ਼ਖਮੀ ਹੋ ਗਏ। ਹਾਦਸਾ ਸਵੇਰੇ 6.45 ਵਜੇ ਦੇ ਕਰੀਬ ਉਸ ਸਮੇਂ ਵਾਪਰਿਆ ਜਦੋਂ ਹਿਮਾਚਲ ਰੋਡ ਟਰਾਂਸਪੋਰਟ ਕਾਰਪੋਰੇਸ਼ਨ ਦੀ ਬੱਸ ਕੁੱਦੂ ਤੋਂ ਦਿਲਤਾਰੀ ਵੱਲ ਜਾ ਰਹੀ ਸੀ। ਬੱਸ 'ਚ 7 ਵਿਅਕਤੀ ਸਵਾਰ ਸਨ। ਬਿਰਮਾ ਦੇਵੀ ਅਤੇ ਧੰਨ ਸ਼ਾਹ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂਕਿ ਬੱਸ ਦੇ ਡਰਾਈਵਰ ਕਰਮ ਦਾਸ ਅਤੇ ਕੰਡਕਟਰ ਰਾਕੇਸ਼ ਕੁਮਾਰ ਦੀ ਹਸਪਤਾਲ ਲਿਜਾਂਦੇ ਸਮੇਂ ਮੌਤ ਹੋ ਗਈ।

# ਕੇਜਰੀਵਾਲ ਦੀ ਰਿਹਾਈ ਟਲੀ

## ਜ਼ਮਾਨਤ ਦੇਣ ਦੇ ਫੈਸਲੇ 'ਤੇ ਹਾਈ ਕੋਰਟ ਵੱਲੋਂ ਆਰਜ਼ੀ ਰੋਕ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਕਥਿਤ ਆਬਕਾਰੀ ਘਪਲੇ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ 'ਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਜ਼ਮਾਨਤ ਦੇਣ ਦੇ ਹੇਠਲੀ ਅਦਾਲਤ ਦੇ ਹੁਕਮਾਂ 'ਤੇ ਸ਼ੁੱਕਰਵਾਰ ਅੰਤਰਮ ਰੋਕ ਲਾ ਦਿੱਤੀ। ਹਾਈ ਕੋਰਟ ਨੇ ਹੇਠਲੀ ਅਦਾਲਤ ਦੇ 20 ਜੂਨ ਦੇ ਆਦੇਸ਼ ਨੂੰ ਚੁਣੌਤੀ ਦੇਣ ਵਾਲੀ ਈ ਡੀ ਦੀ ਪਟੀਸ਼ਨ 'ਤੇ ਜਵਾਬ ਦੇਣ ਲਈ ਕੇਜਰੀਵਾਲ ਨੂੰ ਨੋਟਿਸ ਵੀ ਜਾਰੀ ਕੀਤਾ। ਜਸਟਿਸ ਸੁਧੀਰ ਕੁਮਾਰ ਜੈਨ ਤੇ ਜਸਟਿਸ ਰਵਿੰਦਰ ਡੁਡੇਜਾ ਦੀ ਛੁੱਟੀਆਂ ਵਾਲੀ ਬੈਂਚ ਨੇ ਕਿਹਾ—ਅਸੀਂ 2-3 ਦਿਨਾਂ ਲਈ ਹੁਕਮ ਰਾਖਵਾਂ ਰੱਖ ਰਹੇ ਹਾਂ, ਕਿਉਂਕਿ ਅਸੀਂ ਪੂਰੇ ਰਿਕਾਰਡ ਨੂੰ ਦੇਖਣਾ ਚਾਹੁੰਦੇ ਹਾਂ। ਸੋਮਵਾਰ ਜਾਂ ਮੰਗਲਵਾਰ ਨੂੰ ਫੈਸਲਾ ਦੇ ਦੇਵਾਂਗੇ। ਰਾਊਜ਼ ਐਵੇਨਿਊ ਕੋਰਟ ਨੇ ਕੇਜਰੀਵਾਲ ਨੂੰ 20 ਜੂਨ ਦੀ ਸ਼ਾਮ 8 ਵਜੇ ਜ਼ਮਾਨਤ ਦੇ ਦਿੱਤੀ ਸੀ। ਜਸਟਿਸ ਨਿਆਏ ਬਿੰਦੂ ਨੇ ਕਿਹਾ ਸੀ ਕਿ ਕੇਜਰੀਵਾਲ ਖਿਲਾਫ ਕੋਈ ਸਿੱਧੇ ਸਬੂਤ ਨਹੀਂ ਹਨ। ਉਨ੍ਹਾ ਕੇਜਰੀਵਾਲ ਨੂੰ ਇੱਕ ਲੱਖ ਰੁਪਏ ਦੇ ਜ਼ਮਾਨਤੀ ਬਾਂਡ 'ਤੇ ਜ਼ਮਾਨਤ ਦਿੱਤੀ ਸੀ। ਇਸ ਵਿਰੁੱਧ ਈ ਡੀ ਨੇ 21 ਜੂਨ ਨੂੰ ਦਿੱਲੀ ਹਾਈ ਕੋਰਟ ਵਿਚ ਪਟੀਸ਼ਨ ਦਾਇਰ ਕਰ ਦਿੱਤੀ। ਈ ਡੀ ਵੱਲੋਂ ਪੇਸ਼ ਹੋਣ ਵਾਲੇ ਐਡੀਸ਼ਨਲ ਸਾਲੀਸਿਟਰ ਜਨਰਲ ਐੱਸ ਵੀ ਰਾਜੂ ਨੇ ਹਾਈ ਕੋਰਟ ਦੀ ਬੈਂਚ ਨੂੰ ਕਿਹਾ ਕਿ ਹੇਠਲੀ ਅਦਾਲਤ ਦਾ ਫੈਸਲਾ ਸਹੀ ਨਹੀਂ ਹੈ। ਉਸਨੇ ਉਨ੍ਹਾ ਨੂੰ ਦਲੀਲਾਂ ਰੱਖਣ ਦਾ ਪੂਰਾ ਸਮਾਂ ਨਹੀਂ ਦਿੱਤਾ। ਬੈਂਚ ਨੇ ਪੰਜ ਘੰਟੇ ਚੱਲੀ ਸੁਣਵਾਈ ਤੋਂ ਬਾਅਦ ਫੈਸਲਾ ਰਾਖਵਾਂ ਰੱਖ ਲਿਆ। ਆਮ ਆਦਮੀ ਪਾਰਟੀ ਦੇ ਆਗੂ ਸੰਜੈ ਸਿੰਘ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਨਿਆਂ ਪ੍ਰਣਾਲੀ ਦਾ ਮਜ਼ਾਕ ਉਡਾਉਣ ਦਾ ਦੋਸ਼ ਲਾਇਆ ਹੈ। ਉਨ੍ਹਾ ਕਿਹਾ-ਮੋਦੀ ਸਰਕਾਰ ਦੀ ਗੁੰਡਾਗਰਦੀ ਦੇਖੋ, ਹੇਠਲੀ ਅਦਾਲਤ ਦਾ ਹੁਕਮ ਹਾਲੇ ਤੱਕ ਨਹੀਂ ਆਇਆ, ਹੁਕਮਾਂ ਦੀ ਕਾਪੀ ਵੀ ਨਹੀਂ ਮਿਲੀ ਤੇ ਮੋਦੀ ਦੀ ਈ ਡੀ ਕਿਹੜੇ ਹੁਕਮਾਂ ਨੂੰ ਹਾਈਕੋਰਟ 'ਚ ਚੁਣੌਤੀ ਦੇਣ ਗਈ ? ਇਸ ਦੇਸ਼ 'ਚ ਕੀ ਹੋ ਰਿਹਾ ਹੈ ? 'ਮੋਦੀ ਜੀ, ਤੁਸੀਂ ਨਿਆਂ ਪ੍ਰਣਾਲੀ ਦਾ ਮਜ਼ਾਕ ਕਿਉਂ ਉਡਾ ਰਹੇ ਹੋ ?

## ਜਲੰਧਰ ਪੱਛਮੀ ਹਲਕੇ 'ਚ ਨਾਮਜ਼ਦਗੀਆਂ ਦਾ ਕੰਮ ਨਿੱਬੜਿਆ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉੱਭੀ)**-ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਕਾਂਗਰਸੀ ਉਮੀਦਵਾਰ ਸੁਰਿੰਦਰ ਕੌਰ ਨੇ ਸ਼ੁੱਕਰਵਾਰ ਆਖਰੀ ਦਿਨ ਰਿਟਰਨਿੰਗ ਅਫਸਰ ਅਲਕਾ ਕਾਲੀਆ ਕੋਲ ਨਾਮਜ਼ਦਗੀ ਕਾਗਜ਼ ਦਾਖਲ ਕੀਤੇ। ਉਨ੍ਹਾ ਨਾਲ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਤੇ ਜ਼ਿਲ੍ਹਾ ਪ੍ਰਧਾਨ ਰਜਿੰਦਰ ਬੇਰੀ ਵੀ ਸਨ। ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਸੁਰਜੀਤ ਕੌਰ ਨੇ ਵੀ ਨਾਮਜ਼ਦਗੀ ਕਾਗਜ਼ ਦਾਖਲ ਕਰਵਾਏ। ਇਸ ਮੌਕੇ ਬੀਬੀ ਜਗੀਰ ਕੌਰ, ਸਾਬਕਾ ਐੱਮ ਪੀ ਮਹਿੰਦਰ ਸਿੰਘ ਕੇਪੀ ਵੀ ਨਾਲ ਸਨ।



ਆਮ ਆਦਮੀ ਪਾਰਟੀ ਦੇ ਉਮੀਦਵਾਰ ਮਹਿੰਦਰਪਾਲ ਭਗਤ ਨੇ ਵੀ ਕਾਗਜ਼ ਦਾਖਲ ਕੀਤੇ। ਉਨ੍ਹਾ ਨਾਲ ਪੰਜਾਬ ਦੇ ਮੰਤਰੀ ਹਰਪਾਲ ਚੀਮਾ ਤੇ ਅਮਨ ਅਰੋੜਾ ਵੀ ਸਨ।

## ਕਾਮਰੇਡ ਅਕਲਪੁਰੀ ਦਾ ਸੂਹੀ ਸਲਾਮ ਨਾਲ ਅੰਤਿਮ ਸੰਸਕਾਰ

**ਜਲੰਧਰ/ਫਿਲੌਰ (ਗਿਆਨ ਸੈਦਪੁਰੀ/ਨਿਰਮਲ)**

ਭਾਰਤੀ ਕਮਿਊਨਿਸਟ ਪਾਰਟੀ ਦੇ ਸਤਿਕਾਰਤ ਆਗੂ ਅਤੇ ਨਵਾਂ ਜ਼ਮਾਨਾ ਦੀ ਸੰਚਾਲਕ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸੀਨੀਅਰ ਮੈਂਬਰ ਕਾਮਰੇਡ ਸਵਰਨ ਸਿੰਘ ਅਕਲਪੁਰੀ ਦੇ ਦੇਹਾਂਤ ਹੋਣ ਤੋਂ ਬਾਅਦ ਪਰਵਾਰਕ ਮੈਂਬਰਾਂ ਦੇ ਵਿਦੇਸ਼ ਤੋਂ ਪਰਤਣ 'ਤੇ ਸ਼ੁੱਕਰਵਾਰ ਨੂੰ ਉਨ੍ਹਾਂ ਦੇ ਪਿੰਡ ਅਕਲਪੁਰ (ਫਿਲੌਰ) ਦੇ ਸ਼ਮਸ਼ਾਨਘਾਟ ਵਿੱਚ ਸੇਜਲ ਅੱਖਾਂ ਨਾਲ ਅੰਤਿਮ ਸਸਕਾਰ ਕਰ ਦਿੱਤਾ ਗਿਆ। ਉਨ੍ਹਾਂ ਦਾ 18 ਜੂਨ ਦੀ ਸ਼ਾਮ ਨੂੰ ਦੇਹਾਂਤ ਹੋ ਗਿਆ ਸੀ। ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਪੁੱਤਰਾਂ ਰਜਿੰਦਰ ਸਿੰਘ ਤੇ ਕੁਲਵਿੰਦਰ ਸਿੰਘ ਨੇ ਦਿਖਾਈ। ਇਸ ਤੋਂ ਪਹਿਲਾਂ ਉਨ੍ਹਾਂ ਦੀ ਮ੍ਰਿਤਕ ਦੇਹ 'ਤੇ ਲਾਲ ਝੰਡੇ ਪਾ ਕੇ ਅੰਤਿਮ ਵਿਦਾਇਗੀ ਦਿੱਤੀ ਗਈ। ਇਸ ਮੌਕੇ ਸੀ ਪੀ ਆਈ ਦੇ ਸੂਬਾ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ ਨੇ ਵਿਛੜੇ ਸਾਥੀ ਦੇ ਸੰਘਰਸ਼ਮਈ ਸਮਿਆਂ ਨੂੰ ਚੇਤੇ ਕਰਦਿਆਂ ਉਨ੍ਹਾਂ ਨੂੰ ਸੂਹੀ ਸਲਾਮ ਆਖੀ। ਉਨ੍ਹਾ ਕਿਹਾ ਕਿ ਸਾਥੀ ਅਕਲਪੁਰੀ ਲਾਲ ਝੰਡਾ ਅੱਜ ਸਾਡੇ ਹਵਾਲੇ ਕਰ ਗਏ ਹਨ। ਇਸ ਨੂੰ ਬੁਲੰਦੀ 'ਤੇ ਲਿਜਾਣਾ ਸਾਡੇ ਫਰਜ਼ਾਂ ਦੀ ਅਗੇਤ ਵਿੱਚ ਸ਼ਾਮਲ ਹੋਵੇਗਾ। ਉਨ੍ਹਾ ਪਰਵਾਰ ਦੇ ਮੈਂਬਰਾਂ ਨਾਲ ਹਮਦਰਦੀ ਜ਼ਾਹਰ ਕਰਦਿਆ ਆਸ ਪ੍ਰਗਟਾਈ ਕਿ ਪਰਵਾਰ ਕਾਮਰੇਡ ਅਕਲਪੁਰੀ ਦੀ ਫਖਰ ਯੋਗ ਸੂਹੀ ਵਿਰਾਸਤ ਨੂੰ ਸਾਂਭਣ ਅਤੇ ਹੋਰ ਅੱਗੇ ਲੈ ਕੇ ਜਾਵੇਗਾ। ਕਾਮਰੇਡ ਅਕਲਪੁਰੀ ਦੇ ਸੰਘਰਸ਼ੀ ਜੀਵਨ ਦੀ ਗੱਲ ਕਰਦਿਆਂ ਸਾਥੀ ਬਰਾੜ ਨੇ ਕਿਹਾ ਕਿ ਉਹ ਵਿਦਿਆਰਥੀ ਜੀਵਨ ਤੋਂ ਹੀ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਮੰਚ ਤੋਂ ਵਿਦਿਆਰਥੀਆਂ ਦੀਆਂ ਮੰਗਾਂ ਮੰਨਵਾਉਣ ਅਤੇ ਉਨ੍ਹਾਂ ਦੀ ਬਿਹਤਰੀ ਲਈ ਸੰਘਰਸ਼ਾਂ ਦੇ ਪਾਂਧੀ ਬਣ ਗਏ ਸਨ। ਬਾਅਦ ਵਿੱਚ ਉਹ ਨੌਜਵਾਨ ਸਭਾ ਵਿੱਚ ਵਰਣਨਯੋਗ ਕੰਮ ਕਰਦੇ ਰਹੇ। ਕਿਸਾਨ ਸੰਘਰਸ਼ ਦੌਰਾਨ ਉਨ੍ਹਾਂ ਨੇ ਮਿਸਾਲੀ ਯੋਗਦਾਨ ਪਾਇਆ।

ਅੰਤਿਮ ਵਿਦਾਇਗੀ ਮੌਕੇ ਨਵਾਂ ਜ਼ਮਾਨਾ ਦੇ ਸੰਪਾਦਕ ਚੰਦ ਫਤਿਹਪੁਰੀ, ਵੈਟਰਨ ਆਗੂ ਕਾਮਰੇਡ ਰਛਪਾਲ ਸਿੰਘ ਬੜਾ ਪਿੰਡ, ਸੀ ਪੀ ਆਈ ਦੇ ਸੂਬਾ ਕੰਟਰੋਲ ਕਮਿਸ਼ਨ ਦੇ ਚੇਅਰਮੈਨ ਰਮੇਸ਼ ਰਤਨ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ, ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਰਸ਼ਪਾਲ ਕੈਲੇ, ਇਸਤਰੀ ਸਭਾ ਜ਼ਿਲ੍ਹਾ ਜਲੰਧਰ ਦੇ ਜਨਰਲ ਸਕੱਤਰ ਕਾਮਰੇਡ ਸੰਤੋਸ਼ ਬਰਾੜ, ਸੀ ਪੀ ਆਈ ਜ਼ਿਲ੍ਹਾ ਨਵਾਂ ਸ਼ਹਿਰ ਦੇ ਕਾਰਜਕਾਰੀ ਸਕੱਤਰ ਕਾਮਰੇਡ ਨਿਰੰਜਣ ਦਾਸ ਮੇਹਲੀ, ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਵੀਰ ਕੁਮਾਰ, ਪਰਵਿੰਦਰ ਫਲਪੋਤਾ, ਅਮਰਜੀਤ ਮੇਹਲੀ, ਮਹਿੰਦਰ ਪਾਲ ਮੋਹਾਲੀ ਆਦਿ ਹਾਜ਼ਰ ਸਨ।

ਪੰਜਾਬ ਖੇਤ ਮਜ਼ਦੂਰ ਸਭਾ ਅਤੇ ਆਰ ਐਮ ਪੀ ਆਈ ਵੱਲੋਂ ਵੀ ਝੰਡਾ ਪਾ ਕੇ ਵਿਛੜੇ ਆਗੂ ਨੂੰ ਇਨਕਲਾਬੀ ਸ਼ਰਧਾਂਜਲੀ ਦਿੱਤੀ ਗਈ। ਇਸ ਮੌਕੇ ਆਰ ਐਮ ਪੀ ਆਈ ਦੇ ਤਹਿਸੀਲ ਸਕੱਤਰ

● ਬਾਕੀ ਸਫ਼ਾ 2 'ਤੇ



ਸਾਥੀ ਸਵਰਨ ਅਕਲਪੁਰੀ ਦੀ ਮ੍ਰਿਤਕ ਦੇਹ 'ਤੇ ਲਾਲ ਝੰਡਾ ਪਾ ਕੇ ਸ਼ਰਧਾਂਜ਼ਲੀ ਭੇਟ ਕਰਦੇ ਹੋਏ ਕਾਮਰੇਡ ਬੰਤ ਬਰਾੜ, ਦੇਵੀ ਕੁਮਾਰੀ ਸਰਹਾਲੀ ਕਲਾਂ, ਰਛਪਾਲ ਕੈਲੇ ਤੇ ਹੋਰ।

## 20 ਸਾਲ ਡੰਮੀ ਅਧਿਆਪਕ ਰੱਖ ਕੇ ਤਨਖਾਹ ਲੈਂਦਾ ਰਿਹਾ ਜੋੜਾ

**ਜੈਪੁਰ** : ਇਕ ਪ੍ਰਾਇਮਰੀ ਸਕੂਲ 'ਚ ਤਾਇਨਾਤ ਅਧਿਆਪਕ ਜੋੜਾ ਖੁਦ ਸਕੂਲ ਜਾਣ ਦੀ ਬਜਾਏ ਤਿੰਨ ਡੰਮੀ ਅਧਿਆਪਕਾਂ ਨੂੰ ਤਨਖਾਹ 'ਤੇ ਰੱਖ ਕੇ ਡਿਊਟੀ ਦੀ ਖਾਨਾਪੂਰਤੀ ਕਰਦਾ ਰਿਹਾ। ਇਸ ਦਾ ਪਤਾ ਵੀਹ ਸਾਲ ਬਾਅਦ ਲੱਗਿਆ। ਹੁਣ ਸਿੱਖਿਆ ਵਿਭਾਗ ਨੇ ਮਾਮਲਾ ਦਰਜ ਕਰਵਾ ਕੇ ਜੋੜੇ ਨੂੰ 9 ਕਰੋੜ ਰੁਪਏ ਤੋਂ ਵੱਧ ਦੀ ਵਸੂਲੀ ਦਾ ਨੋਟਿਸ ਜਾਰੀ ਕੀਤਾ ਹੈ। ਪੁਲਸ ਨੇ ਤਿੰਨਾਂ ਡੰਮੀ ਅਧਿਆਪਕਾਂ ਨੂੰ ਗ੍ਰਿਫਤਾਰ ਕਰ ਲਿਆ ਹੈ ਪਰ ਅਧਿਆਪਕ ਜੋੜਾ ਫਰਾਰ ਹੈ।

ਜ਼ਿਲ੍ਹਾ ਸਿੱਖਿਆ ਅਧਿਕਾਰੀ ਨੇ ਦੱਸਿਆ ਕਿ ਅਧਿਆਪਕ ਵਿਸ਼ਨੂ ਗਰਗ ਤੇ ਉਸ ਦੀ ਪਤਨੀ ਮੰਜੂ ਗਰਗ 20 ਸਾਲ ਤੋਂ ਸਰਕਾਰੀ ਮਿਡਲ ਸਕੂਲ ਰਾਜਪੁਰਾ 'ਚ ਤਾਇਨਾਤ ਸਨ। ਵਿਸ਼ਨੂ ਮੁੱਖ ਅਧਿਆਪਕ ਤੇ ਮੰਜੂ ਅਧਿਆਪਕਾ ਸੀ। ਉਹ ਪਿਛਲੇ ਦੋ ਦਹਾਕਿਆਂ ਤੋਂ ਖੁਦ ਕਦੀ ਸਕੂਲ 'ਚ ਪੜ੍ਹਾਉਣ ਨਹੀਂ ਗਏ। ਦੋਵਾਂ ਨੇ ਤਿੰਨ ਲੋਕਾਂ ਨੂੰ ਡੰਮੀ ਅਧਿਆਪਕ ਦੇ ਰੂਪ 'ਚ ਰੱਖਿਆ ਹੋਇਆ ਸੀ। ਉਨ੍ਹਾਂ ਨੂੰ ਪ੍ਰਤੀ ਮਹੀਨਾ ਪੰਜ-ਪੰਜ ਹਜ਼ਾਰ ਰੁਪਏ ਦਿੰਦੇ ਸਨ।

ਮਾਮਲੇ ਦਾ ਖੁਲਾਸਾ ਉਸ ਵੇਲੇ ਹੋਇਆ ਜਦੋਂ ਦਸੰਬਰ 2023 'ਚ ਸਿੱਖਿਆ ਵਿਭਾਗ ਦੇ ਜ਼ਿਲ੍ਹਾ ਅਧਿਕਾਰੀਆਂ ਨੇ ਸਕੂਲ ਦਾ ਦੌਰਾ ਕੀਤਾ ਤੇ ਦੇਖਿਆ ਕਿ ਉੱਥੇ ਅਸਲ ● ਬਾਕੀ ਸਫ਼ਾ 2 'ਤੇ

## ਨੌਜਵਾਨ ਵੱਲੋਂ ਧੱਕੇ ਨਾਲ ਮੁਟਿਆਰ ਬਣਾ ਦੇਣ ਦਾ ਦੋਸ਼

**ਮੁਜ਼ੱਫਰਨਗਰ** : ਯੂ ਪੀ ਦੇ ਮੁਜ਼ੱਫਰਨਗਰ 'ਚ 20 ਸਾਲਾ ਨੌਜਵਾਨ ਨੇ ਦੋਸ਼ ਲਾਇਆ ਹੈ ਕਿ ਇਥੋਂ ਦੇ ਹਸਪਤਾਲ 'ਚ ਉਸ ਦੀ ਸਹਿਮਤੀ ਤੋਂ ਬਗੈਰ ਲਿੰਗ ਬਦਲਣ ਲਈ ਉਸ ਦਾ ਅਪ੍ਰੇਸ਼ਨ ਕਰ ਦਿੱਤਾ ਗਿਆ। ਹਸਪਤਾਲ ਨੇ ਦਾਅਵਾ ਕੀਤਾ ਹੈ ਕਿ ਆਦਮੀ ਨੇ ਆਪਣੀ ਮਰਜ਼ੀ ਨਾਲ ਲਿੰਗ ਬਦਲਵਾਇਆ ਹੈ। ਪੀੜਤ ਨੇ ਦਾਅਵਾ ਕੀਤਾ ਕਿ ਓਮ ਪ੍ਰਕਾਸ਼ ਨਾਂਅ ਦਾ ਬੰਦਾ ਉਸ ਨਾਲ ਛੇੜਛਾੜ ਕਰਦਾ ਸੀ। 3 ਜੂਨ ਨੂੰ ਓਮ ਪ੍ਰਕਾਸ਼ ਉਸ ਨੂੰ ਹਸਪਤਾਲ ਲੈ ਗਿਆ, ਜਿੱਥੇ ਉਸ ਨੂੰ ਬੇਹੋਸ਼ ਕਰ ਦਿੱਤਾ ਗਿਆ ਅਤੇ ਧੋਖੇ ਨਾਲ ਉਸ ਦਾ ਅਪ੍ਰੇਸ਼ਨ ਕਰਾਇਆ ਗਿਆ। ਅਗਲੀ ਸਵੇਰ ਜਦੋਂ ਉਹ ਉੱਠਿਆ ਤਾਂ ਉਸ ਨੇ ਦੇਖਿਆ ਕਿ ਉਸ ਦੇ ਗੁਪਤ ਅੰਗ ਕੱਟੇ ਹੋਏ ਸਨ। ਇਸ 'ਤੇ ਓਮ ਪ੍ਰਕਾਸ਼ ਨੇ ਉਸ ਨੂੰ ਦੱਸਿਆ ਕਿ ਹੁਣ ਤੂੰ ਔਰਤ ਹੈਂ ਤੇ ਉਹ ਵਿਆਹ ਕਰਾਉਣ ਲਈ ਉਸ ਨੂੰ ਲਖਨਊ ਲੈ ਜਾਵੇਗਾ। ਪੀੜਤ ਨੇ ਕਿਹਾ ਕਿ ਓਮ ਪ੍ਰਕਾਸ਼ ਨੇ ਧਮਕੀ ਦਿੱਤੀ ਸੀ ਕਿ ਜੇ ਉਸ ਨੇ ਰੌਲਾ ਪਾਇਆ ਤਾਂ ਉਹ ਉਸ ਦੇ ਪਿਤਾ ਦਾ ਕਤਲ ਕਰ ਦੇਵੇਗਾ। ਪੀੜਤ ਨੇ ਕਿਹਾ ਕਿ ਡਾਕਟਰ ਅਤੇ ਸਟਾਫ ਓਮ ਪ੍ਰਕਾਸ਼ ਨਾਲ ਮਿਲੇ ਹੋਏ ਸਨ। 16 ਜੂਨ ਨੂੰ ਪੀੜਤ ਦੀ ਸ਼ਿਕਾਇਤ ਦੇ ਆਧਾਰ 'ਤੇ ਪੁਲਸ ਨੇ ਓਮ ਪ੍ਰਕਾਸ਼ ਨੂੰ ਗ੍ਰਿਫਤਾਰ ਕਰ ਲਿਆ ਹੈ।

ਉਧਰ ਭਾਰਤੀ ਕਿਸਾਨ ਯੂਨੀਅਨ ਦੇ ਮੈਂਬਰਾਂ ਨੇ ਪੁਲਸ ਜਾਂਚ 'ਚ ਢਿੱਲਮੱਠ ਦਾ ਦੋਸ਼ ਲਾਉਂਦਿਆਂ ਹਸਪਤਾਲ ਦੇ ਬਾਹਰ ● ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਵੱਜਾ ਧਾੜਾ ਕਈ ਬੈਂਕਾਂ ਦਾ ਬਹੁਤ ਭਾਰਾ,
ਛਾਪੇ ਮੁਲਕ ਵਿੱਚ ਰਹੇ ਕਈ ਵੱਜ ਮੀਆਂ।
ਅਰਬਾਂ-ਖਰਬਾਂ ਦੇ ਮਾਲਕ ਨੇ ਸੁਣੇ ਦੋਸ਼ੀ,
ਢੇਰ ਮਾਇਆ ਦੇ, ਫੇਰ ਨਹੀਂ ਰੱਜ ਮੀਆਂ।
ਪਤਾ ਨਹੀਂ ਕਿੱਦਾਂ ਹੈ ਖੁੱਲ੍ਹਿਆ ਭੇਦ ਹੋਊ,
ਹੋਇਆ ਤਾਂਹੀ ਨਾ ਉਨ੍ਹਾਂ ਤੋਂ ਕੱਜ ਮੀਆਂ।
ਫੜਿਆ ਜਾਣਾ ਫਿਰ ਮੱਛੀਆਂ ਨਿੱਕੀਆਂ ਨੂੰ,
ਵੱਡਿਆਂ ਪਾਪੀਆਂ ਜਾਣਾ ਫਿਰ ਭੱਜ ਮੀਆਂ।
ਏਦਾਂ ਦਾ ਧਾੜਾ ਜਦ ਮਾਰਨਾ ਜਿਹੜਿਆਂ ਨੇ,
ਅਗੇਤੇ ਖਿਸਕਣ ਲਈ ਰੱਖਦੇ ਰਾਹ ਮੀਆਂ।
ਆਉਣਾ ਜਿਨ੍ਹਾਂ ਨੇ ਲੱਭਣ ਲਈ ਪੈੜ ਹੁੰਦਾ,
ਉਨ੍ਹਾਂ ਨਾਲ ਹੁੰਦੀ ਆ ਕਰੀ ਸਲਾਹ ਮੀਆਂ।

-ਤੀਸ ਮਾਰ ਖਾਂ

## ਨੇਪਾਲੀ ਸਾਂਸਦਾਂ ਵੱਲੋਂ ਭਾਰਤੀਆਂ ਲਈ ਪਾਸਪੋਰਟ ਲਾਜ਼ਮੀ ਕਰਨ ਦੀ ਮੰਗ

**ਕਠਮੰਡੂ** : ਨੇਪਾਲ ਦੇ ਦੋ ਸੰਸਦ ਮੈਂਬਰਾਂ ਨੇ ਸੰਸਦ 'ਚ ਭਾਰਤ-ਨੇਪਾਲ ਦੀ ਖੁੱਲ੍ਹੀ ਸਰਹੱਦ 'ਤੇ ਤਾਰ ਲਗਾਉਣ ਅਤੇ ਨੇਪਾਲ 'ਚ ਦਾਖਲ ਹੋਣ ਵਾਲੇ ਭਾਰਤੀਆਂ ਲਈ ਪਾਸਪੋਰਟ ਲਾਜ਼ਮੀ ਕਰਨ ਦਾ ਮਤਾ ਰੱਖਿਆ। ਉਨ੍ਹਾਂ ਇਸ ਨੂੰ ਸਰਹੱਦੀ ਸੁਰੱਖਿਆ, ਘੁਸਪੈਠ ਤੇ ਅਪਰਾਧ ਨੂੰ ਰੋਕਣ ਨਾਲ ਜੋੜਿਆ ਅਤੇ ਇਸ ਨੂੰ ਗੰਭੀਰਤਾ ਨਾਲ ਲਾਗੂ ਕਰਨ ਦੀ ਅਪੀਲ ਕੀਤੀ। ਸੱਤਾਧਾਰੀ ਐੱਨ ਸੀ ਪੀ-ਐੱਮ ਐੱਲ ਦੇ ਸੰਸਦ ਮੈਂਬਰ ਮਹੇਸ਼ ਬਟੌਲਾ ਨੇ ਕਿਹਾ ਕਿ ਖੁੱਲ੍ਹੀ ਸਰਹੱਦ ਕਾਰਨ ਅਪਰਾਧੀ ਨੇਪਾਲ 'ਚ ਅਪਰਾਧ ਕਰਨ ਤੋਂ ਬਾਅਦ ਆਸਾਨੀ ਨਾਲ ਭਾਰਤੀ ਖੇਤਰ 'ਚ ਭੱਜ ਜਾਂਦੇ ਹਨ। ਐਨ ਸੀ ਪੀ ਦੇ ਸਾਂਸਦ ਐੱਮ ਪੀ ਰਘੂਜੀ ਪੰਤ ਨੇ ਕਿਹਾ ਕਿ ਭਾਰਤੀ ਨਾਗਰਿਕ ਬਿਨਾਂ ਪਾਸਪੋਰਟ ਦੇ ਸਿਰਫ ਆਧਾਰ ਕਾਰਡ ਦਿਖਾ ਕੇ ਨੇਪਾਲ ਆਉਂਦੇ ਹਨ। ਉਸ ਦੀ ਅਸਲੀਅਤ ਦੀ ਜਾਂਚ ਕਰਨ ਲਈ ਨੇਪਾਲ 'ਚ ਕੋਈ ਮਾਧਿਅਮ ਨਹੀਂ ਹੈ।




## ਨਸ਼ਿਆਂ ਖਿਲਾਫ ਜਾਗਰੂਕ ਕਰਨ ਲਈ ਪਿੰਡ ਨਿਵਾਸੀ ਸਹਿਯੋਗ ਦੇਣ : ਡੀ ਐੱਸ ਪੀ ਔਲਖ



**ਬੁਢਲਾਡਾ (ਅਸ਼ੋਕ ਲਾਕੜਾ)**-ਜ਼ਿਲ੍ਹਾ ਪੁਲਸ ਮੁਖੀ ਐੱਸ ਐੱਸ ਪੀ ਮਾਨਸਾ ਨਾਨਕ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਤਹਿਸੀਲ ਬੁਢਲਾਡਾ ਦੇ ਪਿੰਡ ਰੱਲੀ ਵਿਖੇ ਥਾਣਾ ਸਦਰ ਬੁਢਲਾਡਾ ਦੇ ਸਹਿਯੋਗ ਨਾਲ ਨਸ਼ਿਆਂ ਖ਼ਿਲਾਫ਼ ਪੁਲਸ-ਪਬਲਿਕ ਮੀਟਿੰਗ ਨੂੰ ਸੰਬੋਧਨ ਕਰਦਿਆਂ ਡੀ.ਐੱਸ.ਪੀ. ਮਨਜੀਤ ਸਿੰਘ ਔਲਖ ਦੀ ਅਗਵਾਈ ਹੇਠ ਜਾਗਰੂਕਤਾ ਕੈਂਪ ਲਾਇਆ ਗਿਆ।ਇਸ ਮੌਕੇ ਡੀ ਐੱਸ ਪੀ ਨੇ ਕਿਹਾ ਕਿ ਪਿੰਡ ਨਿਵਾਸੀ ਨਸ਼ਿਆਂ ਦੇ ਖ਼ਿਲਾਫ਼ ਸਾਡਾ ਪੂਰਨ ਸਹਿਯੋਗ ਦੇਣ।ਸਦਰ ਥਾਣਾ ਦੇ ਐਸ.ਐਚ.ਓ. ਮੇਲਾ ਸਿੰਘ ਨੇ ਕਿਹਾ ਕਿ ਨਸ਼ਾ ਤਸਕਰਾ ਸਬੰਧੀ ਕਿਸੇ ਨੂੰ ਵੀ ਜਾਣਕਾਰੀ ਮਿਲਦੀ ਹੈ ਤਾਂ ਸਦਰ ਥਾਣਾ ਨਾਲ ਸੰਪਰਕ ਕਰ ਸਕਦੇ ਹਨ।ਇਸ ਮੌਕੇ ਰੱਲੀ ਪਿੰਡ ਦੇ ਸਰਪੰਚ ਜਗਮੇਲ ਸਿੰਘ, ਨੰਬਰਦਾਰ ਦਰਸ਼ਨ ਸਿੰਘ, ਪੰਚ ਗਮਦੂਰ ਸਿੰਘ, ਨੰਬਰਦਾਰ ਅਜੈਬ ਸਿੰਘ, ਪੰਚ ਮਲਕੀਤ ਸਿੰਘ, ਚਰਨਜੀਤ ਸਿੰਘ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗਮਦੂਰ ਸਿੰਘ, ਗੁਰਪਰਨ ਸਿੰਘ ਕਾਕਾ, ਜਗਜੀਤ ਸਿੰਘ, ਰਾਜਪਾਲ ਸਿੰਘ, ਐੱਚ.ਸੀ. ਗੋਲਡੀ ਸਿੰਘ, ਐੱਚ.ਸੀ. ਜਗਤਾਰ ਸਿੰਘ, ਕੁਲਵਿੰਦਰ ਚਹਿਲ, ਸਤਪਾਲ ਸ਼ਰਮਾ ਤੇ ਪਾਲ ਸਿੰਘ ਮੈਂਬਰ ਆਦਿ ਹਾਜ਼ਰ ਸਨ।

## ਫ਼ੈਵੀਕੋਲ ਚੈਂਪੀਅਨ ਕਲੱਬ ਨੇ ਯੋਗ ਦਿਵਸ ਮਨਾਇਆ



**ਜਗਰਾਉਂ (ਅਮਿਤ ਖੰਨਾ)**-ਫ਼ੈਵੀਕੋਲ ਚੈਂਪੀਅਨ ਕਲੱਬ ਵੱਲੋਂ ਗੌਰਮੈਂਟ ਸੀਨੀਅਰ ਸੈਕੰਡਰੀ ਸਕੂਲ ਵਿੱਚ ਯੋਗ ਦਿਵਸ ਮਨਾਇਆ ਗਿਆ, ਜਿਸ ਵਿੱਚ ਫ਼ੈਵੀਕੋਲ ਕੰਪਨੀ ਦੇ ਆਈ.ਐੱਮ.ਆਰ. ਪ੍ਰਿੰਸ ਅਰੋੜਾ ਵੱਲੋਂ ਸਟੇਜ ਉਪਰ ਯੋਗ ਆਸਣਾਂ ਦਾ ਆਧੁਨਿਕ ਦੌੜ ਭੱਜ ਵਾਲੀ ਜ਼ਿੰਦਗੀ ਵਿੱਚ ਮਹੱਤਵ ਤੇ ਯੋਗ ਪ੍ਰਣਾਲੀ ਬਾਰੇ ਦੱਸਿਆ ਗਿਆ।ਯੋਗ ਕਿਰਿਆ ਤੇ ਵੱਖ ਵੱਖ ਆਸਣਾਂ ਨੂੰ ਬਿਆਨ ਤੇ ਡੈਮੋਂਸਟਰੇਸ਼ਨ ਦੁਆਰਾ ਸਮਝਾ ਕੇ ਅਭਿਆਸ ਕਰਵਾਇਆ ਗਿਆ।ਇਸ ਮੌਕੇ ਪ੍ਰਧਾਨ ਮੰਗਲ ਸਿੰਘ ਸਿੱਧੂ, ਤਰਲੋਚਨ ਸਿੰਘ ਸਿਹਰਾ, ਸੁਰਿੰਦਰ ਸਿੰਘ ਮਠਾੜੂ, ਜਸਪਾਲ ਸਿੰਘ ਕਲਿਆਣ, ਮਨਦੀਪ ਸਿੰਘ ਮਨੀ, ਹਰਮਨ ਪ੍ਰੀਤ, ਭੀਮ ਕੁਮਾਰ, ਨਿਰਮਲ ਸਿੰਘ ਨੀਮਾ, ਬਲਜੀਤ ਸਿੰਘ, ਬੱਬਲ ਸਿੱਧੂ, ਬੂਟਾ ਸਿੰਘ ਆਦਿ ਹਾਜ਼ਰ ਸਨ।

## ਬਰਨੇ ਵਾਲੇ ਮੰਦਰ 'ਚ ਭੰਡਾਰਾ ਲਗਾਇਆ



**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਸ੍ਰੀ ਹਨੂਮਾਨ ਧਾਮ ਬਰਨੇ ਵਾਲਾ ਮੰਦਰ ਧਨੌਲਾ ਜ਼ਿਲ੍ਹਾ ਬਰਨਾਲਾ ਵਿਖੇ ਸਮਾਜ ਸੇਵੀ, ਆੜ੍ਹਤੀਆ ਸ਼ਿਵ ਸ਼ਕਤੀ ਲੋਕ ਸੇਵਾ ਕਲੱਬ ਦੇ ਖਜ਼ਾਨਚੀ, ਮਨੀਸ਼ ਕੁਮਾਰ ਮੋਨਾ ਸਪੁੱਤਰ ਸੁਭਾਸ਼ ਚੰਦ ਤੇ ਉਨ੍ਹਾਂ ਦੇ ਪਰਵਾਰ ਵੱਲੋਂ ਪਰਵਾਰ ਦੀ ਸੁੱਖ ਸ਼ਾਂਤੀ ਸੰਬੰਧੀ ਭੰਡਾਰਾ ਕੀਤਾ ਗਿਆ। ਇਸ ਮੌਕੇ ਪਰਵਾਰ ਵੱਲੋਂ ਮੰਦਰ ਵਿੱਚ ਪਹੁੰਚ ਕੇ ਪੂਜਾ ਅਰਚਨਾ ਕਰਵਾਈ ਗਈ।ਜਾਣਕਾਰੀ ਦਿੰਦੇ ਹੋਏ ਮਹੰਤ ਮੰਗਲ ਦਾਸ ਤੇ ਮਹੰਤ ਬੂਟਾ ਦਾਸ ਨੇ ਦੱਸਿਆ ਕਿ ਬਰਨੇ ਵਾਲੇ ਮੰਦਰ ਵਿੱਚ ਸ੍ਰੀ ਹਨੂੰਮਾਨ ਭਗਵਾਨ ਦੀ ਕਿਰਪਾ ਨਾਲ ਸਭ ਦੀ ਇੱਛਾ ਪੂਰਨ ਹੁੰਦੀਆਂ ਹਨ, ਹਰ ਮੰਗਲਵਾਰ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂ ਇਸ ਸਥਾਨ ਤੇ ਨਤਮਸਤਕ ਹੁੰਦੇ ਹਨ, ਮਨੀਸ਼ ਕੁਮਾਰ ਮੋਨਾ ਲੌਂਗੋਵਾਲ ਨੇ ਇਸ ਸਥਾਨ 'ਤੇ ਪੂਜਾ ਤੇ ਭੰਡਾਰੇ ਦਾ ਆਯੋਜਨ ਕਰਕੇ ਭਗਵਾਨ ਦਾ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਲੱਕੀ ਕੀਰਤਨ ਮੰਡਲੀ ਧਨੌਲਾ ਨੇ ਕੀਰਤਨ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਪ੍ਰੋਗਰਾਮ 'ਤੇ ਪਹੁੰਚਣ ਵਾਲੀਆਂ ਸਮੂਹ ਸੰਗਤਾਂ ਦਾ ਪਰਵਾਰ ਵੱਲੋਂ ਧੰਨਵਾਦ ਕੀਤਾ ਗਿਆ। ਮੰਦਰ ਕਮੇਟੀ ਵੱਲੋਂ ਪਰਿਵਾਰ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।

## ਡੇਰਾ ਬਾਬਾ ਸਾਊਲ ਦਾਸ ਭੁੱਲਰਹੇੜੀ ਪਹੁੰਚੇ ਡਾ. ਗੁਰਪ੍ਰੀਤ ਕੌਰ ਮਾਨ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਧਰਮ ਪਤਨੀ ਡਾ. ਗੁਰਪ੍ਰੀਤ ਕੌਰ ਅੱਜ ਡੇਰਾ ਬਾਬਾ ਸਾਊਲ ਦਾਸ ਪਿੰਡ ਭੁੱਲਰਹੇੜੀ ਦੇ ਸਾਲਾਨਾ ਮੇਲੇ 'ਚ ਪੁੱਜੇ। ਇਸ ਮੌਕੇ ਉਨ੍ਹਾਂ ਨੇ ਡੇਰੇ ਦੇ ਪ੍ਰਬੰਧਕ ਬਾਬਾ ਸੁਖਦੇਵ ਦਾਸ ਨਾਲ ਮੁਲਾਕਾਤ ਕੀਤੀ।ਇਸ ਮੌਕੇ ਪਿੰਡ ਭੁੱਲਰਹੇੜੀ ਵਿੱਚ ਲੱਗਣ ਜਾ ਰਹੇ 66 ਕੇਵੀ ਗਰਿੱਡ ਦੇ ਰੁਕੇ ਕੰਮ ਨੂੰ ਮੁੜ ਸ਼ੁਰੂ ਕਰਵਾਉਣ ਵਿੱਚ ਆ ਰਹੀ ਸਮੱਸਿਆ ਸਬੰਧੀ ਵੱਖ-ਵੱਖ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਵਫ਼ਦ ਦੇ ਰੂਪ ਵਿੱਚ ਮਿਲ ਕੇ ਇਸ ਮਸਲੇ ਦਾ ਤੁਰੰਤ ਹੱਲ ਕਰਨ ਦੀ ਮੰਗ ਰੱਖੀ।ਵਫ਼ਦ ਵਿੱਚ ਸ਼ਾਮਲ ਮੈਂਬਰ ਡਾਇਰੈਕਟਰ ਕੋ-ਆਪ੍ਰੇਟਿਵ ਬੈਂਕ ਸੰਗਰੂਰ ਤੇ ਸਾਬਕਾ ਚੇਅਰਮੈਨ ਸ਼ੂਗਰ ਕੇਨ ਸੁਸਾਇਟੀ ਅਵਤਾਰ ਸਿੰਘ ਤਾਰੀ ਭੁੱਲਰਹੇੜੀ, ਬੀਕੇਯੂ ਰਾਜੇਵਾਲ ਦੇ ਬਲਾਕ ਪ੍ਰਧਾਨ ਭੁਪਿੰਦਰ ਸਿੰਘ ਭੁੱਲਰਹੇੜੀ, ਇਕਾਈ ਪ੍ਰਧਾਨ ਜਸਦੇਵ ਸਿੰਘ ਤੇ ਬੀਕੇਯੂ ਏਕਤਾ ਉਗਰਾਹਾਂ ਦੇ ਪਵਿੱਤਰ ਸਿੰਘ ਨੇ ਡਾ. ਗੁਰਪ੍ਰੀਤ ਕੌਰ ਨੂੰ ਦੱਸਿਆ ਕਿ 66 ਕੇਵੀ ਗਰਿੱਡ ਦਾ ਸਾਰਾ ਕੰਮ ਅੰਤਿਮ ਪੜਾਅ ਵਿੱਚ ਹੈ, ਪਰ ਇੱਕ ਸਨਅਤਕਾਰ ਵੱਲੋਂ ਟਾਵਰ ਲਗਾਏ ਜਾਣ ਵਿੱਚ ਲਗਾਤਾਰ ਅੜਿੱਕੇ ਖੜੇ ਕੀਤੇ ਜਾ ਰਹੇ ਹਨ ਤੇ ਵਿਭਾਗ ਮੂਕ ਦਰਸ਼ਕ ਬਣਿਆ ਹੋਇਆ ਹੈ।ਡਾ. ਗੁਰਪ੍ਰੀਤ ਕੌਰ ਨੇ ਵਫ਼ਦ ਨੂੰ ਧਿਆਨ ਨਾਲ ਸੁਣਿਆ ਤੇ ਬਨਦੀ ਕਾਰਵਾਈ ਤੁਰੰਤ ਅਮਲ ਵਿੱਚ ਲਿਆਉਣ ਦਾ ਭਰੋਸਾ ਦਿੱਤਾ।

## ਕ੍ਰਾਂਤੀਕਾਰੀ ਈ ਰਿਕਸ਼ਾ ਯੂਨੀਅਨ ਦਾ ਵਫਦ ਡੀ ਸੀ ਨੂੰ ਮਿਲਿਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਕ੍ਰਾਂਤੀਕਾਰੀ ਈ-ਰਿਕਸ਼ਾ ਯੂਨੀਅਨ ਦੇ ਆਗੂ ਹਰਿੰਦਰ ਸ਼ਰਮਾ ਨੇ ਦੱਸਿਆ ਕਿ ਅੱਜ ਡੀ ਸੀ ਦਫਤਰ ਧਰਨਾ ਲਾਉਣ ਦਾ ਐਲਾਨ ਕੀਤਾ ਸੀ, ਪਰ ਕੰਮ ਦੀ ਰੁੱਤ ਹੋਣ ਕਰਕੇ ਇਹ ਧਰਨਾ ਕੁਝ ਸਮੇਂ ਲਈ ਮੁਲਤਵੀ ਕਰ ਦਿੱਤਾ ਸੀ, ਪਰ ਯੂਨੀਅਨ ਦਾ ਵਫਦ ਡੀਸੀ ਮੋਗਾ ਨੂੰ ਮਿਲਿਆ। ਵਫਦ ਦੀ ਅਗਵਾਈ ਕਰਾਂਤੀਕਾਰੀ ਈ-ਰਿਕਸ਼ਾ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸਰਵਨ ਸਿੰਘ ਬਰਾੜ ਤੇ ਕਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਲਖਵੀਰ ਸਿੰਘ ਲੱਖਾ ਕਰ ਰਹੇ ਸਨ। ਈ-ਰਿਕਸ਼ਾ ਯੂਨੀਅਨ ਦੇ ਚਾਲਕਾਂ ਨੇ ਪਰਵਾਰ ਦੀ ਰੋਟੀ ਚਲਾਉਣ ਲਈ, ਈ ਰਿਕਸ਼ੇ ਲੋਨ ਤੇ ਲਏ ਹਨ, ਪਰ ਟਰਾਂਸਪੋਰਟ ਵਿਭਾਗ ਕਹਿ ਰਿਹਾ ਹੈ ਕਿ ਈ-ਰਿਕਸ਼ੇ ਦੀ ਆਰ ਸੀ ਕਾਪੀ ਬਣਾਓ, ਬੀਮਾ ਕਰਾਓ ਤੇ ਪਰਦੂਸ਼ਨ ਸਰਟੀਫਿਕੇਟ ਬਣਾਓ। ਇਨ੍ਹਾਂ ਤਿੰਨ ਸ਼ਰਤਾਂ ਨੂੰ ਪੂਰਾ ਕਰਨ ਲਈ ਹਜ਼ਾਰਾਂ ਰੁਪੈ ਦਾ ਖਰਚ ਹੁੰਦਾ ਹੈ, ਪਰ ਚਾਲਕਾਂ ਨੂੰ ਲੋਨ ਕਿਸ਼ਤਾਂ ਮੋੜਨੀਆਂ ਵੀ ਮੁਸ਼ਕਲ ਹੋ ਰਹੀਆਂ ਹਨ। ਕਰਾਂਤੀਕਾਰੀ ਈ ਰਿਕਸ਼ਾ ਯੂਨੀਅਨ ਪੰਜਾਬ ਸਰਕਾਰ ਤੋਂ ਮੰਗ ਕਰ ਰਹੀ ਹੈ ਕਿ ਸਾਡੇ ਈ ਰਿਕਸ਼ਾ ਨੂੰ ਨਗਰ ਪਾਲਿਕਾ ਜਾਂ ਨਗਰ ਨਿਗਮ ਅਧੀਨ ਕਰਕੇ ਥੋੜੀ ਫੀਸ ਲੈ ਕੇ ਰਜਿਸਟਰਡ ਕਰ ਦੇਣ। ਉਸ ਮੰਗ ਲਈ ਅੱਜ ਡੀ ਸੀ ਮੋਗਾ ਨੂੰ ਮੰਗ ਪੱਤਰ ਦਿੱਤਾ ਗਿਆ। ਡੀ ਸੀ ਸਾਹਿਬ ਨੇ ਕਿਹਾ ਕਿ ਮੈਂ ਤੁਹਾਡਾ ਮੰਗ ਪੱਤਰ ਪੰਜਾਬ ਸਰਕਾਰ ਨੂੰ ਭੇਜ ਦੇਵਾਂਗਾ। ਇਸ ਸਬੰਧੀ ਪੰਜਾਬ ਸਰਕਾਰ ਹੀ ਫੈਸਲਾ ਲੈ ਸਕਦੀ ਹੈ।

## ਮੁਕੇਸ਼ ਸਿੰਗਲਾ ਮੁੜ ਸੰਗਰੂਰ ਡਿਸਟ੍ਰਿਕਟ ਇੰਡਸਟਰੀ ਚੈਂਬਰ ਬਲਾਕ ਧੂਰੀ ਦੇ ਪ੍ਰਧਾਨ ਬਣੇ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਸੰਗਰੂਰ ਡਿਸਟ੍ਰਿਕਟ ਇੰਡਸਟਰੀ ਚੈਂਬਰ ਬਲਾਕ ਧੂਰੀ ਦੀ ਕੱਲ੍ਹ ਸਥਾਨਕ ਹੋਈ ਚੋਣ ਮੀਟਿੰਗ ਵਿੱਚ ਸੰਸਥਾਂ ਦੇ ਪ੍ਰਧਾਨ ਮੁਕੇਸ਼ ਸਿੰਗਲਾ ਬੰਟੀ ਵੱਲੋਂ ਸੰਸਥਾ ਪ੍ਰਤੀ ਨਿਭਾਈਆਂ ਗਈਆਂ ਬੇਦਾਗ ਤੇ ਸਮਰਪਤ ਸੇਵਾਵਾਂ ਬਦਲੇ ਉਨ੍ਹਾਂ ਨੂੰ ਮੁੜ ਸੰਸਥਾਂ ਦਾ ਪ੍ਰਧਾਨ ਚੁਣ ਲਿਆ ਗਿਆ ਅਤੇ ਬਾਕੀ ਕਮੇਟੀ ਬਣਾਉਣ ਦੇ ਅਧਿਕਾਰ ਵੀ ਉਨ੍ਹਾਂ ਨੂੰ ਦਿੱਤੇ ਗਏ। ਇਸ ਮੌਕੇ ਕਰਵਾਏ ਸਮਾਗਮ ਵਿੱਚ ਮੁੱਖ ਮੰਤਰੀ ਦਫ਼ਤਰ ਇੰਚਾਰਜ ਅੰਮ੍ਰਿਤਪਾਲ ਬਰਾੜ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ, ਜਦਕਿ ਐਸ.ਡੀ.ਐੱਮ. ਅਮਿਤ ਗੁਪਤਾ, ਡੀ.ਐੱਸ.ਪ. ਤਲਵਿੰਦਰ ਸਿੰਘ ਗਿੱਲ, ਥਾਣਾ ਸਦਰ ਮੁੱਖੀ ਜਗਦੀਪ ਸਿੰਘ, ਐਕਸੀਅਨ ਇੰਦਰਜੀਤ ਸਿੰਘ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਪ੍ਰਧਾਨ ਮੁਕੇਸ਼ ਬੰਟੀ ਸਿੰਗਲਾ ਨੇ ਸਾਥੀ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਹੈ, ਉਸਨੂੰ ਮਿਹਨਤ ਤੇ ਤਨਦੇਹੀ ਨਾਲ ਨਿਭਾਉਣਗੇ ਅਤੇ ਉਦਯੋਗਪਤੀਆਂ ਦੀਆਂ ਮੁਸ਼ਕਲਾਂ ਤੇ ਮੰਗਾਂ ਬਾਰੇ ਲਗਾਤਾਰ ਯਤਨਸ਼ੀਲ ਰਹਿਣਗੇ।ਇਸ ਮੌਕੇ ਫ਼ੈਸਲਾ ਕੀਤਾ ਕਿ ਧੂਰੀ ਹਲਕੇ ਵਿੱਚ ਫੋਕਲ ਪੁਆਇੰਟ ਦੀ ਉਸਾਰੀ, ਸਸਤੀ ਬਿਜਲੀ ਯੂਨਿਟਾਂ, ਨਿਰੰਤਰ ਬਿਜਲੀ ਸਪਲਾਈ, ਸੀ.ਐੱਲ.ਯੂ. ਪ੍ਰਕ੍ਰਿਆ ਸਰਲ ਕਰਨ ਸਮੇਤ ਹੋਰ ਮੰਗਾਂ ਨੂੰ ਲੈ ਕੇ ਜਲਦੀ ਹੀ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨੂੰ ਪੱਤਰ ਭੇਜਿਆ ਜਾਵੇਗਾ।ਇਸ ਮੌਕੇ ਜ਼ਿਲ੍ਹਾ ਚੇਅਰਮੈਨ ਏ ਆਰ ਸ਼ਰਮਾ, ਰਾਈਸਿਲਾ ਦੇ ਡਾਇਰੈਕਟਰ ਵਿਜੈ ਗੋਇਲ, ਪ੍ਰਸ਼ੋਤਮ ਦਾਸ ਗਰਗ, ਚੇਅਰਮੈਨ ਕੈਂਬ੍ਰਿਜ ਸਕੂਲ ਮੱਖਣ ਲਾਲ ਗਰਗ, ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਸੁਰੇਸ਼ ਜਿੰਦਲ, ਮਨੂ ਕਾਂਸਲ, ਵਿਨੋਦ ਗਰਗ, ਚੇਅਰਮੈਨ ਗੁਰਬਖਸ਼ ਸਿੰਘ ਗੁੱਡੂ, ਕੈਸ਼ੀਅਰ ਕੇਡੀ ਮਿੱਤਲ, ਸੈਕਟਰੀ ਅਮਿਤ ਗੋਇਲ, ਸੀਨੀਅਰ ਵਾਈਸ ਚੇਅਰਮੈਨ ਸੰਜੇ ਗੋਇਲ, ਵਾਈਸ ਚੇਅਰਮੈਨ ਦਰਸ਼ਨ ਸਿੰਘ ਜੇਡੀ, ਵਾਈਸ ਪ੍ਰਧਾਨ ਰਾਜੇਸ਼ ਸਿੰਗਲਾ ਸ਼ੈਟੀ, ਸੰਜੀਵ ਸੂਦ,ਵਾਈਸ ਚੇਅਰਮੈਨ ਕਿੱਟੀ ਚੋਪੜਾ, ਸੈਕਟਰੀ ਐਮ ਪੀ ਸਿੰਘ ਆਦਿ ਹਾਜ਼ਰ ਸਨ।

## ਮੋਦੀ ਸਰਕਾਰ ਨੇ ਕਿਸਾਨਾਂ ਨਾਲ ਕੋਝਾ ਮਜ਼ਾਕ ਕੀਤਾ : ਦੌਲਤਪੁਰਾ, ਘੱਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਦਫਤਰ ਵਿਖੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਦੀ ਅਗਵਾਈ ਹੇਠ ਕਿਸਾਨਾਂ ਦੀ ਇਕੱਤਰਤਾ ਹੋਈ, ਜਿਸ ਦੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਮੀਡੀਆ ਇੰਚਾਰਜ ਬਲਕਰਨ ਸਿੰਘ ਢਿੱਲੋਂ ਨੇ ਦੱਸਿਆ ਕਿ ਬੀਤੇ ਕੱਲ੍ਹ ਕੇਂਦਰ ਦੀ ਸਰਕਾਰ ਵੱਲੋਂ ਝੋਨੇ ਦੀ ਫਸਲ ਵਿੱਚ ਮਾਮੂਲੀ 117 ਰੁਪਏ ਪ੍ਰਤੀ ਕੁਇੰਟਲ ਵਾਧਾ ਕੀਤਾ ਗਿਆ ਹੈ, ਇਸ ਵਾਧੇ ਨੂੰ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਮੁੱਢ ਤੋਂ ਰੱਦ ਕਰਦੀ ਹੈ, ਕਿਉਂਕਿ ਇਹੋ ਜਿਹੀਆਂ ਨੀਤੀਆਂ ਕਰਕੇ ਕਿਸਾਨ ਦਿਨੋਂ-ਦਿਨ ਕਾਰਜ਼ੇ ਦੇ ਹੇਠ ਦਬਦਾ ਜਾ ਰਿਹਾ ਹੈ। ਅੱਜ ਕੀਟਨਾਸ਼ਕ ਦਵਾਈਆਂ ਦੇ ਭਾਅ ਅਸਮਾਨ ਛੂਹ ਰਹੇ ਹਨ, ਪਰ ਕੇਂਦਰ ਦੀ ਸਰਕਾਰ ਕਿਸਾਨਾਂ ਨੂੰ ਬੇਮੂਲੀ ਝੋਨੇ ਦੀ ਫਸਲ ਵਿੱਚ ਵਾਧਾ ਕਰਕੇ ਚਿੜਾਅ ਰਹੀ ਹੈ। ਅਸੀਂ ਕੇਂਦਰ ਸਰਕਾਰ ਨੂੰ ਕਹਿਣਾ ਚਾਹੁੰਦੇ ਹਾਂ ਕਿ ਜੇ ਉਸ ਨੇ ਝੋਨੇ ਦੇ ਭਾਵ ਵਿੱਚ ਵਾਧਾ ਹੀ ਕਰਨਾ ਹੈ ਤਾਂ ਸੁਆਮੀਨਾਥਨ ਰਿਪੋਰਟ ਦੇ ਆਧਾਰ ਮੁਤਾਬਕ ਵਾਧਾ ਕਰੇ, ਜਿਸ ਦੇ ਹਿਸਾਬ ਨਾਲ ਤਕਰੀਬਨ 2900 ਰੁਪਏ ਪ੍ਰਤੀ ਕੁਇੰਟਲ ਝੋਨੇ ਦਾ ਭਾਅ ਹੋਵੇਗਾ, ਜੋ ਕਿਸਾਨਾਂ ਨੂੰ ਆਰਥਿਕ ਤੰਗੀ ਵਿੱਚੋਂ ਕੱਢਣ ਲਈ ਸਹਾਈ ਹੋਵੇਗਾ। ਇਸ ਸਮੇਂ ਜ਼ਿਲ੍ਹਾ ਪ੍ਰਧਾਨ ਭਪਿੰਦਰ ਸਿੰਘ ਦੌਲਤਪੁਰਾ, ਸੂਬਾ ਮੀਤ ਪ੍ਰਧਾਨ ਗੁਲਜਾਰ ਸਿੰਘ ਘੱਲ ਕਲਾਂ, ਹਰਨੇਕ ਸਿੰਘ ਫਤਿਹਗੜ੍ਹ ਐਗਜ਼ੈਕਟਿਵ ਮੈਂਬਰ ਪੰਜਾਬ, ਰਵਿੰਦਰ ਸਿੰਘ ਭੋਲਾ ਜ਼ਿਲ੍ਹਾ ਜਨਰਲ ਸਕੱਤਰ, ਜਗਸੀਰ ਸਿੰਘ ਜੱਗੀ ਬਾਘਾ ਪੁਰਾਣਾ ਜ਼ਿਲ੍ਹਾ ਮੀਤ ਪ੍ਰਧਾਨ, ਹਰਜੀਤ ਸਿੰਘ ਮਨਾਵਾਂ, ਮੰਦਰਜੀਤ ਸਿੰਘ ਮਨਾਵਾਂ ਐਗਜ਼ੈਕਟਿਵ ਮੈਂਬਰ ਪੰਜਾਬ, ਪ੍ਰੇਮ ਲਾਲਪੁਰੀ ਜ਼ਿਲ੍ਹਾ ਮੀਤ ਪ੍ਰਧਾਨ, ਸੁਖਦੇਵ ਸਿੰਘ ਚੋਟੀਆ ਸਾਬਕਾ ਜ਼ਿਲ੍ਹਾ ਪ੍ਰਧਾਨ, ਦਰਸ਼ਨ ਸਿੰਘ ਦੁੱਨੇਕੇ, ਬਲਕਰਨ ਸਿੰਘ ਢਿੱਲੋਂ, ਜੀਤ ਸਿੰਘ ਨਿਧਾਂਵਾਲਾ ਆਦਿ ਹਾਜ਼ਰ ਸਨ।

## ਪਾਰਦਰਸ਼ੀ ਤੇ ਮਿੱਥੇ ਸਮੇਂ ਅਨੁਸਾਰ ਮੁਹੱਈਆ ਕਰਾਈਆਂ ਜਾਣ ਮਾਲ ਵਿਭਾਗ ਸੰਬੰਧੀ ਸੇਵਾਵਾਂ : ਡੀ ਸੀ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਡਿਪਟੀ ਕਮਿਸ਼ਨਰ ਡਾ. ਪੱਲਵੀ ਨੇ ਜ਼ਿਲ੍ਹੇ ਦੇ ਮਾਲ ਅਫ਼ਸਰਾਂ ਦੀ ਕਾਰਗੁਜ਼ਾਰੀ ਦੀ ਸਮੀਖਿਆ ਕਰਦਿਆਂ ਨਿਰਦੇਸ਼ ਦਿੱਤੇ ਕਿ ਮਾਲ ਵਿਭਾਗ ਨਾਲ ਸਬੰਧੀ ਸੇਵਾਵਾਂ ਨੂੰ ਮਿੱਥੇ ਸਮੇਂ ਅੰਦਰ ਤੇ ਪਾਰਦਰਸ਼ੀ ਢੰਗ ਨਾਲ ਮੁਹੱਈਆ ਕਰਵਾਉਣ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਜ਼ਿਲ੍ਹੇ ਦੇ ਆਮ ਨਾਗਰਿਕਾਂ ਨੂੰ ਖੱਜਲ ਖੁਆਰ ਨਾ ਹੋਣਾ ਪਵੇ। ਉਨ੍ਹਾ ਕਿਹਾ ਕਿ ਮੁੱਖ ਮੰਤਰੀ ਵੱਲੋਂ ਸਰਕਾਰੀ ਦਫ਼ਤਰਾਂ 'ਚ ਆਪਣੇ ਕੰਮ ਕਰਵਾਉਣ ਆਉਂਦੇ ਲੋਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਾ ਆਉਣ ਦੇਣ ਦੇ ਨਿਰਦੇਸ਼ਾਂ ਦੀ ਪੂਰੀ ਤਰ੍ਹਾਂ ਪਾਲਣਾ ਕੀਤੀ ਜਾਵੇ ਤੇ ਅਧਿਕਾਰੀ ਲੋਕਾਂ ਦੀ ਮੁਸ਼ਕਲਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਨੂੰ ਯਕੀਨੀ ਬਣਾਉਣ। ਲੋਕਾਂ ਦੀ ਸਹੂਲਤ ਲਈ ਵੀ ਘੱਟੋ ਘੱਟ ਸਮੇਂ 'ਚ ਮਾਲ ਵਿਭਾਗ ਨਾਲ ਸਬੰਧਤ ਸੇਵਾਵਾਂ ਨੂੰ ਮੁਹੱਈਆ ਕਰਵਾਉਣ ਨੂੰ ਯਕੀਨੀ ਬਣਾਇਆ ਜਾਵੇ। ਮਾਲ ਵਿਭਾਗ ਦੇ ਕੰਮਾਂ ਅੰਦਰ ਬੇਲੋੜੀ ਦੇਰੀ ਤੇ ਢਿੱਲ-ਮੱਠ ਨੂੰ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਹਦਾਇਤ ਕੀਤੀ ਕਿ ਜਮ੍ਹਾਂਬੰਦੀਆਂ, ਇੰਤਕਾਲ ਆਦਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਇਸ ਦੇ ਤੁਰੰਤ ਨਿਪਟਾਰੇ ਲਈ ਕਦਮ ਚੁੱਕੇ ਜਾਣ। ਜੇਕਰ ਇਨ੍ਹਾਂ ਕੰਮਾਂ ਵਿੱਚ ਕੁਤਾਹੀ ਪਾਈ ਜਾਂਦੀ ਹੈ ਤਾਂ ਉਸ ਵਿਰੁੱਧ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਜ਼ਿਲ੍ਹੇ ਦੇ ਸਮੂਹ ਐੱਸ.ਡੀ.ਐਮਜ਼ ਨੂੰ ਲੰਬਿਤ ਮਾਮਲਿਆਂ ਵਿੱਚ ਨਜ਼ਰਸਾਨੀ ਯਕੀਨੀ ਬਣਾਉਣ ਲਈ ਆਖਿਆ ਤਾਂ ਜੋ ਲੰਬਿਤ ਅਰਜ਼ੀਆਂ ਦੀ ਬਕਾਇਆ ਦਰ ਸਿਫ਼ਰ ਕੀਤੀ ਜਾ ਸਕੇ। ਇਸ ਮੌਕੇ ਉਨ੍ਹਾਂ ਮਾਲ ਵਿਭਾਗ ਦੇ ਅਧਿਕਾਰੀਆਂ ਨੂੰ ਪੈਂਡਿੰਗ ਕੇਸਾਂ ਵਿੱਚ ਤੇਜ਼ੀ ਲਿਆ ਕੇ ਨਿਪਟਾਉਣ ਦੇ ਹੁਕਮ ਵੀ ਦਿੱਤੇ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਵਾਮਿਤਵਾ ਸਕੀਮ 'ਮੇਰਾ ਘਰ ਮੇਰੇ ਨਾਮ' ਦੇ ਕੰਮ ਵਿੱਚ ਤੇਜ਼ੀ ਲਿਆਉਣ ਲਈ ਆਖਿਆ ਤਾਂ ਜੋ ਸਰਕਾਰ ਦੀਆਂ ਉਪਚਾਰਿਕਤਾਵਾਂ ਮੁਕੰਮਲ ਕਰਨ ਉਪਰੰਤ ਲਾਲ ਲਕੀਰ ਦੇ ਵਸਨੀਕਾਂ ਨੂੰ ਕਾਨੂੰਨੀ ਮਾਲਕੀ ਦੇ ਹੱਕਾਂ ਦੇ ਸਰਟੀਫਿਕੇਟ ਦਿੱਤੇ ਜਾ ਸਕਣ।

## ਸਟਰੀਮ ਲਾਈਨ ਵੈੱਲਫੇਅਰ ਸੁਸਾਇਟੀ ਨੇ ਤੁਲਸੀ ਦੇ ਪੌਦੇ ਵੰਡੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਮਾਜ ਸੇਵੀ ਸੰਸਥਾ ਸਟਰੀਮ ਲਾਈਨ ਵੈੱਲਫੇਅਰ ਸੁਸਾਇਟੀ ਫਿਰੋਜ਼ਪੁਰ ਵੱਲੋਂ ਡਾਕਟਰ ਦੀਵਾਨ ਚੰਦ ਸਖੀਜਾ ਚੇਅਰਮੈਨ ਤੇ ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ ਦੀ ਅਗਵਾਈ ਹੇਠ ਰਾਧਾ ਕ੍ਰਿਸ਼ਨ ਮੰਦਰ ਕਾਂਸ਼ੀ ਨਗਰੀ ਫਿਰੋਜ਼ਪੁਰ ਵਿਖੇ ਸੁਸਾਇਟੀ ਵੱਲੋਂ ਤੁਲਸੀ ਦੇ ਪੌਦਿਆਂ ਦਾ ਵਿਤਰਨ ਕੀਤਾ ਗਿਆ।ਇਸ ਸਬੰਧੀ ਸੁਸਾਇਟੀ ਦੇ ਸੀਨੀਅਰ ਮੀਤ ਪ੍ਰਧਾਨ ਰਮੇਸ਼ ਬਜਾਜ ਨੇ ਹਾਜ਼ਰ ਲੋਕਾਂ ਨੂੰ ਤੁਲਸੀ ਦੇ ਕੁਦਰਤੀ ਅਸੁਧੀਆਂ ਗੁਣਾਂ ਬਾਰੇ ਵਿਸਤਾਰ ਪੂਰਵਕ ਜਾਣਕਾਰੀ ਦਿੱਤੀ। ਸ੍ਰੀ ਬਜਾਜ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਵੀ ਅੱਗੇ ਤੋਂ ਵੀ ਤੁਲਸੀ ਵਿਤਰਨ ਸਮਰੋਹ ਕੀਤੇ ਜਾਣਗੇ। ਇਸ ਮੌਕੇ ਸੁਸਾਇਟੀ ਦੇ ਕੋਆਰਡੀਨੇਟਰ ਰਾਮ ਕਿਸ਼ੋਰ ਵਧਵਾ ਤੇ ਹੋਰ ਮੈਂਬਰ ਹਾਜ਼ਰ ਸਨ। ਇਸ ਸਮਾਗਮ ਨੂੰ ਸਫਲ ਬਣਾਉਣ ਵਿੱਚ ਮੰਦਰ ਦੇ ਪੁਜਾਰੀ ਰਵੀ ਸ਼ੁਕਲਾ ਤੇ ਸੰਗਤ ਨੇ ਭਰਪੂਰ ਸਹਿਯੋਗ ਦਿੱਤਾ।

## ਐਕਸਪਰਟ ਇੰਮੀਗ੍ਰੇਸ਼ਨ ਐਂਡ ਐਜੂਕੇਸ਼ਨ ਨੇ ਲਵਾਇਆ ਵਿਜ਼ਟਰ ਵੀਜ਼ਾ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ 'ਚ ਸਥਿਤ ਇਲਾਕੇ ਦੀ ਪ੍ਰਸਿੱਧ ਆਈਲੈਟਸ ਅਤੇ ਇਮੀਗ੍ਰੇਸ਼ਨ ਸੰਸਥਾ ਐਕਸਪਰਟ ਇਮੀਗ੍ਰੇਸ਼ਨ ਐਂਡ ਐਜੂਕੇਸ਼ਨ ਪਿਛਲੇ ਲੰਮੇ ਸਮੇਂ ਤੋਂ ਵਿਦਿਆਰਥੀਆਂ ਦਾ ਵਿਦੇਸ਼ ਵਿਚ ਜਾ ਕੇ ਪੜ੍ਹਾਈ ਕਰਨ ਦਾ ਸੁਪਨਾ ਸਾਕਾਰ ਰਹੀ ਹੈ। ਇਸੇ ਲੜੀ ਨੂੰ ਜਾਰੀ ਰੱਖਦਿਆਂ ਇਸ ਵਾਰ ਸੰਸਥਾ ਨੇ ਅੰਜੂ ਜੈਦਕਾ ਪਤਨੀ ਜਗਜੀਵਨ ਜੈਦਕਾ ਦਾ ਕੈਨੇਡਾ ਦਾ ਵਿਜ਼ਟਰ ਵੀਜ਼ਾ ਲਗਵਾ ਕੇ ਉਸ ਦਾ ਵਿਦੇਸ਼ ਜਾਣ ਦਾ ਸੁਪਨਾ ਸਾਕਾਰ ਕੀਤਾ ਹੈ। ਸੰਸਥਾ ਦੇ ਹੈਡ ਦੇਵਾਂਸ ਗੋਇਲ ਨੇ ਦੱਸਿਆ ਕਿ ਸੰਸਕਾ ਨੇ ਅੰਜੂ ਜੈਦਕਾ ਦਾ ਇਕ ਹਫ਼ਤੇ ਵਿਚ ਵਿਜ਼ਟਰ ਵੀਜ਼ਾ ਲਗਵਾ ਕੇ ਦਿੱਤਾ ਹੈ। ਇਸ ਮੌਕੇ ਸੰਸਥਾ ਹੈਡ ਨੇ ਵੀਜ਼ਾ ਕਾਪੀ ਸੌਂਪਦਿਆਂ ਅੰਜੂ ਜੈਦਕਾ ਨੂੰ ਵਧਾਈ ਦਿੱਤੀ।

## ਮਲਕ 'ਚ ਸਰਕਾਰ ਤੁਹਾਡੇ ਦੁਆਰ ਤਹਿਤ ਕੈਂਪ ਲਗਾਇਆ



**ਜਗਰਾਉਂ (ਨਛੱਤਰ ਸੰਧੂ)**-ਨੇੜਲੇ ਪਿੰਡ ਮਲਕ ਵਿਖੇ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਰਕਾਰ ਤੁਹਾਡੇ ਦੁਆਰ ਪਹਿਲਕਦਮੀ ਤਹਿਤ ਇੱਕ ਮੈਗਾ ਸ਼ਿਕਾਇਤ ਨਿਵਾਰਨ ਕੈਂਪ ਲਾਇਆ ਗਿਆ।ਇਸ ਕੈਂਪ ਵਿੱਚ ਜਗਰਾਉਂ ਦੀ ਵਿਧਾਇਕਾ ਸਰਵਜੀਤ ਕੌਰ ਮਾਣੂੰਕੇ, ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ, ਐਸ ਐਸ ਪੀ ਲੁਧਿਆਣਾ ਦਿਹਾਤੀ ਨਵਨੀਤ ਸਿੰਘ ਬੈਂਸ ਤੋਂ ਇਲਾਵਾ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਮੁਖੀਆਂ ਨੇ ਸ਼ਿਰਕਤ ਕੀਤੀ।ਇਸ ਕੈਂਪ ਵਿੱਚ ਮਾਲ, ਸੇਵਾ ਕੇਂਦਰ, ਸਮਾਜਿਕ ਨਿਆਂ, ਸਸ਼ਕਤੀਕਰਨ ਤੇ ਘੱਟ ਗਿਣਤੀਆਂ, ਸਮਾਜਿਕ ਸੁਰੱਖਿਆ ਅਤੇ ਔਰਤਾਂ ਤੇ ਬੱਚਿਆਂ ਦਾ ਵਿਕਾਸ, ਖੇਤੀਬਾੜੀ ਤੇ ਕਿਸਾਨ ਭਲਾਈ, ਸਿਹਤ, ਜਲ ਸਪਲਾਈ ਤੇ ਸੈਨੀਟੇਸ਼ਨ, ਪੀ.ਐਸ.ਪੀ.ਸੀ.ਐਲ., ਪੇਂਡੂ ਵਿਕਾਸ ਤੇ ਪੰਚਾਇਤਾਂ, ਪੁਲਸ ਆਦਿ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨੇ ਸ਼ਿਰਕਤ ਕਰਦਿਆਂ ਲੋਕਾਂ ਨੂੰ ਸੇਵਾਵਾਂ ਪ੍ਰਦਾਨ ਕੀਤੀਆਂ।ਕੈਂਪ ਦਾ ਦੌਰਾ ਕਰਦਿਆਂ ਵਿਧਾਇਕ ਸਰਵਜੀਤ ਕੌਰ ਮਾਣੂੰਕੇ ਤੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਬਿਨੈਕਾਰਾਂ ਨਾਲ ਗੱਲਬਾਤ ਕੀਤੀ ਤੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਲੋਕਾਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾਵੇ।ਵਿਧਾਇਕਾ ਮਾਣੂੰਕੇ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਸਰਕਾਰ ਦੀਆਂ ਸੇਵਾਵਾਂ ਤੇ ਸਕੀਮਾਂ ਦਾ ਲਾਭ ਲੋਕਾਂ ਤੱਕ ਪਹੁੰਚਾਉਣ ਦੇ ਮੰਤਵ ਨਾਲ ਸਰਕਾਰ ਤੁਹਾਡੇ ਦੁਆਰ ਸਕੀਮ ਤਹਿਤ ਵੱਖ-ਵੱਖ ਥਾਵਾਂ 'ਤੇ ਵਿਸ਼ੇਸ਼ ਸੁਵਿਧਾ ਕੈਂਪਾਂ ਰਾਹੀਂ ਨਿਵੇਕਲਾ ਉਪਰਾਲਾ ਕੀਤਾ ਹੈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਨਾਗਰਿਕ ਸੇਵਾਵਾਂ ਨੂੰ ਸੁਚਾਰੂ, ਨਿਰਵਿਘਨ ਤੇ ਪਾਰਦਰਸ਼ੀ ਢੰਗ ਨਾਲ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਜ਼ਿਲ੍ਹੇ ਭਰ ਵਿੱਚ ਹੋਰ ਵੀ ਕੈਂਪ ਲਗਾਏ ਜਾਣਗੇ ਤਾਂ ਜੋ ਵੱਧ ਤੋਂ ਵੱਧ ਲੋਕਾਂ ਤੱਕ ਇਨ੍ਹਾਂ ਸੇਵਾਵਾਂ ਦਾ ਲਾਭ ਪਹੁੰਚਾਇਆ ਜਾ ਸਕੇ।

## ਬੰਦੀ ਔਰਤਾਂ ਨੂੰ ਜੂਟ ਬੈਗ ਬਣਾਉਣ ਦੀ ਸਿਖਲਾਈ ਦਿੱਤੀ



**ਸੰਗਰੂਰ (ਪ੍ਰਵੀਨ ਸਿੰਘ)**

ਜ਼ਿਲ੍ਹਾ ਜੇਲ੍ਹ ਸੰਗਰੂਰ ਵਿਖੇ ਬੰਦੀ ਔਰਤਾਂ ਨੂੰ ਕਿੱਤਾਮੁਖੀ ਕੋਰਸ ਦੀ ਸਿਖਲਾਈ ਦੇਣ ਲਈ ਪੇਂਡੂ ਸਵੈ-ਰੋਜ਼ਗਾਰ ਸਿਖਲਾਈ ਸੰਸਥਾਨ (ਆਰਸੇਟੀ) ਤੇ ਸਟੇਟ ਬੈਂਕ ਆਫ਼ ਇੰਡੀਆ ਦੇ ਸਹਿਯੋਗ ਨਾਲ ਚੱਲ ਰਿਹਾ 6 ਰੋਜ਼ਾ ਸਿਖਲਾਈ ਕੈਂਪ ਸਮਾਪਤ ਹੋ ਗਿਆ ਹੈ।ਇਸ ਬਾਰੇ ਜਾਣਕਾਰੀ ਦਿੰਦਿਆਂ ਸੁਪਰਡੈਂਟ ਜ਼ਿਲ੍ਹਾ ਜੇਲ੍ਹ ਸੰਗਰੂਰ ਲਲਿਤ ਕੋਹਲੀ ਨੇ ਦੱਸਿਆ ਕਿ ਬੰਦੀ ਔਰਤਾਂ ਨੂੰ ਆਰਸੇਟੀ ਦੀ ਟੀਮ ਨੇ ਈ.ਡੀ.ਪੀ. ਜੂਟ ਬੈਗ ਬਣਾਉਣ ਦੀ ਸਿਖਲਾਈ ਪ੍ਰਦਾਨ ਕੀਤੀ।ਉਨ੍ਹਾਂ ਕਿਹਾ ਕਿ ਇਸ ਸਿਖਲਾਈ ਦਾ ਉਦੇਸ਼ ਇਹ ਹੈ ਕਿ ਇਹ ਬੰਦੀ ਔਰਤਾਂ ਜੇਲ੍ਹ ਵਿੱਚੋਂ ਰਿਹਾਅ ਹੋਣ ਤੋਂ ਬਾਅਦ ਸਮਾਜ ਵਿੱਚ ਸਵੈ-ਰੁਜ਼ਗਾਰ ਰਾਹੀਂ ਆਪਣੇ ਪੈਰਾਂ 'ਤੇ ਖੜ੍ਹੇ ਹੋਣ ਦੇ ਸਮਰੱਥ ਬਣ ਸਕਣ ਅਤੇ ਆਜੀਵਿਕਾ ਦੇ ਸਾਧਨ ਵਿਕਸਤ ਕਰ ਸਕਣ।ਇਸ ਮੌਕੇ ਆਰਸੇਟੀ ਦੇ ਡਾਇਰੈਕਟਰ ਦਲੀਪ ਕੁਮਾਰ ਤੇ ਜੇਲ੍ਹ ਸੁਪਰਡੈਂਟ ਵੱਲੋਂ ਕੋਰਸ ਦੇ ਸਰਟੀਫਿਕੇਟ ਵੰਡੇ ਗਏ।ਇਸ ਮੌਕੇ ਫੈਕਲਟੀ ਮੈਂਬਰ ਬਾਲ ਕ੍ਰਿਸ਼ਨ, ਅਮਨਦੀਪ ਠਾਕੁਰ, ਮਨਜਿੰਦਰ ਸਿੰਘ, ਡਿਪਟੀ ਸੁਪਰਡੈਂਟ ਜਸਪ੍ਰੀਤ ਸਿੰਘ, ਗਗਨਦੀਪ ਕੌਰ, ਕਰਮਜੀਤ ਕੌਰ ਆਦਿ ਹਾਜ਼ਰ ਸਨ।

## ਰੇਲਵੇ ਪੁਲਸ ਨੇ ਲਾਈਨਾਂ ਨੇੜੇ ਰਹਿ ਰਹੇ ਪ੍ਰਵਾਸੀਆਂ ਨੂੰ ਕੀਤਾ ਸੁਚੇਤ

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਰੇਲਵੇ ਪੁਲਸ ਨੇ ਲਾਈਨਾਂ ਨੇੜੇ ਝੁੱਗੀਆਂ 'ਚ ਰਹਿ ਰਹੇ ਤੇ ਪ੍ਰਵਾਸੀ ਲੋਕਾਂ ਨੂੰ ਇਕੱਠੇ ਕਰਕੇ ਸੁਚੇਤ ਕੀਤਾ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਐੱਸ ਆਈ ਜੀਵਨ ਸਿੰਘ ਮੁੱਖ ਅਫ਼ਸਰ ਥਾਣਾ ਰੇਲਵੇ ਪੁਲਸ ਫਰੀਦਕੋਟ ਨੇ ਦੱਸਿਆ ਕਿ ਉਹ ਆਪਣੇ ਸਟਾਫ ਸਮੇਤ ਰੇਲਵੇ ਲਾਈਨਾਂ ਦੇ ਨੇੜੇ ਰਹਿ ਰਹੇ ਝੁੱਗੀਆਂ ਵਾਲੇ ਅਤੇ ਪ੍ਰਵਾਸੀ ਲੋਕਾਂ ਨੂੰ ਇੱਕਠਾ ਕਰਕੇ ਰੇਲਵੇ ਟਰੈਕ ਵਿੱਚ ਨਾ ਤੁਰਨ ਅਤੇ ਨਾ ਬੈਠਣ ਸਬੰਧੀ ਅਤੇ ਟਰੇਨ 'ਤੇ ਪੱਥਰਬਾਜ਼ੀ ਨਾ ਕਰਨ ਬਾਰੇ ਚੰਗੀ ਤਰ੍ਹਾਂ ਸਮਝਾਇਆ ਗਿਆ ਤਾਂ ਜੋ ਕੋਈ ਘਟਨਾ ਵਾਪਰਨ ਤੋਂ ਬਚਿਆ ਜਾ ਸਕੇ। ਪ੍ਰਵਾਸੀ ਲੋਕਾਂ ਨੇ ਵੀ ਕਿਹਾ ਕਿ ਅਸੀਂ ਇਸ ਗੱਲ ਦਾ ਪੂਰਾ ਪੂਰਾ ਧਿਆਨ ਰੱਖਾਂਗੇ ਤੇ ਰੇਲਵੇ ਪੁਲਸ ਦਾ ਸਹਿਯੋਗ ਦੇਵਾਂਗੇ। ਇਸ ਮੌਕੇ ਪ੍ਰਵਾਸੀ ਲੋਕ ਤੇ ਰੇਲਵੇ ਪੁਲਸ ਅਤੇ ਹੋਰ ਲੋਕ ਹਾਜ਼ਰ ਸਨ।



## ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਾਣਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ, ਮਾਣਯੋਗ ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐਸ.ਏ.ਐਸ. ਨਗਰ ਜੀ ਦੇ ਹੁਕਮਾਂ ਅਨੁਸਾਰ ਤੇ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਮੋਗਾ (ਇੰਚਾਰਜ) ਸ੍ਰੀ ਬਿਸ਼ਨ ਸਰੂਪ ਤੇ ਸ੍ਰੀ ਇਨਸਾਨ ਸਿਵਲ ਜੱਜ (ਜੂਨੀਅਰ ਡਵੀਜ਼ਨ) ਦੀ ਅਗਵਾਈ ਹੇਠ 21 ਜੂਨ ਨੂੰ ਜ਼ਿਲ੍ਹੇ ਦੇ ਜੁਡੀਸ਼ੀਅਲ ਕੋਰਟ ਕੰਪਲੈਕਸ ਮੋਗਾ, ਸਬ ਡਵੀਜ਼ਨ ਬਾਘਾ ਪੁਰਾਣਾ, ਨਿਹਾਲ ਸਿੰਘ ਵਾਲਾ ਤੇ ਸਬ ਜੇਲ੍ਹ ਮੋਗਾ ਵਿਖੇ ਅਨਮੋਲ ਯੋਗ ਸੇਵਾ ਸਮਿਤੀ (ਰਜਿ.), ਮੋਗਾ ਦੇ ਸਹਿਯੋਗ ਨਾਲ ਯੋਗਾ ਕਰਵਾ ਕੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ। ਜੁਡੀਸ਼ੀਅਲ ਕੋਰਟ ਕੰਪਲੈਕਸ ਮੋਗਾ ਵਿਖੇ ਮਨਾਏ ਯੋਗ ਦਿਵਸ ਵਿੱਚ ਜੱਜ ਸਾਹਿਬਾਨਾਂ, ਲੀਗਲ ਏਡ ਡਿਫੈਂਸ ਕਾਉਂਸਲ ਸਾਹਿਬਾਨਾਂ ਤੇ ਸਟਾਫ਼ ਮੈਂਬਰਾਂ ਸਹਿਤ 100 ਦੇ ਕਰੀਬ ਵਿਅਕਤੀਆਂ ਨੇ ਯੋਗ ਕਿਰਿਆਵਾਂ ਕੀਤੀਆਂ। ਇਸ ਮੌਕੇ ਯੋਗਾ ਇੰਸਟ੍ਰਕਟਰ ਦੇ ਤੌਰ 'ਤੇ ਐਨ.ਜੀ.ਓ ਅਨਮੋਲ ਸ਼ਰਮਾ ਨੇ ਸ਼ਮੂਲੀਅਤ ਕੀਤੀ। ਇਸ ਤੋਂ ਇਲਾਵਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਦੇ ਸਹਿਯੋਗ ਨਾਲ ਸਬ-ਜੇਲ੍ਹ ਮੋਗਾ ਵਿਖੇ ਵੀ ਅੰਤਰ-ਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ, ਜਿੱਥੇ ਇੰਸਟ੍ਰਕਟਰ ਰੋਹਿਤ ਵੱਲੋਂ ਯੋਗਾ ਕਰਵਾਇਆ ਗਿਆ। ਇਸ ਵਿੱਚ 101 ਦੇ ਕਰੀਬ ਹਵਾਲਾਤੀ/ਕੈਦੀ ਤੇ ਜੇਲ੍ਹ ਸਟਾਫ ਮੈਂਬਰਾਂ ਵੱਲੋਂ ਭਾਗ ਲਿਆ। ਇਸ ਮੌਕੇ ਮਾਣਯੋਗ ਇੰਚਾਰਜ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਮੋਗਾ ਸ਼੍ਰੀ ਬਿਸ਼ਨ ਸਰੂਪ ਨੇ ਵਕੀਲ ਸਾਹਿਬਾਨਾਂ ਤੇ ਸਟਾਫ ਮੈਂਬਰਾਂ ਨੂੰ ਅਪੀਲ ਕੀਤੀ ਕਿ ਸਾਨੂੰ ਸਭ ਨੂੰ ਯੋਗ ਆਪਣੇ ਦਿਨਚਰਿਆ ਦਾ ਹਿੱਸਾ ਬਣਾਉਣਾ ਚਾਹੀਦਾ ਹੈ ਅਤੇ ਨਾਲ ਹੀ ਆਪਣੇ ਆਲੇ ਦੁਆਲੇ ਦੀ ਆਮ ਜਨਤਾ ਨੂੰ ਵੀ ਯੋਗ ਪ੍ਰਤੀ ਜਾਗਰੂਕ ਕਰਨਾ ਚਾਹੀਦਾ ਹੈ, ਤਾਂ ਜੋ ਅਸੀਂ ਆਪਣੀ ਤੇ ਆਪਣੇ ਸਹਿਕਰਮੀਆਂ ਦੀ ਸਿਹਤ ਤੰਦਰੁਸਤ ਰੱਖ ਸਕੀਏ।

## ਐੱਸ ਡੀ ਐੱਮ ਨੇ ਅੰਕਿਤ ਮਹਿਤਾ ਨੂੰ ਕੀਤਾ ਸਨਮਾਨਤ



**ਮਾਨਸਾ (ਆਤਮਾ ਸਿੰਘ ਪਮਾਰ)**-ਭੂਮੀ ਰੱਖਿਆ ਵਿਭਾਗ ਵਿੱਚ ਬਤੌਰ ਭੂਮੀ ਰੱਖਿਆ ਅਫ਼ਸਰ ਸਰਦੂਲਗੜ੍ਹ ਵਜੋਂ ਤਾਇਨਾਤ ਅੰਕਿਤ ਮਹਿਤਾ ਨੂੰ ਹਰਿਆਣਾ ਸਿਵਲ ਸਰਵਿਸਜ਼ ਦੀ ਪ੍ਰੀਖਿਆ ਵਿੱਚ 22ਵਾਂ ਰੈਂਕ ਹਾਸਲ ਕਰਨ 'ਤੇ ਐੱਸ.ਡੀ.ਐੱਮ. ਸਰਦੂਲਗੜ੍ਹ ਸ੍ਰੀ ਨਿਤੇਸ਼ ਕੁਮਾਰ ਜੈਨ ਨੇ ਸਨਮਾਨਤ ਕੀਤਾ ਅਤੇ ਅੰਕਿਤ ਮਹਿਤਾ ਨੂੰ ਚੰਗੇਰੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਅੰਕਿਤ ਮਹਿਤਾ ਨੇ ਦੱਸਿਆ ਕਿ ਉਸ ਦੇ ਪਿਤਾ ਇਕ ਕਿਸਾਨ ਹਨ ਤੇ ਮਾਤਾ ਏ.ਐੱਨ.ਐੱਮ. ਹਨ। ਉਨ੍ਹਾਂ ਕਿਹਾ ਕਿ ਡਿਊਟੀ ਦੇ ਨਾਲ ਨਾਲ ਹਰਿਆਣਾ ਸਿਵਲ ਸਰਵਿਸਜ਼ ਪ੍ਰੀਖਿਆ ਦੀ ਤਿਆਰੀ ਜਾਰੀ ਰੱਖੀ।ਨੌਕਰੀ ਦੌਰਾਨ ਪ੍ਰਸ਼ਾਸਨਕ ਅਧਿਕਾਰੀਆਂ ਦੇ ਨਾਲ ਰਹਿ ਕੇ ਉਸ ਨੂੰ ਸਿਵਲ ਸਰਵਿਸਜ਼ ਵਿੱਚ ਸ਼ਾਮਲ ਹੋਣ ਦੀ ਪ੍ਰੇਰਮਾ ਮਿਲੀ।ਉਨ੍ਹਾਂ ਹੋਰਨਾਂ ਪ੍ਰਤੀਯੋਗੀਆਂ ਨੂੰ ਵੀ ਮਿਹਨਤ ਤੇ ਸਮੇਂ ਦੀ ਵਿਉਂਤਬੰਦੀ ਨਾਲ ਤਿਆਰੀ ਕਰਨ ਦਾ ਸੁਨੇਹਾ ਦਿੱਤਾ।

## ਸਰਹੱਦੀ ਪਿੰਡਾਂ 'ਚ ਅਗੇਤੇ ਹੜ੍ਹ ਰੋਕੂ ਪ੍ਰਬੰਧਾਂ ਦੇ ਜਾਇਜ਼ੇ ਲਈ ਦੌਰਾ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਸਰਹੱਦੀ ਇਲਾਕਿਆਂ ਦਾ ਦੌਰਾ ਕਰਕੇ ਕੀਤੇ ਜਾ ਰਹੇ ਅਗੇਤੇ ਹੜ੍ਹ ਰੋਕੂ ਪ੍ਰਬੰਧਾਂ ਦਾ ਜਾਇਜ਼ਾ ਲਿਆ।ਉਨ੍ਹਾਂ ਨਾਲ ਇਸ ਸਮੇਂ ਐਸਡੀਐਮ ਸ੍ਰੀ ਬਲਕਰਨ ਸਿੰਘ ਅਤੇ ਡ੍ਰੇਨਜ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ।ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਆਖਿਆ ਕਿ ਪਿਛਲੇ ਸਾਲ ਸਤਲੁਜ ਵਿੱਚ ਆਏ ਪਾਣੀ ਕਾਰਨ ਸਰਹੱਦੀ ਪਿੰਡਾਂ ਵਿਚ ਨੁਕਸਾਨ ਹੋਇਆ ਸੀ ਤੇ ਇਸ ਵਾਰ ਅਜਿਹਾ ਨਾ ਹੋਵੇ ਇਸ ਲਈ ਸਬੰਧਤ ਵਿਭਾਗ ਸਮਾਂ ਰਹਿੰਦੇ ਅਗੇਤੇ ਪ੍ਰਬੰਧ ਮੁਕੰਮਲ ਕਰ ਲਵੇ।ਉਨ੍ਹਾਂ ਕਿਹਾ ਕਿ ਸੇਮ ਨਾਲਿਆਂ ਦੀ ਸਫ਼ਾਈ ਦਾ ਕੰਮ ਵੀ ਜਲਦ ਪੂਰਾ ਕੀਤਾ ਜਾਵੇ ਅਤੇ ਸਤਲੁਜ ਦੇ ਕਮਜ਼ੋਰ ਬੰਨ੍ਹਾਂ ਦਾ ਮੁਆਇਨਾ ਕਰਕੇ ਜਿੱਥੇ ਬੰਨ੍ਹ ਕਮਜ਼ੋਰ ਹੋਵੇ, ਉਸ ਨੂੰ ਮਜਬੂਤ ਕੀਤਾ ਜਾਵੇ।ਉਨ੍ਹਾਂ ਨੇ ਕਿਹਾ ਕਿ ਇਸ ਤੋਂ ਬਿਨਾਂ ਪਿੰਡਾਂ ਦੇ ਲੋਕਾਂ ਨੂੰ ਵੀ ਹੁਣ ਤੋਂ ਹੀ ਜਾਗਰੂਕ ਕੀਤਾ ਜਾਵੇ ਤਾਂ ਜੁ ਉਨ੍ਹਾਂ ਨੂੰ ਬਰਸਾਤ ਦੇ ਦਿਨਾਂ ਵਿਚ ਰੱਖੀਆਂ ਜਾਣ ਵਾਲੀਆਂ ਸਾਵਧਾਨੀਆਂ ਦੀ ਜਾਣਕਾਰੀ ਹੋਵੇ।

## ...ਸ.ਫ਼ਾ 1 ਦੇ ਬਾਕੀ

### ਕਾਮਰੇਡ ਅਕਲਪੁਰੀ ਦਾ...

ਡਾ. ਸਰਬਜੀਤ ਸਿੰਘ ਮੁਠੱਡਾ, ਬੀ ਕੇ ਯੂ (ਕਾਦੀਆਂ) ਦੇ ਜ਼ਿਲ੍ਹਾ ਪ੍ਰਧਾਨ ਅਮਰੀਕ ਸਿੰਘ ਭਾਰ ਸਿੰਘ ਪੁਰੀ, ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਪਰਮਜੀਤ ਰੰਧਾਵਾ, ਕਮਲਜੀਤ ਸਿੰਘ ਗੰਨਾ ਪਿੰਡ, ਮਨਰੇਗਾ ਵਰਕਰਜ਼ ਯੂਨੀਅਨ ਦੇ ਸੂਬਾ ਕਮੇਟੀ ਮੈਂਬਰ ਜਰਨੈਲ ਫਿਲੌਰ, ਕਾਮਰੇਡ ਰਮੇਸ਼ ਕੌਸ਼ਲ ਲੁਧਿਆਣਾ (ਸੀ ਪੀ ਐਮ), ਆਂਗਨਵਾੜੀ ਵਰਕਰਜ਼ ਯੂਨੀਅਨ ਦੀ ਆਗੂ ਨਿਰਪੇਲ ਕੌਰ, ਜਮਹੂਰੀ ਕਿਸਾਨ ਸਭਾ ਦੇ ਆਗੂ ਕੁਲਦੀਪ ਫਿਲੌਰ, ਕੁਲਜੀਤ ਫਿਲੌਰ, ਨਗਰ ਕੌਂਸਲ ਦੇ ਪ੍ਰਧਾਨ ਮਹਿੰਦਰ ਪਾਲ ਚੁੰਬਰ, ਸੁਦੇਸ਼ ਕੁਮਾਰ, ਬਲਬੀਰ ਗੋਗੀ, ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ। ਪਰਵਾਰਕ ਸੂਤਰਾਂ ਅਨੁਸਾਰ ਕਾਮਰੇਡ ਸਵਰਨ ਅਕਲਪੁਰੀ ਨਮਿਤ ਸ਼ਰਧਾਂਜਲੀ ਸਮਾਗਮ 27 ਜੂਨ ਨੂੰ ਅਕਲਪੁਰ ਵਿਖੇ ਹੋਵੇਗਾ।

### 20 ਸਾਲ ਡੰਮੀ ...

ਅਧਿਆਪਕ ਜੋੜੇ ਦੀ ਥਾਂ ਤਿੰਨ ਡੰਮੀ ਅਧਿਆਪਕ ਦੋ ਔਰਤਾਂ ਤੇ ਇਕ ਮਰਦ ਬੱਚਿਆਂ ਨੂੰ ਪੜ੍ਹਾ ਰਹੇ ਹਨ। ਮਾਮਲਾ ਸਿੱਖਿਆ ਮੰਤਰੀ ਦੇ ਨੋਟਿਸ 'ਚ ਆਇਆ ਤਾਂ ਉਨ੍ਹਾ ਨੇ ਜਾਂਚ ਕਰਵਾਈ। ਜੋੜੇ ਦਾ ਖੁਦ ਦਾ ਕਾਰੋਬਾਰ ਹੋਣ ਦੀ ਸ਼ਿਕਾਇਤ ਵੀ ਮਿਲੀ ਹੈ, ਜਿਸ ਦੀ ਜਾਂਚ ਕਰਵਾਈ ਜਾ ਰਹੀ ਹੈ। ਸਕੂਲ 'ਚ 60 ਬੱਚੇ ਪੜ੍ਹਦੇ ਹਨ। ਜੋੜੇ ਦੇ ਇਲਾਵਾ ਹੋਰ ਕੋਈ ਅਧਿਆਪਕ ਸਕੂਲ 'ਚ ਤਾਇਨਾਤ ਨਹੀਂ ਹੈ। ਜੋੜੇ ਨੂੰ 9 ਕਰੋੜ 31 ਲੱਖ 50 ਹਜ਼ਾਰ 373 ਰੁਪਏ ਦੀ ਵਸੂਲੀ ਦਾ ਨੋਟਿਸ ਜਾਰੀ ਕੀਤਾ ਗਿਆ ਹੈ। ਇਸ ਤਹਿਤ ਪਤੀ ਤੋਂ ਚਾਰ ਕਰੋੜ 92 ਲੱਖ 69 ਹਜ਼ਾਰ 146 ਰੁਪਏ ਤੇ ਪਤਨੀ ਤੋਂ ਚਾਰ ਕਰੋੜ 38 ਲੱਖ 81 ਹਜ਼ਾਰ 227 ਰੁਪਏ ਵਸੂਲ ਕੀਤੇ ਜਾਣਗੇ।

### ਨੌਜਵਾਨ ਵੱਲੋਂ ਧੱਕੇ ...

ਧਰਨਾ ਦਿੱਤਾ। ਕਿਸਾਨ ਆਗੂ ਸ਼ਿਆਮ ਪਾਲ ਅਨੁਸਾਰ ਹਸਪਤਾਲ ਦੇ ਡਾਕਟਰ ਗੈਰ-ਕਾਨੂੰਨੀ ਅੰਗਾਂ ਦੇ ਵਪਾਰ 'ਚ ਸ਼ਾਮਲ ਸਨ। ਪਾਲ ਨੇ ਸਰਕਾਰ ਤੋਂ ਮੰਗ ਕੀਤੀ ਕਿ ਹਸਪਤਾਲ ਨੂੰ ਪੀੜਤ ਅਤੇ ਉਸ ਦੇ ਪਰਵਾਰ ਨੂੰ 2 ਕਰੋੜ ਰੁਪਏ ਦਾ ਮੁਆਵਜ਼ਾ ਦੇਣ ਦਾ ਨਿਰਦੇਸ਼ ਦਿੱਤਾ ਜਾਵੇ। ਹਸਪਤਾਲ ਦੇ ਅਧਿਕਾਰੀਆਂ ਨੇ ਵਿਅਕਤੀ ਦੇ ਇਸ ਦਾਅਵੇ ਤੋਂ ਇਨਕਾਰ ਕੀਤਾ ਕਿ ਉਸ ਦਾ ਧੋਖੇ ਨਾਲ ਅਪ੍ਰੇਸ਼ਨ ਕੀਤਾ ਗਿਆ। ਚੀਫ ਮੈਡੀਕਲ ਸੁਪਰਡੈਂਟ ਕੀਰਤੀ ਗੋਸਵਾਮੀ ਮੁਤਾਬਕ ਇਹ ਵਿਅਕਤੀ ਦੋ ਮਹੀਨਿਆਂ ਤੋਂ ਪਲਾਸਟਿਕ ਸਰਜਨ ਨੂੰ ਮਿਲਣ ਲਈ ਲਗਾਤਾਰ ਹਸਪਤਾਲ ਆ ਰਿਹਾ ਸੀ। ਉਸ ਦਾ ਅਪ੍ਰੇਸ਼ਨ 6 ਜੂਨ ਨੂੰ ਕੀਤਾ ਗਿਆ ਸੀ। ਇਹ ਸਾਰੀਆਂ ਪ੍ਰਕਿਰਿਆਵਾਂ ਕਾਨੂੰਨੀ ਹਨ।

## ਰੋਡੇ ਕਾਲਜ ਦੀ ਟੀਮ ਰਾਜਪਾਲ ਸਿਨੇਮਾ ਪੁੱਜੀ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪੰਜਾਬੀ ਮੂਵੀ 'ਰੋਡੇ ਕਾਲਜ' ਦੀ ਟੀਮ ਰਾਜਪਾਲ ਸਿਨੇਮਾ ਵਿਖੇ ਪੁੱਜੀ, ਜਿੱਥੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਮੂਵੀ ਦੀ ਟੀਮ ਦਾ ਸਵਾਗਤ ਕੀਤਾ।ਇਸ ਦੌਰਾਨ ਰਾਜਪਾਲ ਸਿਨੇਮਾ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਪੰਜਾਬੀ ਮੂਵੀ ਦੀ ਟੀਮ ਨੇ ਦੱਸਿਆ ਕਿ ਇਸ ਫਿਲਮ ਵਿੱਚ ਪੰਜਾਬ ਦੇ ਬੁਰੇ ਹਾਲਾਤਾਂ ਦੀ ਕਹਾਣੀ ਨੂੰ ਬਾਖੂਬੀ ਦਰਸਾਇਆ ਗਿਆ ਹੈ।ਫਿਲਮ ਪ੍ਰੋਡਿਊਸਰ ਵੱਲੋਂ ਖਾਸ ਆਫਰ ਸੀ ਕਿ ਸ੍ਰੀ ਮੁਕਤਸਰ ਸਾਹਿਬ ਦੀ ਸਮੁੱਚੀ ਪ੍ਰੈੱਸ ਨੂੰ ਮੂਵੀ ਮੁਫਤ ਦਿਖਾਈ ਜਾਵੇ।ਇਸ ਦੌਰਾਨ ਕਈ ਪੱਤਰਕਾਰ ਭਰਾਵਾਂ ਨੇ ਫਿਲਮ ਦਾ ਲੁਤਫ ਉਠਾਇਆ ਤੇ ਫਿਲਮ ਦੀ ਰੱਜ ਕੇ ਤਾਰੀਫ ਕੀਤੀ।ਹਨੀ ਬਰਾੜ ਫੱਤਣਵਾਲਾ ਨੇ ਕਿਹਾ ਕਿ ਅਜਿਹੇ ਚੰਗੇ ਵਿਸ਼ੇ 'ਤੇ ਮਿਆਰੀ ਫਿਲਮਾਂ ਬਣਾਉਣੀਆਂ ਚਾਹੀਦੀਆਂ ਹਨ ਤਾਂ ਕਿ ਸਮਾਜ ਨੂੰ ਵਧੀਆ ਸੇਧ ਮਿਲੇ।

ਇਸ ਮੌਕੇ ਫਿਲਮ ਡਾਇਰੈਕਟਰ ਹੈਪੀ ਰੋਡ, ਪ੍ਰੋਡਿਊਸਰ ਸੁਨੀਲ ਬਾਂਸਲ, ਹੀਰੋਇਨ ਅਰਵਿੰਦਰ ਕੌਰ, ਤੀਰਥ ਸਿੰਘ ਤੇ ਹੋਰ ਬਹੁਤ ਸਾਰੇ ਕਲਾਕਾਰ ਹਾਜ਼ਰ ਸਨ।ਸਿਨੇਮਾ ਮਾਲਕ ਮਨਜੀਤ ਸਿੰਘ ਫੱਤਣਵਾਲਾ, ਮਨਰਾਜ ਸਿੰਘ ਬਰਾੜ ਤੇ ਜੈਰਾਜ ਸਿੰਘ ਬਰਾੜ ਵਾਈਸ ਪ੍ਰਧਾਨ ਯੂਥ ਅਕਾਲੀ ਦਲ ਨੇ ਸਾਰੀ ਟੀਮ ਨੂੰ ਵਧੀਆ ਫਿਲਮ ਬਣਾਉਣ 'ਤੇ ਵਧਾਈ ਦਿੱਤੀ।


ਆਪ ਜੀ ਨੂੰ ਬੜੇ ਦੁੱਖ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਮੇਰੇ ਪਿਤਾ ਜੀ



**ਸ਼੍ਰੀ ਸੁਰਿੰਦਰ ਕੁਮਾਰ ਜੀ**

**(ਸਪੁੱਤਰ ਸਵ. ਸ਼੍ਰੀ ਰਾਮ ਚੰਦ ਜੀ)**

ਆਪਣੀ ਸੰਸਾਰਕ ਯਾਤਰਾ ਪੂਰੀ ਕਰਕੇ ਮਿਤੀ 11-06-2024 ਦਿਨ ਮੰਗਲਵਾਰ ਨੂੰ ਪ੍ਰਭੂ ਚਰਨਾਂ 'ਚ ਲੀਨ ਹੋ ਗਏ ਹਨ। ਸਵ. ਸੁਰਿੰਦਰ ਕੁਮਾਰ ਜੀ ਦੀ ਆਤਮਿਕ ਸ਼ਾਂਤੀ ਦੇ ਲਈ **ਸ਼ਰਧਾਂਜਲੀ ਸਭਾ ਅਤੇ ਰਸਮ ਪਗੜੀ** ਮਿਤੀ-22 ਜੂਨ 2024 ਸਮਾਂ ਦੁਪਹਿਰ 1 ਵਜੇ ਤੋਂ 2 ਸ਼ਨੀਵਾਰ ਨੂੰ ਗੋਪਾਲ ਮੰਦਿਰ, ਕਸ਼ਮੀਰ ਐਵੀਨਿਊ ਅੰਮ੍ਰਿਤਸਰ ਵਿਖੇ ਹੋਵੇਗੀ।

ਦੁਖੀ ਹਿਰਦੇ :-

ਵਿਕਾਸ ਕੁੰਬਾ — ਕੁੰਬਾ ਪਰਿਵਾਰ



**ਉੱਤਰ ਰੇਲਵੇ**

ਆਜ਼ਾਦੀ ਕਾ ਅੰਮ੍ਰਿਤ ਮਹੋਤਸਵ

**ਖੁਲੀ ਟੈਂਡਰ ਸੂਚਨਾ**

ਸੀ. ਮੰਡਲ ਵਿਧੁਤ ਇੰਜੀਨੀਅਰ/ਟੀ.ਆਰ.ਡੀ., ਉ.ਰੇ., ਫ਼ਿਰੋਜ਼ਪੁਰ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਈ-ਟੈਂਡਰ ਆਖਰੀ ਮਿਤੀ 15.07.2024 ਨੂੰ 15.00 ਵਜੇ ਤਕ ਮੰਗ ਕੀਤੀ ਜਾਂਦੀ ਹੈ। ਟੈਂਡਰਕਾਰਕ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ 15.07.2024 ਨੂੰ 15.00 ਵਜੇ ਤਕ ਪੇਸ਼ ਕਰ ਸਕਦੇ ਹਨ। ਮੈਨੂਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹੈ।

| ਟੈਂਡਰ ਨੰਬਰ | ਕੰਮਾਂ ਦਾ ਵੇਰਵਾ | ਅਨੁਮਾਨਿਤ ਲਾਗਤ (₹) | ਟੈਂਡਰ ਦੀ ਕੀਮਤ (₹) | ਟੈਂਡਰ ਪੂਰਾ ਕਰਨ ਦੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (₹) | ਕੰਮ ਦਾ ਸਮਾਂ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|---|
| 604A-ਟੀਆਰਡੀ ਫ਼ਿਰੋਜ਼ਪੁਰ 2024-25 | ADEN/UHP ਦੇ ਤਹਿਤ MNVL ਅਤੇ SNGR ਵਿਚ ਯਾਤਰੀ ਪਲੇਟਫਾਰਮ ਨੰਬਰ-1 ਦੇ ਸਬੰਧ ਵਿਚ ਵਿਸਤਾਰ ਅਤੇ ਵੜੋਤਰੀ ਵਿਚ ਟੀਆਰਡੀ ਕੰਮ ਅਤੇ JAT-SVDK ਖੰਡ ਉਤੇ ਬਜਾਲਟਾ ਵਿਚ ਪਲੇਟਫਾਰਮ ਨੰਬਰ-1 ਅਤੇ 2 ਅਤੇ 2.44 ਮੀਟਰ ਦੇ ਐਫਓਬੀ ਨੂੰ ਵਧਾਣ ਦਾ ਕੰਮ। | ₹ 51,02,912.55 | ਸਿਫ਼ਰ | 15.07.2024 15:00 ਵਜੇ ਤਕ | 1,02,100/- | 06 ਮਹੀਨੇ | 15.07.2024 15:00 ਵਜੇ ਦੇ ਬਾਦ | www.ireps.gov.in |

# ਟੈਂਡਰਕਰਤਾ ਕ੍ਰਿਪਾ ਧਿਆਨ ਦੇਣ ਕਿ ਬੋਲੀ ਸੁਰੱਖਿਆ ਦੇ ਬਗੈਰ ਪ੍ਰਾਪਤ ਪ੍ਰਸਤਾਵ ਜਾਂ ਤਾਂ ਈ-ਪੇਮੈਂਟ ਗੇਟਵੇ ਦੇ ਦੁਵਾਰਾ ਤੋਂ ਨਕਦ ਵਿਚ ਜਾਂ ਭਾਰਤ ਦੇ ਕਿਸੀ ਅਨੁਸੂਚਿਤ ਵਾਣਿਜਯਕ ਬੈਂਕ ਤੋਂ ਬੈਂਕ ਗਰੰਟੀ ਬਾਂਡ ਦੇ ਰੂਪ ਵਿਚ ਜਾਂ ਟੈਂਡਰ ਦਸਤਾਵੇਜਾਂ ਵਿਚ ਉਲੇਖਖਿਤ (ਅਨੁਲਗਨਕ-21 ਦੇ ਅਨੁਸਾਰ) ਇਕ ਸਮੇਂ ਦੇ ਲਈ ਵੈਧ ਹੈ। ਬੋਲੀ ਦੀ ਵੈਧਤਾ ਸਮੇਂ ਦੇ ਬਾਦ 90 ਦਿਨਾਂ ਦੇ ਲਈ ਅਪੂਰਣ ਅਤੇ ਅਮਾਨਯ ਪ੍ਰਸਤਾਵ ਦੇ ਰੂਪ ਵਿਚ ਮੰਨਿਆ ਜਾਵੇਗਾ ਅਤੇ ਜਿਸਦੇ ਲਈ ਠੇਕੇਦਾਰ ਦਾ ਰੇਲਵੇ ਉਤੇ ਕੋਈ ਦਾਵਾ ਨਹੀਂ ਹੋਵੇਗਾ।

ਨੰ: 604A- ਟੀ.ਆਰ.ਡੀ.-ਫ਼ਿਰੋਜ਼ਪੁਰ-2024-25

ਮਿਤੀ : 20.06.2024 — 1868/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



AMBIT Finvest — Pragati ke partner

**AMBIT FINVEST PRIVATE LIMITED**

Corporate Off: Kanakia Wall Street, 5th Floor, A 506-510, Andheri-Kurla Road, Andheri East, Mumbai-400093

**ਅਚੱਲ ਜਾਇਦਾਦਾਂ ਦੀ ਵਿਕਰੀ ਵਾਸਤੇ ਈ-ਨਿਲਾਮੀ ਜਨਤਕ ਨੋਟਿਸ**

ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਅਤੇ 9 ਦੀਆਂ ਵਿਵਸਥਾਵਾਂ ਨਾਲ ਪੜ੍ਹੇ ਜਾਂਦੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 ਤਹਿਤ ਅਚੱਲ ਜਾਇਦਾਦਾਂ ਦੀ ਵਿਕਰੀ ਵਾਸਤੇ 15 ਦਿਨਾਂ ਦਾ ਈ-ਨਿਲਾਮੀ ਵਿਕਰੀ ਨੋਟਿਸ।

ਆਮ ਜਨਤਾ ਅਤੇ ਖਾਸ ਕਰਕੇ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਡ ਕ੍ਰੈਡਿਟਰ ਕੋਲ ਗਹਿਣੇ/ਚਾਰਜਡ ਹੇਠਾਂ ਦਰਸਾਈਆਂ ਅਚੱਲ ਜਾਇਦਾਦਾਂ, ਜਿਨ੍ਹਾਂ ਦਾ ਅੰਬਿਤ ਫਿਨਵੈਸਟ ਪ੍ਰਾਈ: ਲਿਮ:/ਸਕਿਉਰਡ ਕਰੈਡਿਟਰ ਦੇ ਅਧਿਕਾਰਤ ਅਫਸਰ ਵੱਲੋਂ ਕਬਜ਼ਾ ਹਾਸਲ ਕੀਤਾ ਜਾ ਚੁੱਕਾ ਹੈ, ਦੀ ਵਿਕਰੀ 'ਜਿਵੇਂ ਹੈ ਜਿੱਥੇ ਹੈ', 'ਜਿਵੇਂ ਹੈ ਜੋ ਹੈ' ਅਤੇ 'ਉੱਥੇ ਜੋ ਵੀ ਹੈ' ਦੇ ਅਧਾਰ 'ਤੇ ਅੰਬਿਤ ਫਿਨਵੈਸਟ ਪ੍ਰਾਈ: ਲਿਮ:/ਸਕਿਉਰਡ ਕ੍ਰੈਡਿਟਰ ਵੱਲੋਂ ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਗਰੰਟਰਾਂ ਵੱਲ ਹੇਠਾਂ ਦਰਸਾਏ ਬਕਾਏ ਅਤੇ ਮੁਕੰਮਲ ਅਦਾਇਗੀ ਦੀ ਮਿਤੀ ਤੱਕ ਇਸ ਉਪਰ ਭਵਿੱਖੀ ਵਿਆਜ ਅਤੇ ਹੋਰ ਖਰਚਿਆਂ ਸਮੇਤ ਵਸੂਲੀ ਲਈ ਹੇਠਾਂ ਦਰਸਾਈ ਮਿਤੀ ਅਤੇ ਸਮੇਂ ਅਨੁਸਾਰ ਕਰ ਦਿੱਤੀ ਜਾਵੇਗੀ। ਰਾਖਵੀਂ ਕੀਮਤ, ਬਿਆਨਾ ਰਕਮ ਡਿਪਾਜ਼ਟ (ਈ ਐੱਮ ਡੀ) ਅਤੇ ਈ ਐੱਮ ਡੀ ਡਿਪਾਜ਼ਟ ਦੀ ਅੰਤਮ ਮਿਤੀ ਵੀ ਹੇਠਾਂ ਦਰਸਾਈ ਗਈ ਹੈ।

| ਕਰਜ਼ਦਾਰ/ਗਰੰਟਰ/ਕਰਜ਼ਾ ਖਾਤਾ | ਡਿਮਾਂਡ ਨੋਟਿਸ ਮਿਤੀ ਤੇ ਰਕਮ | ਅਚੱਲ ਜਾਇਦਾਦ ਦਾ ਵੇਰਵਾ | ਰਾਖਵੀਂ ਕੀਮਤ, ਈ ਐੱਮ ਡੀ ਅਤੇ ਈ ਐੱਮ ਡੀ ਜਮ੍ਹਾਂ ਕਰਵਾਉਣ ਦੀ ਅੰਤਮ ਮਿਤੀ : | ਈ-ਨਿਲਾਮੀ ਦੀ ਮਿਤੀ ਅਤੇ ਸਮਾਂ |
|---|---|---|---|---|
| 1. ਚੌਹਾਨ ਫਰਨੀਚਰ ਹਾਊਸ 2. ਮੁਖਤਿਆਰ ਕੌਰ 3. ਸਤਪਾਲ ਸਿੰਘ Lan Nos. LUI000000011062, LUI000000023320 & LUI000000023485 | ਡਿਮਾਂਡ ਨੋਟਿਸ ਦੀ ਮਿਤੀ 26.12.2022 ਅਤੇ 26.12.2022 ਨੂੰ ਰਕਮ ਰੁ. 41,13,983.97 (ਇਕਤਾਲੀ ਲੱਖ ਤੇਰਾਂ ਹਜ਼ਾਰ ਨੌਂ ਸੌ ਤਰਿਆਸੀ ਰੁਪਏ ਅਤੇ ਸਤਾਨਵੇਂ ਪੈਸੇ ਕੇਵਲ) ਸਮੇਤ ਇਸ ਉਪਰ ਮੁਕੰਮਲ ਅਦਾਇਗੀ ਦੀ ਮਿਤੀ ਤੱਕ ਭਵਿੱਖੀ ਵਿਆਜ। | ਜਾਇਦਾਦ ਰਕਬਾ 605 ਵਰਗ ਗਜ਼, ਖਸਰਾ ਨੰ. 8//5/1, 8//6/2, 8//7, 8//14/2, 259,8//4, 245,7//11, 7//20/1, 7//26, 8//6/3, 46, 7//10/2, 8//6/4, 811/15/1, ਖੱਤਾ ਨੰ. 86/93, 94, 87/95,88/96, 320/336, ਜਮ੍ਹਾਂਬੰਦੀ ਸਾਲ 2011-2012, ਪਿੰਡ ਮੰਗਲੀ ਟਾਂਡਾ, ਰਾਹੋਂ ਰੋਡ, ਸਰਕਾਰੀ ਸਕੂਲ ਦੇ ਪਿਛਲੇ ਪਾਸੇ ਹਦਬਸਤ ਨੰ. 49, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ-141007, ਹੱਦਾਂ : ਪੂਰਬ : ਖੇਤ ਬਾਹੀ 126, ਪੱਛਮ : ਅਵਤਾਰ ਸਿੰਘ ਅਤੇ ਹੋਰ ਬਾਹੀ 120, ਦੱਖਣ : ਮੰਗਲੀ ਟਾਂਡਾ ਰੋਡ ਬਾਹੀ 45, ਉੱਤਰ : ਖੇਤ ਬਾਹੀ 43' | ਰਾਖਵੀਂ ਕੀਮਤ ਰੁ. 38,40,064/- (ਅਠੱਤੀ ਲੱਖ ਚਾਲੀ ਹਜ਼ਾਰ ਚੌਂਹਠ ਰੁਪਏ ਕੇਵਲ) ਈ ਐੱਮ ਡੀ : ਰੁ. 3,84,006.4/-(ਤਿੰਨ ਲੱਖ ਚੁਰਾਸੀ ਹਜ਼ਾਰ ਛੇ ਰੁਪਏ ਅਤੇ ਚਾਰ ਪੈਸੇ ਕੇਵਲ) ਈ ਐੱਮ ਡੀ ਡਿਪਾਜ਼ਟ ਦੀ ਅੰਤਮ ਮਿਤੀ : 18/07/2024 | ਮਿਤੀ : 22.07.2024 ਸਮਾਂ ਸਵੇਰੇ 11.00 ਤੋਂ ਦੁਪਹਿਰ 2.00 ਵਜੇ ਤੱਕ (ਹਰੇਕ 5 ਮਿੰਟ ਦੇ ਅਸੀਮਿਤ ਵਾਧੇ ਨਾਲ) |

ਈ-ਨਿਲਾਮੀ ਮੈਸ: ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ਼ ਲਿਮ: ਰਾਹੀਂ https://ambitfinvest.auctiontiger.net 'ਤੇ 'ਆਨਲਾਈਨ' ਕੀਤੀ ਜਾਵੇਗੀ। ਵਿਕਰੀ ਦੀਆਂ ਸ਼ਰਤਾਂ ਅਤੇ ਨਿਯਮਾਂ ਬਾਰੇ ਵੇਰਵੇ ਲਈ ਕ੍ਰਿਪਾ ਕਰਕੇ ਮੈਸ: ਈ-ਪ੍ਰੋਕਿਉਰਮੈਂਟ ਟੈਕਨਾਲੋਜੀਜ਼ ਲਿਮ: (ਆਕਸ਼ਨ ਟਾਈਗਰ) ਨਾਲ ਸੰਪਰਕ ਕੀਤਾ ਜਾਵੇ। (ਹੈਲਪ ਲਾਈਨ ਨੰਬਰ ਲੈਂਡਲਾਈਨ -79-68136880/881/837/842, ਫੋਨ ਨੰ: 9265562818/9265562821/9265562819, ਸੰਪਰਕ ਵਿਅਕਤੀ ਸ੍ਰੀ ਰਾਮ ਸ਼ਰਮਾ, ਈ ਮੇਲ ਆਈ ਡੀ ramprasad@auctiontiger.net ਜਾਂ ਲਿੰਕ https://ambitfinvest.auctiontiger.net ਦਾ ਹਵਾਲਾ ਲਿਆ ਜਾਵੇ। ਹੋਰ ਵੇਰਵਿਆਂ ਲਈ ਕ੍ਰਿਪਾ ਕਰਕੇ ਅੰਬਿਤ ਫਿਨਵੈਸਟ ਪ੍ਰਾਈਵੇਟ ਲਿਮਟਿਡ ਦੇ ਸ੍ਰੀ ਵਿਜੇ ਸ਼ਰਮਾ ਸੀਨੀਅਰ ਸਹਾਇਕ ਮੈਨੇਜਰ, ਮੋਬਾਈਲ ਨੰ: 9887871631, ਈ ਮੇਲ ਆਈ ਡੀ vijay.sharma@ambit.co ਅਤੇ ਸ੍ਰੀ ਸੰਦੀਪ ਕੁਮਾਰ ਸਹਾਇਕ ਮੈਨੇਜਰ ਮੋਬਾਈਲ ਨੰ: 7053016294, ਈਮੇਲ ਆਈ ਡੀ sandeepkumar.k@ambit.co ਨਾਲ ਸੰਪਰਕ ਕੀਤਾ ਜਾਵੇ।

ਸਥਾਨ : ਲੁਧਿਆਣਾ

ਮਿਤੀ : 21.06.2024

ਸਹੀ/- ਅਧਿਕਾਰਤ ਅਫਸਰ ਅੰਬਿਤ ਫਿਨਵੈਸਟ ਪ੍ਰਾਈਵੇਟ ਲਿਮਟਿਡ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

6-Jun-PAGE-3.qxd 6/21/2024 9:39 PM Page 1



## ਪੰਜਾਬ ਸਰਕਾਰ ਆਪਣੀ ਹਾਰ ਦਾ ਗੁੱਸਾ ਪੁਲਸ ਮੁਲਾਜ਼ਮਾਂ ਦੀਆਂ ਬਦਲੀਆਂ ਕਰਕੇ ਨਾ ਕੱਢੇ : ਵਿੱਜ



**ਕਲਾਨੌਰ, (ਮਨਦੀਪ ਕੋਹਲੀ)**-ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਲੰਘੀਆਂ ਲੋਕ ਸਭਾ ਚੋਣਾਂ ਦੌਰਾਨ ਮਿਲੀ ਹਾਰ ਤੋਂ ਖਫਾ ਹੋ ਕੇ ਆਪਣਾ ਗੁੱਸਾ ਪੁਲਸ ਮੁਲਾਜ਼ਮਾਂ ਦੀਆਂ ਬਦਲੀਆਂ ਕਰਨ 'ਤੇ ਕੱਢ ਰਹੀ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਭਾਜਪਾ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਬੁਲਾਰੇ ਨਰਿੰਦਰ ਵਿੱਜ ਨੀਤੀ ਕਲਾਨੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਜ਼ਿਕਰਯੋਗ ਹੈ ਕਿ ਪੁਲਸ ਥਾਣਿਆ ਵਿੱਚ ਪੁਲਸ ਮੁਲਾਜ਼ਮਾਂ ਦੀ ਗਿਣਤੀ ਬਹੁਤ ਘੱਟ ਹੈ। ਉਪਰੋਂ ਪੰਜਾਬ ਸਰਕਾਰ ਨੇ ਆਪਣੀ ਹਾਰ ਦਾ ਗੁੱਸਾ ਕੱਢਣ ਲਈ ਮੁਲਾਜ਼ਮਾਂ ਦੀਆਂ ਬਦਲੀਆਂ ਕਰਨੀਆਂ ਸ਼ੁਰੂ ਕਰ ਦਿੱਤੀਆਂ ਹਨ।ਸਰਕਾਰ ਨੂੰ ਨਫਰੀ ਵੱਲ ਧਿਆਨ ਦਿੰਦਿਆਂ ਹੋਇਆਂ ਦੇਖਣਾ ਚਾਹੀਦਾ ਹੈ ਕਿ ਥਾਣੇ ਅੰਦਰ ਮੁਲਾਜ਼ਮ ਓਵਰ ਪਰੈਸ਼ਰ ਕਰਕੇ ਖੁਸ਼ ਨਹੀਂ ਹਨ ਅਤੇ ਜੋ ਲੱਗੇ ਹੋਏ ਹਨ ਉਨ੍ਹਾਂ ਉਪਰ ਏਨਾ ਜ਼ਿਆਦਾ ਪਰੈਸ਼ਰ ਹੈ ਕਿ ਉਨ੍ਹਾਂ ਨੂੰ ਕੋਈ ਵੀ ਰੈਸਟ ਜਾਂ ਪਰਿਵਾਰ ਨਾਲ ਸਮਾਂ ਬਿਤਾਉਣਾ ਨਸੀਬ ਨਹੀਂ ਹੁੰਦਾ ਅਤੇ ਦੁਖੀ ਹੋ ਕੇ ਕਈ ਮੁਲਾਜ਼ਮ ਸਮੇਂ ਤੋਂ ਪਹਿਲਾਂ ਹੀ ਰਿਟਾਇਰਮੈਂਟ ਲੈ ਕੇ ਘਰ ਪਰਤ ਜਾਂਦੇ ਹਨ।ਉਨ੍ਹਾਂ ਕੋਲ ਇੰਨਾ ਕੰਮ ਹੈ ਕਿ ਉਹ ਲੋਕਾਂ ਨੂੰ ਸਮਾਂ ਹੀ ਨਹੀਂ ਦੇ ਪਾ ਰਹੇ ਕਿਉਂਕਿ ਉਨ੍ਹਾਂ ਨੂੰ ਕਦੀ ਵੀ ਆਈ ਪੀ ਡਿਊਟੀ, ਕਦੀ ਹਾਈ ਕੋਰਟ ਦੀ ਪੇਸ਼ੀ, ਕਦੀ ਹੇਠਲੇ ਕੋਰਟ ਦੀ ਪੇਸ਼ੀ ਤੋਂ ਹੀ ਵਿਹਲ ਮੁਸ਼ਕਿਲ ਨਾਲ ਮਿਲਦੀ ਹੈ।ਕਈ ਵਾਰ ਰਾਤ ਨੂੰ ਐਮਰਜੈਂਸੀ ਪੈ ਜਾਣ ਤੇ ਸਿਰਫ ਡਿਊਟੀ ਅਫ਼ਸਰ ਹੀ ਥਾਣੇ ਵਿਚ ਇਕੱਲਾ ਹੁੰਦਾ ਹੈ ਅਤੇ ਉਸ ਕੋਲ ਪੈਰਵਾਈ ਲਈ ਕੋਈ ਮੁਲਾਜ਼ਮ ਸਾਥੀ ਜਾਂ ਸਾਧਨ ਨਹੀਂ ਹੁੰਦਾ।ਜੇਕਰ ਪੁਲਸ ਥਾਣਾ ਕਲਾਨੌਰ ਦੀ ਗੱਲ ਹੀ ਕਰ ਲਈ ਜਾਵੇ ਤਾਂ ਇਹ ਇਕ ਬਾਰਡਰ ਰੇਂਜ ਦਾ ਮਹੱਤਵਪੂਰਨ ਥਾਣਾ ਹੈ ਜਿਸ ਉਪਰ ਲਗਭਗ 100 ਦੇ ਕਰੀਬ ਪਿੰਡ ਨਿਰਭਰ ਕਰਦੇ ਹਨ ਪਰ ਇਸ ਥਾਣੇ ਦੀ ਨਫਰੀ ਦਾ ਰਿਕਾਰਡ ਚੈੱਕ ਕਰਵਾਇਆ ਜਾਵੇ ਤਾਂ ਇਹ ਨਾ ਦੇ ਬਰਾਬਰ ਹੀ ਹੋਵੇਗਾ।ਜੋ ਪੁਲਸ ਕਰਮਚਾਰੀ ਇਨ੍ਹਾਂ ਥਾਣਿਆਂ ਵਿਚ ਕੰਮ ਕਰ ਰਹੇ ਹਨ ਉਹ ਇਲਾਕੇ ਦੇ ਭੇਦੀ ਹਨ ਮਾੜੇ ਅਨਸਰਾਂ ਨੂੰ ਪਹਿਚਾਨਦੇ ਹਨ।ਅਗਰ ਇਨ੍ਹਾਂ ਦੀ ਬਦਲੀ ਵੀ ਹੋ ਜਾਂਦੀ ਹੈ ਤਾਂ ਨਵੇਂ ਆਏ ਕਰਮਚਾਰੀਆਂ ਨੂੰ ਕਾਮਯਾਬੀ ਮਿਲਣੀ ਆਸਾਨ ਨਹੀਂ ਹੋਵੇਗੀ, ਜਿਸ ਕਰਕੇ ਜ਼ੁਲਮ ਹੋਰ ਵਧ ਸਕਦਾ ਹੈ।ਸੋ ਇਸ ਕਰਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਚਾਹੀਦਾ ਹੈ ਕਿ ਉਹ ਪੁਲਸ ਮੁਲਾਜ਼ਮਾਂ ਦੀਆਂ ਬਦਲੀਆਂ ਕਰਨ ਦੀ ਥਾਂ ਨਵੇਂ ਮੁਲਾਜ਼ਮਾਂ ਦੀ ਭਰਤੀ ਕਰੇ ਅਤੇ ਥਾਣਿਆਂ ਵਿੱਚ ਨਫਰੀ ਵਧਾਏ।

## 6 ਜੁਲਾਈ ਨੂੰ ਸਿਹਤ ਕਰਮਚਾਰੀ ਜਲੰਧਰ ਜ਼ਿਮਨੀ ਚੋਣ 'ਚ ਕਰਨਗੇ ਰੋਸ ਮੁਜ਼ਾਹਰਾ : ਉਪਲ

**ਮਜੀਠਾ ( ਸ਼ੋਇਮ ਆਨੰਦ)**- ਮਲਟੀਪਰਪਜ਼ ਹੈਲਥ ਇੰਪਲਾਈਜ਼ ਮੇਲ/ਫੀਮੇਲ ਯੂਨੀਅਨ ਪੰਜਾਬ ਵਲੋਂ ਸੂਬਾਈ ਆਗੂਆਂ ਗੁਰਪ੍ਰੀਤ ਸਿੰਘ ਮੰਗਵਾਲ, ਮਨਜੀਤ ਕੌਰ ਫਰੀਦਕੋਟ, ਪ੍ਰਭਜੀਤ ਸਿੰਘ ਉਪਲ, ਗੁਰਦੇਵ ਸਿੰਘ ਢਿੱਲੋਂ, ਨਰਿੰਦਰ ਸ਼ਰਮਾ, ਸੁਖਜੀਤ ਸਿੰਘ ਮੁਕਤਸਰ ਦੀ ਪ੍ਰਧਾਨਗੀ ਹੇਠ ਜੂਮ ਐਪ ਰਾਹੀਂ ਵਿਸ਼ੇਸ਼ ਮੀਟਿੰਗ ਹੋਈ, ਜਿਸ ਵਿੱਚ ਮੁਲਾਜ਼ਮਾਂ ਦੀਆਂ ਅਹਿਮ ਮੰਗਾਂ ਕੱਟੇ ਭੱਤੇ ਬਹਾਲ ਕਰਨ, ਮਲਟੀਪਰਪਜ਼ ਕੇਡਰ ਦਾ ਨਾਂਅ ਬਦਲਣ, ਕੰਟਰੈਕਟ ਦੇ ਮੁਲਾਜ਼ਮਾਂ ਦੀ ਰੈਗੂਲਰ ਪਾਲਸੀ ਨੂੰ ਅਮਲੀ ਜਾਮਾ ਦਿਵਾਉਣ, 986 ਫੀਮੇਲ ਵਰਕਰਾਂ ਨੂੰ ਨਿਯੁਕਤੀ ਪੱਤਰ ਦੇਣ, ਮਲਟੀਪਰਪਜ਼ ਕੇਡਰ ਦੀਆਂ ਪਦਉਨਤੀਆਂ ਦਾ ਸਮਾਬੱਧ ਕਰਨ ਅਤੇ ਖਾਲੀ ਸਥਾਨਾਂ ਤੇ ਆਪਸੀ ਬਦਲੀਆਂ ਪਹਿਲ ਦੇ ਅਧਾਰ 'ਤੇ ਕਰਨ, ਪੰਜਾਬ ਸਰਕਾਰ ਦੇ ਪੱਤਰ ਮੁਤਾਬਕ ਸਿਹਤ ਵਿਭਾਗ ਦੇ ਮੁਲਾਜ਼ਮਾਂ ਤੇ ਕੇਂਦਰੀ ਸਕੇਲ ਦੀ ਥਾਂ ਪੰਜਾਬ ਸਕੇਲ ਲਾਗੂ ਕਰਨ, ਮਲਟੀਪਰਪਜ਼ ਮੇਲ ਦੇ ਸਰਕਾਰੀ ਟ੍ਰੇਨਿੰਗ ਸੈਂਟਰ ਚਾਲੂ ਕਰਨ ਅਤੇ ਨਵੀਂ ਭਰਤੀ ਦਾ ਇਸ਼ਤਿਹਾਰ ਜਲਦੀ ਜਾਰੀ ਕਰਨ ਸਮੇਤ ਹੋਰ ਮੰਗਾਂ ਦੇ ਹੱਲ ਲਈ ਆ ਰਹੀਆਂ ਜ਼ਿਮਨੀ ਚੋਣਾਂ 'ਚ ਸੰਘਰਸ਼ ਵਿੱਢਣ ਬਾਰੇ ਵਿਸਥਾਰਪੂਰਵਕ ਚਰਚਾ ਹੋਈ। ਜਿਸ ਵਿੱਚ ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਮੌਕੇ 6 ਜੁਲਾਈ ਨੂੰ ਸੂਬਾਈ ਰੋਸ ਮੁਜ਼ਾਹਰਾ ਕਰਨ ਦਾ ਫੈਸਲਾ ਕੀਤਾ ਗਿਆ ਹੈ, ਜਿਸ ਦੀਆਂ ਤਿਆਰੀਆਂ ਲਈ ਸੂਬਾਈ ਆਗੂ ਪ੍ਰਭਜੀਤ ਸਿੰਘ ਉਪਲ ਨੂੰ ਪ੍ਰਬੰਧਕੀ ਸਕੱਤਰ ਨਿਯੁਕਤ ਕੀਤਾ ਗਿਆ ਹੈ। ਉਨ੍ਹਾ ਦੇ ਨਾਲ ਕਸ਼ਮੀਰ ਕੌਰ, ਰਾਜਵਿੰਦਰ ਕੌਰ, ਬਲਜੀਤ ਸਿੰਘ, ਗਰਵੇਲ ਸਿੰਘ ਸੋਹੀ, ਸੰਜੀਵ ਕੁਮਾਰ, ਸਤਨਾਮ ਸਿੰਘ ਬਾਰੀਆ ਸਹਿਯੋਗੀ ਹੋਣਗੇ। ਇਸ ਬਾਰੇ ਪ੍ਰਭਜੀਤ ਸਿੰਘ ਉਪਲ ਨੇ ਦੱਸਿਆ ਕਿ ਜਲੰਧਰ ਰੋਸ ਰੈਲੀ ਦੀਆਂ ਤਿਆਰੀਆਂ ਲਈ ਬਲਾਕ ਪੱਧਰ ਦੇ ਆਗੂਆਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ ਤੇ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਮੀਟਿੰਗ 'ਚ ਹੋਰ ਵੀ ਆਗੂ ਵੀ ਮੌਜੂਦ ਸਨ।

## ਖੱਬੀਆਂ ਧਿਰਾਂ ਨੇ ਰੋਸ ਪ੍ਰਦਰਸ਼ਨ ਉਪਰੰਤ ਐੱਸ ਡੀ ਐੱਮ ਨੂੰ ਦਿੱਤਾ ਮੰਗ ਪੱਤਰ



**ਪਠਾਨਕੋਟ (ਦਵਿੰਦਰ ਸਿੰਘ)**-ਲੋਕ ਪੱਖੀ ਆਵਾਜ਼ ਨੂੰ ਬੰਦ ਕਰਨ ਦੇ ਮਨਸ਼ੇ ਤਹਿਤ ਇੱਕ ਤੋਂ ਬਾਅਦ ਇੱਕ ਬੁੱਧੀਜੀਵੀ ਨੂੰ ਜੇਲ੍ਹ ਵਿੱਚ ਸੁੱਟਣ ਲਈ ਹੁਣ ਸੰਸਾਰ ਪ੍ਰਸਿੱਧ ਲੇਖਕਾ ਅਰੁੰਧਤੀ ਰਾਏ ਅਤੇ ਉਘੇ ਪ੍ਰੋਫੈਸਰ ਸ਼ੇਖ ਸ਼ੌਕਤ ਹੁਸੈਨ ਉਪਰ ਯੂ ਏ ਪੀ ਏ ਕਾਨੂੰਨ ਦੀ ਦੁਰਵਰਤੋਂ ਕਰਦਿਆਂ ਤਾਨਾਸ਼ਾਹੀ ਮੋਦੀ ਸਰਕਾਰ ਦੇ ਜ਼ੁਲਮ ਦਾ ਵਿਰੋਧ ਕਰਨ ਅਤੇ ਤੁਰੰਤ ਇਨ੍ਹਾਂ ਪਰਚਿਆਂ ਨੂੰ ਰੱਦ ਕਰਨ ਦੀ ਮੰਗ ਨੂੰ ਲੈ ਕੇ ਖੱਬੀਆਂ ਧਿਰਾਂ ਆਰ ਐੱਮ ਪੀ ਆਈ, ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਅਤੇ ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕਰਸੀ ਵਲੋਂ ਸਮੁੱਚੇ ਪੰਜਾਬ ਅੰਦਰ ਦਿੱਤੇ ਸੱਦੇ ਅਨੁਸਾਰ ਆਰ ਐੱਮ ਪੀ ਆਈ ਵਲੋਂ ਪਠਾਨਕੋਟ ਵਿਖੇ ਰੋਸ ਪ੍ਰਦਰਸ਼ਨ ਕਰਨ ਉਪਰੰਤ ਐੱਸ ਡੀ ਐੱਮ ਪਠਾਨਕੋਟ ਰਾਹੀਂ ਦੇਸ਼ ਦੇ ਪ੍ਰਧਾਨ ਮੰਤਰੀ ਨੂੰ ਮੰਗ ਪੱਤਰ ਭੇਜਿਆ ਗਿਆ।ਆਰ ਐੱਮ ਪੀ ਆਈ ਦੇ ਆਗੂਆਂ ਕਾਮਰੇਡ ਨੱਥਾ ਸਿੰਘ ਢਡਵਾਲ, ਸ਼ਿਵ ਕੁਮਾਰ, ਹਰਿੰਦਰ ਸਿੰਘ ਰੰਧਾਵਾ, ਮਾਸਟਰ ਸੁਭਾਸ਼ ਸ਼ਰਮਾ ਅਤੇ ਬਲਵੰਤ ਸਿੰਘ ਘੋਹ ਨੇ ਸਾਂਝੇ ਪ੍ਰੈੱਸ ਬਿਆਨ ਵਿਚ ਕਿਹਾ ਕਿ ਮੋਦੀ ਸਰਕਾਰ ਦੇ ਇਸ ਤਾਨਾਸ਼ਾਹੀ ਰਵੱਈਏ ਦੇ ਖਿਲਾਫ ਸੰਘਰਸ਼ ਜਾਰੀ ਰਹੇਗਾ।ਉਨ੍ਹਾਂ ਅੱਗੇ ਕਿਹਾ ਕਿ ਲੋਕਾਂ ਦੇ ਜੀਵਨ ਨਾਲ ਜੁੜੇ ਅਹਿਮ ਮੁੱਦਿਆਂ ਮਹਿੰਗਾਈ, ਬੇਰੁਜ਼ਗਾਰੀ, ਭ੍ਰਿਸ਼ਟਾਚਾਰ ਤੇ ਤਰ੍ਹਾਂ ਤਰ੍ਹਾਂ ਦੇ ਮਾਫੀਆ ਰਾਜ ਨੂੰ ਖਤਮ ਕਰਨ ਦੀ ਬਜਾਏ ਮੋਦੀ ਸਰਕਾਰ ਦੇ ਪਹਿਲੇ ਦਸ ਸਾਲਾਂ ਦੇ ਲੋਕ ਵਿਰੋਧੀ ਰਾਜ ਪ੍ਰਬੰਧ ਨੂੰ ਅੱਗੇ ਤੋਰਦਿਆਂ ਲੋਕਾਂ ਨੂੰ ਧਰਮ ਤੇ ਜਾਤਪਾਤ ਅਧਾਰਿਤ ਵੰਡਣ ਦੀਆਂ ਕੋਸ਼ਿਸ਼ਾਂ ਲਗਾਤਾਰ ਜਾਰੀ ਹਨ ਅਤੇ ਲੋਕ ਪੱਖੀ ਅਵਾਜ਼ ਨੂੰ ਦਬਾਉਣ ਤੇ ਲੋਕਾਂ ਅੰਦਰ ਡਰ ਪੈਦਾ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਆਰ ਐੱਸ ਐੱਸ ਅਤੇ ਭਾਜਪਾ ਦੀ ਫਿਰਕੂ ਵਿਚਾਰਧਾਰਾ ਤੋਂ ਸੁਚੇਤ ਕਰਦਿਆਂ ਆਪਣੀ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨ ਅਤੇ ਸੰਘਰਸ਼ਾਂ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਇਸ ਮੌਕੇ ਉਪਰੋਕਤ ਤੋਂ ਇਲਾਵਾ ਸਾਥੀ ਬਲਦੇਵ ਰਾਜ ਭੋਆ, ਬਲਕਾਰ ਚੰਦ ਭਰਿਆਲ ਲਾਹੜੀ, ਅਜੀਤ ਰਾਮ ਗੰਦਲਾਂ ਲਾਹੜੀ, ਪ੍ਰਵੀਨ ਕੁਮਾਰ ਬਮਿਆਲ, ਸਕੱਤਰ ਸਿੰਘ, ਬਲਬੀਰ ਸਿੰਘ ਬੇੜੀਆਂ, ਦੇਵ ਰਾਜ ਸੁਜਾਨਪੁਰ, ਯਸ਼ਪਾਲ, ਰਣਯੋਧ ਸਿੰਘ, ਰਛਪਾਲ ਸਿੰਘ ਮੁਦਾਰਪੁਰ, ਓਮ ਪ੍ਰਕਾਸ਼, ਨਰੇਸ਼ ਕੁਮਾਰ, ਗੁਲਜਾਰ ਮਸੀਹ ਅਤੇ ਹੋਰ ਸਾਥੀਆਂ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ।

## 14 ਫਸਲਾਂ 'ਤੇ ਐੱਮ ਐੱਸ ਪੀ 'ਚ ਵਾਧਾ ਸਰਕਾਰ ਦਾ ਸ਼ਲਾਘਾਯੋਗ ਕਦਮ : ਬੋਨੀ ਅਜਨਾਲਾ



**ਅਜਨਾਲਾ, (ਸੁੱਖਤਿੰਦਰ ਸਿੰਘ ਰਾਜੂ)**-ਕੇਂਦਰ 'ਚ ਤੀਜੀ ਵਾਰ ਬਣੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਦੇਸ਼ ਭਰ ਦੇ ਕਿਸਾਨਾਂ ਲਈ 14 ਫਸਲਾਂ 'ਤੇ ਐੱਮ. ਐੱਸ. ਪੀ. ਤਹਿਤ ਕੀਤਾ ਵਾਧਾ ਬਹੁਤ ਹੀ ਸ਼ਲਾਘਾਯੋਗ ਕਦਮ ਹੈ ਅਤੇ ਇਸ ਵਾਧੇ ਨਾਲ ਕਿਸਾਨਾਂ ਭਰਾਵਾਂ ਨੂੰ ਵੱਡਾ ਲਾਭ ਪ੍ਰਾਪਤ ਹੋਵੇਗਾ! ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅਜਨਾਲਾ ਤੋਂ ਸਾਬਕਾ ਵਿਧਾਇਕ ਅਤੇ ਭਾਜਪਾ ਓਬੀਸੀ ਮੋਰਚਾ ਦੇ ਸੂਬਾ ਪ੍ਰਧਾਨ ਬੋਨੀ ਅਮਰਪਾਲ ਸਿੰਘ ਅਜਨਾਲਾ ਵੱਲੋਂ ਕੀਤਾ ਗਿਆ! ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਤੀਜੀ ਵਾਰ ਸਰਕਾਰ ਬਣਨ ਦੇ ਤੁਰੰਤ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਭਰ ਦੇ ਕਿਸਾਨਾਂ ਲਈ ਅਹਿਮ ਫੈਸਲਾ ਲੈਂਦਿਆਂ ਝੋਨੇ ਸਮੇਤ 14 ਹੋਰ ਸਾਉਣੀ ਦੀਆਂ ਫ਼ਸਲਾਂ ਜਿਵੇ ਮੱਕੀ, ਅਰਹਰ, ਮੂੰਗੀ, ਮੂੰਗਫਲੀ, ਸੂਰਜਮੁਖੀ, ਸੋਆਬੀਨ, ਕਪਾਹ ਅਤੇ ਨਰਮਾ ਆਦਿ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਵਾਧਾ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ, ਜਿਸ ਨਾਲ ਝੋਨੇ ਦਾ ਨਵਾਂ ਸਮਰਥਨ ਮੁੱਲ 2300 ਰੁਪਏ ਤਹਿਤ ਕੀਤਾ ਗਿਆ ਹੈ, ਜੋ ਕਿ ਪਿਛਲੇ ਸਮਰਥਨ ਮੁੱਲ ਨਾਲੋਂ ਘੱਟੋ-ਘੱਟ 117 ਰੁਪਏ ਵੱਧ ਹੈ ਅਤੇ ਇਸੇ ਤਰ੍ਹਾਂ ਬਾਕੀ 13 ਹੋਰ ਫਸਲਾਂ ਦੇ ਭਾਅ ਵਿੱਚ ਵੀ ਵੱਡਾ ਵਾਧਾ ਕੀਤਾ ਗਿਆ ਹੈ! ਉਨ੍ਹਾਂ ਅੱਗੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਨੇ ਹਮੇਸ਼ਾ ਦੇਸ਼ ਦੇ ਹਰ ਵਰਗ ਖਿਆਲ ਰੱਖਣ ਦੇ ਨਾਲ-ਨਾਲ ਕਿਸਾਨੀ ਨੂੰ ਹੋਰ ਲਾਹੇਵੰਦ ਧੰਦਾ ਬਣਾਉਣ ਲਈ ਕਈ ਅਹਿਮ ਯੋਜਨਾਵਾਂ ਉਲੀਕੀਆਂ ਹਨ, ਜਿਨ੍ਹਾਂ ਯੋਜਨਾਵਾਂ ਦੇ ਤਹਿਤ ਕਿਸਾਨ ਭਰਾਵਾਂ ਨੂੰ ਖਾਦ, ਕੀੜੇ ਮਾਰ ਦਵਾਈਆਂ ਅਤੇ ਸਬਸਿਡੀ ਤਹਿਤ ਖੇਤੀ ਯੋਗ ਮਸ਼ੀਨਰੀ ਮੁਹੱਈਆ ਕਰਵਾਈ ਜਾ ਰਹੀ ਹੈ, ਤਾਂ ਜੋ ਦੇਸ਼ ਦੁਨੀਆਂ ਦਾ ਢਿੱਡ ਭਰਨ ਵਾਲਾ ਅੰਨਦਾਤੇ ਕਿਸਾਨ ਨੂੰ ਖੇਤੀ ਵਿੱਚੋਂ ਵੱਧ ਤੋਂ ਵੱਧ ਮੁਨਾਫਾ ਹੋ ਸਕੇ!

## ਅਜੋਕੇ ਯੁੱਗ 'ਚ ਹਰ ਵਿਅਕਤੀ ਲਈ ਯੋਗ ਜ਼ਰੂਰੀ : ਡਾ. ਚੌਹਾਨ



**ਸਰਾਏ ਅਮਾਨਤਖਾਂ 21 ਜੂਨ (ਮੱਖਣ ਮਨੋਜ)**-ਸਿਵਲ ਸਰਜਨ ਡਾ. ਭਾਰਤ ਭੂਸ਼ਣ ਅਤੇ ਜਿਲ੍ਹਾ ਟੀਕਾ ਕਰਨ ਅਫਸਰ ਡਾ. ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾ ਅਤੇ ਐੱਸ. ਐੱਮ. ਓ. ਝਬਾਲ ਡਾ. ਰਾਜੂ ਚੋਹਾਨ ਦੀ ਅਗਵਾਈ ਹੇਠ ਸੀ. ਐੱਚ. ਸੀ. ਝਬਾਲ ਵਿਖੇ ਦਸਵਾਂ ਵਿਸਵ ਯੋਗਾ ਦਿਵਸ ਮਨਾਇਆ ਗਿਆ। ਡਾ. ਰਾਜੂ ਚੋਹਾਨ ਨੇ ਦੱਸਿਆ ਕਿ ਵਿਸ਼ਵ ਯੋਗਾ ਦਿਵਸ ਆਯੁਰਵੈਦਿਕ, ਯੋਗਾ ਅਤੇ ਨੇਚਰੋਪੈਥੀ ਯੂਨਾਨੀ, ਹੋਮੀਉਪੈਥੀ ਆਯੁਸ਼ ਮੰਤਰਾਲੇ ਵਲੋਂ ਕਰਵਾਇਆ ਜਾ ਰਿਹਾ ਹੈ। ਅੱਜ ਦੇ ਯੁੱਗ ਵਿੱਚ ਹਰੇਕ ਵਿਅਕਤੀ ਨੂੰ ਯੋਗ ਕਰਨ ਦੀ ਜ਼ਰੂਰਤ ਹੈ।ਡਾ. ਅਮਨ ਮਹਿਤਾ ਅਤੇ ਡਾ ਸਮਰਿਧੀ ਨੇ ਸਮੂਹ ਸਟਾਫ ਨੂੰ ਯੋਗ ਕਰਨ ਦੀ ਵਿਧੀ ਬਾਰੇ ਦੱਸਿਆ! ਰੋਜ਼ਾਨਾ ਯੋਗ ਕਰਨ ਨਾਲ ਸਰੀਰ ਤੰਦਰੁਸਤ ਰਹਿੰਦਾ ਹੈ ਅਤੇ ਬਿਮਾਰੀ ਨੂੰ ਦੂਰ ਰੱਖਿਆ ਜਾ ਸਕਦਾ ਹੈ ।ਸਰੀਰ ਲਚਕਦਾਰ ਅਤੇ ਮਜ਼ਬੂਤ ਹੁੰਦਾ ਹੈ ।ਯੋਗਾ ਕਰਨ ਨਾਲ ਸ਼ੂਗਰ , ਬਲੱਡ ਪ੍ਰੈਸ਼ਰ , ਜੋੜਾ ਦਰਦ ,ਮਾਨਸਿਕ ਰੋਗਾਂ, ਦਿਲ ਦੇ ਰੋਗਾਂ ਤੋਂ ਬਚਿਆ ਜਾ ਸਕਦਾ ਹੈ ।ਯੋਗ ਮਨ ਨੂੰ ਸ਼ਾਂਤ ਕਰਨ ਅਤੇ ਤਨਾਅ ਨੂੰ ਘੱਟ ਕਰਨ ਵਿੱਚ ਮਦਦ ਕਰਦਾ ਹੈ ।ਪੇਟ ਦੇ ਰੋਗਾਂ ਤੋਂ ਬਚਾਉਂਦਾ ਹੈ ।ਇਸ ਮੋਕੇ ਤੇ ਪ੍ਰਾਣਾਯਾਮ, ਕਪਾਲ ਭਾਤੀ, ਵਜਰਾਸ਼ਨ , ਪਦਮ ਆਸਣ , ਤਾੜਆਸ਼ਣ , ਮੰਡੂਕਆਸ਼ਣ ਆਦਿ ਦਾ ਅਭਿਆਸ ਕਰਾਇਆ ਗਿਆ । ਇਸ ਮੋਕੇ ਤੇ ਡਾ ਹਰਪ੍ਰੀਤ ਸਿੰਘ, ਡਾ ਨੇਹਾ, ਹੈਲਥ ਸੁਪਰਵਾਈਜ਼ਰ ਗੁਰਵਿੰਦਰ ਸਿੰਘ ਭੋਜੀਆਂ, ਰਾਮਰਛਪਾਲ ਧਵਨ, ਗੁਰਬੀਰ ਸਿੰਘ ਪੰਡੋਰੀ, ਰਮਨਦੀਪ ਕੌਰ, ਪ੍ਰਭਜੋਤ ਕੌਰ, ਚਾਰੂ, ਅਮਨਪ੍ਰੀਤ ਕੌਰ, ਇੰਦਰਜੀਤ ਕੌਰ ਸਮੇਤ ਸਾਰ ਸਟਾਫ ਹਾਜ਼ਰ ਸੀ।

## ਬੀ. ਡੀ. ਪੀ. ਓ. ਦਫ਼ਤਰਾਂ 'ਚ ਲੱਗਣਗੇ ਪਲੇਸਮੈਂਟ ਕੈਂਪ: ਜ਼ਿਲ੍ਹਾ ਰੋਜ਼ਗਾਰ ਅਫ਼ਸਰ



**ਧਾਰੀਵਾਲ,ਕਲਾਨੌਰ, (ਮਨਦੀਪ ਸਿੰਘ ਵਿੱਕੀ/ਮਨਦੀਪ ਕੋਹਲੀ)**-ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਗੁਰਦਾਸਪੁਰ ਵੱਲੋਂ ਨੌਜਵਾਨਾਂ ਨੂੰ ਵੱਖ-ਵੱਖ ਸੈਕਟਰਾਂ ਵਿੱਚ ਰੋਜ਼ਗਾਰ ਮੁਹੱਈਆ ਕਰਵਾਉਣ ਹਿਤ ਹਰ ਮਹੀਨੇ ਰੋਜ਼ਗਾਰ ਦਫ਼ਤਰ ਵਿਖੇ ਪਲੇਸਮੈਂਟ ਕੈਂਪ ਲਗਾਏ ਜਾ ਰਹੇ ਹਨ ਤਾਂ ਜੋ ਨੌਜਵਾਨਾਂ ਨੂੰ ਆਤਮ ਨਿਰਭਰ ਬਣਾਇਆ ਜਾ ਸਕੇ। ਜ਼ਿਲ੍ਹਾ ਰੋਜ਼ਗਾਰ ਅਫ਼ਸਰ ਪ੍ਰਸ਼ੋਤਮ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਐੱਸ. ਆਈ. ਐੱਸ. ਸਕਿਉਰਿਟੀ ਕੰਪਨੀ ਵੱਲੋਂ ਮਿਤੀ 24.06.2024 ਤੋਂ 08.07.2024 ਤੱਕ ਜ਼ਿਲ੍ਹਾ ਗੁਰਦਾਸਪੁਰ ਵਿੱਚ ਬਲਾਕ ਪੱਧਰ ਤੇ ਰੋਜ਼ਗਾਰ ਮੇਲੇ ਆਯੋਜਿਤ ਕੀਤੇ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਮਿਤੀ 24.06.2024 ਨੂੰ ਬੀ.ਡੀ.ਪੀ.ਓ. ਦਫ਼ਤਰ ਡੇਰਾ ਬਾਬਾ ਨਾਨਕ, 25.06.2024 ਨੂੰ ਬੀ.ਡੀ.ਪੀ.ਓ. ਦਫ਼ਤਰ ਕਲਾਨੌਰ, 26.06.2024 ਨੂੰ ਬੀ.ਡੀ.ਪੀ.ਓ. ਦਫ਼ਤਰ ਫ਼ਤਿਹਗੜ੍ਹ ਚੂੜੀਆਂ, 27.06.2024 ਨੂੰ ਬੀ.ਡੀ.ਪੀ.ਓ. ਦਫ਼ਤਰ ਬਟਾਲਾ, 28.06.2024 ਨੂੰ ਬੀ.ਡੀ.ਪੀ.ਓ. ਦਫ਼ਤਰ ਧਾਰੀਵਾਲ, 01.07.2024 ਨੂੰ ਬੀ.ਡੀ.ਪੀ.ਓ. ਦਫ਼ਤਰ ਸ਼੍ਰੀ ਹਰਗੋਬਿੰਦਪੁਰ ਸਾਹਿਬ, 02.07.2024 ਨੂੰ ਬੀ.ਡੀ.ਪੀ.ਓ. ਦਫ਼ਤਰ ਕਾਦੀਆਂ, 03.07.2024 ਨੂੰ ਬੀ.ਡੀ.ਪੀ.ਓ. ਦਫ਼ਤਰ ਦੋਰਾਂਗਲਾ, 04.07.2024 ਨੂੰ ਬੀ.ਡੀ.ਪੀ.ਓ. ਦਫ਼ਤਰ ਕਾਹਨੂੰਵਾਨ, 05.07.2024 ਨੂੰ ਬੀ.ਡੀ.ਪੀ.ਓ. ਦਫ਼ਤਰ, ਗੁਰਦਾਸਪੁਰ ਅਤੇ 08.07.2024 ਨੂੰ ਬੀ.ਡੀ.ਪੀ.ਓ. ਦਫ਼ਤਰ ਦੀਨਾਨਗਰ ਵਿਖੇ ਰੋਜ਼ਗਾਰ ਕੈਂਪ ਲਗਾਏ ਜਾ ਰਹੇ ਹਨ।ਜ਼ਿਲ੍ਹਾ ਰੋਜ਼ਗਾਰ ਅਫ਼ਸਰ ਨੇ ਦੱਸਿਆ ਕਿ ਇਨ੍ਹਾਂ ਰੋਜ਼ਗਾਰ ਮੇਲਿਆਂ ਵਿੱਚ ਐਸ.ਆਈ.ਐਸ ਸਕਿਉਰਿਟੀ ਕੰਪਨੀ ਵੱਲੋਂ ਸਕਿਉਰਿਟੀ ਗਾਰਡ ਦੀ ਭਰਤੀ ਕੀਤੀ ਜਾਣੀ ਹੈ।ਐਸ.ਆਈ.ਐਸ ਸਕਿਉਰਿਟੀ ਕੰਪਨੀ ਨੂੰ ਸਕਿਉਰਿਟੀ ਗਾਰਡ ਦੀ ਅਸਾਮੀ ਲਈ (ਕੇਵਲ ਲੜਕੇ) ਉਮੀਦਵਾਰਾਂ ਦੀ ਜ਼ਰੂਰਤ ਹੈ।ਸਕਿਉਰਿਟੀ ਗਾਰਡ ਦੀ ਭਰਤੀ ਲਈ ਘੱਟ ਤੋਂ ਘੱਟ ਯੋਗਤਾ 10ਵੀ ਪਾਸ, ਉਮਰ 19 ਤੋਂ 40 ਸਾਲ, ਅਤੇ ਕੱਦ 5 ਫੁੱਟ 7 ਇੰਚ ਹੋਣਾ ਚਾਹੀਦਾ ਹੈ ।ਉਨ੍ਹਾਂ ਅੱਗੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਐੱਸ. ਆਈ. ਐੱਸ. ਸਕਿਉਰਿਟੀ ਕੰਪਨੀ ਵੱਲੋਂ ਉਪਰ ਦਰਸਾਈਆਂ ਗਈਆਂ ਮਿਤੀਆਂ ਅਨੁਸਾਰ ਦਰਸਾਏ ਗਏ ਸਥਾਨਾਂ ਤੇ ਪ੍ਰਾਰਥੀਆਂ ਦੀ ਇੰਟਰਵਿਊ ਕੀਤੀ ਜਾਵੇਗੀ ।ਇੰਟਰਵਿਊ ਕਰਨ ਉਪਰੰਤ ਚੁਣੇ ਗਏ ਪ੍ਰਾਰਥੀਆਂ ਨੂੰ 1 ਮਹੀਨੇ ਦੀ ਟਰੇਨਿੰਗ ਦਿੱਤੀ ਜਾਵੇਗੀ, ਟਰੇਨਿੰਗ ਮੁਕੰਮਲ ਕਰਨ ਉਪਰੰਤ 15000 ਤੋਂ 17000 ਰੁਪਏ ਤਨਖ਼ਾਹ ਮਿਲਣ ਯੋਗ ਹੋਵੇਗੀ ।ਇਸ ਤੋਂ ਇਲਾਵਾ ਕੰਪਨੀ ਵੱਲੋਂ ਫ਼ੰਡ, ਬੋਨਸ ਆਦਿ ਵੀ ਦਿੱਤੇ ਜਾਂਦੇ ਹਨ।

ਉਨ੍ਹਾਂ ਦੱਸਿਆ ਕਿ ਚੁਣੇ ਗਏ ਪ੍ਰਾਰਥੀਆਂ ਨੂੰ ਵੱਖ-ਵੱਖ ਮਾਲ, ਹੋਟਲ ਅਤੇ ਮਲਟੀਨੈਸ਼ਨਲ ਕੰਪਨੀਆਂ ਵਿੱਚ ਜਾਬ ਮੁਹੱਈਆ ਕਰਵਾਈ ਜਾਂਦੀ ਹੈ। ਇੰਟਰਵਿਊ ਦੇਣ ਦੇ ਚਾਹਵਾਨ ਪ੍ਰਾਰਥੀ ਆਪਣੇ ਵਿੱਦਿਅਕ ਯੋਗਤਾ ਦੇ ਦਸਤਾਵੇਜ਼ ਲੈ ਕੇ 24.06.2024 ਤੋਂ 08.07.2024 ਤੱਕ ਉੱਪਰ ਦਰਸਾਏ ਗਏ ਸਥਾਨਾਂ ਤੇ ਸਵੇਰੇ 9:30 ਵਜੇ ਪਹੁੰਚਣ ਅਤੇ ਇਸ ਦਾ ਵੱਧ ਤੋਂ ਵੱਧ ਲਾਭ ਉਠਾਉਣ ।

## ਆਰ ਡੀ ਖੋਸਲਾ ਸਕੂਲ 'ਚ ਯੋਗਾ ਦੇ ਵੱਖ-ਵੱਖ ਆਸਣ ਕਰਵਾਏ



**ਬਟਾਲਾ-(ਰਲੋਕ ਬੱਗਾ)**-ਆਰ. ਡੀ. ਖੋਸਲਾ ਡੀਏਵੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਵਿਖੇ 10ਵਾਂ ਅੰਤਰਰਾਸ਼ਟਰੀ ਯੋਗਾ ਦਿਵਸ ਬੜੀ ਧੂਮਧਾਮ ਨਾਲ ਮਨਾਇਆ ਗਿਆ।ਇਸ ਵਿੱਚ ਬਹੁਤ ਸਾਰੇ ਲੋਕਾਂ ਨੇ ਦਿਲਚਸਪੀ ਲੈਂਦੇ ਹੋਏ ਸਮੇਂ ਸਿਰ ਪਹੁੰਚ ਕੇ ਭਾਗ ਲਿਆ।ਪ੍ਰੋਗਰਾਮ ਦੀ ਸ਼ੁਰੂਆਤ ਜੋਤੀ ਜਗਾ ਕੇ ਕੀਤੀ ਗਈ। ਇਸ ਮੌਕੇ ਆਯੁਰਵੈਦਿਕ ਡਾਕਟਰ ਨਵਨੀਤ ਸਿੰਘ ਨੇ ਸਾਰਿਆਂ ਨੂੰ ਸਮੂਹਿਕ ਤੌਰ 'ਤੇ ਯੋਗ ਆਸਣ ਕਰਵਾਏ ਅਤੇ ਹਰ ਰੋਜ਼ ਯੋਗਾ ਕਰਨ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਹਾ ਕਿ ਯੋਗਾ ਕਰਨ ਨਾਲ ਸਾਡਾ ਸਰੀਰ ਨਿਰੋਗ ਰਹਿੰਦਾ ਹੈ।ਇਸ ਮੌਕੇ ਏਡੀਸੀ ਗੁਰਦਾਸਪੁਰ ਸੁਭਾਸ਼ ਚੰਦਰ ਨੇ ਸਭ ਤੋਂ ਪਹਿਲਾ ਸਾਰਿਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਯੋਗਾ ਕਰਨ ਨਾਲ ਅਸੀਂ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਰਹਿੰਦੇ ਹਾਂ। ਯੋਗਾ ਕਰਨ ਨਾਲ ਸਰੀਰ ਵਿੱਚ ਲਚਕਤਾ ਪੈਦਾ ਹੁੰਦੀ ਹੈ।ਪ੍ਰਾਣਾਯਾਮ ਮਾਨਸਿਕ ਇਕਾਗਰਤਾ ਨੂੰ ਵਧਾਉਂਦਾ ਹੈ ਅਤੇ ਮਨ ਨੂੰ ਸ਼ਾਂਤ ਰੱਖਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਯੋਗਾ ਦੇ ਸਮੂਹਿਕ ਅਭਿਆਸ ਦੁਆਰਾ ਅਪਣੇ ਆਪ ਵਿਚ ਸਕਾਰਾਤਮਕ ਸੋਚ ਨੂੰ ਉਤਸ਼ਾਹਿਤ ਕੀਤਾ ਜਾਂਦਾ ਹੈ ।ਇਸ ਨਾਲ ਸਮਾਜਿਕ ਸਦਭਾਵਨਾ ਵਧਦੀ ਹੈ।ਇਹ ਸਾਡੇ ਰਾਸ਼ਟਰੀ ਵਿਕਾਸ ਲਈ ਬਹੁਤ ਜ਼ਰੂਰੀ ਹੈ। ਇਸ ਮੌਕੇ ਏਡੀਸੀ ਗੁਰਦਾਸਪੁਰ ਸੁਭਾਸ਼ ਚੰਦਰ, ਐੱਸ. ਡੀ. ਐੱਮ. ਬਟਾਲਾ ਡਾ: ਸ਼ਾਇਰੀ ਭੰਡਾਰੀ, ਨਾਇਬ ਤਹਿਸੀਲਦਾਰ ਇੰਦਰਜੀਤ ਕੌਰ ਰਿਆੜ, ਬਟਾਲਾ ਨਗਰ ਸੁਧਾਰ ਟਰੱਸਟ ਦੇ ਚੇਅਰਮੈਨ ਨਰੇਸ਼ ਗੋਇਲ, ਡਿਪਟੀ ਡੀ. ਓ. ਲਖਵਿੰਦਰ ਸਿੰਘ, ਜ਼ਿਲ੍ਹਾ ਆਯੁਰਵੈਦਿਕ ਅਫ਼ਸਰ ਗੁਰਦਾਸਪੁਰ, ਡਾ: ਪ੍ਰਦੀਪ ਸਿੰਘ ਅਤੇ ਆਰ. ਡੀ. ਖੋਸਲਾ ਸਕੂਲ ਦੇ ਪ੍ਰਿੰਸੀਪਲ ਡਾ: ਬਿੰਦੂ ਭੱਲਾ ਆਦਿ ਹਾਜ਼ਰ ਸਨ।

## ਡੈਮੋਕਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਰੇਂਜ ਰਈਆ-2 ਦਾ ਚੋਣ ਅਜਲਾਸ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਵੱਲੋਂ ਤਰਸਿੱਕਾ ਨਰਸਰੀ ਵਿਖੇ ਗੁਰਦੀਪ ਸਿੰਘ ਕਲੇਰ ਅਤੇ ਸੂਬਾ ਪ੍ਰਧਾਨ ਰਛਪਾਲ ਸਿੰਘ ਜੋਧਾ ਨਗਰੀ ਅਤੇ ਦੀਵਾਨ ਸਿੰਘ ਬਾਣੀਆਂ ਦੀ ਨਿਗਰਾਨੀ ਹੇਠ ਰੇਂਜ ਰਈਆ 2 ਦਾ ਚੋਣ ਅਜਲਾਸ ਕਰਵਾਇਆ ਗਿਆ। ਜਿਸ ਵਿੱਚ ਵੱਖ-ਵੱਖ ਬੀਟਾਂ ਦੇ ਜੰਗਲਾਤ ਕਾਮਿਆਂ ਨੇ ਸ਼ਮੂਲੀਅਤ ਕੀਤੀ। ਅਜਲਾਸ ਵਿਚ ਸ਼ਾਮਲ ਹੋਏ ਡੀ ਐਮ ਐਫ ਦੇ ਸੂਬਾ ਪ੍ਰਧਾਨ ਜਰਮਨਜੀਤ ਸਿੰਘ ਛੱਜਲਵੱਡੀ, ਮਮਤਾ ਸ਼ਰਮਾ, ਵਿਪਨ ਰਿਖੀ ਅਤੇ ਕਿਰਤੀ ਕਿਸਾਨ ਯੂਨੀਅਨ ਦੇ ਆਗੂ ਧਰਮ ਸਿੰਘ ਧਿਆਨਪੁਰ ਨੇ ਆਪਣੇ ਭਰਾਤਰੀ ਸੰਦੇਸ਼ਾਂ ਰਾਹੀਂ ਜੰਗਲਾਤ ਵਰਕਰਾਂ ਦੇ ਪੱਕੇ ਹੋਣ ਦੇ ਸੰਘਰਸ਼ ਵਿੱਚ ਸਾਥ ਦੇਣ ਦਾ ਭਰੋਸਾ ਦਿੱਤਾ। ਅਜਲਾਸ ਵਿਚ ਪਾਸ ਕੀਤੇ ਗਏ ਪਹਿਲੇ ਮਤੇ ਰਾਹੀਂ ਵਿਭਾਗ ਦੇ ਕੱਚੇ ਵਰਕਰਾਂ ਨੂੰ ਪੱਕਾ ਕਰਨ ਬਾਰੇ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ ਫੈਸਲੇ ਨੂੰ ਲਾਗੂ ਕਰਨ ਅਤੇ ਪੰਜਾਬ ਸਰਕਾਰ ਇਸ ਦੇ ਖਿਲਾਫ ਉਚ ਅਦਾਲਤ ਵਿੱਚ ਜਾਣ ਤੋਂ ਗੁਰੇਜ਼ ਕਰਨ ਦੀ ਅਪੀਲ ਕੀਤੀ ਗਈ। ਦੂਸਰੇ ਮਤੇ ਰਾਹੀਂ ਰੇਂਜ ਵਿੱਚ ਕੰਮ ਤੋਂ ਛਾਂਟੀ ਕੀਤੇ ਗਏ ਸਾਰੇ ਵਰਕਰਾਂ ਫੌਰੀ ਕੰਮ 'ਤੇ ਲਗਾਉਣ ਅਤੇ ਵਿਭਾਗੀ ਵਰਕਰਾਂ ਕੋਲੋਂ ਮਨਰੇਗਾ ਰਾਹੀਂ ਕੰਮ ਕਰਵਾਉਣਾ ਬੰਦ ਕਰਕੇ ਸਰਕਾਰੀ ਬਜਟ ਰਾਹੀਂ ਕੰਮ ਕਰਵਾਉਣ ਦੀ ਮੰਗ ਕੀਤੀ। ਤੀਸਰੇ ਮਤੇ ਰਾਹੀਂ ਵਿਭਾਗ ਅੰਦਰ ਕੰਮ ਕਰਦੇ ਜਿਹੜੇ ਵਰਕਰਾਂ ਨੂੰ 3 ਸਾਲ ਤੋ ਵੱਧ ਸਮਾਂ ਹੋ ਚੁੱਕਾ ਹੈ ਉਨ੍ਹਾਂ ਦੀ ਸੀਨੀਆਰਤਾ ਸੂਚੀ ਤਿਆਰ ਕਰਨ ਦੀ ਮੰਗ ਕੀਤੀ ਗਈ। ਸੀਨੀਆਰਤਾ ਸੂਚੀ ਵਿੱਚ ਤਰੁਟੀਆਂ ਦੂਰ ਕਰਨ ਸਬੰਧੀ ਮੰਗ ਰੱਖੀ। ਅਜਲਾਸ ਵਿਚ ਸਰਬਸੰਮਤੀ ਨਾਲ ਪ੍ਰਤਾਪ ਸਿੰਘ ਗਗੜਭਾਣਾ ਪ੍ਰਧਾਨ, ਜਸਬੀਰ ਸਕੱਤਰ, ਸਰਦੂਲ ਸਿੰਘ ਚੋਗਾਵਾਂ ਵਿਤ ਸਕੱਤਰ, ਰਣਜੀਤ ਕੌਰ, ਹਰਜਿੰਦਰ ਕੌਰ, ਸੀਨੀਅਰ ਮੀਤ ਪ੍ਰਧਾਨ, ਗੁਲਜ਼ਾਰ ਸਿੰਘ ਮੀਤ ਪ੍ਰਧਾਨ, ਬਚਿੱਤਰ ਸਿੰਘ ਚੰਨਣਕੇ ਸਹਾਇਕ ਸਕੱਤਰ, ਜੋਹਨ ਮਸੀਹ ਪ੍ਰੈਸ ਸਕੱਤਰ, ਗੁਰਨਾਮ ਸਿੰਘ ਸਹਾਇਕ ਵਿੱਤ ਸਕੱਤਰ ਚੁਣੇ ਗਏ।

## ਕਲਾਸਵਾਲਾ ਖਾਲਸਾ ਸਕੂਲ 'ਚ ਯੋਗ ਮੁੱਦਰਾ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਕਲਾਸਵਾਲਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਕਾਦੀਆਂ ਵਿਖੇ ਚੱਲਦੀਆਂ ਤਿੰਨੋਂ ਸੰਸਥਾਵਾਂ (ਐਨ.ਸੀ.ਸੀ, ਐੱਨ.ਐੱਸ.ਐੱਸ ਅਤੇ ਹਿੰਦੁਸਤਾਨ ਸਕਾਊਟ ਐਂਡ ਗਾਈਡ) ਦੇ ਇੰਚਾਰਜ ਸਾਹਿਬਾਨ ਅਤੇ ਕੈਡਿਟਾਂ, ਵਲੰਟੀਅਰਾਂ ਅਤੇ ਵਿਦਿਆਰਥੀਆਂ ਵੱਲੋਂ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਦਸਵਾਂ ਵਿਸ਼ਵ ਯੋਗ ਦਿਵਸ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਵੱਲੋਂ ਪੋਸਟਰ ਵੀ ਬਣਾਏ ਗਏ ਅਤੇ ਭਾਸ਼ਣ ਵਿਚਾਰ ਵਟਾਂਦਰਾ ਵੀ ਕੀਤਾ ਗਿਆ।ਸਕੂਲ ਦੇ ਅਧਿਆਪਕਾਂ ਨੇ ਵੀ ਇਸ ਪ੍ਰਤੀਕਿਰਿਆ ਵਿੱਚ ਹਿੱਸਾ ਲਿਆ।ਸਕੂਲ ਮੁਖੀ ਵੱਲੋਂ ਬੱਚਿਆਂ ਦੀ ਰਿਫਰੈਸ਼ਮੈਂਟ ਦਾ ਖਾਸ ਪ੍ਰਬੰਧ ਕੀਤਾ ਗਿਆ ਸੀ ।ਇਸ ਮੌਕੇ ਤੇ ਸਕੂਲ ਪ੍ਰਿੰਸੀਪਲ ਡਾ. ਸ਼ਾਲਿਨੀ ਦੱਤਾ ਨੇ ਵਿਦਿਆਰਥੀਆਂ ਨੂੰ ਯੋਗ ਦੀ ਮਹੱਤਤਾ ਬਾਰੇ ਦੱਸਦਿਆਂ ਹੋਇਆਂ ਕਿਹਾ ਕਿ ਸਾਨੂੰ ਇੱਕ ਦਿਨ ਨਹੀਂ ਬਲਕਿ ਪੂਰਾ ਸਾਲ ਹੀ ਆਪਣੇ ਸਰੀਰ ਨੂੰ ਸਵਸਥ ਰੱਖਣ ਲਈ ਯੋਗ ਦਾ ਸਹਾਰਾ ਲੈਣਾ ਚਾਹੀਦਾ ਹੈ।ਇਸ ਮੌਕੇ ਸਕੂਲ ਉੱਪ ਪ੍ਰਿੰ. ਪਰਮਿੰਦਰ ਕੌਰ, ਹਰਦੀਪ ਸਿੰਘ ਅਤੇ ਏ. ਐੱਨ. ਓ. ਲੈਫਟੀਨੈਂਟ ਰੂਹੀ ਹਾਜ਼ਰ ਸਨ।

## ਮਸਤਗੜ੍ਹ ਦੇ ਖੇਤਾਂ 'ਚੋਂ ਪਾਕਿਸਤਾਨੀ ਡਰੋਨ ਬਰਾਮਦ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਖੇਮਕਰਨ ਪੁਲਸ ਨੇ ਸਰਚ ਅਭਿਆਨ ਦੌਰਾਨ ਪਿੰਡ ਮਸਤਗੜ੍ਹ ਦੇ ਖੇਤਾਂ ਵਿੱਚੋਂ ਇੱਕ ਪਾਕਿਸਤਾਨੀ ਡਰੋਨ ਬਰਾਮਦ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਖੇਮਕਰਨ ਪੁਲਸ ਨੂੰ ਮਸਤਗੜ੍ਹ ਤੋਂ ਰਸ਼ਪਾਲ ਸਿੰਘ ਪੁੱਤਰ ਅਮਰੀਕ ਸਿੰਘ ਦੇ ਖੇਤਾਂ ਵਿੱਚ ਡਰੋਨ ਦੇ ਮੌਜੂਦ ਹੋਣ ਸੰਬੰਧੀ ਗੁਪਤ ਜਾਣਕਾਰੀ ਮਿਲੀ ਸੀ।ਜਦੋਂ ਪੁਲਸ ਪਾਰਟੀ ਨੇ ਉਪਰੋਕਤ ਕਿਸਾਨ ਦੇ ਖੇਤਾਂ ਵਿੱਚ ਸਰਚ ਅਭਿਆਨ ਚਲਾਇਆ ਤਾਂ ਉਨ੍ਹਾਂ ਨੂੰ ਉੱਥੋਂ ਡੀਜੇਆਈ ਮੈਵਿਕ ਕਲਾਸਿਕ 3 ਡਰੋਨ ਬਰਾਮਦ ਹੋਇਆ। ਦੱਸਣਯੋਗ ਹੈ ਕਿ ਡਰੋਨ ਦੀ ਬਰਾਮਦਗੀ ਮਗਰੋਂ ਖੇਮਕਰਨ ਪੁਲਸ ਤੇ ਬੀਐੱਸਐੱਸ ਵੱਲੋਂ ਪਾਬੰਦੀਸ਼ੁਦਾ ਵਸਤੂਆਂ ਦੀ ਭਾਲ ਵਿੱਚ ਚਲਾਏ ਸਾਂਝੇ ਸਰਚ ਅਭਿਆਨ ਦੌਰਾਨ ਕਿਸੇ ਵੀ ਤਰ੍ਹਾਂ ਦੀ ਵਸਤੂ ਬਰਾਮਦ ਨਹੀਂ ਹੋਈ। ਇਸ ਸੰਬੰਧੀ ਪੁਲਸ ਸਟੇਸ਼ਨ ਖੇਮਕਰਨ 'ਚ ਐੱਫ. ਆਈ. ਆਰ. ਨੰਬਰ 70 ਮਿਤੀ 20/6/24 ਧਾਰਾ 10,11,12,13 ਏਅਰਕਰਾਫਟ ਐਕਟ ਅਧੀਨ ਮਾਮਲਾ ਦਰਜ ਕਰ ਲਿਆ ਗਿਆ ਹੈ।ਡਰੋਨ ਗਤੀਵਿਧੀ ਨਾਲ ਸੰਬੰਧਤ ਵਿਅਕਤੀਆਂ ਨੂੰ ਕਾਬੂ ਕਰਨ ਲਈ ਪੁਲਸ ਟੈਕਨੀਕਲ ਸੋਰਸਿਜ਼ ਦੀ ਮਦਦ ਲੈ ਰਹੀ ਹੈ।

## ਜ਼ਿਲ੍ਹਾ ਕਚਹਿਰੀਆਂ 'ਚ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ ਸ਼੍ਰੀ ਕੰਵਲਜੀਤ ਸਿੰਘ ਬਾਜਵਾ ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਸ਼੍ਰੀਮਤੀ ਪ੍ਰਤਿਮਾ ਅਰੋੜਾ, ਚੀਫ਼ ਜੁਡੀਸ਼ੀਅਲ ਮੈਜਿਸਟਰੇਟ, ਤਰਨ ਤਾਰਨ ਸ਼੍ਰੀ ਸਿਮਰਜੀਤ ਸਿੰਘ, ਸਿਵਲ ਜੱਜ ਜੂਨੀਅਰ ਡਵੀਜ਼ਨ, ਤਰਨ ਤਾਰਨ ਅਤੇ ਮਿਸ. ਈਤੂ ਸੋਡੀ, ਸਿਵਲ ਜੱਜ ਜੂਨੀਅਰ ਡਵੀਜ਼ਨ ਤਰਨ ਤਾਰਨ ਦੀ ਅਗਵਾਈ ਹੇਠ ਜ਼ਿਲ੍ਹਾ ਕਚਹਿਰੀਆਂ ਤਰਨ ਤਾਰਨ ਵਿਖੇ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ ਗਿਆ। ਯੋਗਾ ਦਿਵਸ ਮੌਕੇ ਜ਼ਿਲ੍ਹਾ ਕਚਹਿਰੀਆਂ ਤਰਨ ਤਾਰਨ ਦਾ ਸਾਰਾ ਸਟਾਫ਼ ਹਾਜ਼ਰ ਰਿਹਾ।ਅੱਜ ਜ਼ਿਲ੍ਹਾ ਕਚਹਿਰੀਆਂ ਤਰਨ ਤਾਰਨ ਵਿਖੇ ਯੋਗਾ ਕਰਵਾਉਣ ਲਈ ਅਮਨਦੀਪ ਸਿੰਘ, ਤਰਨ ਤਾਰਨ, ਹੰਸਰਾਜ ਜੀ ਤਰਨ ਤਾਰਨ, ਰਮੇਸ਼ ਕੁਮਾਰ ਚੋਪੜਾ, ਨਹਿਰੂ ਯੁਵਾ ਕੇਂਦਰ, ਤਰਨ ਤਾਰਨ ਅਤੇ ਉਹਨਾਂ ਦੀ ਟੀਮ ਵਿਸ਼ੇਸ ਤੌਰ 'ਤੇ ਪਹੁੰਚੀ।ਰਮੇਸ਼ ਕੁਮਾਰ ਚੋਪੜਾ ਨੇ ਦੱਸਿਆ ਕਿ ਅੰਤਰਰਾਸ਼ਟਰੀ ਯੋਗ ਦਿਵਸ ਮਨਾਉਣ ਦੀ ਪਹਿਲ ਸਾਲ 2014 ਵਿੱਚ ਪਹਿਲੀ ਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੀਤੀ ਸੀ।ਸੰਯੁਕਤ ਰਾਸ਼ਟਰ ਦੀ ਬੈਠਕ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਨੇ ਯੋਗ ਦਿਵਸ ਮਨਾਉਣ ਦਾ ਪ੍ਰਸਤਾਵ ਰੱਖਿਆ, ਜਿਸ ਤੋਂ ਬਾਅਦ ਹਰ ਸਾਲ 21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਮਨਾਉਣ ਦਾ ਐਲਾਨ ਕੀਤਾ ਗਿਆ।ਅੰਤਰਰਾਸ਼ਟਰੀ ਯੋਗ ਦਿਵਸ 2015 ਤੋਂ ਹਰ ਸਾਲ ਮਨਾਇਆ ਜਾ ਰਿਹਾ ਹੈ।ਇਸ ਵਾਰ ਅੰਤਰਰਾਸ਼ਟਰੀ ਯੋਗ ਦਿਵਸ 2024 ਦੀ ਥੀਮ Yoga for Women Empowerment ਦੇ ਸਿਧਾਂਤ ਦੇ ਨਾਲ ਵਨ ਵਰਲਡ, ਵਨ ਹੈਲਥ ਰੱਖੀ ਗਈ ਹੈ।ਇਸ ਸਾਲ ਯੋਗ ਦਿਵਸ ਦੀ ਇਸ ਥੀਮ ਨੂੰ ਕੇਂਦਰੀ ਆਯੂਸ਼ ਮੰਤਰਾਲੇ ਵਲੋਂ ਚੁਣਿਆ ਗਿਆ ਹੈ ਜਿਸ ਦੀ ਜਾਣਕਾਰੀ ਨਰਿੰਦਰ ਮੋਦੀ ਨੇ ਆਪਣੀ ਮਹੀਨਵਾਰ 'ਮਨ ਕੀ ਬਾਤ' ਵਿੱਚ ਦਿੱਤੀ ਸੀ।

ਇਸ ਤੋਂ ਇਲਾਵਾ ਯੋਗਾ ਕਰਵਾਉਣ ਲਈ ਪਹੁੰਚੀ ਟੀਮ ਨੇ ਵੱਖ ਵੱਖ ਆਸਨਾ ਬਾਰੇ ਸਿੱਖਿਆ ਦਿੱਤੀ ਅਤੇ ਇਸ ਆਸਨਾ ਨੂੰ ਰੋਜ਼ਾਨਾ ਜੀਵਨ ਵਿੱਚ ਕਰਨ ਲਈ ਪ੍ਰੇਰਿਤ ਕੀਤਾ ਗਿਆ। ਅਖੀਰ ਵਿੱਚ ਸ਼੍ਰੀ ਰਮੇਸ਼ ਕੁਮਾਰ ਚੋਪੜਾ, ਤਰਨ ਤਾਰਨ ਅਤੇ ਉਨ੍ਹਾਂ ਨਾਲ ਪਹੁੰਚੀ ਟੀਮ ਨੇ ਸਭ ਨੂੰ ਅੰਤਰਰਾਸ਼ਟਰੀ ਯੋਗਾ ਦਿਵਸ ਦੀ ਵਧਾਈ ਦਿੱਤੀ।

## ਬਹਿਰਾਮਪੁਰ ਅੱਡੇ ਨੇੜੇ ਲੱਗੇ ਗੰਦਗੀ ਦੇ ਢੇਰ ਦੇ ਰਹੇ ਹਨ ਭਿਅੰਕਰ ਬਿਮਾਰੀਆਂ ਨੂੰ ਸੱਦਾ



**ਗੁਰਦਾਸਪੁਰ (ਜਨਕ ਮਹਾਜਨ)**-ਗਾਹਲੜੀ-ਦੀਨਾਨਗਰ ਸੜਕ ਵਿਚਕਾਰ ਅੱਡਾ ਬਹਿਰਾਮਪੁਰ ਨੇੜੇ ਸੜਕ ਕੰਢੇ ਗੰਦਗੀ ਦੇ ਢੇਰ ਲੱਗੇ ਹੋਣ ਕਾਰਨ ਇਲਾਕਾ ਵਾਸੀਆਂ ਦਾ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਅੱਡਾ ਬਹਿਰਾਮਪੁਰ ਤੋਂ ਦੀਨਾਨਗਰ ਕਸਬੇ ਵੱਲ ਜਾਂਦੇ ਸਮੇਂ ਸੜਕ ਕੰਢੇ ਗੰਦਗੀ ਦੇ ਢੇਰ ਲੱਗੇ ਹੋਣ ਕਾਰਨ ਨੇੜੇ ਦੇ ਲੋਕਾਂ ਨੂੰ ਭੈੜੀ ਬਦਬੂ ਆਉਣ ਕਾਰਨ ਭਾਰੀ ਪਰੇਸ਼ਾਨੀ ਹੋ ਰਹੀ ਹੈ। ਲੋਕਾਂ ਦਾ ਕਹਿਣਾ ਕਿ ਇਸ ਚੌਕ ਵਿੱਚ ਚਾਰੇ ਪਾਸੇ ਵੱਲ ਸੜਕਾਂ ਹੋਣ ਕਾਰਨ ਕਾਫੀ ਆਵਾਜਾਈ ਰਹਿੰਦੀ ਹੈ।

ਲੋਕਾਂ ਦਾ ਕਹਿਣਾ ਹੈ ਕਿ ਇਸ ਗੰਦਗੀ ਦੇ ਢੇਰਾਂ ਕਾਰਨ ਮੱਖੀ ਮੱਛਰ ਅਤੇ ਹੋਰ ਕੀੜੇ ਮਕੌੜਿਆਂ ਦੀ ਭਰਮਾਰ ਰਹਿਣ ਕਾਰਨ ਕਈ ਤਰ੍ਹਾਂ ਦੀਆਂ ਬਿਮਾਰੀਆਂ ਫੈਲਣ ਦਾ ਖਦਸ਼ਾ ਪਾਇਆ ਜਾ ਰਿਹਾ ਹੈ। ਇਲਾਕਾ ਵਾਸੀਆਂ ਨੇ ਕਿਹਾ ਕਿ ਇੱਕ ਪਾਸੇ ਸਰਕਾਰ ਮਲੇਰੀਆ ਤੋਂ ਬਚਾਓ ਲਈ ਵੱਖ ਵੱਖ ਪਿੰਡਾਂ ਵਿੱਚ ਕੈਂਪ ਲਗਾ ਕੇ ਲੋਕਾਂ ਨੂੰ ਜਾਗਰੂਕ ਕਰ ਰਹੀ ਹੈ ਅਤੇ ਦੂਸਰੇ ਪਾਸੇ ਇਨਾਂ ਗੰਦਗੀ ਦੇ ਢੇਰਾਂ ਤੋਂ ਉੱਠਦੀ ਭੈੜੀ ਬਦਬੂ ਅਤੇ ਭਿਆਨਕ ਬਿਮਾਰੀਆਂ ਤੋਂ ਬਚਾਓ ਲਈ ਕੋਈ ਯਤਨ ਨਹੀਂ ਕੀਤਾ ਜਾ ਰਿਹਾ। ਇਲਾਕਾ ਵਾਸੀਆਂ ਨੇ ਮੰਗ ਕੀਤੀ ਕਿ ਇਨ੍ਹਾਂ ਗੰਦਗੀ ਦੇ ਢੇਰਾਂ ਨੂੰ ਇਸ ਜਗ੍ਹਾ ਤੋਂ ਜਲਦੀ ਤੋਂ ਜਲਦੀ ਚੁਕਵਾਇਆ ਜਾਵੇ ਤਾਂ ਜੋ ਲੋਕ ਗੰਦਗੀ ਤੋਂ ਉਠਦੀ ਬਦਬੂ ਤੋਂ ਨਿਜਾਤ ਪਾ ਸਕਨ।

## ਲੋੜਵੰਦ ਪਰਵਾਰ ਦੀ ਧੀ ਦਾ ਅਨੰਦ ਕਾਰਜ ਕਰਵਾਇਆ



**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ)**- ਸਮਾਜ ਵਿੱਚ ਜਿਥੇ ਕਈ ਰੱਬੀ ਰੂਹਾਂ ਮਾਲਕ ਨੂੰ ਧਿਆਨ ਵਿੱਚ ਰੱਖ ਕੇ ਭਲਾਈ ਦੇ ਕੰਮ ਕਰਦੀਆਂ ਹਨ, ਉਥੇ ਵਿਲੱਖਣ ਸ਼ਖਸੀਅਤ ਦਲਜੀਤ ਸਿੰਘ ਸਬ ਇੰਸਪੈਕਟਰ ਟ੍ਰੈਫਿਕ ਐਜੂਕੇਸ਼ਨ ਸੈਲ ਆਪਮੁਹਾਰੇ ਆ ਜਾਂਦੇ ਹਨ। ਇਹ ਅਧਿਕਾਰੀ ਸਮਾਜ ਨੂੰ ਵੱਡੀ ਦੇਣ ਹਨ ਜਿਨ੍ਹਾਂ ਦੇ ਉਪਰਾਲੇ ਸਦਕਾ ਲੋੜਵੰਦਾਂ ਦੀਆਂ ਅੱਖਾਂ ਦੇ ਆਪਰੇਸ਼ਨ, ਬਨਾਉਟੀ ਅੰਗ, ਗਰੀਬ ਲੋੜਵੰਦ ਧੀਆਂ ਦੇ ਅਨੰਦ ਕਾਰਜ ਕਰਵਾ ਕੇ ਮਾਪਿਆਂ ਨੂੰ ਜ਼ਿੰਮੇਵਾਰੀ ਤੋਂ ਮੁਕਤ ਕੀਤਾ ਜਾਂਦਾ ਹੈ। ਇਹ ਮਿਸਾਲ ਪਿਛਲੇ ਦਿਨੀਂ ਬਹੁਤ ਹੀ ਲੋੜਵੰਦ ਪਰਵਾਰ ਦੀ ਵੀਡੀਓ ਵਾਇਰਲ ਕਰਨ ਉਪਰੰਤ ਦਾਨੀ ਸੱਜਣ, ਆਪਣੇ ਵੱਲੋਂ ਸਵੈ ਯੋਗਦਾਨ ਸਦਕਾ ਗਰੀਬ ਦੀ ਧੀ ਦੇ ਅਨੰਦ ਕਾਰਜ ਸਮੇਂ ਮਾਮਾ ਹੋਣ ਦਾ ਫਰਜ਼ ਅਦਾ ਕੀਤਾ। ਧੀ ਦੇ ਵਿਆਹ ਤੋਂ ਪਹਿਲਾਂ ਸ਼ਗਨਾਂ ਦੇ ਕੰਮ ਵਿੱਚ ਜਿਥੇ ਰਿਸ਼ਤੇਦਾਰਾਂ ਵੱਲੋਂ ਆਉਣ ਤੋਂ ਆਨਾਕਾਨੀ ਕੀਤੀ ਜਾਂਦੀ ਸੀ ਉਥੇ ਇਨ੍ਹਾਂ ਵੱਲੋਂ ਪਾਏ ਯੋਗਦਾਨ ਸਦਕਾ ਅਨੰਦ ਕਾਰਜ ਵਾਲੇ ਦਿਨ ਵੱਡੀ ਗਿਣਤੀ ਵਿੱਚ ਲੋਕਾਂ ਨੇ ਹਾਜ਼ਰੀ ਭਰੀ।

## ਬਿਜਲੀ ਦੀ ਨਾਕਸ ਸਪਲਾਈ ਤੋਂ ਅੱਕੇ ਲੋਕਾਂ ਵੱਲੋਂ ਰੋਸ ਪ੍ਰਦਰਸ਼ਨ



**ਕਾਦੀਆਂ ( ਯਾਦਵਿੰਦਰ ਸਿੰਘ ਮਲਹੋਤਰਾ)**-ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੇ ਜੇ ਆਪਣੇ ਹੀ ਆਂਢ ਗੁਆਂਢ ਦੇ ਲੋਕਾਂ ਨੂੰ ਬਿਜਲੀ ਦੀ ਨਾਕਸ ਸਪਲਾਈ ਮਿਲੇ ਅਤੇ ਉਨ੍ਹਾਂ ਦੀ ਨਾ ਸੁਣੀ ਜਾਵੇ ਤਾਂ ਆਮ ਲੋਕਾ ਦਾ ਕੀ ਹਾਲ ਹੋਵੇਗਾ।ਇਸ ਸਬੰਧ ਵਿੱਚ ਅੱਜ ਵਾਰਡ 2 ਦੇ ਲੋਕਾਂ ਨੇ ਕਾਂਗਰਸੀ ਨੇਤਾ ਅਤੇ ਸਾਬਕਾ ਐੱਮਸੀ ਮਹਿੰਦਰ ਕੁਮਾਰ ਨੇ ਆਪਣੀ ਵਾਰਡ ਦੇ ਬਾਹਰ ਰੋਸ਼ ਪ੍ਰਦਰਸ਼ਨ ਕੀਤਾ ਅਤੇ ਪੰਜਾਬ ਪਾਵਰਕਾਮ ਵਿਰੁੱਧ ਜੰਮ ਕੇ ਨਾਅਰੇ ਬਾਜ਼ੀ ਕੀਤੀ।ਸਾਬਕਾ ਐੱਮ ਸੀ ਮਹਿੰਦਰ ਕੁਮਾਰ ਦਾ ਕਹਿਣਾ ਸੀ ਕਿ ਅਸੀਂ ਮੁੱਹਲਾ ਵਾਸੀ ਕਈ ਦਿਨਾਂ ਤੋਂ 20515 'ਤੇ ਟੈਲੀਫ਼ੋਨ ਰਾਹੀਂ ਡਿਮ ਬਿਜਲੀ ਆਉਣ ਬਾਰੇ ਸ਼ਿਕਾਇਤ ਦਰਜ ਕਰਵਾਉਣ ਦੀ ਕੋਸ਼ਿਸ਼ ਕਰ ਰਹੇ ਹਾਂ ਪਰ ਸਾਡਾ ਫ਼ੋਨ ਕੱਟ ਦਿੰਦਾ ਜਾਂਦਾ ਹੈ।ਮਹਿੰਦਰ ਕੁਮਰ ਨੇ ਦੱਸਿਆ ਕਿ ਅਖ਼ੀਰ ਪਰੇਸ਼ਾਨ ਹੋ ਕੇ ਉਨ੍ਹਾਂ ਜਦੋਂ ਐਸ ਡੀ ਓ ਜੱਸਾ ਸਿੰਘ ਨੂੰ ਮਾਮਲੇ ਬਾਰੇ ਜਾਣਕਾਰੀ ਦਿੱਤੀ ਤਾਂ ਉਨ੍ਹਾਂ ਕਿਹਾ ਕਿ ਸਾਡੇ ਕੋਲ ਇਨ੍ਹਾਂ ਸਮਾਂ ਨਹੀਂ ਹੈ।ਜਦਕਿ ਜਤਿੰਦਰ ਜੇ ਈ ਨੂੰ ਵੀ ਅਸੀਂ ਸ਼ਿਕਾਇਤ ਕੀਤੀ ਪਰ ਸੁਣਵਾਈ ਨਹੀਂ।ਜੇ ਈ ਨੇ ਸਾਨੂੰ ਕਿਹਾ ਹੈ ਕਿ ਸਾਡੇ ਕੋਲ ਜੰਪਰ ਨਹੀਂ ਹੈ।ਇਸ ਲਈ ਤੂੰ ਮੁੱਖ ਮੰਤਰੀ ਕੋਲੋਂ ਜੰਪਰ ਲਵਾ ਲੈ ਜਿਸ ਤੋਂ ਬਾਅਦ ਮੁਹੱਲਾ ਵਾਸੀਆਂ ਦੇ ਨਾਲ ਉਨ੍ਹਾਂ ਜ਼ੋਰਦਾਰ ਪ੍ਰਦਰਸ਼ਨ ਕੀਤਾ। ਦੂਜੇ ਪਾਸੇ ਐਸ ਡੀ ਓ ਜੱਸਾ ਸਿੰਘ ਨੇ ਦੱਸਿਆ ਕਿ ਮਹਿੰਦਰ ਕੁਮਾਰ ਨੇ 1 ਜੂਨ ਨੂੰ ਬਿਜਲੀ ਨੁਕਸ ਬਾਰੇ ਦੱਸਿਆ ਤਾਂ ਉਹ ਉਸ ਸਮੇਂ ਚੌਣ ਡਿਊਟੀ ਵਿੱਚ ਮਸਰੂਫ਼ ਸਨ।ਜਿਸ ਤੇ ਮਹਿੰਦਰ ਕੁਮਾਰ ਸਾਬਕਾ ਐੱਮ ਸੀ ਨੇ ਧਮਕੀ ਦਿੰਦਿਆਂ ਕਿਹਾ ਕਿ ਜੇ ਤੁਸੀਂ ਮਸਰੂਫ਼ ਹੋ ਤਾਂ ਬਦਲੀ ਕਰਵਾ ਦਿੰਦੇ ਹਨ ਜਿਸ 'ਤੇ ਉਨ੍ਹਾਂ ਕਿਹਾ ਕਿ ਜੇ ਕਰਵਾ ਸਕਦੇ ਹੋ ਕਰਵਾ ਦਿਉ ਕੋਈ ਗੱਲ ਨਹੀਂ ਹੈ।ਦੂਜੇ ਪਾਸੇ ਫ਼ੀਲਡ ਵਿੱਚ ਕੰਮ ਕਰ ਰਹੇ ਬਿਜਲੀ ਕਰਮੀਆਂ ਦਾ ਕਹਿਣਾ ਹੈ ਕਿ ਜਿਵੇਂ ਹੀ ਸਾਨੂੰ ਕੋਈ ਸ਼ਿਕਾਇਤ ਮਿਲਦੀ ਹੈ ਤਾਂ ਅਸੀਂ ਰਾਤ ਦਿਨ ਦੀ ਪਰਵਾਹ ਕੀਤੇ ਬਿਨਾਂ ਸਖ਼ਤ ਗਰਮੀ ਵਿੱਚ ਲੋਕਾਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਮੌਕੇ ਤੇ ਪਹੁੰਚ ਕੇ ਨੁਕਸ ਨੂੰ ਠੀਕ ਕਰ ਦਿੰਦੇ ਹਾਂ।ਅਸੀਂ ਲੂ ਵਿੱਚ ਵੀ ਕੰਮ ਕਰਦੇ ਹੋਏ ਲੋਕਾਂ ਦਾ ਖ਼ਿਆਲ ਰੱਖਦੇ ਹਾਂ।

## 'ਰੁਝੇਵਿਆਂ ਭਰੀ ਜ਼ਿੰਦਗੀ 'ਚ ਯੋਗ ਹੀ ਮਨੁੱਖ ਨੂੰ ਸਰੀਰਕ/ਮਾਨਸਿਕ ਤੰਦਰੁਸਤੀ ਪ੍ਰਦਾਨ ਕਰ ਸਕਦਾ'



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ,ਰਣਬੀਰ ਸਿੰਘ ਗੋਲਣ)**-ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ 'ਚ ਦਸਵਾਂ ਕੌਮਾਂਤਰੀ ਯੋਗ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਦੱਸਣਯੋਗ ਹੈ ਕਿ ਸਵੇਰੇ 5:45 ਤੋਂ ਸ਼ੁਰੂ ਹੋ ਕੇ 7 ਵਜੇ ਤੱਕ ਚੱਲੇ ਯੋਗ 'ਚ ਸਕੂਲ ਆਫ ਐਮੀਨੈਂਸ ਭਿੱਖੀਵਿੰਡ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖਾਲੜਾ, ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਆਸਲ ਉਤਾੜ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝਾਮਕੇ ਖੁਰਦ, ਡੀ. ਏ. ਵੀ. ਪਬਲਿਕ ਸਕੂਲ ਭਿੱਖੀਵਿੰਡ ਤੇ ਹੋਰ ਅਨੇਕਾਂ ਸਕੂਲਾਂ ਦੇ ਵਿਦਿਆਰਥੀਆਂ, ਮਾਪਿਆਂ ਤੇ ਯੋਗਾ ਪ੍ਰੇਮੀਆਂ ਨੇ ਭਾਗ ਲਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੈਕਰਡ ਸੋਲਜ਼ ਕਾਨਵੈਂਟ ਸਕੂਲ ਕਾਲੇ ਦੇ ਚੇਅਰਮੈਨ ਕੰਧਾਲ ਸਿੰਘ ਬਾਠ ਨੇ ਕਿਹਾ ਕਿ ਅੱਜ ਦੀ ਰੁਝੇਵਿਆਂ ਭਰੀ ਜ਼ਿੰਦਗੀ 'ਚ ਯੋਗ ਹੀ ਸਾਡੇ ਸਰੀਰ ਨੂੰ ਤੰਦਰੁਸਤ ਰੱਖ ਸਕਦਾ ਹੈ।ਉਨ੍ਹਾਂ ਕਿਹਾ ਕਿ ਤਣਾਅ ਮੁਕਤ ਰਹਿਣ ਲਈ ਸਾਨੂੰ ਸਭ ਨੂੰ ਯੋਗਾ ਕਰਨਾ ਚਾਹੀਦਾ ਹੈ। ਇਸ ਮੌਕੇ ਸਕੂਲ ਪ੍ਰਿੰਸੀਪਲ ਲਖਬੀਰ ਕੌਰ ਨੇ ਕਿਹਾ ਕਿ ਅਜੋਕੇ ਦੌਰ ਵਿੱਚ ਸਮਾਜ ਦੇ ਹਰ ਵਰਗ ਨੂੰ ਤਣਾਅ 'ਚੋਂ ਗੁਜ਼ਰਨਾ ਪੈ ਰਿਹਾ ਹੈ ਤੇ ਇਸ ਤਣਾਅ ਤੋਂ ਬਚਣ ਲਈ ਸਾਨੂੰ ਸਭ ਨੂੰ ਯੋਗਾ ਕਰਨਾ ਚਾਹੀਦਾ ਹੈ।ਅੰਤ ਵਿੱਚ ਸਕੂਲ ਚੇਅਰਮੈਨ ਕੰਧਾਲ ਸਿੰਘ ਬਾਠ ਨੇ ਵਿਦਿਆਰਥੀਆਂ, ਮਾਪਿਆਂ ਤੇ ਯੋਗਾ ਪ੍ਰੇਮੀਆਂ ਦਾ ਯੋਗ ਕੈਂਪ ਚ ਭਾਗ ਲੈਣ 'ਤੇ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਸਕੂਲ ਦੇ ਡੀਪੀਈ ਅਧਿਆਪਕ ਦਵਿੰਦਰ ਸਿੰਘ,ਐਨਸੀਸੀ ਅਧਿਆਪਕ ਕੁਲਦੀਪ ਸਿੰਘ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਿੱਖੀਵਿੰਡ ਦੇ ਵਾਈਸ ਪ੍ਰਿੰਸੀਪਲ ਵਰਿੰਦਰ ਧਵਨ ਪ੍ਰਿੰਸੀਪਲ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ।ਇਸ ਮੌਕੇ ਨਵਦੀਪ ਕੌਰ, ਕਿੰਪਲ, ਗੁਰਪ੍ਰੀਤ ਸਿੰਘ, ਗੁਰਜੰਟ ਸਿੰਘ, ਮਨਪ੍ਰੀਤ ਕੌਰ, ਗੁਰਬੀਰ ਕੌਰ, ਬਿਕਰਮਜੀਤ ਸਿੰਘ, ਸੁਖਪਾਲ ਸਿੰਘ, ਬਲਵਿੰਦਰ ਕੌਰ, ਰਾਜਪ੍ਰੀਤ ਕੌਰ,ਰਮਨਦੀਪ ਭੁੱਲਰ, ਅਮਨਦੀਪ ਕੌਰ, ਜਸਪ੍ਰੀਤ ਕੌਰ, ਮਨਜਿੰਦਰ ਪਾਲ ਕੌਰ, ਨਿਰਮਲ ਕੌਰ ਸਮੇਤ ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਸੀ।

22-June-PAGE-4.qxd 6/21/2024 9:54 PM Page 1

ਨਵਾਂ ਜ਼ਮਾਨਾ
ਸ਼ਨੀਵਾਰ, 22 ਜੂਨ 2024

# ਧਮਕੀਆਂ

*ਵੋਟ ਨਹੀਂ ਦਿੱਤਾ ਤਾਂ ਕੰਮ ਨਹੀਂ ਕਰਾਂਗਾ। ਬਿਹਾਰ ਦੇ ਜਨਤਾ ਦਲ (ਯੂ) ਸਾਂਸਦ ਦੇਵੇਸ਼ ਚੰਦਰ ਠਾਕੁਰ ਨੇ ਸਭ ਤੋਂ ਪਹਿਲਾਂ ਇਹ ਬਿਆਨ ਦਿੱਤਾ। ਉਸ ਤੋਂ ਬਾਅਦ ਹੁਣ ਅੰਡੇਮਾਨ ਤੇ ਨਿਕੋਬਾਰ ਟਾਪੂ ਸਮੂਹ ਦੇ ਨਵੇਂ ਚੁਣੇ ਗਏ ਭਾਜਪਾ ਸਾਂਸਦ ਬਿਸ਼ਨੂ ਪਦ ਰੇਅ ਨੇ ਵੀ ਅਜਿਹਾ ਬਿਆਨ ਦੇ ਦਿੱਤਾ ਹੈ। ਵਾਇਰਲ ਹੋ ਰਹੀ ਵੀਡੀਓ ਵਿਚ ਰੇਅ ਇਕ ਇਕੱਠ ਵਿਚ ਉਸ ਨੂੰ ਵੋਟ ਨਾ ਦੇਣ ਵਾਲਿਆਂ ਨੂੰ ਗੰਭੀਰ ਨਤੀਜੇ ਭੁਗਤਣ ਦੀ ਧਮਕੀ ਦਿੰਦਾ ਨਜ਼ਰ ਆ ਰਿਹਾ ਹੈ। ਉਹ ਕਹਿ ਰਿਹਾ ਹੈ—ਅਸੀਂ ਲੋਕਾਂ ਦੇ ਕੰਮ ਕਰਵਾਵਾਂਗੇ ਪਰ ਜਿਨ੍ਹਾਂ ਨੇ ਸਾਨੂੰ ਵੋਟ ਨਹੀਂ ਪਾਈ, ਉਨ੍ਹਾਂ ਨੂੰ ਸੋਚਣਾ ਪਵੇਗਾ। ਨਿਕੋਬਾਰ ਦੇ ਵੋਟਰੋ, ਸੋਚੋ ਹੁਣ ਤੁਹਾਡਾ ਕੀ ਹੋਣ ਵਾਲਾ ਹੈ। ਨਿਕੋਬਾਰ ਦੇ ਨਾਂਅ 'ਤੇ ਤੁਸੀਂ ਪੈਸੇ ਲਵੋਗੇ, ਸ਼ਰਾਬ ਪੀਓਗੇ ਪਰ ਵੋਟ ਨਹੀਂ ਦੇਵੋਗੇ। ਖਬਰਦਾਰ ਹੋ ਜਾਓ, ਹੁਣ ਤੁਹਾਡੇ ਦਿਨ ਖਰਾਬ ਹਨ। ਤੁਸੀਂ ਹੁਣ ਅੰਡੇਮਾਨ ਤੇ ਨਿਕੋਬਾਰ ਟਾਪੂ ਸਮੂਹ ਨੂੰ ਮੂਰਖ ਨਹੀਂ ਬਣਾ ਸਕੋਗੇ। ਤੁਹਾਡੇ ਦਿਨ ਹੁਣ ਚੰਗੇ ਨਹੀਂ ਰਹਿਣਗੇ।*

*ਘੱਟ ਵੋਟਾਂ ਦੇ ਫਰਕ ਨਾਲ ਜਿੱਤਣ ਵਾਲੇ ਜਨਤਾ ਦਲ (ਯੂ) ਦੇ ਸਾਂਸਦ ਦੇਵੇਸ਼ ਚੰਦਰ ਠਾਕੁਰ ਦੀ ਵਾਇਰਲ ਹੋਈ ਵੀਡੀਓ ਵਿਚ ਉਹ ਕਹਿੰਦਾ ਨਜ਼ਰ ਆ ਰਿਹਾ ਹੈ ਕਿ ਉਸ ਨੇ ਸਭ ਤੋਂ ਵੱਧ ਕੰਮ ਯਾਦਵਾਂ ਤੇ ਮੁਸਲਮਾਨਾਂ ਦਾ ਕੀਤਾ ਪਰ ਚੋਣਾਂ ਵਿਚ ਬਿਨਾਂ ਕਿਸੇ ਕਾਰਨ ਉਨ੍ਹਾਂ ਨੇ ਉਸ ਨੂੰ ਵੋਟਾਂ ਨਹੀਂ ਦਿੱਤੀਆਂ। ਹੁਣ ਜਦੋਂ ਇਹ ਕੰਮ ਲੈ ਕੇ ਆਉਣਗੇ ਤਾਂ ਚਾਹ-ਨਾਸ਼ਤਾ ਤਾਂ ਕਰਾਵਾਂਗਾ ਪਰ ਇਨ੍ਹਾਂ ਦੇ ਕੰਮ ਨਹੀਂ ਕਰਾਂਗਾ।*

*ਸੀਤਾਮੜੀ ਦੇ ਸਾਂਸਦ ਠਾਕੁਰ ਦੇ ਇਸ ਵਿਵਾਦਗ੍ਰਸਤ ਬਿਆਨ ਦੇ ਬਾਅਦ ਬਿਹਾਰ ਤੋਂ ਕੇਂਦਰੀ ਮੰਤਰੀ ਤੇ ਬੇਗੂਸਰਾਇ ਦੇ ਭਾਜਪਾ ਸਾਂਸਦ ਗਿਰੀਰਾਜ ਸਿੰਘ ਨੇ ਕਿਹਾ ਕਿ ਮੁਸਲਮਾਨ ਉਸ ਨੂੰ ਵੋਟਾਂ ਨਹੀਂ ਦਿੰਦੇ। ਮੁਸਲਮਾਨਾਂ ਵੱਲੋਂ ਕਿਸੇ ਵਿਸ਼ੇਸ਼ ਪਾਰਟੀ (ਭਾਜਪਾ) ਨੂੰ ਵੋਟ ਨਾ ਪਾਉਣ ਦੇ ਸਮੂਹਕ ਫੈਸਲੇ ਦਾ ਮਕਸਦ ਹੀ ਸਨਾਤਨ ਨੂੰ ਕਮਜ਼ੋਰ ਕਰਨਾ ਹੈ। ਠਾਕੁਰ ਦੇ ਬਿਆਨ ਦੀ ਪ੍ਰੋੜ੍ਹਤਾ ਕਰਦਿਆਂ ਗਿਰੀਰਾਜ ਨੇ ਕਿਹਾ ਕਿ ਠਾਕੁਰ ਨੇ ਆਪਣੇ ਦਿਲ ਦੀ ਗੱਲ ਕੀਤੀ ਹੈ।*

*ਇਨ੍ਹਾਂ ਸਾਂਸਦਾਂ ਦੇ ਸਾਹਮਣੇ ਆਏ ਬਿਆਨਾਂ ਤੋਂ ਬਾਅਦ ਇਨ੍ਹਾਂ ਦੀਆਂ ਪਾਰਟੀਆਂ ਨੇ ਨਾ ਇਨ੍ਹਾਂ ਤੋਂ ਕੋਈ ਸਪੱਸ਼ਟੀਕਰਨ ਮੰਗਿਆ ਹੈ ਤੇ ਨਾ ਹੀ ਇਨ੍ਹਾਂ ਦੇ ਫਿਰਕਾਵਾਰਾਨਾ ਬਿਆਨਾਂ 'ਤੇ ਕੋਈ ਪ੍ਰਤੀਕਿਰਿਆ ਦਿੱਤੀ ਹੈ। ਇਹ ਬਿਆਨ ਇਕ ਤਰ੍ਹਾਂ ਨਾਲ ਚੋਣਾਂ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਮੁਸਲਮਾਨਾਂ ਬਾਰੇ ਕੀਤੀਆਂ ਗਈਆਂ ਟਿੱਪਣੀਆਂ ਦਾ ਵਧਾਅ ਹੀ ਹਨ। ਚੋਣ ਕਮਿਸ਼ਨ ਨੇ ਫਿਰਕਾਵਾਰਾਨਾ ਬਿਆਨਾਂ ਦਾ ਕੋਈ ਨੋਟਿਸ ਨਹੀਂ ਸੀ ਲਿਆ। ਜੇ ਚੋਣ ਕਮਿਸ਼ਨ ਨੇ ਉਦੋਂ ਵਰਜਿਆ ਹੁੰਦਾ ਤਾਂ ਉਪਰੋਕਤ ਸਾਂਸਦ ਅਜਿਹੇ ਬਿਆਨ ਦੇਣ ਤੋਂ ਪਹਿਲਾਂ ਦੋ ਵਾਰ ਸੋਚਦੇ। ਚੋਣ ਕਮਿਸ਼ਨ ਨੂੰ ਹੁਣ ਵੀ ਨੋਟਿਸ ਲੈਣਾ ਚਾਹੀਦਾ ਹੈ ਕਿ ਜਿਨ੍ਹਾਂ ਨੂੰ ਉਸ ਨੇ ਜਿੱਤ ਦੇ ਸਰਟੀਫਿਕੇਟ ਦਿੱਤੇ ਹਨ, ਕੀ ਉਹ ਅਜਿਹੀ ਬਿਆਨਬਾਜ਼ੀ ਕਰਨ ਤੋਂ ਬਾਅਦ ਸੰਸਦ ਵਿਚ ਬੈਠਣ ਦੇ ਹੱਕਦਾਰ ਹੋ ਸਕਦੇ ਹਨ?*

## ਪਾਠਕ-ਸੱਥ

### ਆਓ ਹਰਿਆ ਭਰਿਆ ਵਾਤਾਵਰਣ ਸਿਰਜੀਏ

ਨਿੱਜੀ ਸਵਾਰਥਾਂ ਖਾਤਰ ਮਨੁੱਖ ਕੁਦਰਤ ਨਾਲ ਛੇੜ-ਛਾੜ ਕਰਨ ਤੋਂ ਬਾਜ਼ ਨਹੀਂ ਆ ਰਿਹਾ।ਭੂਚਾਲ ਆਉਣ ਨਾਲ ਵੱਡੀਆਂ ਵੱਡੀਆਂ ਇਮਾਰਤਾਂ ਡਿਗਦੀਆਂ ਹਨ। ਪਿਛਲੇ ਵਰ੍ਹੇ ਅਫਾਨ ਤੂਫਾਨ ਪੱਛਮੀ ਬੰਗਾਲ ਵਿੱਚ ਆਫਤ ਲੈ ਕੇ ਆਇਆ ਸੀ। ਫਿਰ ਨਿਸਰਗ ਤੂਫਾਨ ਦੀ ਦਸਤਕ ਹੋਈ ,ਇਸ ਸਮੁੰਦਰੀ ਤੂਫ਼ਾਨ ਨਾਲ ਵੱਡੇ ਪੱਧਰ 'ਤੇ ਤਬਾਹੀ ਹੋਈ। ਸਿਰਫ਼ ਰੁੱਖ ਲਾਉਣਾ ਹੀ ਇੱਕ ਜ਼ਿੰਮੇਵਾਰੀ ਨਹੀਂ, ਸਮੇਂ-ਸਮੇਂ 'ਤੇ ਉਸ ਦੀ ਦੇਖਭਾਲ ਕਰਨਾ ਬਹੁਤ ਵੱਡੀ ਜ਼ਿੰਮੇਵਾਰੀ ਹੈ। ਬੀਤੇ 'ਚ ਜਦੋਂ ਕੋਰੋਨਾ ਮਹਾਂਮਾਰੀ ਨੇ ਭਾਰਤ ਵਿੱਚ ਦਸਤਕ ਦਿੱਤੀ, ਤਾਂ ਪੂਰੇ ਦੇਸ਼ ਵਿੱਚ ਲਾਕਡਾਊਨ ਲਗਾ ਦਿੱਤਾ ਗਿਆ।ਜਦੋਂ ਹੁਣ ਸਨਅਤ ਮੁੜ ਸ਼ੁਰੂ ਹੋਈ ਤਾਂ ਦਰਿਆ ਫਿਰ ਪ੍ਰਦੂਸ਼ਿਤ ਹੋਣ ਲੱਗੇ। ਅੱਜ ਦੇਖ ਰਹੇ ਹਾਂ ਕਿ ਲੋਕ ਕਿਵੇਂ ਆਕਸੀਜਨ ਲਈ ਤਰਸ ਰਹੇ ਹਨ। ਆਕਸੀਜਨ ਦੀ ਕਮੀ ਹੋ ਚੁੱਕੀ ਹੈ। ਜੇ ਅੱਜ ਦਰੱਖ਼ਤ ਹੁੰਦੇ ਤਾਂ ਇਹ ਸਭ ਕੁਝ ਦੇਖਣਾ ਨਾ ਪੈਂਦਾ। ਏਨਾ ਕੁਝ ਹੋ ਕੇ ਵੀ ਇਨਸਾਨ ਨਹੀਂ ਸੁਧਰਿਆ, ਤਾਂ ਉਹ ਇਨਸਾਨ ਕਹਾਉਣ ਦੇ ਲਾਇਕ ਨਹੀਂ।ਆਓ, ਸਾਰੇ ਪ੍ਰਣ ਕਰੀਏ ਕਿ ਆਪਣੇ ਵਾਤਾਵਰਣ ਨੂੰ ਹਰਿਆ-ਭਰਿਆ ਤੇ ਸਾਫ ਸੁਥਰਾ ਰੱਖਾਂਗੇ, ਤਾਂ ਜੋ ਆਉਣ ਵਾਲੀਆਂ ਪੁਸ਼ਤਾਂ ਇਸ ਦਾ ਅਨੰਦ ਮਾਣ ਸਕਣ।

**-ਸੰਜੀਵ ਸਿੰਘ ਸੈਣੀ, ਮੋਹਾਲੀ**

### ਸਿੱਖਿਆ ਸੰਸਥਾਵਾਂ 'ਚ ਆਰ ਐਸ ਐਸ ਦਾ ਦਖ਼ਲ ਚਿੰਤਾਜਨਕ

ਦੇਸ਼ ਵਿਚ ਬਹੁਤ ਥੋੜ੍ਹੇ ਸਮੇਂ ਵਿਚ ਦੋ ਪ੍ਰੀਖਿਆਵਾਂ ਨੀਟ ਅਤੇ ਨੈੱਟ ਇਕ ਅਜਿਹੀ ਏਜੰਸੀ ਦੇ ਅਧੀਨ ਹੋਈਆਂ ਜਿਨ੍ਹਾਂ ਵਿੱਚ ਆਰ ਐਸ ਐਸ ਦੇ ਘੁਸਪੈਠ ਕਰਨ ਦਾ ਖਦਸ਼ਾ ਜਤਾਇਆ ਜਾ ਰਿਹਾ ਹੈ।ਇਹ ਦੋਵੇਂ ਪ੍ਰੀਖਿਆਵਾਂ ਪੇਪਰ ਲੀਕ ਅਤੇ ਗੜਬੜੀ ਦਾ ਖਦਸ਼ਾ ਹੋਣ ਕਰਕੇ ਰੱਦ ਹੋਈਆਂ ਹਨ। ਹੁਣ ਜੇਕਰ ਦੇਸ਼ ਦੀਆਂ ਐਨੀਆਂ ਵੱਡੀਆਂ ਟੈਸਟ ਏਜੰਸੀਆਂ ਅਤੇ ਪ੍ਰੀਖਿਆਵਾਂ ਨੂੰ ਅਟੈਂਡ ਕਰਨ ਵਾਲਿਆਂ ਵਿੱਚ ਨਿਕੰਮੀ ਕਿਸਮ ਦੇ ਲੋਕ ਵੜਨਗੇ, ਜਿਨ੍ਹਾਂ ਦਾ ਮਨੋਰਥ ਫਿਰਕਾਪ੍ਰਸਤੀ ਹੈ, ਅਜਿਹੇ ਵਿੱਚ ਸਿੱਖਿਆ ਖੇਤਰ ਵਿਚ ਤਾਂ ਨਿਘਾਰ ਆਵੇਗਾ ਹੀ, ਨਾਲ ਹੀ ਇਨ੍ਹਾਂ ਪ੍ਰੀਖਿਆਵਾਂ ਨੂੰ ਦੇਣ ਵਾਲੇ ਵੱਖ-ਵੱਖ ਅਦਾਰਿਆਂ ਵਿੱਚ ਜਾ ਕੇ ਕੀ ਰੰਗ ਲਗਾਉਣਗੇ, ਇਹ ਸਭ ਤੋਂ ਖਤਰਨਾਕ ਹੋਵੇਗਾ। ਕਿਉਂਕਿ ਇਨ੍ਹਾਂ ਏਜੰਸੀਆਂ ਰਾਹੀਂ ਪ੍ਰੀਖਿਆਵਾਂ ਲੈਣ ਵਾਲੇ ਫਿਰਕੂ ਤੇ ਭ੍ਰਿਸ਼ਟ ਹੋਣਗੇ ਤਾਂ ਇਨ੍ਹਾਂ ਰਾਹੀਂ ਪੇਪਰ ਦੇ ਕੇ ਪਾਸ ਹੋਣ ਵਾਲੇ ਖੁਦ ਨਿਕੰਮੀ ਕਿਸਮ ਦੇ ਅਤੇ ਕੁਰੱਪਟ ਹੋਣਗੇ।ਸੋ ਇਸ ਪਾਸੇ ਵੱਲ ਵਿਦਿਆਰਥੀਆਂ ਨੂੰ ਸੰਘਰਸ਼ ਕਰਕੇ ਇਨ੍ਹਾਂ ਟੈਸਟ ਏਜੰਸੀਆਂ ਨੂੰ ਆਰ ਐਸ ਐਸ ਦੇ ਚੁੰਗਲ ਵਿੱਚੋਂ ਕੱਢ ਕੇ ਪੜ੍ਹੇ-ਲਿਖੇ ਇਮਾਨਦਾਰ ਲੋਕਾਂ ਦੇ ਹੱਥ ਦੇਣਾ ਚਾਹੀਦਾ ਹੈ। ਤਾਂ ਕਿ ਪ੍ਰੀਖਿਆਰਥੀ ਕਿਸੇ ਖੱਜਲ ਖੁਆਰੀ ਤੋਂ ਬਚਣ ਅਤੇ ਚੰਗੇ ਪ੍ਰੀਖਿਆਰਥੀ ਅੱਗੇ ਜਾ ਸਕਣ ਜੋ ਸਮਾਜ ਨੂੰ ਸੁਧਾਰਨ ਦੇ ਕਾਬਲ ਹੋਣ।

**-ਗੁਰਦਿੱਤ ਸਿੰਘ ਸੇਖੋਂ, 97811-72781**

# ਨਰਿੰਦਰ ਮੋਦੀ ਦੀ ਤੀਸਰੀ ਵਾਰੀ-ਅਵੇਸਲੇ ਨਾ ਹੋਇਓ

**ਆਨੰਦ ਤੇਲਤੁੰਬੜੇ**

***(ਭੀਮ ਰਾਓ ਅੰਬੇਡਕਰ ਨੂੰ ਤਾਂ ਅਸੀਂ ਸਭ ਜਾਣਦੇ ਹਾਂ ਪਰ ਉਸ ਦੇ ਪੋਤ ਜਵਾਈ ਆਨੰਦ ਤੇਲਤੁੰਬੜੇ ਨੂੰ ਬਹੁਤ ਘੱਟ ਜਾਣਦੇ ਹੋਵਾਂਗੇ। ਆਨੰਦ ਇੱਕ ਵਿਦਵਾਨ ਵੀ ਹੈ, ਕਾਰਪੋਰੇਟ ਅਫਸਰ ਵੀ ਰਿਹਾ ਹੈ, ਲੇਖਕ ਵੀ ਹੈ, ਕਈ ਕਿਤਾਬਾਂ ਦਾ ਲੇਖਕ, ਪਰ ਉਹ ਭਾਰਤੀ ਜਨਤਾ ਪਾਰਟੀ ਸਰਕਾਰ ਦੀਆਂ ਨਜ਼ਰਾਂ ਵਿਚ ਦੋਸ਼ੀ ਵੀ ਹੈ, "ਅਰਬਨ ਨਕਸਲਾਈਟ"। ਇਸੇ ਲਈ ਹੋਰ ਬਹੁਤ ਸਾਰੇ ਵਿਦਵਾਨਾਂ ਦੇ ਨਾਲ ਉਸ ਨੂੰ ਵੀ ਭੀਮਾ ਕੋਰੇਗਾਓਂ ਮਾਮਲੇ ਵਿਚ ਜੇਲ੍ਹ 'ਚ ਰਖਿਆ ਗਿਆ ਹੈ। ਯਾਨੀ ਸਾਡੀ ਸਰਕਾਰ ਸੰਵਿਧਾਨ ਦੇ ਰਚਨਾਕਾਰ ਅੰਬੇਡਕਰ ਦੇ ਜਵਾਈ ਨੂੰ ਵੀ ਨਹੀਂ ਬਖਸ਼ਦੀ ਜਿਸ ਉੱਪਰ ਦੋਸ਼ ਹੈ ਕਿ ਉਹ ਦਲਿਤ ਤੇ ਗਰੀਬ ਸਮਾਜ ਦੇ ਹੱਕ ਵਿਚ ਬੋਲਦਾ ਹੈ।)***

ਭੀਮ ਰਾਓ ਅੰਬੇਡਕਰ ਨੂੰ ਤਾਂ ਅਸੀਂ ਸਭ ਜਾਣਦੇ ਹਾਂ ਪਰ ਉਸ ਦੇ ਪੋਤ ਜਵਾਈ ਆਨੰਦ ਤੇਲਤੁੰਬੜੇ ਨੂੰ ਬਹੁਤ ਘੱਟ ਜਾਣਦੇ ਹੋਵਾਂਗੇ। ਆਨੰਦ ਇੱਕ ਵਿਦਵਾਨ ਵੀ ਹੈ, ਕਾਰਪੋਰੇਟ ਅਫਸਰ ਵੀ ਰਿਹਾ ਹੈ, ਲੇਖਕ ਵੀ ਹੈ, ਕਈ ਕਿਤਾਬਾਂ ਦਾ ਲੇਖਕ, ਪਰ ਉਹ ਭਾਰਤੀ ਜਨਤਾ ਪਾਰਟੀ ਸਰਕਾਰ ਦੀਆਂ ਨਜ਼ਰਾਂ ਵਿਚ ਦੋਸ਼ੀ ਵੀ ਹੈ, "ਅਰਬਨ ਨਕਸਲਾਈਟ"। ਇਸੇ ਲਈ ਹੋਰ ਬਹੁਤ ਸਾਰੇ ਵਿਦਵਾਨਾਂ ਦੇ ਨਾਲ ਉਸ ਨੂੰ ਵੀ ਭੀਮਾ ਕੋਰੇਗਾਓਂ ਮਾਮਲੇ ਵਿਚ ਜੇਲ੍ਹ 'ਚ ਰਖਿਆ ਗਿਆ ਹੈ। ਯਾਨੀ ਸਾਡੀ ਸਰਕਾਰ ਸੰਵਿਧਾਨ ਦੇ ਰਚਨਾਕਾਰ ਅੰਬੇਡਕਰ ਦੇ ਜਵਾਈ ਨੂੰ ਵੀ ਨਹੀਂ ਬਖਸ਼ਦੀ ਜਿਸ ਉੱਪਰ ਦੋਸ਼ ਹੈ ਕਿ ਉਹ ਦਲਿਤ ਤੇ ਗਰੀਬ ਸਮਾਜ ਦੇ ਹੱਕ ਵਿਚ ਬੋਲਦਾ ਹੈ।

ਚਾਰ ਜੂਨ ਦੇ ਲੋਕ ਸਭਾ ਚੋਣਾਂ ਦੇ ਨਤੀਜੇ ਉਨ੍ਹਾਂ ਬਹੁਤ ਸਾਰੇ ਲੋਕਾਂ ਲਈ ਰਾਹਤ ਦਾ ਸਬੱਬ ਬਣੇ ਹਨ, ਜੋ ਪਿਛਲੇ ਦਸਾਂ ਸਾਲਾਂ ਤੋਂ "ਭਾਰਤ ਇੱਕ ਵਿਚਾਰ" ਦੇ ਸਿਧਾਂਤ ਨੂੰ ਮੋਦੀ ਪਾਰਟੀ ਵੱਲੋਂ ਬੇਰਹਿਮੀ ਨਾਲ ਕੁਚਲਿਆ ਜਾਂਦਾ ਦੇਖ ਰਹੇ ਸਨ, ਨਿਰਾਸ਼ ਹੋ ਗਏ ਸਨ। ਕਈਆਂ ਦੇ ਹੌਸਲੇ ਤਾਂ ਬੁਲੰਦ ਹੋ ਗਏ ਸਨ, ਚੰਦਰਬਾਬੂ ਨਾਇਡੂ ਅਤੇ ਨਿਤਿਸ਼ ਕੁਮਾਰ ਦੀ ਮਦਦ ਨਾਲ ਇੰਡੀਆ ਦੀ ਸਰਕਾਰ ਬਨਣ ਦੇ ਕਿਆਸ ਵੀ ਲਾ ਰਹੇ ਸਨ, ਜਿਨ੍ਹਾਂ ਨੂੰ ਕਿ ਉਹ ਧਰਮ ਨਿਰਪੱਖ ਖੇਮੇ ਦੇ ਹਮਾਇਤੀ ਸਮਝਦੇ ਰਹੇ ਹਨ। ਪਰ ਇਹ ਸੁਪਨਾ ਪੂਰਾ ਨਹੀਂ ਹੋਇਆ ਤੇ ਦੋਹਾਂ ਨੇ ਖੁਸ਼ੀ-ਖੁਸ਼ੀ ਨਰਿੰਦਰ ਮੋਦੀ ਨੂੰ ਆਪਣਾ ਨੇਤਾ ਸਵੀਕਾਰ ਕਰ ਲਿਆ, ਉਸ ਦੀ ਸਰਕਾਰ ਵਿਚ ਸ਼ਾਮਲ ਹੋ ਗਏ। ਨਰਿੰਦਰ ਮੋਦੀ ਤੀਸਰੀ ਵਾਰ ਭਾਰਤ ਦੇਸ਼ ਦੇ ਪ੍ਰਧਾਨ ਮੰਤਰੀ ਬਣ ਗਏ, ਇਸ ਤੋਂ ਪਹਿਲਾਂ ਜਵਾਹਰ ਲਾਲ ਨਹਿਰੂ ਨੂੰ ਵੀ ਇਹ ਸੁਭਾਗ ਪ੍ਰਾਪਤ ਹੋਇਆ ਸੀ, ਪਰ ਇਹ ਖੁਸ਼ੀ ਦਾ ਮਾਹੌਲ ਢਿਲਾ ਨਹੀਂ ਪਿਆ, ਲੋਕ ਆਸ ਕਰ ਰਹੇ ਹਨ ਕਿ ਹੁਣ ਕਿ ਹੁਣ ਮੋਦੀ ਇਨ੍ਹਾਂ ਦੋ ਰਾਜਨੀਤੀ ਦੇ ਮਹਾਂਰਥੀਆਂ ਦੀ ਹਮਾਇਤ 'ਤੇ ਨਿਰਭਰ ਹੈ ਅਤੇ ਪਿਛਲੀਆਂ ਦੋ ਵਾਰੀਆਂ ਵਾਂਗ ਮਨ-ਮਰਜ਼ੀ ਨਾਲ ਆਪਣਾ ਹਿੰਦੂਤਵ ਦਾ ਏਜੰਡਾ ਨਹੀਂ ਚਲਾ ਸਕੇਗਾ। ਬੀਤੇ ਦਸਾਂ ਸਾਲਾਂ ਵਿਚ ਤਾਂ ਐੱਨ ਡੀ ਏ ਦਾ ਨਾਂਅ ਜ਼ਰੂਰ ਸੀ, ਪਰ ਭਾਜਪਾ ਦੇ ਮੈਂਬਰਾਂ ਦੀ ਬਹੁ-ਗਿਣਤੀ ਹੋਣ ਕਾਰਨ ਸਰਕਾਰ ਭਾਜਪਾ ਦੀ ਹੀ ਸੀ। ਇਸ ਨੂੰ ਮੋਦੀ ਸਰਕਾਰ ਹੀ ਕਿਹਾ ਜਾਂਦਾ ਸੀ, ਪ੍ਰਸ਼ਾਸਨ ਦਾ ਧੁਰਾ ਮੋਦੀ ਹੀ ਬਣ ਗਿਆ ਸੀ। ਭਾਰਤੀ ਜਨਤਾ ਪਾਰਟੀ ਅਸਲ ਵਿਚ ਮੋਦੀ ਪੰਥ ਬਣ ਕੇ ਰਹਿ ਗਈ ਹੈ। ਨਵੀਂ ਦਿੱਲੀ ਵਿਚ ਪਾਰਲੀਮੈਂਟ ਦੀ ਨਵੀਂ ਇਮਾਰਤ ਦੇ ਉਦਘਾਟਨ ਮੌਕੇ ਨਰਿੰਦਰ ਮੋਦੀ ਨੇ ਹੀ 'ਸੰਗੋਲ' ਨੂੰ ਸੰਭਾਲਿਆ ਸੀ। ਦੇਸ਼ ਦੀ ਮੁਖੀ ਰਾਸ਼ਟਰਪਤੀ ਦਰੋਪਦੀ ਮੁਰਮੂ ਨੂੰ ਨੁੱਕਰੇ ਲਾ ਦਿੱਤਾ ਗਿਆ ਸੀ।

ਐੱਲ ਕੇ ਅਡਵਾਨੀ ਨੂੰ ਭਾਰਤ ਰਤਨ ਪੁਰਸਕਾਰ ਦੇਣ ਮੌਕੇ ਰਾਸ਼ਟਰਪਤੀ ਦੀ ਤਸਵੀਰ ਦਿਖਾਈ ਗਈ ਸੀ, ਨਰਿੰਦਰ ਮੋਦੀ ਤੇ ਅਡਵਾਨੀ ਕੁਰਸੀਆਂ 'ਤੇ ਬਿਰਾਜਮਾਨ ਸਨ, ਪਰ ਉਹ ਖੜੀ ਹੋਈ ਸੀ। 2024 ਦੀਆਂ ਲੋਕ ਸਭਾ ਚੋਣਾਂ ਮੌਕੇ ਇਹ ਪਤਨ ਹੋਰ ਹੇਠਾਂ ਪਹੁੰਚ ਗਿਆ ਜਦੋਂ ਐੱਨ ਡੀ ਏ ਦੇ ਮੈਨੀਫੈਸਟੋ ਦਾ ਸਿਰਲੇਖ ਹੀ "ਮੋਦੀ ਦੀ ਗਾਰੰਟੀ" ਬਣ ਗਿਆ, ਗੈਰ ਭਾਜਪਾ ਪਾਰਟੀਆਂ ਥੋੜ੍ਹੇ-ਬਹੁਤ ਪਾਵਰ ਤੇ ਪੈਸੇ ਦੇ ਪ੍ਰਸ਼ਾਦ ਨਾਲ ਸੰਤੁਸ਼ਟ ਹੋ ਗਈਆਂ। ਚਾਰ ਸੌ ਪਾਰ ਦਾ ਨਿਸ਼ਾਨਾ ਇਸ ਵਕਤ ਮੋਦੀ ਦਾ ਘੁਮੰਡ ਸਿਖਰ 'ਤੇ ਪਹੁੰਚ ਗਿਆ। ਉਸ ਨੇ 2024 ਦੀਆਂ ਚੋਣਾਂ ਵਿਚ ਚਾਰ ਸੌ ਤੋਂ ਵੱਧ ਸੀਟਾਂ ਜਿੱਤਣ ਦਾ ਨਿਸ਼ਾਨਾ ਮਿੱਥ ਲਿਆ, ਕਿਉਂਕਿ ਇਹ ਗਿਣਤੀ ਸੰਵਿਧਾਨ ਵਿਚ ਤਬਦੀਲੀ ਕਰਨ ਦੇ ਲਈ ਜ਼ਰੂਰੀ ਸੀ, ਜਿਵੇਂ ਕਿ ਉਸ ਦੇ ਕੁਝ ਸਾਥੀਆਂ ਵੱਲੋਂ ਪਰਦਾਫਾਸ਼ ਕੀਤਾ ਗਿਆ ਸੀ, ਪਰ ਹਕੀਕਤ ਵਿਚ ਤਾਂ ਕੁਝ ਵੀ ਕਰਨਾ ਬਾਕੀ ਨਹੀਂ ਸੀ, ਪਹਿਲਾਂ ਹੀ ਸੰਵਿਧਾਨ ਨੂੰ ਅੱਖੋਂ-ਪਰੋਖੇ ਕਰਦਿਆਂ ਹੋਇਆਂ ਉਸ ਨੇ ਸਾਰੀਆਂ ਸ਼ਕਤੀਆਂ ਆਪਣੇ ਹੱਥ ਕਰ ਰੱਖੀਆਂ ਹੋਈਆਂ ਹਨ।

ਉਹ ਇੱਕ ਪ੍ਰਧਾਨਗੀ ਰਾਜ ਦੀ ਵਿਵਸਥਾ ਵਾਲੇ ਰਾਜਸੀ ਪ੍ਰਬੰਧ ਵਿਚ ਇੱਕ ਪ੍ਰਧਾਨ ਵਜੋਂ ਹੀ ਕੰਮ ਕਰ ਰਿਹਾ ਸੀ। ਸੂਬਿਆਂ ਨੂੰ ਕੇਂਦਰ ਦਾ ਮੁਥਾਜ਼ ਬਣਾ ਕੇ ਦੇਸ਼ ਦੇ ਸੰਘੀ ਢਾਂਚੇ ਨੂੰ ਕਮਜ਼ੋਰ ਕਰ ਦਿੱਤਾ ਗਿਆ। ਸੂਬਿਆਂ ਦੀ ਪੁਲਸ ਤੱਕ ਨੂੰ ਆਪਣੇ ਅਧੀਨ ਕਰਨ ਦੀ ਕੋਸ਼ਿਸ਼ ਕੀਤੀ ਗਈ, ਸੂਬੇ ਦੇ ਗਵਰਨਰ ਆਪਣੇ-ਆਪ ਨੂੰ ਮੁੱਖ ਮੰਤਰੀ ਸਮਝਣ ਲੱਗੇ। "ਹਿੰਦੂ ਰਾਸ਼ਟਰ" ਤਾਂ ਉਨ੍ਹਾਂ ਸਥਾਪਤ ਕਰ ਹੀ ਲਿਆ ਸੀ, ਕਿਉਂਕਿ ਘੱਟ-ਗਿਣਤੀ ਸਮਾਜ ਨੂੰ ਸ਼ਰੇਆਮ ਅਪਮਾਨਤ ਕੀਤਾ ਜਾ ਰਿਹਾ ਸੀ, ਦੂਸਰੇ ਦਰਜੇ ਦੇ ਨਾਗਰਿਕ ਬਣਾ ਦਿੱਤੇ ਗਏ ਸਨ। 2024 ਦੀਆਂ ਚੋਣਾਂ ਦੁਨੀਆ ਦੀਆਂ ਨਜ਼ਰਾਂ ਵਿਚ ਇਹ ਸਭ ਕੁਝ ਨੂੰ ਜਾਇਜ਼ ਠਹਿਰਾਉਣ ਦੀ ਬੁਲੰਦ ਕੋਸ਼ਿਸ਼ ਸੀ, ਪਰ ਰਾਹੁਲ ਗਾਂਧੀ ਦੀਆਂ ਦੋ 'ਭਾਰਤ ਜੋੜੋ' ਤੇ 'ਭਾਰਤ ਨਿਆਂ ਯਾਤਰਾ' ਦੇ ਬਾਵਜੂਦ ਭਾਰਤੀ ਜਨਤਾ ਪਾਰਟੀ ਨੂੰ ਗੱਦੀ ਤੋਂ ਲਾਹਿਆ ਨਹੀਂ ਜਾ ਸਕਿਆ। ਭਾਰਤੀ ਜਨਤਾ ਪਾਰਟੀ ਦੀ ਚੋਣ ਮੁਹਿੰਮ ਨੇ ਸੰਵਿਧਾਨ ਤਬਦੀਲੀ ਲਈ ਚਾਰ ਸੌ ਪਾਰ ਦਾ ਨਿਸ਼ਾਨਾ ਪ੍ਰਾਪਤ ਕਰਨ ਲਈ ਸਭ ਕੁਝ ਦਾਅ 'ਤੇ ਲਾ ਦਿੱਤਾ। 2009 ਦੀ ਵਾਜਪਾਈ ਵੇਲੇ ਦੀ ਇੰਡੀਆ ਸ਼ਾਈਨਿੰਗ ਦੀ ਯਾਦ ਆਉਣ ਲੱਗੀ। ਇਸ ਨੇ ਵਿਰੋਧੀ ਖੇਮੇ ਨੂੰ ਸੰਵਿਧਾਨ ਦੇ ਰਖਵਾਲੇ ਵਜੋਂ ਪੇਸ਼ ਹੋਣ ਦਾ ਮੌਕਾ ਦਿੱਤਾ ਅਤੇ ਹੇਠਲੀ ਸ਼੍ਰੇਣੀ ਦੇ ਸਮਾਜ ਖਾਸ ਕਰ ਦਲਿਤ ਸਮਾਜ ਨੂੰ ਭਾਵਨਾਤਮਿਕ ਅਪੀਲ ਪਸੰਦ ਆਈ, ਜੋ ਪਿਛਲੀਆਂ ਦੋ ਚੋਣਾਂ ਦੌਰਾਨ ਭਾਜਪਾ ਨੂੰ ਵੋਟ ਕਰਦੇ ਰਹੇ ਸਨ। 2019 ਦੇ ਪੁਲਵਾਮਾ ਦੀ ਤਰ੍ਹਾਂ ਇਸ ਰਾਮ ਮੰਦਰ ਦੇ ਨਾਂਅ 'ਤੇ ਵੋਟਰਾਂ ਨੂੰ ਭਰਮਾਉਣ ਦੀ ਕੋਸ਼ਿਸ਼ ਕੀਤੀ ਗਈ। ਇਹ ਹਥਿਆਰ ਕਾਰਗਰ ਸਾਬਤ ਨਾ ਹੁੰਦਾ ਦੇਖ ਮੋਦੀ ਨੇ ਬਿਲਕੁਲ ਹੇਠਲੇ ਪੱਧਰ ਦੀ ਰਾਜਨੀਤੀ ਕਰਨੀ ਸ਼ੁਰੂ ਕਰ ਦਿੱਤੀ-ਮੁਸਲਿਮ ਵਿਰੋਧੀ ਰਾਜਨੀਤੀ। ਚਾਰ ਜੂਨ ਦੇ ਨਤੀਜਿਆਂ ਨੇ ਬਹੁਤ ਸਾਰਿਆਂ ਨੂੰ ਹੈਰਾਨ ਕਰ ਦਿੱਤਾ, ਖਾਸ ਕਰ ਮੋਦੀ ਪਾਰਟੀ ਦੇ ਪੈਰਾਂ ਹੇਠੋਂ ਜ਼ਮੀਨ ਖਿਸਕ ਗਈ। ਕੀ ਇਹ ਮੋਦੀ ਦੇ ਜਾਦੂ ਦਾ ਅੰਤ ਹੈ?

ਕੁਝ ਵਿਦਵਾਨ ਇਸ ਹਾਰ ਦਾ ਕਾਰਨ ਮੋਦੀ ਦੇ ਖਿਲਾਫ ਗੁੱਸੇ ਨੂੰ ਮੰਨਦੇ ਹਨ। ਸ਼ਾਇਦ ਉਹ ਆਪਣੀਆਂ ਭਾਵਨਾਵਾਂ ਨੂੰ ਜਨਤਾ ਦੀਆਂ ਭਾਵਨਾਵਾਂ ਬਣਾ ਕੇ ਪੇਸ਼ ਕਰ ਰਹੇ ਹਨ ਕਿ ਲੋਕ ਹਿੰਦੂ - ਮੁਸਲਿਮ ਨਾਅਰੇਬਾਜ਼ੀ ਤੋਂ ਤੰਗ ਆ ਗਏ ਹਨ ਅਤੇ ਉਹ ਉਸ ਦੇ ਝੂਠੇ ਲਾਰਿਆਂ ਨੂੰ ਪਹਿਚਾਣ ਗਏ ਹਨ, ਲੋਕ ਹਰ ਜਗ੍ਹਾ ਮੋਦੀ-ਮੋਦੀ ਦੀਆਂ ਤਸਵੀਰਾਂ ਦੇਖ-ਦੇਖ ਦੁਖੀ ਹੋ ਗਏ ਹਨ, ਪਰ ਹਕੀਕਤ ਇਨ੍ਹਾਂ ਦਾਅਵਿਆਂ ਦੀ ਹਾਮੀ ਨਹੀਂ ਭਰਦੀ। 2024 ਦੀਆਂ ਚੋਣਾਂ ਵਿਚ ਭਾਰਤੀ ਜਨਤਾ ਪਾਰਟੀ ਦਾ ਵੋਟ ਪ੍ਰਤੀਸ਼ਤ 37.37% ਹੈ, ਜੋ 2019 ਦੇ 37.34% ਦੇ ਬਰਾਬਰ ਹੀ ਹੈ। 2019 ਵਿਚ ਭਾਜਪਾ ਨੂੰ ਪੁਲਵਾਮਾ ਕਾਂਡ ਦੇ ਕਾਰਨ 303 ਸੀਟਾਂ ਮਿਲੀਆਂ 2024 ਵਿਚ ਵੋਟਾਂ ਤਾਂ ਓਨੀਆਂ ਹੀ ਮਿਲੀਆਂ, ਪਰ ਸੀਟਾਂ ਦੀ ਗਿਣਤੀ 240 ਹੋ ਗਈ।

ਮੋਦੀ ਦੇ ਬਹੁਤੇ ਟਿੱਪਣੀਕਾਰ ਇਹ ਸਮਝਣ ਵਿਚ ਅਸਫਲ ਹਨ ਕਿ ਉਸ ਦੀ ਆਮ ਜਨਤਕ ਬੋਲੀ ਅਤੇ ਅਪਮਾਨਜਨਕ ਸ਼ਬਦ ਵੀ ਲੋਕਾਂ ਨੂੰ ਪ੍ਰਭਾਵਤ ਕਰਦੇ ਹਨ। ਉਸ ਵਿਚ ਉਹ ਆਪਣਾ ਪਰਛਾਵਾਂ ਦੇਖਦੇ ਹਨ। ਜਨਤਾ ਉਸ ਨੂੰ ਅਮੀਰ ਵਿਰੋਧੀ, ਗਰੀਬ ਜਮਾਤ 'ਚੋਂ ਉਪਜਿਆ ਬੁੱਧੀਜੀਵੀ ਵਿਰੋਧੀ ਆਪਣਾ ਆਦਮੀ ਸਮਝਦੇ ਹਨ। ਇਸ ਲਈ 56 ਇੰਚ ਦੀ ਛਾਤੀ, ਉਸ ਦਾ ਘੁਮੰਡ, ਘਰ ਮੇਂ ਘੁਸ ਕੇ ਮਾਰੂਗਾ ਵਰਗੇ ਬੇਹੂਦਾ ਸ਼ਬਦ ਉਸ ਨੂੰ ਨਾਇਕ ਬਣਾਉਂਦੇ ਹਨ। ਲੋਕਤੰਤਰੀ ਭਾਵਨਾਵਾਂ ਪ੍ਰਤੀ ਨਫਰਤ ਨੂੰ ਅੰਗਰੇਜ਼ੀ ਸ਼ਾਸਕਾਂ ਵੱਲੋਂ ਬਣਾਈ ਗਈ ਅਫਸਰਸ਼ਾਹੀ ਪ੍ਰਤੀ ਨਫਰਤ ਸਮਝਿਆ ਜਾਂਦਾ ਹੈ।

ਚੋਣ ਮੁਹਿੰਮ ਦੌਰਾਨ ਬਹੁਤ ਸਾਰੇ ਯੂ ਟਿਊਬਰ ਆਪਣੀਆਂ ਵੀਡੀਓਜ਼ ਵਿਚ ਲੋਕਾਂ ਦੇ ਗੁੱਸੇ ਨੂੰ ਦਿਖਾਉਂਦੇ ਹਨ, ਜੋ ਲੱਖ ਸ਼ਿਕਾਇਤਾਂ ਹੋਣ ਦੇ ਬਾਵਜੂਦ ਅਖੀਰ ਵਿਚ ਕਹਿੰਦੇ ਹਨ, "ਵੋਟ ਤੋ ਹਮ ਮੋਦੀ ਕੋ ਹੀ ਡਾਲੇਂਗੇ"। ਲੋਕ ਸਮਝਦੇ ਹਨ ਕਿ ਉਨ੍ਹਾਂ ਦੀਆਂ ਤਕਲੀਫਾਂ ਦਾ ਕਾਰਨ ਪ੍ਰਸ਼ਾਸਨਿਕ ਅਧਿਕਾਰੀ ਹਨ, ਬਾਬੂ ਲੋਕ ਹਨ, ਮੋਦੀ ਨਹੀਂ। ਲੋਕ ਸਵੀਕਾਰ ਕਰਦੇ ਹਨ ਕਿ ਬੇਰੁਜ਼ਗਾਰੀ ਬਹੁਤ ਹੈ, ਮਹਿੰਗਾਈ ਬਹੁਤ ਹੈ, ਪਰ ਉਹ ਮੋਦੀ ਨੂੰ ਕਤਈ ਇਸ ਦਾ ਦੋਸ਼ੀ ਨਹੀਂ ਸਮਝਦੇ। ਜੇ ਅੰਕੜਿਆਂ ਦਾ ਹਿਸਾਬ ਲਾਈਏ ਤਾਂ ਲਗਦਾ ਕਿ ਮੋਦੀ ਦੇ ਜਾਦੂ ਵਿਚ ਕਮੀ ਨਹੀਂ ਆਈ। ਉਸ ਦੇ ਜਿੱਤ ਦੇ ਵਕਫੇ ਵਿਚ ਆਈ ਕਮੀ ਕਾਰਨ ਸਾਨੂੰ ਕੁਝ ਗਲਤ-ਫਹਿਮੀ ਹੋ ਸਕਦੀ ਹੈ।

ਅਸਲ ਜਾਦੂ ਕੀ ਸੀ? 2024 ਦੀਆਂ ਚੋਣਾਂ ਵਿਚ ਜੇ ਕੋਈ ਜਾਦੂਈ ਚੀਜ਼ ਸੀ ਤਾਂ ਉਹ ਹੈ ਵਿਰੋਧੀ ਧਿਰ ਦੀ ਏਕਤਾ। ਇਹ ਕੋਈ ਅਨੋਖੀ ਘਟਨਾ ਨਹੀਂ ਸੀ। ਇੱਕ ਸਕੂਲ ਦਾ ਵਿਦਿਆਰਥੀ ਵੀ ਤੁਹਾਨੂੰ ਦੱਸ ਸਕਦਾ ਹੈ ਕਿ ਜੇ ਤੁਸੀਂ ਕਿਸੇ ਤਾਕਤਵਰ ਦੁਸ਼ਮਣ ਦਾ ਮੁਕਾਬਲਾ ਕਰਨਾ ਹੈ ਤਾਂ ਆਪਣੀਆਂ ਬਿਖਰੀਆਂ ਸ਼ਕਤੀਆਂ ਨੂੰ ਇਕੱਠਾ ਕਰੋ ਤੇ ਲੜੋ। ਅਫਸੋਸ ਹੈ ਇਹ ਏਕਤਾ ਦੇਰੀ ਨਾਲ ਹੋਈ। ਫਿਰ ਵੀ ਵਿਰੋਧੀ ਪਾਰਟੀਆਂ ਦੇ ਨੇਤਾਵਾਂ ਨੂੰ ਦਾਦ ਦੇਣੀ ਪਵੇਗੀ ਕਿ ਉਨ੍ਹਾਂ ਸੀਟਾਂ ਦੀ ਵੰਡ ਨੂੰ ਨੇਪਰੇ ਚਾੜ੍ਹਿਆ, ਜਿਸ ਕਰਕੇ ਉਨ੍ਹਾਂ ਦੀ ਵੋਟਾਂ ਦੀ ਹਿੱਸੇਦਾਰੀ ਵਧ ਕੇ 42% ਹੋ ਗਈ, ਜਦ ਕਿ ਐੱਨ ਡੀ ਏ ਦੀ 45% ਹੈ। ਇਹ 50% ਤੋਂ ਵੀ ਉਪਰ ਜਾ ਸਕਦੀ ਹੈ ਕਿਉਂਕਿ 55% ਲੋਕ ਐੱਨ ਡੀ ਏ ਦੇ ਜਾਂ ਤਾਂ ਵਿਰੋਧੀ ਹਨ ਜਾਂ ਇਸ ਪ੍ਰਤੀ ਉਦਾਸੀਨ ਹਨ। ਅਜੇ ਵੀ ਭਾਜਪਾ ਵਿਰੋਧੀ ਧਿਰ ਵਿਚ ਪਾੜ ਪਾਉਣ ਵਿਚ ਸਫਲ ਰਹੀ ਹੈ, ਵੋਟਾਂ ਵੰਡ ਕੇ ਸੀਟਾਂ ਜਿੱਤਣ ਵਿਚ ਕਾਮਯਾਬ ਹੋਈ ਹੈ। ਉਦਾਹਰਣ ਦੇ ਲਈ ਮਾਇਆਵਤੀ ਦੀ ਅਗਵਾਈ ਵਾਲੀ ਬਸਪਾ ਐੱਨ ਡੀ ਏ ਨੂੰ 16 ਸੀਟਾਂ ਦੇਣ ਵਿਚ ਸਫਲ ਹੋਈ ਹੈ।

ਵਿਰੋਧੀ ਧਿਰ ਨੂੰ ਕੁਝ ਹੋਰ ਸੁਧਾਰ ਕਰਨ ਦੀ ਜ਼ਰੂਰਤ ਹੈ। ਇਸ ਨੂੰ ਇਹ ਨਹੀਂ ਸੋਚਣਾ ਚਾਹੀਦਾ ਕਿ ਭਾਜਪਾ ਦੇ ਹਿੰਦੂਤਵ ਦਾ ਮੁਕਾਬਲਾ "ਮੈਂ ਵੀ ਹਿੰਦੂ ਹਾਂ" ਕਹਿ ਕੇ ਹੀ ਕੀਤਾ ਜਾ ਸਕਦਾ ਹੈ। ਜੋ ਭਾਜਪਾ ਵਿਰੋਧੀ ਹਿੰਦੂ ਹਨ, ਉਹ ਹਿੰਦੂਆਂ ਨੂੰ ਨਹੀਂ ਤਲਾਸ਼ ਰਹੇ ਸਗੋਂ ਉਹ ਭਾਜਪਾ ਦੇ ਫਿਰਕੂ ਕੱਟੜਵਾਦ ਦੇ ਵਿਰੋਧੀ ਹਿੰਦੂਆਂ ਦੀ ਤਲਾਸ਼ ਵਿਚ ਹਨ। ਜੇ ਤੁਸੀਂ ਉਨ੍ਹਾਂ ਨੂੰ ਕਾਇਲ ਕਰ ਸਕਦੇ ਹੋ ਤਾਂ ਬਹੁਤੇ ਭਾਜਪਾ ਵਿਰੋਧੀ ਵੋਟ ਜੋ ਤਕਰੀਬਨ 60 ਫੀਸਦੀ ਬਣਦੇ ਹਨ, ਇੰਡੀਆ ਨੂੰ ਭੁਗਤ ਸਕਦੇ ਹਨ।

ਬਹੁਤੇ ਟਿੱਪਣੀਕਾਰਾਂ ਨੂੰ ਆਸ ਹੈ ਕਿ ਮੋਦੀ ਦੀ ਤੀਸਰੀ ਪਾਰੀ ਦੀ ਸਰਕਾਰ ਸਥਿਰ ਸਰਕਾਰ ਨਹੀਂ ਹੋਵੇਗੀ ਅਤੇ ਹੋ ਸਕਦਾ ਹੈ ਕਿ ਇਹ ਆਪਣਾ ਪੂਰਾ ਸਮਾਂ ਨਾ ਚੱਲ ਸਕੇ। ਮੈਂ ਸਹਿਮਤ ਨਹੀਂ ਹਾਂ। ਸਰਕਾਰ ਬਣਾਉਣ ਦੇ ਮੌਕੇ ਉਹ ਕੋਈ ਵੀ ਹੱਥਕੰਡੇ ਵਰਤ ਸਕਦਾ ਹੈ ਪਰ ਫਿਰ ਉਹ ਜ਼ਖਮੀ ਸ਼ੇਰਨੀ ਵਾਂਗ ਪੂਰਾ ਤਾਨਾਸ਼ਾਹ ਬਣ ਕੇ ਸਾਹਮਣੇ ਆਵੇਗਾ। ਉਦਾਹਰਣ ਲਈ ਉਨ੍ਹਾਂ ਮੁਸਲਿਮ ਤੇ ਦਲਿਤ ਵੋਟਰਾਂ ਤੋਂ ਗਿਣਗਿਣ ਬਦਲੇ ਲਵੇਗਾ, ਜਿਹਨਾਂ ਨੇ ਭਾਜਪਾ ਨੂੰ ਵੋਟ ਨਹੀਂ ਪਾਈ। ਅਰਬਨ ਨਕਸਲ ਦੇ ਨਾਂਅ 'ਤੇ ਪੱਤਰਕਾਰਾਂ, ਬੁੱਧੀਜੀਵੀਆਂ, ਸਰਕਾਰ ਦੀ ਨੁਕਤਾਚੀਨੀ ਕਰਨ ਵਾਲਿਆਂ ਖਿਲਾਫ ਪਹਿਲਾਂ ਵਾਂਗ ਕਾਰਵਾਈ ਹੋਵੇਗੀ। ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਦੇ ਪਰਦੇ ਹੇਠ ਸਿਆਸੀ ਵਿਰੋਧੀਆਂ ਦੇ ਖਿਲਾਫ ਕੇਂਦਰੀ ਏਜੰਸੀਆਂ ਵੱਲੋਂ ਮੁਕੱਦਮੇ ਦਰਜ ਕੀਤੇ ਜਾਣਗੇ। ਚੋਣਾਂ ਤੋਂ ਬਾਅਦ ਦੇ ਆਪਣੇ ਭਾਸ਼ਣ ਵਿਚ ਇਸ ਦੇ ਸੰਕੇਤ ਮਿਲਦੇ ਹਨ। ਬੁਢੇ ਬਾਰੇ ਉਸ ਦਾ ਵਿਵਹਾਰ ਬਦਲ ਜਾਵੇਗਾ, ਇਸ

(ਬਾਕੀ ਸਫਾ 9 'ਤੇ)

# ਆਓ ਕਬੀਰ ਜੀ ਦੇ ਦਰਸਾਏ ਮਾਰਗ 'ਤੇ ਚੱਲ ਕੇ ਆਪਣਾ ਜੀਵਨ ਸਫਲ ਕਰੀਏ

**ਲਲਿਤ ਗੁਪਤਾ**

ਕਬੀਰ ਦਾਸ ਜਯੰਤੀ 22 ਜੂਨ 2024 ਨੂੰ ਮਨਾਈ ਜਾ ਰਹੀ ਹੈ। ਕਬੀਰ ਜੀ ਦਾ ਜਨਮ 1398 ਈਸਵੀ ਵਿੱਚ ਜੇਠ ਮਹੀਨੇ ਦੀ ਸ਼ੁਕਲ ਪੱਖ ਦੀ ਪੂਰਨਮਾਸ਼ੀ ਨੂੰ ਕਾਸ਼ੀ ਵਿੱਚ ਹੋਇਆ ਸੀ। ਇਸ ਦਿਨ ਸੰਤ ਕਬੀਰ ਦਾਸ ਦੇ ਪੈਰੋਕਾਰ ਉਨ੍ਹਾਂ ਨੂੰ ਯਾਦ ਕਰਦੇ ਹਨ ਅਤੇ ਉਨ੍ਹਾਂ ਦੇ ਕਿੱਸੇ ਅਤੇ ਦੋਹੇ ਸੁਣਾਉਂਦੇ ਹਨ। ਇਸ ਸਾਲ ਭਾਵ 2024 ਵਿੱਚ ਸੰਤ ਕਬੀਰ ਦਾਸ ਦਾ 627ਵਾਂ ਜਨਮ ਦਿਨ ਮਨਾਇਆ ਜਾਵੇਗਾ।

ਕਬੀਰ ਦਾਸ ਜੀ ਭਗਤੀ ਕਾਲ ਦੇ ਮੁੱਖ ਕਵੀ ਸਨ, ਇਸ ਲਈ ਉਨ੍ਹਾਂ ਦੇ ਜਨਮ ਦਿਹਾੜੇ 'ਤੇ ਸੰਤ ਕਬੀਰ ਦੀ ਯਾਦ 'ਚ ਕਈ ਪ੍ਰੋਗਰਾਮ ਕਰਵਾਏ ਜਾਂਦੇ ਹਨ। ਉਹਨਾਂ ਦੀਆਂ ਲਿਖਤਾਂ ਪੜ੍ਹੀਆਂ ਜਾਂਦੀਆਂ ਹਨ। ਕਿਹਾ ਜਾਂਦਾ ਹੈ ਕਿ ਕਬੀਰ ਦਾਸ ਦੇ ਸਮੇਂ ਅੰਧ-ਵਿਸ਼ਵਾਸ ਅਤੇ ਬੁਰਾਈਆਂ ਆਪਣੇ ਸਿਖਰ 'ਤੇ ਸਨ, ਇਸ ਲਈ ਕਬੀਰ ਜੀ ਨੇ ਅੰਧ-ਵਿਸ਼ਵਾਸਾਂ ਅਤੇ ਬੁਰਾਈਆਂ ਦੇ ਵਿਰੁੱਧ ਸਮਾਜ ਸੁਧਾਰ 'ਤੇ ਬਹੁਤ ਜ਼ੋਰ ਦਿੱਤਾ। ਇਸ ਲਈ ਕਬੀਰ ਦਾਸ ਜੀ ਨੂੰ ਸਮਾਜ ਸੁਧਾਰਕ ਵਜੋਂ ਵੀ ਜਾਣਿਆ ਜਾਂਦਾ ਹੈ। ਉਨ੍ਹਾਂ ਦੁਆਰਾ ਲਿਖੇ ਦੋਹੇ ਮੰਦਰਾਂ ਅਤੇ ਮੱਠਾਂ ਵਿੱਚ ਗਾਏ ਜਾਂਦੇ ਹਨ। ਜਿਸ ਸਥਾਨ 'ਤੇ ਕਬੀਰ ਜੀ ਪ੍ਰਗਟ ਹੋਏ ਉਸ ਸਥਾਨ ਨੂੰ ਪ੍ਰਗਟ ਸਥਲੀ ਕਿਹਾ ਜਾਂਦਾ ਹੈ ਅਤੇ ਪ੍ਰਗਟ ਸਥਲੀ ਮੰਦਰ ਲਹਿਰਤਾਰਾ ਵਿੱਚ ਬਣਿਆ ਹੋਇਆ ਹੈ।

ਜੀਵਨ ਦੀ ਮਹਿਮਾ ਦਾ ਵਰਣਨ ਕਰਦਿਆਂ ਭਗਤ ਕਬੀਰ ਜੀ ਆਖਦੇ ਹਨ ਕਿ,

ਜੀਵਨ ਮੇਂ ਮਰਨਾ ਭਲਾ, ਜੋ ਮਰ ਜਾਣੈ ਕੋਇ।
ਮਰਨਾ ਪਹਿਲੇ ਜੋ ਮਰੈ ਅਜਰ ਅਮਰ ਸੋ ਹੋਇ॥

ਜਿਸ ਮਨੁੱਖ ਦੇ ਸਰੀਰ ਵਿਚ ਰਹਿੰਦਿਆਂ ਹਉਮੈ ਦਾ ਨਾਸ਼ ਹੋ ਗਿਆ, ਉਹ ਕਾਮ-ਵਾਸਨਾ ਤੋਂ ਰਹਿਤ ਹੋ ਕੇ ਜੀਵਨ ਤੋਂ ਮੁਕਤ ਹੋ ਜਾਂਦਾ ਹੈ।

ਮੈਂ ਮੇਰਾ ਘਰ ਜਾਲਿਆ, ਲਿਆ ਪਤੀਲਾ ਹਾਥ।
ਜੌ ਘਰ ਜਾਰੋ ਆਪਣਾ ਚਲੋ ਹਮਾਰੇ ਸਾਥ॥

ਭਾਵ ਸੰਸਾਰ - ਸਰੀਰ ਵਿੱਚ ਮੈਂ - ਅਹੰਕਾਰ ਦੀ ਹਉਮੈ ਹੋ ਰਹੀ ਹੈ - ਗਿਆਨ ਦੀ ਅੱਗ ਨੂੰ ਹੱਥ ਵਿੱਚ ਲੈ ਕੇ ਇਸ ਘਰ ਨੂੰ ਸਾੜ ਦਿਓ ਕਿਉਕਿ ਤੇਰੀ ਹਉਮੈ - ਜੀਵਨ ਰੂਪੀ ਘਰ ਨੂੰ ਅੱਗ ਲਾ ਦਿੰਦੀ ਹੈ।

ਬੁਰਾ ਜੋ ਦੇਖਣ ਮੈਂ ਚਲਾ ਬੁਰਾ ਨਾ ਮਿਲਿਆ ਕੋਏ।
ਜੋ ਮਨ ਦੇਖਾ ਆਪਣਾ, ਮੁੱਝ ਸੇ ਬੁਰਾ ਨਾ ਕੋਏ॥

ਭਾਵ ਕਬੀਰ ਦਾਸ ਜੀ ਕਹਿੰਦੇ ਹਨ ਕਿ ਮੈਂ ਸਾਰੀ ਉਮਰ ਦੂਸਰਿਆਂ ਦੀਆਂ ਬੁਰਾਈਆਂ ਦੇਖਣ ਵਿੱਚ ਲੱਗਾ ਰਿਹਾ, ਪਰ ਜਦੋਂ ਮੈਂ ਆਪਣੇ ਮਨ ਵਿੱਚ ਝਾਤੀ ਮਾਰੀ ਤਾਂ ਪਤਾ ਲੱਗਾ ਕਿ ਮੇਰੇ ਨਾਲੋਂ ਬੁਰਾ ਕੋਈ ਨਹੀਂ। ਮੈਂ ਸਭ ਤੋਂ ਵੱਧ ਸਵਾਰਥੀ ਅਤੇ ਮਾੜਾ ਇਨਸਾਨ ਹਾਂ, ਯਾਨੀ ਅਸੀਂ ਦੂਜਿਆਂ ਵਿੱਚ ਬਹੁਤ ਸਾਰੀਆਂ ਮਾੜੀਆਂ ਚੀਜ਼ਾਂ ਦੇਖਦੇ ਹਾਂ, ਪਰ ਆਪਣੇ ਅੰਦਰ ਝਾਤੀ ਮਾਰੋ ਤਾਂ ਪਤਾ ਲੱਗੇਗਾ ਕਿ ਸਾਡੇ ਤੋਂ ਮਾੜਾ ਕੋਈ ਨਹੀਂ ਹੈ।

ਸੰਤ ਕਬੀਰ ਦਾਸ ਜਯੰਤੀ ਦੇ ਮੌਕੇ 'ਤੇ ਉਹਨਾਂ ਦੇ ਜੀਵਨ ਦੀ ਦਿਲਚਸਪ ਕਹਾਣੀ ਨੂੰ ਸਮਝੋ, ਜਿਸ ਵਿੱਚ ਉਹਨਾਂ ਨੇ ਇੱਕ ਨੌਜਵਾਨ ਨੂੰ ਬਹੁਤ ਹੀ ਸਰਲ ਤਰੀਕੇ ਨਾਲ ਸਤਿਸੰਗ ਦੀ ਮਹੱਤਤਾ ਸਮਝਾਈ ਹੈ। ਕਿਹਾ ਜਾਂਦਾ ਹੈ ਕਿ ਇੱਕ ਵਾਰ ਇੱਕ ਨੌਜਵਾਨ ਸੰਤ ਕਬੀਰ ਦੇ ਕੋਲ ਆਇਆ ਅਤੇ ਕਿਹਾ ਕਿ ਗੁਰੂਦੇਵ ਜੀ ਮੇਰੀ ਮਾਂ ਅਤੇ ਪਿਤਾ ਮੈਨੂੰ ਉਪਦੇਸ਼ ਸੁਣਨ ਲਈ ਮਜਬੂਰ ਕਰਦੇ ਹਨ, ਜਦੋਂ ਕਿ ਮੈਂ ਜ਼ਿੰਦਗੀ ਵਿੱਚ ਬਹੁਤ ਪੜ੍ਹਿਆ-ਲਿਖਿਆ ਹਾਂ ਅਤੇ ਸਹੀ ਅਤੇ ਗਲਤ ਦੇ ਫਰਕ ਨੂੰ ਚੰਗੀ ਤਰ੍ਹਾਂ ਸਮਝਦਾ ਹਾਂ। ਕਿਰਪਾ ਕਰਕੇ ਮੈਨੂੰ ਦੱਸੋ ਕਿ ਮੈਨੂੰ ਸਤਿਸੰਗ ਸੁਣਨ ਦੀ ਲੋੜ ਹੈ? ਕਬੀਰ ਦਾਸ ਨੇ ਉਸ ਨੌਜਵਾਨ ਦੀ ਗੱਲ ਸੁਣੀ ਅਤੇ ਹਥੌੜਾ ਚੁੱਕ ਕੇ ਜ਼ਮੀਨ 'ਤੇ ਗੱਡੇ ਇੱਕ ਕਿੱਲੇ 'ਤੇ ਮਾਰਿਆ। ਨੌਜਵਾਨ ਨੂੰ ਲੱਗਾ ਕਿ ਸੰਤ ਨੇ ਉਸ ਦੀਆਂ ਗੱਲਾਂ ਵੱਲ ਧਿਆਨ ਨਹੀਂ ਦਿੱਤਾ। ਇਸ ਤੋਂ ਬਾਅਦ ਉਹ ਨੌਜਵਾਨ ਉਥੋਂ ਉੱਠ ਕੇ ਚਲਾ ਗਿਆ। ਅਗਲੇ ਦਿਨ ਉਹ ਫਿਰ ਕਬੀਰ ਦਾਸ ਕੋਲ ਆਇਆ ਅਤੇ ਆਪਣੀ ਗੱਲ ਦੁਹਰਾਈ।



ਪਹਿਲੇ ਦਿਨ ਵਾਂਗ ਬਿਨਾਂ ਕੁਝ ਕਹੇ ਕਬੀਰ ਦਾਸ ਨੇ ਵੀ ਹਥੌੜਾ ਲੈ ਕੇ ਜ਼ਮੀਨ 'ਤੇ ਲੱਗੇ ਕਿੱਲੇ 'ਤੇ ਮਾਰਿਆ। ਨੌਜਵਾਨ ਨੇ ਸੋਚਿਆ ਕਿ ਸ਼ਾਇਦ ਗੁਰੂ ਜੀ ਨੇ ਚੁੱਪ ਰਹਿਣ ਦੀ ਕਸਮ ਖਾਧੀ ਹੈ, ਇਸ ਲਈ ਉਹ ਉਨ੍ਹਾਂ ਦੀਆਂ ਗੱਲਾਂ ਦਾ ਜਵਾਬ ਨਹੀਂ ਦੇ ਰਹੇ। ਅਗਲੇ ਦਿਨ ਉਸ ਨੇ ਕਬੀਰ ਦਾਸ ਨਾਲ ਫਿਰ ਗੱਲ ਕੀਤੀ ਅਤੇ ਕਬੀਰ ਦਾਸ ਨੇ ਜਵਾਬ ਦੇਣ ਦੀ ਬਜਾਏ ਉਹੀ ਗੱਲ ਕੀਤੀ। ਇਸ ਵਾਰ ਉਸ ਲੜਕੇ ਨੂੰ ਗੁੱਸਾ ਆ ਗਿਆ ਅਤੇ ਕਿਹਾ ਕਿ ਮੈਂ ਤੁਹਾਨੂੰ ਆਪਣੀਆਂ ਗੱਲਾਂ ਵਾਰ-ਵਾਰ ਦੱਸ ਰਿਹਾ ਹਾਂ, ਫਿਰ ਵੀ ਤੁਸੀਂ ਮੇਰੀਆਂ ਗੱਲਾਂ ਦਾ ਜਵਾਬ ਕਿਉਂ ਨਹੀਂ ਦਿੰਦੇ।

ਫਿਰ ਕਬੀਰ ਦਾਸ ਨੇ ਕਿਹਾ ਕਿ ਤੁਸੀਂ ਇਹ ਕਿਵੇਂ ਸੋਚ ਲਿਆ ਕਿ ਮੈਂ ਤੁਹਾਨੂੰ ਉੱਤਰ ਨਹੀਂ ਦਿੱਤਾ। ਮੈਂ ਹਰ ਵਾਰ ਜਵਾਬ ਦਿੱਤਾ ਹੈ ਪਰ ਤੁਸੀਂ ਹੀ ਹੋ, ਜਿਸ ਨੂੰ ਇਹ ਸਮਝ ਨਹੀਂ ਆਈ। ਮੈਂ ਇਸ ਕਿੱਲੇ ਨੂੰ ਹਥੌੜੇ ਨਾਲ ਮਾਰ ਕੇ ਇਸ ਦੀ ਪਕੜ ਨੂੰ ਮਜ਼ਬੂਤ ਕਰ ਰਿਹਾ ਹਾਂ ਤਾਂ ਜੋ ਜਾਨਵਰ ਆਦਿ ਇਸ ਨਾਲ ਬੰਨ੍ਹਣ ਤੋਂ ਬਾਅਦ ਉਸ ਦੇ ਚਾਹਣ ਦੇ ਬਾਵਜੂਦ ਉਸ ਕਿੱਲੇ ਨੂੰ ਬਾਹਰ ਨਾ ਕੱਢ ਸਕਣ ਅਤੇ ਖੁੱਲ੍ਹ ਕੇ ਭੱਜ ਨਾ ਸਕਣ।

ਇਹੀ ਸਾਡੇ ਜੀਵਨ ਵਿੱਚ ਸਤਿਸੰਗ ਦਾ ਕੰਮ ਹੈ। ਸਤਿਸੰਗ ਦੌਰਾਨ ਦਿੱਤੇ ਗਏ ਪ੍ਰਵਚਨ ਹਥੌੜੇ ਵਾਂਗ ਹੁੰਦੇ ਹਨ ਜੋ ਤੁਹਾਡੇ ਮਨ ਦੇ 'ਤੇ ਵਾਰ ਕਰਦੇ ਹਨ।ਇਹ ਤੁਹਾਡੇ ਮਨ ਅਤੇ ਪਵਿੱਤਰ ਭਾਵਨਾਵਾਂ ਦੀ ਪਕੜ ਨੂੰ ਮਜ਼ਬੂਤ ਕਰਦਾ ਹੈ। ਅਜਿਹੀ ਸਥਿਤੀ ਵਿੱਚ, ਕੋਈ ਵੀ ਤੁਹਾਨੂੰ ਚਾਹੇ ਵੀ ਗਲਤ ਰਸਤੇ 'ਤੇ ਨਹੀਂ ਖਿੱਚ ਸਕਦਾ। ਇਸ ਲਈ ਜੀਵਨ ਵਿੱਚ ਸਤਿਸੰਗ ਅਤੇ ਪ੍ਰਵਚਨ ਸੁਣਨ ਦਾ ਵਿਸ਼ੇਸ਼ ਮਹੱਤਵ ਹੈ।ਤੁਸੀਂ ਭਾਵੇਂ ਜਿੰਨਾ ਮਰਜ਼ੀ ਪੜ੍ਹੋ-ਲਿਖੋ, ਪਰ ਸਮੇਂ-ਸਮੇਂ 'ਤੇ ਸਤਿਗੁਰ ਦੇ ਉਪਦੇਸ਼ ਸੁਣਦੇ ਰਹੋ।ਆਓ ਕਬੀਰ ਜੀ ਦੇ ਦਰਸਾਏ ਮਾਰਗ 'ਤੇ ਚੱਲ ਕੇ ਆਪਣਾ ਜੀਵਨ ਸਫਲ ਕਰੀਏ।

**# ਸੰਪਰਕ : 97815-90500**

# ਬਹੁਪੱਖੀ ਸ਼ਖਸੀਅਤ ਗਿਆਨੀ ਹੀਰਾ ਸਿੰਘ ਦਰਦ

**ਹਰਜੀਤ ਸਿੰਘ (ਡਾ.)**

1900 ਈ. ਤੋਂ ਮਗਰੋਂ ਪੰਜਾਬੀ ਵਿੱਚ ਦੇਸ਼ ਭਗਤੀ ਤੇ ਇਨਕਲਾਬੀ ਸਾਹਿਤ ਦੀ ਲਹਿਰ ਚਲਾਉਣ, ਪੰਜਾਬੀ ਪੱਤਰਕਾਰੀ ਨੂੰ ਨਿੱਗਰ ਲੀਹਾਂ 'ਤੇ ਤੋਰਨ, ਪੰਜਾਬੀ ਭਾਸ਼ਾ ਦੀ ਪ੍ਰਗਤੀ ਲਈ ਜਥੇਬੰਦਕ ਉਪਰਾਲੇ ਕਰਨ, ਪੰਜਾਬ ਵਿੱਚ ਵਿੱਦਿਅਕ ਕ੍ਰਾਂਤੀ ਦਾ ਮੁੱਢ ਬੰਨ੍ਹਣ ਵਾਲੀ ਬਹੁ-ਪੱਖੀ ਸ਼ਖਸੀਅਤ ਦੇ ਸੁਆਮੀ ਗਿਆਨੀ ਹੀਰਾ ਸਿੰਘ 'ਦਰਦ' ਦਾ ਜਨਮ 12 ਫ਼ਰਵਰੀ 1887 ਈ. ਨੂੰ ਪਿੰਡ ਘਘਰੋਟ, ਜ਼ਿਲ੍ਹਾ ਰਾਵਲਪਿੰਡੀ ਵਿੱਚ ਹੋਇਆ। ਪਿਤਾ ਸ. ਹਰੀ ਸਿੰਘ ਕਿਰਸਾਨ ਸਨ। ਜ਼ਮੀਨ ਥੋੜ੍ਹੀ ਹੋਣ ਕਾਰਨ ਹੋਰ ਕਿਰਤ ਵੀ ਕਰਦੇ ਸਨ।

ਦਰਦ ਜੀ ਨੂੰ ਆਰਥਕ ਤੰਗੀ ਕਾਰਨ ਵਿੱਦਿਆ ਪ੍ਰਾਪਤੀ ਦੇ ਚੰਗੇ ਮੌਕੇ ਨਹੀਂ ਮਿਲੇ। ਪਿਤਾ ਜੀ ਤੋਂ ਗੁਰਮੁਖੀ ਅਤੇ ਗੁਰਬਾਣੀ ਦੀ ਸਿੱਖਿਆ ਪ੍ਰਾਪਤ ਕੀਤੀ। ਮਿਸ਼ਨ ਹਾਈ ਸਕੂਲ, ਰਾਵਲਪਿੰਡੀ ਤੋਂ ਮੁੱਢਲੀ ਸਿੱਖਿਆ ਲਈ। 1913 ਈ. ਵਿੱਚ ਵਿਦਵਾਨ ਦੀ ਪ੍ਰੀਖਿਆ ਯੂਨੀਵਰਸਿਟੀ ਵਿੱਚੋਂ ਪਹਿਲੇ ਸਥਾਨ 'ਤੇ ਅਤੇ 1914 ਈ. ਵਿੱਚ ਗਿਆਨੀ ਦੀ ਪ੍ਰੀਖਿਆ ਦੂਜੇ ਸਥਾਨ 'ਤੇ ਰਹਿ ਕੇ ਪ੍ਰਾਈਵੇਟ ਪਾਸ ਕੀਤੀ। ਦਸਵੀਂ ਵੀ ਪ੍ਰਾਈਵੇਟ ਪਾਸ ਕੀਤੀ। ਉਰਦੂ, ਅੰਗਰੇਜ਼ੀ ਤੇ ਹਿੰਦੀ ਦਾ ਖੁੱਲ੍ਹਾ ਮੁਤਾਲਿਆ ਕੀਤਾ।



ਆਰਥਿਕ ਤੰਗੀਆਂ ਨਾਲ ਜੂਝਦਿਆਂ ਬੀਤਿਆ ਮੁੱਢਲਾ ਜੀਵਨ, ਪ੍ਰਾਪਤੀਆਂ ਦਾ ਠੋਸ ਆਧਾਰ ਬਣਿਆ। ਕੁਝ ਛੋਟੀਆਂ ਨੌਕਰੀਆਂ ਕਰਨ ਉਪਰੰਤ 1907 ਈ. ਵਿੱਚ ਚੁੰਗੀ ਦੇ ਸਰਕਾਰੀ ਮਹਿਕਮੇ ਵਿੱਚ ਮੁਹੱਰਰ ਲੱਗ ਗਏ। 1907 ਈ. ਵਿੱਚ ਉੱਘੇ ਦੇਸ਼ ਭਗਤ ਸ. ਅਜੀਤ ਸਿੰਘ ਜੀ ਦਾ ਜੋਸ਼ੀਲਾ ਭਾਸ਼ਨ ਸੁਣ ਕੇ ਦਿਲ ਵਿੱਚ ਆਜ਼ਾਦੀ ਦੀ ਜੋਤ ਜਗ ਪਈ।

ਦਰਦ ਜੀ ਨੂੰ ਪਹਿਲਾ ਤਜਰਬਾ ਅਸਫ਼ਲ ਹੜਤਾਲ ਦਾ ਹੋਇਆ। 1907 ਈ. ਵਿੱਚ ਸਾਥੀਆਂ ਨਾਲ ਰਲ ਕੇ ਤਨਖਾਹ ਵਧਾਉਣ ਲਈ ਚੁੰਗੀ ਮਹਿਕਮੇ ਦੇ ਸੁਪਰਡੈਂਟ ਮਿ: ਟੇਲਰ ਨੂੰ ਮੈਮੋਰੰਡਮ ਦਿੱਤਾ ਤੇ ਹੜਤਾਲ ਕਰ ਦਿੱਤੀ। ਦਬਾਅ ਤੇ ਤਣਾਅ ਵਿੱਚ ਸਾਥੀ ਮੁਆਫ਼ੀ ਮੰਗ ਗਏ। ਦਰਦ ਜੀ ਨੇ ਹੜਤਾਲ ਕਾਰਨ ਤਰੱਕੀ ਰੋਕੇ ਜਾਣ 'ਤੇ ਅਸਤੀਫ਼ਾ ਦੇ ਦਿੱਤਾ।

ਦਰਦ ਜੀ ਨੇ ਸੰਤ ਅਤਰ ਸਿੰਘ ਮਸਤੂਆਣਾ, ਮਾ. ਸੁੰਦਰ ਸਿੰਘ ਲਾਇਲਪੁਰੀ, ਮਾ. ਤਾਰਾ ਸਿੰਘ ਆਦਿ ਨਾਲ ਰਲ ਕੇ 1908 ਈ. ਤੋਂ 1918 ਈ. ਤੱਕ ਪੰਜਾਬ ਵਿੱਚ ਵਿੱਦਿਅਕ ਕ੍ਰਾਂਤੀ ਲਿਆਉਣ ਲਈ ਵੱਖ-ਵੱਖ ਇਲਾਕਿਆਂ ਵਿੱਚ ਸਕੂਲ ਖੋਲ੍ਹੇ ਅਤੇ ਮਿਸ਼ਨਰੀ ਭਾਵਨਾ ਨਾਲ ਅਧਿਆਪਨ ਦਾ ਕੰਮ ਕੀਤਾ।

1912 ਈ. ਵਿੱਚ 'ਖਾਲਸਾ ਸੇਵਕ' ਦੇ ਉਪ ਸੰਪਾਦਕ ਬਣੇ। 1913-14 ਈ. ਵਿੱਚ ਗੁਰਦੁਆਰਾ ਰਕਾਬਗੰਜ ਸਾਹਿਬ ਦੀ ਕੰਧ ਢਾਹੇ ਜਾਣ ਵਿਰੁੱਧ ਅੰਦੋਲਨ ਵਿੱਚ ਸਰਗਰਮ ਰਹੇ। 1914 ਈ. ਵਿੱਚ ਕਾਮਾਗਾਟਾ ਮਾਰੂ ਜਹਾਜ਼ ਦੇ ਸ਼ਹੀਦਾਂ ਲਈ ਅਖੰਡ ਪਾਠ ਕਰਵਾਉਣ ਦੇ ਜੁਰਮ ਵਿੱਚ ਗ੍ਰਿਫ਼ਤਾਰ ਹੋਏ।

21 ਮਈ 1920 ਈ. ਨੂੰ ਮਾ: ਸੁੰਦਰ ਸਿੰਘ ਲਾਇਲਪੁਰੀ ਅਤੇ ਸ. ਮੰਗਲ ਸਿੰਘ ਨਾਲ ਰਲ ਕੇ ਲਾਹੌਰ ਤੋਂ 'ਰੋਜ਼ਾਨਾ ਅਕਾਲੀ' ਅਖ਼ਬਾਰ ਜਾਰੀ ਕੀਤਾ। ਦਰਦ ਜੀ ਇਸ ਦੇ ਪਹਿਲੇ ਸੰਪਾਦਕ ਨਿਯੁਕਤ ਕੀਤੇ ਗਏ। ਉਨ੍ਹਾਂ ਨੇ ਜੋਸ਼ੀਲੇ ਲੇਖਾਂ ਅਤੇ ਕਵਿਤਾਵਾਂ ਰਾਹੀਂ ਗੁਰਦੁਆਰਾ ਸੁਧਾਰ ਲਹਿਰ ਨੂੰ ਲੋਕ-ਲਹਿਰ ਬਣਾਉਣ ਦਾ ਉੱਦਮ ਕੀਤਾ। ਸੰਪਾਦਕ ਦੇ ਤੌਰ 'ਤੇ ਅੰਗਰੇਜ਼ੀ ਸਰਕਾਰ ਵਿਰੁੱਧ ਪ੍ਰਚਾਰ ਦੇ ਦੋਸ਼ ਤਹਿਤ ਜੂਨ 1921 ਈ. ਨੂੰ ਗ੍ਰਿਫ਼ਤਾਰ ਹੋਏ ਤੇ ਛੇ ਮਹੀਨੇ ਕੈਦ ਕੱਟੀ। 1922 ਈ. ਵਿੱਚ ਢਾਈ ਸਾਲ ਦੀ ਕੈਦ ਤੇ ਦੋ ਹੋਰ ਸਜ਼ਾਵਾਂ ਹੋਈਆਂ। 1925 ਈ. ਵਿੱਚ ਫਿਰ ਛੇ ਮਹੀਨੇ ਕੈਦ ਹੋਈ ਅਤੇ ਸਰਕਾਰ ਨੇ ਘਰ ਅਤੇ ਜ਼ਮੀਨ ਜ਼ਬਤ ਕਰਕੇ ਨਿਲਾਮ ਕਰ ਦਿੱਤੀ।

1924 ਈ. ਵਿੱਚ 'ਫੁਲਵਾੜੀ' ਮਾਸਿਕ ਪੱਤਰ ਜਾਰੀ ਕੀਤਾ, ਜੋ 1956 ਈ. ਤੱਕ ਪ੍ਰਕਾਸ਼ਿਤ ਹੁੰਦਾ ਰਿਹਾ। ਇਸ ਰਾਹੀਂ ਨਵੇਂ ਵਿਚਾਰਾਂ, ਸਾਹਿਤਕ ਵੰਨਗੀਆਂ, ਇਤਿਹਾਸਕਾਰਾਂ, ਆਲੋਚਕਾਂ ਤੇ ਖੋਜੀਆਂ ਨੂੰ ਸਥਾਪਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ।

ਦਰਦ ਜੀ ਕੌਮੀ ਦਰਦ, ਨਵਾਂ ਯੁੱਗ, ਦੇਸ਼ ਭਗਤ, ਲਾਲ ਸਵੇਰਾ ਆਦਿ ਦੇ ਵੀ ਸੰਪਾਦਕ ਰਹੇ।

ਦਰਦ ਜੀ ਨੇ ਸੈਂਟਰਲ ਸਿੱਖ ਲੀਗ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਵਜੋਂ ਸੇਵਾ ਵੀ ਨਿਭਾਈ। 1925 ਈ. ਵਿੱਚ ਅੰਮ੍ਰਿਤਸਰ ਕਾਂਗਰਸ ਦੇ ਪ੍ਰਧਾਨ, ਸੂਬਾ ਅਤੇ ਸਰਬ-ਹਿੰਦ ਕਾਂਗਰਸ ਕਮੇਟੀ ਦੇ ਮੈਂਬਰ ਬਣੇ।

ਦਰਦ ਜੀ 1925 ਈ. ਵਿੱਚ ਕਾਨ੍ਹਪੁਰ ਵਿੱਚ ਹੋਈ ਪਹਿਲੀ ਸਿਆਸੀ ਕਾਨਫ਼ਰੰਸ ਵਿੱਚ ਭਾਈ ਸੰਤੋਖ ਸਿੰਘ 'ਕਿਰਤੀ' ਨਾਲ ਸ਼ਾਮਲ ਹੋਏ। ਇੱਥੇ ਹੀ ਦਰਦ ਜੀ ਭਾਈ ਸੰਤੋਖ ਸਿੰਘ ਜੀ, ਸ੍ਰੀ ਕਿਦਾਰ ਨਾਥ ਸਹਿਗਲ ਅਤੇ ਹਸਰਤ ਮੁਹਾਨੀ ਦੇ ਨਾਲ ਹਿੰਦੁਸਤਾਨੀ ਕਮਿਊਨਿਸਟ ਪਾਰਟੀ ਦੇ ਗਠਨ ਲਈ ਬੁਲਾਈ ਗਈ ਮੀਟਿੰਗ ਵਿੱਚ ਬਤੌਰ ਡੈਲੀਗੇਟ ਸ਼ਾਮਲ ਹੋਏ।

1926 ਈ. ਵਿੱਚ ਬਣੀ ਪੰਜਾਬੀ ਸਭਾ ਦੇ ਸਕੱਤਰ ਨਿਯੁਕਤ ਕੀਤੇ ਗਏ। 1936-37 ਈ. ਵਿੱਚ ਕਾਂਗਰਸ ਸਿੱਖ ਪਾਰਟੀ ਪੰਜਾਬ ਦੇ ਸਕੱਤਰ ਬਣਾਏ ਗਏ। 1938 ਈ. 'ਚ ਮਾਰਕਸਵਾਦ 'ਤੇਡੂੰਘਾ ਅਧਿਐਨ ਕਰਕੇ ਕਮਿਊਨਿਸਟ ਵਿਚਾਰਾਂ ਦੇ ਧਾਰਨੀ ਹੋ ਗਏ। 'ਹਿੰਦ ਛੋੜ ਜਾਓ' ਲਹਿਰ ਵਿੱਚ ਸਰਗਰਮ ਹਿੱਸਾ ਲੈਣ ਕਰਕੇ 1942 ਈ. ਤੋਂ 1945 ਈ. ਤੱਕ ਕੈਦ ਰਹੇ।

1945 ਈ. ਵਿੱਚ ਵਾਇਸਰਾਏ ਲਾਰਡ ਵੈਵਲ ਵੱਲੋਂ ਸ਼ਿਮਲਾ ਵਿੱਚ ਰੱਖੀ ਗਈ ਕਾਨਫ਼ਰੰਸ ਵਿੱਚ ਦਰਦ ਜੀ, ਮੁਹੰਮਦ ਅਲੀ ਜਿਨਾਹ, ਮਾ. ਤਾਰਾ ਸਿੰਘ, ਅਬੁਲ ਕਲਾਮ ਆਜ਼ਾਦ, ਡਾ. ਕਿਚਲੂ ਆਦਿ ਨਾਲ ਸ਼ਾਮਲ ਹੋਏ।

1947 ਈ. ਵਿੱਚ ਦੇਸ਼ ਵੰਡ ਉਪਰੰਤ ਲਾਹੌਰ ਛੱਡ ਕੇ ਜਲੰਧਰ ਆ ਗਏ। 1949 ਈ. ਵਿੱਚ 'ਕਿਰਤੀ ਕਿਸਾਨ ਲਹਿਰ' ਵਿੱਚ ਸਰਗਰਮ ਹਿੱਸਾ ਲੈਣ ਕਾਰਨ ਦਰਦ ਜੀ ਯੋਲ ਕੈਂਪ ਜੇਲ੍ਹ ਵਿੱਚ ਕੈਦ ਰਹੇ।

1954 ਈ. ਵਿੱਚ 'ਗ਼ਦਰ ਪਾਰਟੀ ਦਾ ਇਤਿਹਾਸ' ਤਿਆਰ ਕਰਨ ਵਾਲੀ ਕਮੇਟੀ ਵਿੱਚ ਮੈਂਬਰ ਲਿਆ ਗਿਆ। ਦੇਸ਼ ਭਗਤ ਯਾਦਗਾਰ ਹਾਲ ਕਮੇਟੀ ਦੇ ਟਰੱਸਟੀ ਰਹੇ। 1956 ਈ. ਵਿੱਚ ਆਪ ਨੂੰ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਕਨਵੀਨਰ ਬਣਾਇਆ ਗਿਆ। ਦਰਦ ਜੀ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਪਹਿਲੇ ਜਨਰਲ ਸਕੱਤਰ ਬਣਾਏ ਗਏ। 1960 ਈ. ਵਿੱਚ ਆਪ ਜੀ ਦੀਆਂ ਸਾਹਿਤਕ ਸੇਵਾਵਾਂ ਬਦਲੇ ਭਾਸ਼ਾ ਵਿਭਾਗ ਪੰਜਾਬ ਵੱਲੋਂ ਸਨਮਾਨ ਦਿੱਤਾ ਗਿਆ।

ਦਰਦ ਜੀ ਦੀ ਸਾਹਿਤਕ ਰਚਨਾ ਦੀ ਮਹਾਨਤਾ ਉਨ੍ਹਾਂ ਨੂੰ ਦੇਸ਼ ਭਗਤ ਇਨਕਲਾਬੀ, ਸਮਾਜਵਾਦੀ ਤੇ ਲੋਕ ਹਿਤੈਸ਼ੀ ਸਾਹਿਤਕਾਰ ਦੇ ਰੂਪ ਵਿੱਚ ਸਥਾਪਤ ਕਰਨ ਵਿੱਚ ਹੈ। ਦਰਦ ਸੁਨੇਹੇ (ਤਿੰਨ ਭਾਗ), ਚੋਣਵੇਂ ਦਰਦ ਸੁਨੇਹੇ, ਹੋਰ ਅਗੇਰੇ, ਆਸ ਦੀ ਤੰਦ, ਮੇਰੀਆਂ ਕੁਝ ਇਤਿਹਾਸਕ ਯਾਦਾਂ, ਬ੍ਰਿਜ ਭੂਮੀ ਤੇ ਮਲਾਇਆ ਦੀ ਯਾਤਰਾ, ਦੇਸ਼ ਭਗਤਾਂ ਤੇ ਰਾਜਸੀ ਆਗੂਆਂ ਦੀਆਂ 39 ਜੀਵਨੀਆਂ, ਬਹੁ-ਪੱਖੀ ਚਿੰਤਨ ਵਾਲੇ 132 ਲੇਖ, ਗਾਂਧੀ ਜੀ ਦੀਆਂ ਸਿਮਰਤੀਆਂ, ਗ਼ਦਰ ਲਹਿਰ ਦੀ ਲਹੂ-ਰੰਗੀ ਕਹਾਣੀ, ਗ਼ਦਰ ਲਹਿਰ ਦੀ ਕਹਾਣੀ ਗ਼ਦਰੀ ਬਾਬਿਆਂ ਦੀ ਜ਼ੁਬਾਨੀ, ਪੰਥ, ਧਰਮ ਤੇ ਰਾਜਨੀਤੀ, ਪੰਜਾਬੀ ਸੂਬੇ ਦੀ ਸਮੱਸਿਆ, ਸੋਸ਼ਲਿਜ਼ਮ ਕੀ ਹੈ? ਫਾਸ਼ਿਜ਼ਮ ਕੀ ਹੈ? ਪੰਜਾਬੀ ਸਾਹਿਤ ਦਾ ਇਤਿਹਾਸ ਆਦਿ ਉਨ੍ਹਾਂ ਦੀਆਂ ਸਾਹਿਤਕ ਰਚਨਾਵਾਂ ਹਨ। ਹੁਣ ਤੱਕ ਉਨ੍ਹਾਂ ਦੀਆਂ ਰਚਨਾਵਾਂ 'ਤੇ ਤਿੰਨ ਪੀ ਐੱਚ ਡੀ ਅਤੇ ਅੱਠ ਐੱਮ ਫਿਲ ਦੇ ਥੀਸਿਸ ਪ੍ਰਵਾਨ ਚੜ੍ਹ ਚੁੱਕੇ ਹਨ। ਤਿੰਨ ਪੀ ਐੱਚ ਡੀ ਦੇ ਹੋਰ ਵਿਦਿਆਰਥੀ ਕੰਮ ਕਰ ਰਹੇ ਹਨ। ਇਹ ਮਹਾਨ ਸ਼ਖਸੀਅਤ 22 ਜੂਨ 1965 ਈ. ਨੂੰ ਸਦੀਵੀ ਵਿਛੋੜਾ ਦੇ ਗਈ।

**# ਸੰਪਰਕ : 94170-33153**

CMYK

22-JUNE-PAGE-5.qxd 6/21/2024 9:38 PM Page 1



# ਠੇਕਾ ਮੁਲਾਜ਼ਮਾਂ ਵੱਲੋਂ ਲੇਬਰ ਕਮਿਸ਼ਨਰ ਦਫ਼ਤਰ ਅੱਗੇ ਧਰਨਾ



ਬਿਜਲੀ ਕਰੰਟ ਲੱਗਣ ਨਾਲ ਅਪਾਹਜ ਹੋਏ ਕਾਮੇ ਨੂੰ ਲੈ ਕੇ ਡੀ. ਸੀ. ਦਫਤਰ ਅੱਗੇ ਧਰਨਾ ਦਿੰਦੇ ਹੋਏ ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਨੁਮਾਇੰਦੇ।

**ਮੋਗਾ (ਇਕਬਾਲ ਸਿੰਘ ਖਹਿਰਾ)**-ਪਾਵਰਕਾਮ ਐਂਡ ਟਰਾਂਸਕੋ ਠੇਕਾ ਮੁਲਾਜ਼ਮ ਯੂਨੀਅਨ ਸਰਕਲ ਫਰੀਦਕੋਟ ਵੱਲੋਂ ਮੋਗਾ ਵਿਖੇ 43 ਦਫਤਰ ਅੱਗੇ ਬਿਜਲੀ ਦਾ ਕਰੰਟ ਲੱਗਣ ਕਾਰਨ ਹੋਏ ਅਪੰਗ ਕਾਮਿਆਂ ਨੂੰ ਲੈ ਕੇ ਪਰਵਾਰਾਂ ਸਮੇਤ ਧਰਨਾ ਦਿੱਤਾ।ਧਰਨੇ ਨੂੰ ਸੰਬੋਧਨ ਕਰਦਿਆਂ ਸਰਕਲ ਪ੍ਰਧਾਨ ਸੁਖਚੈਨ ਸਿੰਘ ਡਵੀਜ਼ਨ ਪ੍ਰਧਾਨ ਨਿਸ਼ਾਨ ਸਿੰਘ, ਸੂਬਾ ਆਗੂ ਜਸਪ੍ਰੀਤ ਸਿੰਘ ਗਗਨ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ, ਹਰਪ੍ਰੀਤ ਸਿੰਘ, ਕੁਲਦੀਪ ਸਿੰਘ ਤੇ ਵਿਸ਼ੇਸ਼ ਤੌਰ 'ਤੇ ਰਾਜਵਿੰਦਰ ਸਿੰਘ ਪੁੱਜੇ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਕੋਸਦਿਆਂ ਮੌਜੂਦਾ ਸਰਕਾਰ ਵੱਲੋਂ ਕੋਈ ਵੀ ਵਾਅਦਾ ਪੂਰਾ ਨਹੀਂ ਕੀਤਾ ਗਿਆ। ਆਊਟਸੋਰਸਿੰਗ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਦੀ ਮੰਗ ਸਰਕਾਰ ਪ੍ਰਵਾਨ ਨਹੀਂ ਕਰ ਰਹੀ, ਜਿਸ ਲਈ ਕਾਮੇ ਲਗਾਤਾਰ ਸੰਘਰਸ਼ ਵੀ ਕਰ ਰਹੇ ਹਨ।ਉਨ੍ਹਾਂ ਦੱਸਿਆ ਕਿ ਪਾਵਰਕਾਮ ਆਊਟ-ਸੋਰਸਿੰਗ ਸੀ.ਐੱਚ.ਬੀ. ਤੇ ਡਬਲਿਊ ਠੇਕਾ ਕਾਮਿਆਂ ਨਾਲ ਘਾਤਕ ਤੇ ਗੈਰ-ਘਾਤਕ ਹਾਦਸੇ ਵਾਪਰ ਰਹੇ ਹਨ। ਪਾਵਰਕਾਮ ਮੈਨੇਜਮੈਂਟ ਅਧਿਕਾਰੀਆਂ ਵੱਲੋਂ ਸਰਕਾਰ ਤੇ ਕੰਪਨੀਆਂ ਤੋਂ ਮਿਲਣ ਯੋਗ ਕੋਈ ਵੀ ਮੁਆਵਜ਼ਾ ਨਹੀਂ ਦਿੱਤਾ ਜਾ ਰਿਹਾ ਅਤੇ ਇੱਕ ਦਿਨ ਦੀ ਛੁੱਟੀ ਦੇ 1600 ਤੋਂ ਲੈ ਕੇ 2000 ਰੁਪਏ ਤੱਕ ਕਰਨ ਵਾਸਤੇ ਤਨਖਾਹ ਕਟੌਤੀ ਕੀਤੀ ਜਾ ਰਹੀ ਹੈ, ਜੋ ਗੈਰ-ਕਾਨੂੰਨੀ ਢੰਗ ਨਾਲ ਇਨ੍ਹਾਂ ਕੰਪਨੀਆਂ ਵੱਲੋਂ ਕਟੌਤੀ ਕੀਤੀ ਜਾ ਰਹੀ ਹੈ। ਕਿਰਤ ਵਿਭਾਗ ਅਨੁਸਾਰ ਘੱਟੋ ਘੱਟ ਮਿਲਣ ਯੋਗ ਉਜ਼ਰਤਾਂ ਵੀ ਲਾਗੂ ਨਹੀਂ ਕੀਤੀਆਂ ਜਾ ਰਹੀਆਂ। ਮਿਲਣਯੋਗ ਵਰਕ ਆਰਡਰ ਮੁਤਾਬਕ ਮੋਬਾਇਲ ਭੱਤਾ ਤੇ ਤੇਲ ਭੱਤਾ ਘੱਟ ਦਿੱਤਾ ਜਾ ਰਿਹਾ ਹੈ। ਧਰਨੇ ਦੌਰਾਨ ਸਹਾਇਕ ਕਿਰਤ ਕਮਿਸ਼ਨਰ ਮੋਗਾ ਵੱਲੋਂ ਆਗੂਆਂ ਨੂੰ ਸੱਦ ਕੇ ਭਰੋਸਾ ਦਿਵਾਇਆ ਕਿ ਬਿਜਲੀ ਦਾ ਕਰੰਟ ਲੱਗਣ ਕਾਰਨ ਅਪੰਗ ਹੋਏ ਅਤੇ ਮੌਤ ਦੇ ਮੂੰਹ ਪਏ ਕਾਮਿਆਂ ਨੂੰ ਮੁਆਵਜ਼ਾ ਦਿਵਾਇਆ ਜਾਵੇਗਾ ਅਤੇ ਹੋਰ ਦਰਜ ਮੰਗ ਪੱਤਰ ਵਿੱਚ ਮੰਗਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ। ਸਹਾਇਕ ਕੀਰਤ ਕਮਿਸ਼ਨਰ ਮੋਗਾ ਵੱਲੋਂ 22 ਨਵੰਬਰ 2023 ਨੂੰ ਪਾਵਰਕਾਮ ਅਧਿਕਾਰੀਆਂ ਨੂੰ ਸੱਦਣ ਦਾ ਪੱਤਰ ਜਾਰੀ ਕੀਤਾ ਗਿਆ, ਜਿਸ 'ਚ ਸਹਾਇਕ ਕਿਰਤ ਕਮਿਸ਼ਨਰ ਵੱਲੋਂ ਮੰਗਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ ਸੀ, ਪਰ ਕਈ ਵਾਰ ਮੀਟਿੰਗਾਂ ਹੋਣ ਦੇ ਵਾਬਜੂਦ 19 ਜੂਨ ਨੂੰ ਸਹਾਇਕ ਕਿਰਤ ਕਮਿਸ਼ਨਰ ਦੇ ਮੀਟਿੰਗ ਦੌਰਾਨ ਵੀ ਕੋਈ ਹੱਲ ਨਹੀਂ ਹੋਇਆ, ਜਿਸ ਦੇ ਰੋਸ ਵਜੋਂ 20 ਜੂਨ ਨੂੰ ਸਹਾਇਕ ਕਿਰਤ ਕਮਿਸ਼ਨਰ ਮੋਗਾ ਵਿਖੇ ਪਰਵਾਰ ਸਮੇਤ ਧਰਨਾ ਲਾ ਕੇ ਪ੍ਰਦਰਸ਼ਨ ਕੀਤਾ ਗਿਆ ਅਤੇ ਯੂਨੀਅਨ ਵੱਲੋਂ ਫੈਸਲਾ ਲਿਆ ਗਿਆ ਕਿ ਜਦ ਤੱਕ ਸਾਡੀਆਂ ਮੰਗਾਂ ਮਸਲਿਆਂ ਦਾ ਹੱਲ ਨਹੀਂ ਹੁੰਦਾ ਉਨੀ ਦੇਰ ਕੰਮ ਮੁਕੰਮਲ ਤੌਰ 'ਤੇ ਬੰਦ ਰਹੇਗਾ।

# ਮੁੱਖ ਮੰਤਰੀ ਨੂੰ ਹਰੇਕ ਹਲਕੇ ਦੀ ਜ਼ਿਮਨੀ ਚੋਣ 'ਚ ਡੇਰੇ ਲਗਾਉਣ ਲਈ ਘਰ ਲੈਣੇ ਪੈਣਗੇ : ਰਾਜਾ ਵੜਿੰਗ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਤੇ ਸਾਂਸਦ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਸ਼ੁਭਮ ਸ਼ੁਭੀ ਸ਼ਰਮਾ ਦੇ ਗ੍ਰਿਹ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਲੰਧਰ ਜ਼ਿਮਨੀ ਚੋਣ ਲਈ ਜਲੰਧਰ ਵਿਖੇ ਡੇਰੇ ਲਗਾਉਣ ਲਈ ਜਲੰਧਰ ਵਿਖੇ ਘਰ ਲੈਣ ਦੇ ਦਿੱਤੇ ਬਿਆਨ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਹਾਲ ਹੀ ਦੌਰਾਨ ਹੋਈਆਂ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਸੂਬੇ ਦੇ ਲੋਕਾਂ ਨੇ ਬੁਰੀ ਤਰ੍ਹਾਂ ਨਕਾਰ ਦਿੱਤਾ ਹੈ।ਪੰਜਾਬ ਵਿੱਚ 'ਆਪ' ਦੀ ਹੋਈ ਸ਼ਰਮਨਾਕ ਹਾਰ ਤੋਂ ਪਾਰਟੀ ਨੂੰ ਸਬਕ ਲੈਣਾ ਚਾਹੀਦਾ ਹੈ ਤੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਜੇਕਰ ਮੁੱਖ ਮੰਤਰੀ ਸਾਹਿਬ ਨੇ ਜਲੰਧਰ ਦੀ ਤਰ੍ਹਾਂ ਹੀ ਜ਼ਿਮਨੀ ਚੋਣਾਂ ਵਾਲੇ ਹਲਕਿਆਂ ਵਿੱਚ ਡੇਰੇ ਲਗਾਉਣੇ ਹਨ ਤਾਂ ਉਨ੍ਹਾਂ ਨੂੰ ਪੰਜਾਬ ਵਿੱਚ ਚਾਰ/ਪੰਜ ਘਰ ਹੋਰ ਲੈਣੇ ਪੈਣਗੇ।

ਉਨ੍ਹਾਂ ਪੰਜਾਬ ਵਿੱਚ ਨਸ਼ੇ ਦੇ ਬੋਲਬਾਲੇ 'ਤੇ ਟਿੱਪਣੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨਸ਼ੇ ਨੂੰ ਰੋਕਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ, ਹਾਲ ਹੀ ਦੌਰਾਨ ਪਿਛਲੇ 14 ਦਿਨਾਂ ਵਿੱਚ ਪੰਜਾਬ ਵਿੱਚ 14 ਮੌਤਾਂ ਨੇ ਪੰਜਾਬ ਸਰਕਾਰ ਦੀ ਨਸ਼ੇ ਰੋਕਣ ਸਬੰਧੀ ਬਿਆਨਬਾਜ਼ੀ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ 12 ਘੰਟੇ ਬਿਜਲੀ ਦੇਣ ਦੇ ਬਿਆਨ ਹੇਠ ਪੰਜਾਬ ਦੇ ਲੋਕਾ ਨੂੰ ਗੁੰਮਰਾਹ ਕੀਤਾ ਗਿਆ ਹੈ। ਪੰਜਾਬ ਦੇ ਕਈ ਮੁੱਦਿਆਂ ਤੇ ਮੁੱਖ ਮੰਤਰੀ ਨੂੰ ਸੰਜੀਦਗੀ ਨਾਲ ਵਿਚਾਰ ਚਰਚਾ ਕਰਨ ਦੀ ਲੋੜ ਹੈ।ਨੀਟ ਲੀਕ ਦੇ ਮਾਮਲੇ 'ਤੇ ਟਿੱਪਣੀ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਭਾਜਪਾ ਸਰਕਾਰ ਦੀ ਮਿਲੀਭੁਗਤ ਦਾ ਨਤੀਜਾ ਹੈ।ਇਸ ਮਾਮਲੇ ਵਿੱਚ ਕਈ ਵਿਦਿਆਰਥੀ ਡਿਪਰੈਸ਼ਨ ਦਾ ਸ਼ਿਕਾਰ ਹੋ ਗਏ ਤੇ ਕਈਆਂ ਨੇ ਆਤਮ ਹੱਤਿਆ ਕਰਨ ਦੀ ਕੋਸ਼ਿਸ਼ ਕੀਤੀ ਹੈ।ਉਨ੍ਹਾਂ ਕਿਹਾ ਕਿ ਸੀਬੀਆਈ ਤਾਂ ਸਰਕਾਰ ਦਾ ਤੋਤਾ ਹੈ, ਜਿਸ 'ਤੇ ਵਿਸ਼ਵਾਸ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਨੀਟ ਮਾਮਲੇ ਦੀ ਜਾਂਚ ਸੁਪਰੀਮ ਕੋਰਟ ਦੇ ਜੱਜ ਤੋਂ ਕਰਵਾਉਣ ਦੀ ਮੰਗ ਕੀਤੀ।ਉਨ੍ਹਾ ਕਿਹਾ ਕਿ ਇੱਕ ਦੂਜੇ 'ਤੇ ਇਲਜ਼ਾਮਬਾਜ਼ੀ ਕਰਨ ਦੀ ਬਜਾਏ ਪੰਜਾਬ ਸਰਕਾਰ ਨੂੰ ਨਸ਼ੇ ਦੇ ਮੁੱਦੇ ਨੂੰ ਲੈ ਕੇ ਘੱਟੋ-ਘੱਟ ਇੱਕ ਹਫ਼ਤਾ ਪੰਜਾਬ ਵਿਧਾਨ ਸਭਾ ਦਾ ਸੈਸ਼ਨ ਸੱਦਣਾ ਚਾਹੀਦਾ ਹੈ ਅਤੇ ਇਸ ਗੰਭੀਰ ਤੇ ਅਤਿ ਸੰਵੇਦਨਸ਼ੀਲ ਮੁੱਦੇ 'ਤੇ ਸਹੁੰ ਖਾਣ ਦੀ ਬਜਾਏ ਸਾਰੀਆਂ ਪਾਰਟੀਆਂ ਨੂੰ ਸੰਜੀਦਗੀ ਦਿਖਾਉਣ ਦੀ ਲੋੜ ਹੈ।

ਇਸ ਮੌਕੇ ਸਾਬਕਾ ਮੰਤਰੀ ਵਿਜੈਇੰਦਰ ਸਿੰਗਲਾ, ਸਾਬਕਾ ਵਿਧਾਇਕ ਮਦਨ ਲਾਲ, ਲਖਵੀਰ ਸਿੰਘ ਬਮਾਲ, ਲੱਖਾ ਰਾਜਿੰਦਰਾਪੁਰੀ, ਡਾ. ਜਰਨੈਲ ਸਿੰਘ, ਭੋਲਾ ਸ਼ਰਮਾ, ਸੱਤਪਾਲ ਈਸੜਾ, ਨਰੇਸ਼ ਕੁਮਾਰ ਕਾਲਾ, ਕਾਕਾ ਨੱਥੂਮਾਜਰਾ, ਅਨਿਲ ਕੁਮਾਰ ਸ਼ਰਮਾ ਆਦਿ ਹਾਜ਼ਰ ਸਨ।

# ਕਿਸਾਨ ਤੇ ਭਰਾਤਰੀ ਜਥੇਬੰਦੀਆਂ ਨੇ ਗਰੀਬ ਦੇ ਮਕਾਨ ਦੀ ਕੁਰਕੀ ਰੁਕਵਾਈ



**ਦਿੜ੍ਹਬਾ (ਜਸਵੀਰ ਲਾਡੀ)**-ਛਾਜਲੀ ਵਿਖੇ ਭਾਰਤੀ ਕਿਸਾਨ ਯੂਨੀਅਨ ਏਕਤਾ ਆਜ਼ਾਦ ਤੇ ਭਰਾਤਰੀ ਜਥੇਬੰਦੀਆਂ ਨੇ ਗਰੀਬ ਬਾਰੂ ਸਿੰਘ ਪੁੱਤਰ ਜੋਗਿੰਦਰ ਸਿੰਘ ਦੇ ਮਕਾਨ ਦੀ ਕੁਰਕੀ ਰੁਕਵਾਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੰਤ ਰਾਮ ਛਾਜਲੀ ਤੇ ਜਸਵੀਰ ਸਿੰਘ ਮੈਦੇਵਾਸ ਨੇ ਕਿਹਾ ਕਿ ਉਹ ਪੰਜਾਬ ਵਿੱਚ ਕੋਈ ਵੀ ਕੁਰਕੀ ਨਹੀਂ ਹੋਣ ਦੇਣਗੇ।ਉਨ੍ਹਾਂ ਕਿਹਾ ਕੁਰਕੀ ਕਿਸੇ ਮਸਲੇ ਦਾ ਹੱਲ ਨਹੀਂ।ਉਨ੍ਹਾਂ ਕਿਹਾ ਕਿ ਕਿਸਾਨਾਂ, ਮਜ਼ਦੂਰਾਂ, ਦੁਕਾਨਦਾਰਾਂ ਸਿਰ ਚੜ੍ਹੇ ਕਰਜ਼ੇ ਦਾ ਮੁੱਖ ਕਾਰਨ ਸਰਕਾਰ ਦੀਆਂ ਕਾਰਪੋਰੇਟ ਘਰਾਣਿਆਂ ਨਾਲ ਮਿਲ ਕੇ ਬਣਾਈਆਂ ਘਟੀਆ ਲੋਨ ਨੀਤੀਆਂ ਦਾ ਨਤੀਜਾ ਹਨ।ਉਨ੍ਹਾਂ ਕਿਹਾ ਕਿ ਕੋਰੋਨਾ ਕਾਲ ਸਮੇਂ ਆਈ ਆਰਥਿਕ ਮੰਦਹਾਲੀ ਕਾਰਨ ਛਾਜਲੀ ਦੁਕਾਨਦਾਰ ਬਾਰੂ ਸਿੰਘ ਕਰਜ਼ਾ ਮੋੜਨ ਵਿੱਚ ਅਸਮਰਥ ਰਿਹਾ।ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਯੂਨੀਅਨ ਦੇ ਫ਼ੈਸਲੇ ਅਨੁਸਾਰ ਉਹ ਕਿਸੇ ਵੀ ਕੀਮਤ 'ਤੇ ਕੁਰਕੀ ਨਹੀਂ ਹੋਣ ਦੇਣਗੇ।ਇਸ ਮੌਕੇ ਸੀ.ਪੀ.ਆਈ. ਐੱਮ. ਐੱਲ. ਲਿਬਰੇਸ਼ਨ ਘੁਮੰਡ ਸਿੰਘ ਖ਼ਾਲਸਾ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਮੀਤ ਪ੍ਰਧਾਨ ਜ਼ਿਲ੍ਹਾ ਸੰਗਰੂਰ, ਬਾਬਾ ਸਾਧਾ ਸਿੰਘ ਤਰਨਾ ਦਲ ਬਾਬਾ ਰਾਜਾ ਰਾਜ ਸਿੰਘ, ਗੋਬਿੰਦ ਰਾਮ, ਤਾਰਾ ਸਿੰਘ ਛਾਜਲੀ, ਨਛੱਤਰ ਸਿੰਘ ਪੂਨੀਆ, ਗੁਰਚਰਨ ਸਿੰਘ ਬਲਾਕ ਖਜਾਨਚੀ, ਦਰਸ਼ਨ ਸਿੰਘ ਮੀਤਾ ਪਿੰਡ ਇਕਾਈ ਪ੍ਰਧਾਨ, ਸਤਗੁਰ ਸਿੰਘ ਨਮੋਲ ਸੁਨਾਮ ਬਲਾਕ ਪ੍ਰਧਾਨ, ਬਲਜੀਤ ਕੌਰ ਸੂਬਾ ਪ੍ਰਧਾਨ, ਕੁਲਵੰਤ ਕੌਰ ਪਿੰਡ ਇਕਾਈ ਪ੍ਰਧਾਨ ਛਾਜਲੀ, ਗੁਰਚਰਨ ਸਿੰਘ ਬਿਗੜ ਵਾਲ ਬਲਾਕ ਇਕਾਈ ਪ੍ਰਧਾਨ, ਭੋਲਾ ਸਿੰਘ ਇਕਾਈ ਪ੍ਰਧਾਨ ਛਾਜਲੀ, ਪਿੰਡ ਦੇ ਪਤਵੰਤੇ, ਆਮ ਲੋਕ ਤੇ ਵੱਡੀ ਗਿਣਤੀ ਵਿੱਚ ਬੀਬੀਆਂ ਹਾਜ਼ਰ ਸਨ।

# ਭਾਕਿਯੂ (ਏਕਤਾ) ਡਕੌਂਦਾ ਵੱਲੋਂ ਮਾਨਸਾ ਵਿਖੇ ਕਮੇਟੀ ਗਠਿਤ

**ਮਾਨਸਾ (ਪਮਾਰ)**-ਭਾਰਤੀ ਕਿਸਾਨ ਯੂਨੀਅਨ (ਏਕਤਾ) ਡਕੌਂਦਾ ਵੱਲੋਂ ਮਾਨਸਾ ਵਿਖੇ ਬਲਾਕ ਪ੍ਰਧਾਨ ਬਲਜੀਤ ਸਿੰਘ ਭੈਣੀ ਬਾਘਾ ਦੀ ਅਗਵਾਈ ਵਿੱਚ ਮੀਟਿੰਗ ਕਰਵਾਈ ਅਤੇ ਮੌਕੇ 'ਤੇ ਕਮੇਟੀ ਦੀ ਚੋਣ ਕੀਤੀ ਗਈ।ਚੁਣੀ ਹੋਈ ਕਮੇਟੀ ਦੇ ਪ੍ਰਧਾਨ ਜਗਸੀਰ ਸਿੰਘ, ਜਨਰਲ ਸਕੱਤਰ ਗੁਰਮੇਲ ਸਿੰਘ, ਖਜ਼ਾਨਚੀ ਦਰਸ਼ਨ ਸਿੰਘ, ਪ੍ਰੈੱਸ ਸਕੱਤਰ ਵਿਕਰਮਜੀਤ ਸਿੰਘ, ਸਹਾਇਕ ਸਕੱਤਰ ਗੁਰਚਰਨ ਸਿੰਘ ਤੇ ਕਮੇਟੀ ਮੈਂਬਰ ਰਾਮਪਾਲ, ਤਰਸੇਮ ਸਿੰਘ, ਬੂਟਾ ਸਿੰਘ ਤੇ ਸਿਮਰਨਜੀਤ ਸਿੰਘ ਚੁਣੇ ਗਏ।ਇਸ ਮੌਕੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਸਾਨ ਆਗੂ ਮੱਖਣ ਸਿੰਘ ਭੈਣੀ ਬਾਘਾ ਨੇ ਕਿਹਾ ਕਿ ਕਾਰਪੋਰੇਟ ਦੇ ਲੋਕ ਮਾਰੂ ਹੱਲੇ ਨੂੰ ਰੋਕਣ ਲਈ ਅੱਜ ਕਿਰਤੀ ਵਰਗ ਦਾ ਜਥੇਬੰਦਕ ਹੋ ਕੇ ਲੜਨਾ ਮੌਜੂਦਾ ਸਮੇਂ ਦੀ ਲੋੜ ਹੈ। ਉਨ੍ਹਾ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਐਲਾਨੇ ਫਸਲਾਂ ਦੇ ਸਮਰਥਨ ਮੁੱਲ ਵਿੱਚ ਕੀਤੇ ਮਾਮੂਲੀ ਵਾਧੇ ਤੋਂ ਮੋਦੀ ਸਰਕਾਰ ਦਾ ਕਿਸਾਨ ਵਿਰੋਧੀ ਤੇ ਨਵਉਦਾਰਵਾਦੀ ਕਾਰਪੋਰੇਟ ਪੱਖੀ ਚਿਹਰਾ ਸਾਫ਼ ਹੋ ਗਿਆ ਹੈ।ਉਨ੍ਹਾਂ ਲੋਕਾਂ ਨੂੰ ਭਰੋਸਾ ਦਵਾਇਆ ਕਿ ਜਥੇਬੰਦੀ ਵੱਲੋਂ ਕਿਰਤੀ ਲੋਕਾਂ ਦੀ ਲੜਾਈ ਤਨਦੇਹੀ ਨਾਲ ਲੜੀ ਜਾਵੇਗੀ ਅਤੇ ਜਥੇਬੰਦੀ ਵਿੱਚ ਹਰ ਆਗੂ ਤੇ ਵਰਕਰ ਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਅਕਲੀਆ ਵੀ ਮੌਜੂਦ ਰਹੇ।

## ਕਾਤਰਾਂ

### ਜੇਲ੍ਹ 'ਚੋਂ 4 ਮੋਬਾਇਲ ਬਰਾਮਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਕੇਂਦਰੀ ਜੇਲ੍ਹ ਵਿੱਚ ਤਲਾਸ਼ੀ ਦੌਰਾਨ 4 ਮੋਬਾਇਲ ਫੋਨ ਬਰਾਮਦ ਹੋਏ ਹਨ। ਇਸ ਸਬੰਧੀ ਥਾਨਾ ਸਿਟੀ ਫਿਰੋਜ਼ਪੁਰ ਪੁਲਸ ਨੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 8702 ਰਾਹੀਂ ਸਰਬਜੀਤ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 19 ਜੂਨ 2024 ਨੂੰ ਕਰੀਬ 9.45 ਪੀਐੱਮ 'ਤੇ ਬਲਾਕ ਨੰਬਰ 1 ਦੀ ਬੈਰਕ ਨੰਬਰ 4 ਦੇ ਪਿਛਲੇ ਪਾਸੇ ਤਲਾਸ਼ੀ ਦੌਰਾਨ ਬੈਰਕ ਦੇ ਪਿਛਲੇ ਪਾਸੇ ਬਣੇ ਛੱਜੇ ਤੋਂ 2 ਟੱਚ ਮੋਬਾਇਲ ਫੋਨ ਬਰਾਮਦ ਹੋਏ। ਇਕ ਮੋਬਾਇਲ ਐੱਮ ਆਈ ਸਮੇਤ ਸਿੰਮ ਕਾਰਡ ਵੀ ਆਈ, ਇੱਕ ਮੋਬਾਇਲ ਫੋਲ ਉਪੋ ਸਮੇਤ ਸਿੰਮ ਕਾਰਡ ਵੀ ਆਈ, ਇੱਕ ਮੋਬਾਇਲ ਫੋਨ ਵੀਵੋ ਸਮੇਤ ਸਿੰਮ ਕਾਰਡ ਵੀ ਆਈ ਤੇ 1 ਮੋਬਾਇਲ ਫੋਨ ਉਪੋ ਸਿੰਮ ਕਾਰਡ ਵੀ ਆਈ ਬਰਾਮਦ ਹੋਇਆ।

### 80 ਬੋਤਲਾਂ ਨਜਾਇਜ਼ ਸ਼ਰਾਬ ਤੇ 16 ਗ੍ਰਾਮ ਹੈਰੋਇਨ ਸਮੇਤ ਦੋ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਵੱਖ ਵੱਖ ਥਾਵਾਂ ਤੋਂ ਦੋ ਵਿਅਕਤੀਆਂ ਨੂੰ 80 ਬੋਤਲਾਂ ਨਜਾਇਜ਼ ਸ਼ਰਾਬ ਤੇ 16 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਹੈੱਡਕਾਂਸਟੇਬਲ ਪਰਮਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿੱਚ ਪਿੰਡ ਕੁੰਡੇ ਪਾਸ ਪੁੱਜੇ ਤਾਂ ਇਸ ਦੌਰਾਨ ਖਾਸ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਮੁਲਜ਼ਮ ਉਡੀਕ ਚੰਦ ਪੁੱਤਰ ਕਾਲਾ ਵਾਸੀ ਪਿੰਡ ਕੁੰਡੇ ਨਜਾਇਜ਼ ਸ਼ਰਾਬ ਵੇਚਣ ਦਾ ਆਦੀ ਹੈ, ਜੋ ਹੁਣ ਵੀ ਨਜਾਇਜ਼ ਸ਼ਰਾਬ ਵੇਚ ਰਿਹਾ ਹੈ। ਪੁਲਸ ਪਾਰਟੀ ਵੱਲੋਂ ਮੁਲਜ਼ਮ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਮੌਕੇ 'ਤੇ 80 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਹੋਈ। ਇਸੇ ਹੀ ਥਾਣੇ ਦੇ ਇੰਸਪੈਕਟਰ ਮੁੱਖ ਅਫਸਰ ਜਸਵੰਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਵਾ ਚੈਕਿੰਗ ਸੰਬੰਧੀ ਪੀਰ ਬਾਬਾ ਦੀ ਮਜ਼ਾਰ ਪਿੰਡ ਕੁੰਡੇ ਪਾਸ ਕੋਲ ਪੁੱਜੀ ਤਾਂ ਇੱਕ ਨੌਜਵਾਨ ਰਣਜੀਤ ਸਿੰਘ ਉਰਫ ਗੋਰਾ ਪੁੱਤਰ ਗੁਰਦੇਵ ਸਿੰਘ ਵਾਸੀ ਪਿੰਡ ਕੁੰਡੇ ਪੈਦਲ ਆਉਂਦਾ ਵਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ ਤੇ ਆਪਣੀ ਪਹਿਨੀ ਹੋਈ ਨਿੱਕਰ ਦੀ ਜੇਬ ਵਿੱਚੋਂ ਇਕ ਪਾਰਦਰਸ਼ੀ ਲਿਫਾਫਾ ਕੱਢ ਕੇ ਸੜਕ ਕਿਨਾਰੇ ਸੁੱਟ ਦਿੱਤਾ, ਜਿਸ ਨੂੰ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਉਸ ਵੱਲੋਂ ਸੁੱਟੇ ਗਏ ਲਿਫਾਫੇ ਵਿੱਚੋਂ 16 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

### ਚੋਰੀ ਦੇ 6 ਮੋਟਰਸਾਈਕਲਾਂ ਸਮੇਤ ਇੱਕ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਤਲਵੰਡੀ ਭਾਈ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇਕ ਵਿਅਕਤੀ ਨੂੰ ਚੋਰੀ ਦੇ 6 ਮੋਟਰਸਾਈਕਲਾਂ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ 379 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਦਿਲਬਾਗ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਸੰਬੰਧੀ ਪਿੰਡ ਹਰਾਜ ਰੇਲਵੇ ਫਾਟਕ ਪਾਸ ਪੁੱਜੇ ਤਾਂ ਇਸ ਦੌਰਾਨ ਖਾਸ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਮੁਲਜ਼ਮ ਗੁਰਸੇਵਕ ਸਿੰਘ ਉਰਫ ਕਾਕੂ ਪੁੱਤਰ ਪੱਪੂ ਸਿੰਘ ਵਾਸੀ ਪਿੰਡ ਸੁਲਹਾਣੀ ਮੋਟਰਸਾਈਕਲ ਚੋਰੀ ਕਰਕੇ ਅੱਗੇ ਵੇਚਣ ਦਾ ਆਦੀ ਹੈ, ਜੇਕਰ ਇਸ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਵੱਲੋਂ ਦੋਸ਼ੀ 'ਤੇ ਛਾਪੇਮਾਰੀ ਕਰਕੇ ਕਾਬੂ ਕੀਤਾ ਗਿਆ ਤੇ ਇਸ ਕੋਲੋਂ 6 ਮੋਟਰਸਾਈਕਲ ਚੋਰੀ ਦੇ ਬਰਾਮਦ ਹੋਏ। ਪੁਲਸ ਨੇ ਦੱਸਿਆ ਕਿ ਉਕਤ ਮੁਲਜ਼ਮ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਡੀ ਆਈ ਜੀ ਦੀ ਅਗਵਾਈ 'ਚ ਪੁਲਸ ਵੱਲੋਂ ਸਰਚ ਆਪ੍ਰੇਸ਼ਨ

- 17 ਵਿਅਕਤੀਆਂ ਨੂੰ ਨਸ਼ੀਲੇ ਪਦਾਰਥਾਂ ਸਮੇਤ ਕੀਤਾ ਕਾਬੂ
- ਨਸ਼ਿਆਂ ਖਿਲਾਫ ਮੁਹਿੰਮ ਇਸੇ ਤਰ੍ਹਾਂ ਜਾਰੀ ਰਹੇਗੀ : ਭਾਰਗਵ



**ਮਾਨਸਾ (ਆਤਮਾ ਸਿੰਘ ਪਮਾਰ)**

ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਨਸ਼ਾ-ਮੁਕਤ ਕਰਨ ਲਈ ਨਸ਼ਿਆਂ ਪ੍ਰਤੀ ਜ਼ੀਰੋ ਸਹਿਣਸ਼ੀਲਤਾ ਦੀ ਨੀਤੀ ਅਪਣਾਈ ਗਈ ਹੈ, ਜਿਸ ਦੇ ਮੱਦੇਨਜ਼ਰ ਸ੍ਰੀ ਗੌਰਵ ਯਾਦਵ ਆਈ.ਪੀ.ਐੱਸ. ਡਾਇਰੈਕਟਰ ਜਨਰਲ ਪੁਲਸ ਪੰਜਾਬ, ਸ੍ਰੀ ਸੁਰਿੰਦਰਪਾਲ ਸਿੰਘ ਪਰਮਾਰ ਆਈ.ਪੀ.ਐੱਸ. ਐਡੀਸ਼ਨਲ ਡਾਇਰੈਕਟਰ ਜਨਰਲ ਪੁਲਸ ਬਠਿੰਡਾ ਰੇਂਜ ਬਠਿੰਡਾ ਵੱਲੋਂ ਨਸ਼ਾ ਸਮੱਗਲਰਾਂ ਖਿਲਾਫ ਵੱਡਾ ਐਕਸ਼ਨ ਲੈਂਦੇ ਹੋਏ ਸਪੈਸ਼ਲ ਕਾਰਡਨ ਐਂਡ ਸਰਚ ਆਪ੍ਰੇਸ਼ਨ ਕਰਨ ਦੇ ਆਦੇਸ਼ ਦਿੱਤੇ ਗਏ ਹਨ। ਜ਼ਿਲ੍ਹਾ ਮਾਨਸਾ ਅੰਦਰ ਡਾ: ਨਰਿੰਦਰ ਭਾਰਗਵ ਆਈ.ਪੀ.ਐੱਸ ਡੀ.ਆਈ.ਜੀ. ਵਿਜੀਲੈਂਸ, ਐੱਨ.ਆਰ.ਆਈ ਪੰਜਾਬ ਦੀ ਅਗਵਾਈ ਹੇਠ ਮਾਨਸਾ ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਦੀਆਂ ਨਸ਼ਾ ਪ੍ਰਭਾਵਿਤ ਥਾਵਾਂ ਦੀ ਸਵੇਰੇ 08 ਵਜੇ ਤੋਂ ਦੁਪਹਿਰ 02 ਵਜੇ ਤੱਕ ਅਸਰਦਾਰ ਢੰਗ ਨਾਲ ਸਰਚ ਕੀਤੀ ਗਈ। ਇਸ ਸਰਚ ਆਪ੍ਰੇਸ਼ਨ ਦੌਰਾਨ 2 ਐੱਸ ਪੀ, 6 ਡੀ.ਐੱਸ.ਪੀ, 12 ਮੁੱਖ ਅਫਸਰਾਨ, ਸੀ.ਆਈ.ਏ. ਇੰਚਾਰਜ ਸਮੇਤ 380 ਪੁਲਸ ਕਰਮਚਾਰੀਆਂ ਨੇ ਭਾਗ ਲਿਆ। ਇਸ ਸਪੈਸ਼ਲ ਸਰਚ ਆਪ੍ਰੇਸ਼ਨ ਤਹਿਤ 17 ਮੁਕੱਦਮੇ ਦਰਜ ਕਰਕੇ 17 ਵਿਅਕਤੀਆਂ ਨੂੰ ਕਾਬੂ ਕੀਤਾ ਗਿਆ ਤੇ 6 ਗ੍ਰਾਮ ਹੈਰੋਇਨ (ਚਿੱਟਾ), 2 ਕਿੱਲੋਗ੍ਰਾਮ ਭੁੱਕੀ ਚੂਰਾ ਪੋਸਤ, 150 ਨਸ਼ੀਲੀਆਂ ਗੋਲੀਆਂ, 100 ਗ੍ਰਾਮ ਗਾਂਜਾਂ, 240 ਲੀਟਰ ਲਾਹਣ, 72 ਬੋਤਲਾਂ ਸ਼ਰਾਬ ਠੇਕਾ ਤੇ 385 ਸਿਗਨੇਚਰ ਕੈਪਸੂਲਾਂ ਦੀ ਬਰਾਮਦਗੀ ਕੀਤੀ ਗਈ ਹੈ। ਗ੍ਰਿਫਤਾਰ ਵਿਅਕਤੀਆਂ ਵਿਰੁੱਧ ਵੱਖ ਵੱਖ ਥਾਣਿਆਂ ਅੰਦਰ ਮੁਕੱਦਮੇ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਡਾ: ਭਾਰਗਵ ਆਈ.ਪੀ.ਐੱਸ. ਵੱਲੋਂ ਇਸ ਵਿਸ਼ੇਸ਼ ਮੁਹਿੰਮ ਦਾ ਆਗਾਜ਼ ਕਰਕੇ ਰੋਜ਼ਾਨਾ ਦੀਆਂ ਗਸ਼ਤਾਂ, ਨਾਕਾਬੰਦੀਆਂ ਤੇ ਸਰਚ ਆਪ੍ਰੇਸ਼ਨ ਚਲਾ ਕੇ ਜਿੱਥੇ ਮਾੜੇ ਅਨਸਰਾਂ ਨੂੰ ਕਾਬੂ ਕੀਤਾ ਜਾ ਰਿਹਾ ਹੈ, ਉੱਥੇ ਹੀ ਨਸ਼ਿਆਂ ਦਾ ਧੰਦਾ ਕਰਨ ਵਾਲਿਆਂ ਵਿਰੁੱਧ ਮੁਕੱਦਮੇ ਦਰਜ ਕਰਕੇ ਵੱਡੀ ਬਰਾਮਦਗੀ ਕਰਵਾਈ ਜਾਵੇਗੀ।

ਉਨ੍ਹਾਂ ਦੱਸਿਆ ਕਿ ਕਿਸੇ ਵੀ ਸ਼ਰਾਰਤੀ ਤੇ ਮਾੜੇ ਅਨਸਰ ਨੂੰ ਸਿਰ ਚੁੱਕਣ ਨਹੀਂ ਦਿੱਤਾ ਜਾਵੇਗਾ। ਜ਼ਿਲ੍ਹੇ ਅੰਦਰ ਅਮਨ ਕਾਨੂੰਨ ਵਿਵਸਥਾ ਨੂੰ ਹਰ ਹਾਲ ਵਿੱਚ ਕਾਇਮ ਰੱਖਿਆ ਜਾਵੇਗਾ।ਮਾਨਸਾ ਪੁਲਸ ਵੱਲੋਂ ਵਿੱਢੀ ਮੁਹਿੰਮ ਨੂੰ ਅੱਗੇ ਲਈ ਵੀ ਇਸੇ ਤਰ੍ਹਾਂ ਹੀ ਜਾਰੀ ਰੱਖਿਆ ਜਾਵੇਗਾ।

# ਪੰਜਾਬ ਪ੍ਰੈੱਸ ਕਲੱਬ ਦਾ ਗਠਨ, ਪ੍ਰਧਾਨ ਸ਼ੇਰ ਸਿੰਘ ਰਵੀ, ਹਮੀਦੀ ਚੇਅਰਮੈਨ ਚੁਣੇ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ ਪ੍ਰੈੱਸ ਕਲੱਬ ਦੀ ਪਲੇਠੀ ਮੀਟਿੰਗ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਹੋਈ।ਇਸ ਮੌਕੇ ਕਲੱਬ ਦੇ ਅਹੁਦੇਦਾਰਾਂ ਦੀ ਸਰਬਸੰਮਤੀ ਨਾਲ ਕੀਤੀ ਚੋਣ ਵਿੱਚ ਡਾ. ਸ਼ੇਰ ਸਿੰਘ ਰਵੀ ਨੂੰ ਪ੍ਰਧਾਨ, ਡਾ. ਪਰਮਿੰਦਰ ਸਿੰਘ ਹਮੀਦੀ ਚੇਅਰਮੈਨ, ਗੁਰਸੇਵਕ ਸਿੰਘ ਸਹੋਤਾ ਜਨਰਲ ਸਕੱਤਰ, ਫ਼ਿਰੋਜ਼ ਖਾਨ ਮੁੱਖ ਸਲਾਹਕਾਰ, ਬਲਜਿੰਦਰ ਕੌਰ ਮਾਗੇਵਾਲ ਖ਼ਜ਼ਾਨਚੀ, ਗੁਰਸੇਵਕ ਸਿੰਘ ਸੋਹੀ ਨੂੰ ਸੀ: ਮੀਤ ਪ੍ਰਧਾਨ, ਮਨਜੀਤ ਸਿੰਘ ਮਿੱਠੇਵਾਲ ਪ੍ਰੈੱਸ ਸਕੱਤਰ, ਗੁਰਪ੍ਰੀਤ ਸਿੰਘ ਬਿੱਟੂ ਸਹਿਜੜਾ ਮੀਤ ਪ੍ਰਧਾਨ, ਭੁਪਿੰਦਰ ਸਿੰਘ ਧਨੇਰ ਨੂੰ ਪੀ ਆਰ ਓ ਤੋਂ ਇਲਾਵਾ ਸ਼ਫ਼ੀਕ ਮੁਹੰਮਦ, ਜਗਜੀਤ ਸਿੰਘ ਮਾਹਲ ਨੂੰ ਐਗਜ਼ੈਕਟਿਵ ਮੈਂਬਰ ਚੁਣਿਆ ਗਿਆ ਹੈ। ਨਵੇਂ ਚੁਣੇ ਪ੍ਰਧਾਨ ਸ਼ੇਰ ਸਿੰਘ ਰਵੀ ਨੇ ਸਮੁੱਚੇ ਪ੍ਰੈਸ ਕਲੱਬ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਪ੍ਰਗਟਾਏ ਇਸ ਵਿਸ਼ਵਾਸ ਨੂੰ ਉਹ ਤਨ, ਮਨ, ਧਨ ਨਾਲ ਨਿਭਾਉਣਗੇ ਤੇ ਪੱਤਰਕਾਰਾਂ ਨੂੰ ਆਉਣ ਵਾਲੀਆਂ ਦਰਪੇਸ਼ ਮੁਸ਼ਕਲਾਂ ਨੂੰ ਸਰਕਾਰ ਦੇ ਕੰਨਾਂ ਤੱਕ ਪੁਚਾਉਣ ਲਈ ਹਮੇਸ਼ਾ ਤਤਪਰ ਰਹਿਣਗੇ।ਉਨ੍ਹਾਂ ਦੱਸਿਆ ਕਿ ਪੰਜਾਬ ਪ੍ਰੈਸ ਕਲੱਬ ਵੱਲੋਂ ਪੱਤਰਕਾਰੀ ਨੂੰ ਦਰਪੇਸ਼ ਮੁਸ਼ਕਲਾਂ ਅਤੇ ਅਜੋਕੇ ਦੌਰ ਨੂੰ ਸੰਬੰਧਤ ਇੱਕ ਸੈਮੀਨਾਰ ਛੇਤੀ ਹੀ ਕਰਾਇਆ ਜਾਵੇਗਾ।ਇਸ ਮੌਕੇ ਲੋਕ ਭਲਾਈ ਵੈਲਫੇਅਰ ਸੁਸਾਇਟੀ (ਰਜਿ:) ਦੇ ਸੂਬਾ ਪ੍ਰਧਾਨ ਡਾ. ਪਰਮਿੰਦਰ ਸਿੰਘ ਹਮੀਦੀ ਨੇ ਦੱਸਿਆ ਕਿ ਲੋਕ ਭਲਾਈ ਵੈਲਫੇਅਰ ਸੁਸਾਇਟੀ (ਰਜਿ:) ਪੰਜਾਬ ਤੇ ਪੰਜਾਬ ਪ੍ਰੈਸ ਕਲੱਬ ਮਹਿਲ ਕਲਾਂ ਵੱਲੋਂ ਸਾਂਝੇ ਤੌਰ ਤੇ 26 ਜੂਨ ਨੂੰ ਅੰਤਰਰਾਸ਼ਟਰੀ ਨਸ਼ਾ ਵਿਰੋਧੀ ਦਿਵਸ ਤੇ ਜਾਗਰੂਕਤਾ ਸੈਮੀਨਾਰ ਦਰਸ਼ਨ ਬਜ਼ੁਰਗਾਂ ਦੇ ਆਸ਼ਰਮ ਨੇੜੇ ਗੁਰਦੁਆਰਾ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਕਰਾਇਆ ਜਾ ਰਿਹਾ ਹੈ।

# 5 ਨਵੀਆਂ ਟਾਟਾ ਏਸ ਗੱਡੀਆਂ ਹਰੀ ਝੰਡੀ ਦਿਖਾ ਕੇ ਰਵਾਨਾ



**ਸੰਗਰੂਰ (ਪ੍ਰਵੀਨ ਸਿੰਘ)**-ਵਿਧਾਇਕ ਨਰਿੰਦਰ ਕੌਰ ਭਰਾਜ ਨੇ ਸ਼ਹਿਰ ਨੂੰ ਕੂੜਾ ਕਰਕਟ ਤੋਂ ਮੁਕਤ ਕਰਨ ਲਈ ਚੁੱਕੇ ਜਾ ਰਹੇ ਸਾਰਥਕ ਕਦਮਾਂ ਦੀ ਅਹਿਮ ਕੜੀ ਵਜੋਂ 5 ਨਵੀਆਂ ਟਾਟਾ ਏਸ ਗੱਡੀਆਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਉੱਪਲੀ ਰੋਡ 'ਤੇ ਸਥਿਤ ਫਾਇਰ ਬ੍ਰਿਗੇਡ ਦਫ਼ਤਰ ਤੋਂ ਗੱਡੀਆਂ ਨੂੰ ਰਵਾਨਾ ਕਰਨ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸੰਗਰੂਰ ਹਲਕੇ ਨੂੰ ਹਰ ਪੱਖੋਂ ਮੋਹਰੀ ਬਣਾਉਣ ਦੀ ਦਿਸ਼ਾ ਵਿੱਚ ਅਸੀਂ ਨਿਰੰਤਰ ਕਾਰਜਸ਼ੀਲ ਹਾਂ ਤੇ ਇਸੇ ਕੜੀ ਤਹਿਤ ਸੰਗਰੂਰ ਸ਼ਹਿਰ ਵਿੱਚ ਕੂੜੇ ਦੇ ਉੱਚਿਤ ਨਿਪਟਾਰੇ ਤੇ ਯੋਜਨਾਬੱਧ ਪ੍ਰਬੰਧਨ ਲਈ 37.50 ਲੱਖ ਰੁਪਏ ਦੀ ਲਾਗਤ ਵਾਲੀਆਂ 5 ਹੋਰ ਟਾਟਾ ਏਸ ਨਗਰ ਕੌਂਸਲ ਨੂੰ ਸੌਂਪ ਦਿੱਤੀਆਂ ਗਈਆਂ ਹਨ, ਜੋ ਸ਼ਹਿਰੀ ਵਾਰਡਾਂ ਵਿੱਚ ਜਾ ਕੇ ਸੁੱਕਾ ਤੇ ਗਿੱਲਾ ਕੂੜਾ ਇਕੱਤਰ ਕਰਨਗੀਆਂ ਤੇ ਇਸ ਨਾਲ ਸੈਕੰਡਰੀ ਡੰਪਾਂ ਵਿੱਚੋਂ ਕੂੜੇ ਦਾ ਉਚਿਤ ਨਿਪਟਾਰਾ ਹੋਵੇਗਾ ਤੇ ਲਗਭਗ 50 ਫੀਸਦੀ ਹਿੱਸਾ ਪੂਰੀ ਤਰ੍ਹਾਂ ਕੂੜਾ ਰਹਿਤ ਹੋ ਸਕੇਗਾ।

ਵਿਧਾਇਕ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਸ਼ਹਿਰ ਵਿੱਚ ਅਜਿਹੀਆਂ 10 ਟਾਟਾ ਏਸ ਚੱਲ ਰਹੀਆਂ ਹਨ ਅਤੇ ਜਲਦੀ ਹੀ 10 ਹੋਰ ਨਵੀਆਂ ਨੂੰ ਖਰੀਦਣ ਲਈ ਪ੍ਰੋਜੈਕਟ ਪ੍ਰਗਤੀ ਅਧੀਨ ਹੈ, ਜਿਸ ਨਾਲ ਆਉਣ ਵਾਲੇ ਸਮੇਂ ਵਿੱਚ ਸੰਗਰੂਰ ਸ਼ਹਿਰ ਦੇ ਹਰ ਵਾਰਡ ਲਈ ਇੱਕ ਵੱਖਰੀ ਟਾਟਾ ਏਸ ਉਪਲਬਧ ਹੋ ਜਾਵੇਗੀ ਤੇ ਕੂੜੇ ਦਾ ਯੋਗ ਪ੍ਰਬੰਧਨ ਹੋ ਸਕੇਗਾ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਸ਼ਹਿਰ ਨੂੰ ਕੂੜਾ ਮੁਕਤ ਕਰਨ ਲਈ ਚਲਾਈ ਜਾ ਰਹੀ ਇਸ ਮੁਹਿੰਮ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਣ ਤੇ ਘਰਾਂ ਵਿੱਚੋਂ ਹੀ ਸੁੱਕਾ ਤੇ ਗਿੱਲਾ ਕੂੜਾ ਵੱਖ-ਵੱਖ ਤੌਰ 'ਤੇ ਇਨ੍ਹਾਂ ਵਾਹਨਾਂ ਵਿੱਚ ਪਾਉਣ ਤਾਂ ਜੋ ਸਾਫ਼ ਸਫਾਈ ਦੇ ਯਤਨਾਂ ਨੂੰ ਬੂਰ ਪੈ ਸਕੇ।ਵਿਧਾਇਕ ਭਰਾਜ ਨੇ ਕਿਹਾ ਕਿ ਸਫਾਈ ਕ੍ਰਮਚਾਰੀਆਂ ਅਤੇ ਵਾਹਨਾਂ ਲਈ ਡਰਾਇਵਰਾਂ ਦੀ ਘਾਟ ਨੂੰ ਦੂਰ ਕਰਨ ਲਈ ਵੀ ਉਪਰਾਲੇ ਚੱਲ ਰਹੇ ਹਨ ਅਤੇ ਜਲਦੀ ਹੀ ਨਗਰ ਕੌਂਸਲ ਸੰਗਰੂਰ ਵਿੱਚ ਢੁੱਕਵੀਂ ਮਸ਼ੀਨਰੀ ਤੇ ਮੈਨ ਪਾਵਰ ਮੁਹੱਈਆ ਕਰਾ ਦਿੱਤੀ ਜਾਵੇਗੀ ਤਾਂ ਜੁ ਭਵਿੱਖ ਵਿੱਚ ਇਸ ਸਮੱਸਿਆ ਦਾ ਸਥਾਈ ਹੱਲ ਹੋ ਸਕੇ।ਵਿਧਾਇਕਾ ਨਰਿੰਦਰ ਕੌਰ ਭਰਾਜ ਵੱਲੋਂ ਨਗਰ ਕੌਂਸਲ ਨੂੰ 2.20 ਲੱਖ ਰੁਪਏ ਦੀ ਲਾਗਤ ਵਾਲੀਆਂ ਦੋ ਫੌਗਿੰਗ ਮਸ਼ੀਨਾਂ ਵੀ ਸੌਂਪੀਆਂ ਗਈਆਂ ਤਾਂ ਜੁ ਮੱਛਰਾਂ ਦੁਆਰਾ ਫੈਲਾਈਆਂ ਜਾਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਹੋ ਸਕੇ।

# ਖਿਡਾਰੀਆਂ ਤੇ ਕਿਸਾਨਾਂ ਵੱਲੋਂ ਫਿਰੋਜ਼ਪੁਰ-ਫਾਜ਼ਿਲਕਾ ਰੋਡ ਜਾਮ



**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਹਲਕਾ ਗੁਰੂ ਹਰਸਹਾਏ ਦੇ ਸਰਹੱਦੀ ਪਿੰਡ ਹਾਜੀ ਬੇਟੂ ਦੇ ਸਟੇਡੀਅਮ ਵਿੱਚ ਪੰਜੇ ਕੇ ਉਤਾੜ ਤੇ ਹੋਰ ਕਲੱਬਾਂ ਨੂੰ ਕ੍ਰਿਕਟ ਮੈਚ ਨਾ ਕਰਵਾਉਣ ਨੂੰ ਲੈ ਕੇ ਕਲੱਬ ਦੇ ਨੌਜਵਾਨਾਂ ਨੇ ਕਿਸਾਨ ਜਥੇਬੰਦੀਆਂ ਦੇ ਸਹਿਯੋਗ ਨਾਲ ਫ਼ਿਰੋਜ਼ਪੁਰ-ਫ਼ਾਜ਼ਿਲਕਾ ਰੋਡ ਜਾਮ ਕਰ ਦਿੱਤਾ।

ਕਲੱਬ ਦੇ ਨੌਜਵਾਨਾਂ ਨੇ ਇਸ ਧਰਨੇ ਸਬੰਧੀ ਕਿਹਾ ਕਿ ਉਹ ਹਲਕਾ ਵਿਧਾਇਕ ਨੂੰ ਮਿਲਣ ਗਏ ਤਾਂ ਉਨ੍ਹਾਂ ਨੇ ਕਿਹਾ ਕਿ ਪਿੰਡ ਦੇ ਸਰਪੰਚ ਨੂੰ ਮਿਲੋ ਤੇ ਵਿਧਾਇਕ ਨੇ ਉਨ੍ਹਾਂ ਦੀ ਕੋਈ ਸੁਣਵਾਈ ਨਹੀਂ ਕੀਤੀ।ਕਲੱਬ ਦੇ ਨੌਜਵਾਨਾਂ ਨੇ ਦੱਸਿਆ ਕਿ ਮੈਚ ਕਰਵਾਉਣ ਸੰਬੰਧੀ ਕਲੱਬ ਬਾਬਾ ਗਾਮੇ ਸ਼ਾਹ ਪੰਜੇ ਕੇ ਉਤਾੜ ਨੇ ਉੱਪ ਮੰਡਲ ਮੈਜਿਸਟ੍ਰੇਟ ਤੋਂ ਮਨਜ਼ੂਰੀ ਵੀ ਲਈ ਹੋਈ ਸੀ, ਪਰ ਫਿਰ ਵੀ ਕ੍ਰਿਕਟ ਖਿਡਾਰੀਆਂ 'ਤੇ ਮੈਚ ਨਾ ਕਰਵਾਉਣ ਲਈ ਪੁਲਸ ਦਾ ਦਬਾਅ ਪਾਇਆ ਗਿਆ, ਜਿਸ ਨੂੰ ਲੈ ਕੇ ਅੱਜ ਕਲੱਬ ਦੇ ਨੌਜਵਾਨਾਂ ਨੇ ਕਿਸਾਨ ਜਥੇਬੰਦੀਆਂ ਦੇ ਸਹਿਯੋਗ ਨਾਲ ਫ਼ਿਰੋਜ਼ਪੁਰ-ਫ਼ਾਜ਼ਿਲਕਾ ਰੋਡ ਜਾਮ ਕਰ ਦਿੱਤਾ।

# ਆਸ਼ਾ ਵਰਕਰ ਤੇ ਫੈਸਿਲੀਟੇਟਰ 25 ਨੂੰ ਦੇਣਗੇ ਪੰਜਾਬ ਭਰ 'ਚ ਧਰਨੇ : ਪੰਜੋਲਾ

- ਮੰਗਾਂ ਨੂੰ ਜਲਦ ਲਾਗੂ ਨਾ ਕੀਤਾ ਤਾਂ ਜ਼ਿਮਨੀ ਚੋਣਾਂ 'ਚ ਕੀਤਾ ਜਾਵੇਗਾ ਤਿੱਖਾ ਵਿਰੋਧ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੂਬਾ ਪ੍ਰਧਾਨ ਕਿਰਨਦੀਪ ਕੌਰ ਪੰਜੋਲਾ ਨੇ ਕਿਹਾ ਕਿ 25 ਜੂਨ 2024 ਨੂੰ ਪੰਜਾਬ ਭਰ ਵਿੱਚ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਜ਼ਿਲ੍ਹਾ ਹੈੱਡ ਕੁਆਟਰਾਂ 'ਤੇ ਸ਼ਾਂਤਮਈ ਧਰਨੇ ਲਾਕੇ ਡਿਪਟੀ ਕਮਿਸ਼ਨਰਾਂ ਤੇ ਸਿਵਲ ਸਰਜਨਾਂ ਨੂੰ ਮੰਗ ਪੱਤਰ ਸੌਂਪੇ ਜਾਣਗੇ ਤਾਂ ਜੋ ਉਹ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਦੇ ਉੱਚ ਅਧਿਕਾਰੀਆਂ ਨੂੰ ਪਹੁੰਚਾ ਕੇ ਮੰਗਾਂ ਦਾ ਜਲਦ ਹੱਲ ਕਰਵਾਉਣ। ਇਸ ਮੌਕੇ ਮੰਗਾਂ ਸਬੰਧੀ ਜਾਣਕਾਰੀ ਦਿੰਦਿਆਂ ਕਿਰਨਦੀਪ ਕੌਰ ਪੰਜੋਲਾ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਸਿਹਤ ਵਿਭਾਗ ਵੱਲੋਂ ਆਸ਼ਾ ਵਰਕਰਾਂ ਦੇ ਕੱਟੇ ਇੰਨਸੈਂਟਿਵ ਬਹਾਲ ਕੀਤੇ ਜਾਣ, ਫੈਸਿਲੀਟੇਟਰਾਂ 'ਤੇ ਸੀ.ਐੱਚ.ਓ. ਵਾਲੀ ਸਕੀਮ ਲਾਗੂ ਕੀਤੀ ਜਾਵੇ, 58 ਸਾਲ ਦੀ ਉਮਰ ਹੱਦ ਵਿੱਚ ਵਾਧਾ ਕੀਤਾ ਜਾਵੇ, ਸੇਵਾ ਮੁਕਤ ਹੋਣ ਤੇ ਪੰਜ ਲੱਖ ਤੇ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ ਅਤੇ ਬਾਕੀ ਰਹਿੰਦੀਆਂ ਮੰਗਾਂ ਦਾ ਜਲਦ ਹੱਲ ਕੀਤਾ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਪੰਜਾਬ ਸਰਕਾਰ ਵੱਲੋਂ ਪੰਜਾਬ ਭਰ ਦੀਆਂ ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਦੀਆਂ ਹੱਕੀ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਉਹ ਪੰਜਾਬ ਦੀਆਂ ਜ਼ਿਮਨੀ ਚੋਣਾਂ ਦੌਰਾਨ ਸਰਕਾਰ ਦਾ ਤਿੱਖਾ ਵਿਰੋਧ ਕਰਨਗੇ। ਸੂਬੇ ਦੀ ਜਨਰਲ ਸੈਕਟਰੀ ਕਸ਼ਮੀਰ ਕੌਰ ਮਲੌਦ ਨੇ ਕਿਹਾ ਕਿ ਆਪਣੇ ਹੱਕਾਂ ਦੀ ਰਾਖੀ ਲਈ ਪੰਜਾਬ ਭਰ ਦੀਆਂ ਵਰਕਰਾਂ ਏਕਤਾ ਨਾਲ ਸੰਘਰਸ਼ ਕਰਨ। ਸੀਨੀਅਰ ਮੀਤ ਪ੍ਰਧਾਨ ਪੰਜਾਬ ਸੰਤੋਸ਼ ਕੁਮਾਰੀ ਨੇ ਪੰਜਾਬ ਭਰ ਦੀਆਂ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੋ ਫੈਸਲੇ ਸਰਕਾਰ ਨੇ ਸਾਡੇ ਵਿਰੁੱਧ ਲਏ ਹਨ, ਉਹ ਫੈਸਲੇ ਅਸੀਂ ਜ਼ਿਮਨੀ ਚੋਣਾਂ ਦੌਰਾਨ ਤਿੱਖਾ ਸੰਘਰਸ਼ ਕਰਕੇ ਵਾਪਸ ਕਰਾਉਣਾ ਜਾਣਦੇ ਹਾਂ। ਸੂਬੇ ਦੀ ਕੈਸ਼ੀਅਰ ਜਸਵੀਰ ਕੌਰ ਭਾਦਸੋਂ ਨੇ ਪੰਜਾਬ ਭਰ ਦੀਆਂ ਵਰਕਰਾਂ ਨੂੰ ਇੱਕਜੁਟਤਾ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਸਾਡੀ ਜਥੇਬੰਦੀ ਵਰਕਰਾਂ ਦੇ ਹੱਕਾਂ ਦੇ ਰਾਖੀ ਲਈ ਹਮੇਸ਼ਾ ਹੀ ਠੋਕ ਕੇ ਪਹਿਰਾ ਦਿੰਦੀ ਆ ਰਹੀ ਹੈ। ਵਰਕਰਾਂ ਦਾ ਵੀ ਫਰਜ਼ ਬਣਦਾ ਹੈ ਕਿ ਉਹ ਪੂਰੀ ਤਨਦੇਹੀ ਨਾਲ ਜਥੇਬੰਦੀ ਨਾਲ ਖੜ ਕੇ ਆਪਣੇ ਹੱਕ ਪ੍ਰਾਪਤ ਕਰਨ। ਸੂਬਾ ਕਮੇਟੀ ਮੈਂਬਰ ਸ਼ਿੰਦਰਪਾਲ ਕੌਰ ਬਾਲਿਆਂ ਵਾਲੀ ਤੇ ਦਲਜੀਤ ਕੌਰ ਬਰਾੜ ਨੇ ਦੱਸਿਆ ਆਉਣ ਵਾਲੇ ਸਮੇਂ ਵਿੱਚ ਆਪਣੇ ਹੱਕ ਲੈਣ ਕੇ ਰਹਾਂਗੇ ਕਿਉਂਕਿ ਪਿਛਲੇ ਸਮੇਂ ਤੋਂ ਲੈ ਕੇ ਹੁਣ ਤੱਕ ਜੋ ਹੱਕ ਸਾਡੀਆਂ ਵਰਕਰਾਂ ਨੂੰ ਦਿਵਾਏ, ਉਹ ਸਿਰਫ਼ ਤੇ ਸਿਰਫ਼ ਨਿਰੋਲ ਯੂਨੀਅਨ ਪੰਜਾਬ ਨੇ ਦਿਵਾਏ ਹਨ। ਸੂਬਾ ਕਮੇਟੀ ਮੈਂਬਰ ਮਨਦੀਪ ਕੌਰ ਦੀਦਾਰੇਵਾਲਾ, ਪਵਨਦੀਪ ਕੌਰ ਬਰਨਾਲਾ, ਕਿਰਨਜੀਤ ਕੌਰ ਟਾਹਲੀਆਂ ਨੇ ਕਿਹਾ ਕਿ ਹੱਕਾਂ ਲਈ ਜੋ ਲੜਦੇ ਲੋਕ, ਜੇਲ੍ਹਾਂ ਤੋਂ ਨਹੀਂ ਡਰਦੇ। ਇਸ ਮੌਕੇ ਸੂਬਾ ਕਮੇਟੀ ਮੈਂਬਰ ਕਮਲਜੀਤ ਕੌਰ ਰੌੜਗੜ੍ਹ, ਜਸਵੀਰ ਕੌਰ ਫਤਿਹਪੁਰ ਬਹਿੜਾ, ਲੱਛਮੀ ਸ੍ਰੀ ਮੁੱਕਤਸਰ ਸਾਹਿਬ, ਹਰਪ੍ਰੀਤ ਕੌਰ ਭੱਠਲ, ਪਰਮਜੀਤ ਕੌਰ ਕੁਰਾਲੀ, ਮਨਜੀਤ ਕੌਰ ਖਾਲਸਾ, ਰਾਜਵਿੰਦਰ ਕੌਰ ਖਾਲਸਾ, ਸਿਮਰਨਜੀਤ ਕੌਰ ਗੁਰਦਾਸਪੁਰ, ਪੁਸ਼ਵਿੰਦਰ ਕੌਰ ਫਗਵਾੜਾ, ਰਾਜਵਿੰਦਰ ਕੌਰ ਕਪੂਰਥਲਾ, ਚਰਨਜੀਤ ਕੌਰ ਲੌਂਗੋਵਾਲ, ਮਨਦੀਪ ਕੌਰ ਸ਼ੇਰਪੁਰ, ਭੋਲੀ ਮਲੇਰਕੋਟਲਾ, ਕਮਲਜੀਤ ਕੌਰ ਲੁਧਿਆਣਾ, ਨੀਤੂ ਲੁਧਿਆਣਾ, ਜਸਵਿੰਦਰ ਕੌਰ ਮਾਲੋਵਾਲ, ਹਰਜਿੰਦਰ ਕੌਰ ਖਮਾਣੋਂ, ਰਮਨਦੀਪ ਕੌਰ ਮਹੱਦੀਆ, ਗੁਰਵੀਰ ਕੌਰ ਕੋਟਲਾ, ਸੁਖਜੀਤ ਕੌਰ ਮਾਈਸਰਖਾਨਾ ਆਦਿ ਆਗੂ ਮੌਜੂਦ ਸਨ।

# ਬੀ ਐੱਫ ਜੀ ਆਈ ਵਿਖੇ ਸਿਹਤ ਜਾਂਚ ਕੈਂਪਾਂ ਦਾ ਆਯੋਜਨ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਬਾਬਾ ਫ਼ਰੀਦ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਬਠਿੰਡਾ (ਬੀ.ਐੱਫ.ਜੀ.ਆਈ.) ਵਿਖੇ ਸੋਸ਼ਲ ਵੈੱਲਫੇਅਰ ਵਿਭਾਗ ਵੱਲੋਂ ਸੰਸਥਾ ਦੇ ਡਾਇਰੈਕਟਰ ਫਾਈਨਾਂਸ ਸਵ. ਸ੍ਰ. ਕੁਲਦੀਪ ਸਿੰਘ ਗਿੱਲ ਦੀ ਯਾਦ ਵਿੱਚ ਵਿਭਿੰਨ ਸਿਹਤ ਜਾਂਚ ਕੈਂਪਾਂ ਦੀ ਇੱਕ ਲੜੀ ਦਾ ਆਯੋਜਨ ਕੀਤਾ ਗਿਆ।ਇਸ ਲੜੀ ਤਹਿਤ ਸੰਸਥਾ ਨੇ ਬਰਾੜ ਅੱਖਾਂ ਦਾ ਹਸਪਤਾਲ, ਬਠਿੰਡਾ ਦੇ ਸਹਿਯੋਗ ਨਾਲ ਅੱਖਾਂ ਦਾ ਚੈੱਕਅਪ ਕੈਂਪ ਅਤੇ ਧਨੋਆ ਫਿਜ਼ਿਓਥਰੈਪੀ ਐਂਡ ਲੇਜ਼ਰ ਕਲੀਨਿਕ ਬਠਿੰਡਾ ਦੇ ਸਹਿਯੋਗ ਨਾਲ 'ਫਿਜ਼ਿਓਥਰੈਪੀ ਕੈਂਪ' ਲਾਇਆ ਗਿਆ।ਇਸ ਦੇ ਨਾਲ ਹੀ ਸਿਡਾਨਾ ਹੈਲਥ ਕੇਅਰ ਸੈਂਟਰ ਸ੍ਰੀ ਮੁਕਤਸਰ ਸਾਹਿਬ ਵੱਲੋਂ 'ਐਕਯੂਪ੍ਰੈਸ਼ਰ ਥਰੈਪੀ' ਕੈਂਪ ਤੇ ਬੀ.ਐੱਫ.ਜੀ.ਆਈ. ਦੇ ਪੈਰਾਮੈਡੀਕਲ ਵਿਭਾਗ ਵੱਲੋਂ 'ਬਲੱਡ ਟੈਸਟ ਕੈਂਪ' ਵੀ ਲਗਾਇਆ ਗਿਆ।ਇਸ ਤੋਂ ਇਲਾਵਾ ਉਨ੍ਹਾਂ ਦੀ ਨਿੱਘੀ ਯਾਦ ਵਿੱਚ ਸੰਸਥਾ ਵੱਲੋਂ ਠੰਢੇ ਮਿੱਠੇ ਪਾਣੀ ਦੀ ਛਬੀਲ ਵੀ ਲਗਾਈ ਗਈ।ਦੱਸਣਯੋਗ ਹੈ ਕਿ ਸਵ. ਸ੍ਰ. ਕੁਲਦੀਪ ਸਿੰਘ ਗਿੱਲ, ਜੋ ਸਾਲ 2010 ਵਿੱਚ 20 ਜੂਨ ਨੂੰ ਇੱਕ ਸੜਕ ਹਾਦਸੇ ਦਾ ਸ਼ਿਕਾਰ ਹੋ ਗਏ ਸਨ, ਦੀ ਯਾਦ ਨੂੰ ਸਮਰਪਤ ਬੀ.ਐੱਫ.ਜੀ.ਆਈ. ਵੱਲੋਂ ਹਰ ਸਾਲ ਅਜਿਹੇ ਪ੍ਰੋਗਰਾਮ ਦਾ ਆਯੋਜਨ ਕੀਤਾ ਜਾਂਦਾ ਹੈ।

ਬੀ.ਐੱਫ.ਜੀ.ਆਈ. ਦੇ ਕੈਂਪਸ ਡਾਇਰੈਕਟਰ ਪ੍ਰੋ. (ਡਾ.) ਐੱਮ. ਪੀ. ਪੂਨੀਆ ਨੇ ਇਸ ਮੌਕੇ ਮਾਹਰ ਡਾਕਟਰਾਂ ਦੀਆਂ ਟੀਮਾਂ ਦਾ ਨਿੱਘਾ ਸਵਾਗਤ ਕਰਦਿਆਂ ਸਾਰੇ ਕੈਂਪਾਂ ਦਾ ਨਰੀਖਣ ਕੀਤਾ।ਉਨ੍ਹਾਂ ਸੋਸ਼ਲ ਵੈੱਲਫੇਅਰ ਵਿਭਾਗ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਸਿਹਤਮੰਦ ਭਵਿੱਖ ਲਈ ਸਮੁੱਚੇ ਸਟਾਫ਼ ਨੂੰ ਇਨ੍ਹਾਂ ਕੈਂਪਾਂ ਦਾ ਲਾਭ ਲੈਣ ਲਈ ਪ੍ਰੇਰਿਤ ਕੀਤਾ।ਬਰਾੜ ਅੱਖਾਂ ਦਾ ਹਸਪਤਾਲ ਬਠਿੰਡਾ ਦੀ ਟੀਮ ਸਮੇਤ ਧਨੋਆ ਫਿਜ਼ਿਓਥਰੈਪੀ ਐਂਡ ਲੇਜ਼ਰ ਕਲੀਨਿਕ ਦੇ ਡਾ. ਜਸਦੇਵ ਸਿੰਘ ਧਨੋਆ ਤੇ ਸਿਡਾਨਾ ਹੈਲਥ ਕੇਅਰ ਸੈਂਟਰ ਸ੍ਰੀ ਮੁਕਤਸਰ ਸਾਹਿਬ ਦੇ ਡਾ. ਚੰਦਨ ਸਿਡਾਨਾ ਨੂੰ ਬੀ.ਐੱਫ.ਜੀ.ਆਈ. ਦੀ ਸਮੁੱਚੀ ਮੈਨੇਜਮੈਂਟ ਵੱਲੋਂ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਬੀ.ਐੱਫ.ਜੀ.ਆਈ. ਦੇ ਚੇਅਰਮੈਨ ਡਾ. ਗੁਰਮੀਤ ਸਿੰਘ ਧਾਲੀਵਾਲ ਨੇ ਸਵ. ਕੁਲਦੀਪ ਸਿੰਘ ਗਿੱਲ ਨੂੰ ਯਾਦ ਕਰਦਿਆਂ ਆਪਣੀਆਂ ਭਾਵਨਾਵਾਂ ਦਾ ਪ੍ਰਗਟਾਵਾ ਕੀਤਾ

# ਠੇਕਾ ਮੁਲਾਜ਼ਮ 27 ਨੂੰ ਮੁਹਾਲੀ 'ਚ ਪਰਵਾਰਾਂ ਸਮੇਤ ਦੇਣਗੇ ਸੂਬਾ ਪੱਧਰੀ ਧਰਨਾ : ਆਗੂ

- ਤਿਆਰੀ ਸੰਬੰਧੀ ਬ੍ਰਾਂਚ ਮਾਛੀਵਾੜਾ 'ਚ ਮੀਟਿੰਗ



**ਮਾਛੀਵਾੜਾ ਸਾਹਿਬ (ਜਗਦੀਸ਼ ਰਾਏ, ਸ਼ੈਂਕੀ ਸ਼ਰਮਾ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੀ ਜ਼ਿਲ੍ਹਾ ਲੁਧਿਆਣਾ ਦੀ ਬ੍ਰਾਂਚ ਮਾਛੀਵਾੜਾ ਸਾਹਿਬ ਵੱਲੋਂ ਮੀਟਿੰਗ ਕੀਤੀ ਗਈ, ਜਿਸ ਵਿੱਚ ਮੁੱਖ ਦਫਤਰ ਮੋਹਾਲੀ ਅੱਗੇ ਦਿੱਤੇ ਜਾ ਰਹੇ ਸੂਬਾ ਪੱਧਰੀ ਧਰਨੇ ਦੀ ਤਿਆਰੀ ਸਬੰਧੀ ਵਿਚਾਰ ਚਰਚਾ ਕੀਤੀ ਗਈ।ਅੱਜ ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ, ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਕੁਤਬੇਵਾਲ, ਬ੍ਰਾਂਚ ਪ੍ਰਧਾਨ ਰਾਮ ਸਿੰਘ, ਜਸਵੀਰ ਸਿੰਘ ਨੇ ਸਾਂਝਾ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਦੀ ਸੱਤਾ 'ਤੇ ਰਾਜ ਕਰ ਚੁੱਕੀਆਂ ਅਕਾਲੀ-ਭਾਜਪਾ ਤੇ ਕਾਂਗਰਸ ਦੀਆਂ ਸਰਕਾਰ ਦੀ ਤਰ੍ਹਾਂ ਹੀ ਹੁਣ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਮੌਜੂਦਾ ਪੰਜਾਬ ਸਰਕਾਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੀ ਮੈਨੇਜਮੈਂਟ ਵੱਲੋਂ ਪੇਂਡੂ ਜਲ ਸਪਲਾਈ ਸਕੀਮਾਂ ਦਾ ਨਿੱਜੀਕਰਨ/ਪੰਚਾਇਤੀਕਰਨ ਕਰਨ ਅਤੇ ਸਕਾਡਾ ਸਿਸਟਮ ਲਗਾਉਣ ਦੀਆਂ ਲੋਕ ਵਿਰੋਧੀ ਨੀਤੀਆਂ ਲਾਗੂ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਜਿੱਥੇ ਇਕ ਪਾਸੇ ਪਿੰਡਾਂ ਵਿਚ ਵੱਸੇ ਲੋਕਾਂ ਦੇ ਲਈ ਪੀਣ ਵਾਲੇ ਪਾਣੀ ਦੀ ਮੁਢਲੀ ਸਹੂਲਤ ਦਾ ਪ੍ਰਬੰਧ ਖੁਦ ਕਰਨ ਤੋਂ ਮਾਨ ਸਰਕਾਰ ਭੱਜ ਰਹੀ ਹੈ, ਉਥੇ ਇਸ ਦੇ ਨਾਲ ਹੀ ਪਿਛਲੇ 15-20 ਸਾਲਾਂ ਤੋਂ ਪੇਂਡੂ ਜਲ ਸਪਲਾਈ ਸਕੀਮ ਤੇ ਕੰਮ ਕਰਦੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਦੇ ਕੱਚੇ-ਪਿੱਲੇ ਰੁਜ਼ਗਾਰ ਨੂੰ ਖੋਹ ਕੇ ਬੇਰੁਜ਼ਗਾਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।ਇਸਦੇ ਨਾਲ ਹੀ ਕਿਰਤ ਕਾਨੂੰਨ ਅਧੀਨ ਹੋਏ ਵਾਧੇ ਮੁਤਾਬਿਕ ਇਨਲਿਸਟਮੈਂਟ/ਆਊਟਸੋਰਸ ਠੇਕਾ ਵਰਕਰਾਂ ਦੀਆਂ ਉਜ਼ਰਤਾਂ 'ਚ ਪਿਛਲੇ 2 ਸਾਲਾਂ ਤੋਂ ਵਾਧਾ ਨਹੀਂ ਕੀਤਾ ਜਾ ਰਿਹਾ ਹੈ, ਜਦੋਂਕਿ ਵਧਦੀ ਮਹਿੰਗਾਈ ਦੌਰਾਨ ਵਰਕਰਾਂ ਨੂੰ ਨਿਗੁਣੀਆਂ ਉਜ਼ਰਤਾਂ ਨਾਲ ਆਪਣੇ ਘਰ ਚਲਾਉਣੇ ਔਖੇ ਹੋ ਕੇ ਰਹਿ ਗਏ ਹਨ।ਉਨ੍ਹਾਂ ਚੇਤਾਵਨੀ ਦਿੱਤੀ ਕਿ ਪੰਜਾਬ ਸਰਕਾਰ ਤੇ ਵਿਭਾਗ ਦੀਆਂ ਵਰਕਰ ਤੇ ਲੋਕ ਵਿਰੋਧੀ ਨੀਤੀਆਂ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ, ਜਿਸ ਦਾ ਪੁਰਜ਼ੋਰ ਵਿਰੋਧ ਕੀਤਾ ਜਾਵੇਗਾ ਅਤੇ ਇਨਲਿਸਟਮੈਂਟ/ ਆਊਟਸੋਰਸ ਠੇਕਾ ਮੁਲਾਜ਼ਮਾਂ ਦੇ ਕੱਚੇ ਰੁਜ਼ਗਾਰ ਨੂੰ ਪੱਕਾ ਕਰਵਾਉਣ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ।ਉਨ੍ਹਾਂ ਕਿਹਾ ਕਿ ਯੂਨੀਅਨ ਦੇ ਮੰਗ-ਪੱਤਰ 'ਚ ਦਰਜ ਤਮਾਮ ਮੰਗਾਂ ਦਾ ਹੱਲ ਕਰਵਾਉਣ ਲਈ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ 27 ਜੂਨ 2024 ਨੂੰ ਵਿਭਾਗੀ ਮੁਖੀ, ਜਸਸ ਵਿਭਾਗ ਪੰਜਾਬ ਦੇ ਦਫ਼ਤਰ ਮੁਹਾਲੀ ਅੱਗੇ ਸੂਬਾ ਪੱਧਰੀ ਧਰਨਾ ਦੇਣ ਦਾ ਐਲਾਨ ਕੀਤਾ ਗਿਆ ਹੈ, ਜਿਸ ਵਿੱਚ ਜਲ ਸਪਲਾਈ ਕਾਮੇ ਪਰਵਾਰਾਂ ਤੇ ਬੱਚਿਆਂ ਸਮੇਤ ਸ਼ਾਮਲ ਹੋਣਗੇ।ਇਸ ਦੇ ਇਲਾਵਾ ਇਹ ਵੀ ਐਲਾਨ ਕੀਤਾ ਗਿਆ ਕਿ ਜਲ ਸਪਲਾਈ ਵਿਭਾਗ ਦੇ ਕੈਬਨਿਟ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਜਦੋਂ ਵੀ ਜਿਹੜੇ ਵੀ ਸ਼ਹਿਰ ਜਾਂ ਪਿੰਡ ਵਿੱਚ ਆਉਣਗੇ, ਉਥੇ ਯੂਨੀਅਨ ਵੱਲੋਂ ਵਿਰੋਧ ਪ੍ਰਦਰਸ਼ਨ ਕੀਤਾ ਜਾਵੇਗਾ।ਇਸ ਸਮੇਂ ਹੋਰਨਾਂ ਤੋਂ ਇਲਾਵਾ ਹਰਪ੍ਰੀਤ ਸਿੰਘ, ਦਿਲਬਾਗ ਸਿੰਘ, ਹਰਦੀਪ ਸਿੰਘ, ਸੁਖਦੇਵ ਸਿੰਘ, ਮਨਦੀਪ ਸਿੰਘ, ਗੁਰਤੇਜ ਤੇਜ਼ੀ ਆਦਿ ਸ਼ਾਮਲ ਸਨ।

# ਦਿੱਲੀ 'ਚ ਸਮਝੌਤੇ ਕਾਰਨ ਕਾਂਗਰਸ ਨੂੰ ਹਾਰ ਦਾ ਮੂੰਹ ਦੇਖਣਾ ਪਿਆ



**ਸੁਨਾਮ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)**-ਹਲਕਾ ਸੁਨਾਮ ਦੇ ਸੀਨੀਅਰ ਕਾਂਗਰਸੀ ਆਗੂ ਰਜਿੰਦਰ ਸਿੰਘ ਰਾਜਾ ਬੀਰ ਕਲਾਂ ਦੀ ਰਿਹਾਇਸ਼ 'ਤੇ ਪੁੱਜੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਰਾਜਾ ਵੜਿੰਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਜੇਕਰ ਦਿੱਲੀ ਵਿੱਚ ਆਮ ਆਦਮੀ ਪਾਰਟੀ ਨਾਲ ਗੱਠਜੋੜ ਤੋਂ ਬਿਨਾਂ ਲੜਦੇ ਤਾਂ ਮੇਰਾ ਮੰਨਣਾ ਹੈ ਕਿ ਸਾਨੂੰ ਹਾਰ ਦਾ ਮੂੰਹ ਨਾ ਦੇਖਣਾ ਪੈਂਦਾ, ਕਿਉਂਕਿ ਦਿੱਲੀ ਦੀ ਜਨਤਾ ਵਿੱਚ ਆਪ ਸਰਕਾਰ ਦੀ ਪਿਛਲੇ ਦਸ ਸਾਲਾਂ ਦੀ ਕਾਰਗੁਜ਼ਾਰੀ ਨੂੰ ਲੈ ਕੇ ਭਾਰੀ ਰੋਸ ਸੀ, ਜਿਸ ਦਾ ਕਾਂਗਰਸ ਪਾਰਟੀ ਨੂੰ ਵੀ ਖਮਿਆਜ਼ਾ ਭੁਗਤਣਾ ਪਿਆ।ਨੀਟ ਘੋਟਾਲੇ ਸਬੰਧੀ ਉਨ੍ਹਾ ਗੱਲ ਕਰਦਿਆਂ ਕਿਹਾ ਕਿ ਇਹ ਦੇਸ਼ ਦੇ ਲੱਖਾਂ ਬੱਚਿਆਂ ਤੇ ਉਨ੍ਹਾਂ ਦੇ ਪਰਵਾਰਾਂ ਨਾਲ ਜੁੜਿਆ ਹੋਇਆ ਮਾਮਲਾ ਹੈ, ਪਰ ਪ੍ਰਧਾਨ ਮੰਤਰੀ ਇਸ ਬਾਰੇ ਕੁਝ ਵੀ ਕਹਿਣ ਨੂੰ ਤਿਆਰ ਨਹੀਂ। ਕਾਂਗਰਸ ਪਾਰਟੀ ਇਸ ਮਾਮਲੇ 'ਚ ਬੱਚਿਆਂ ਨੂੰ ਇਨਸਾਫ਼ ਦਿਵਾਉਣ ਲਈ ਦੇਸ਼ ਭਰ ਵਿੱਚ ਸੰਘਰਸ਼ ਕਰਦੀ ਰਹੇਗੀ।ਫਸਲਾਂ ਦੀ ਐੱਮ ਐੱਸ ਪੀ ਵਿੱਚ ਕੀਮਤ ਵਧਾਉਣ ਨੂੰ ਲੈ ਕੇ ਭਾਜਪਾ ਵੱਲੋਂ ਆਪਣੀ ਪਿੱਠ ਥਾਪੜਨ 'ਤੇ ਕਿਹਾ ਕਿ ਜੇਕਰ ਭਾਜਪਾ ਕਿਸਾਨਾਂ ਦਾ ਜ਼ਰਾ ਜਿੰਨਾ ਵੀ ਭਲਾ ਸੋਚਦੀ ਹੈ ਤਾਂ ਕੇਂਦਰ ਸਰਕਾਰ ਨੂੰ ਐੱਮ ਐੱਸ ਪੀ ਦੀ ਕਾਨੂੰਨੀ ਗਰੰਟੀ ਦੇਣੀ ਚਾਹੀਦੀ ਹੈ।ਇਸ ਮੌਕੇ ਮਦਨ ਲਾਲ ਜਲਾਲਪੁਰ, ਜਗਦੇਵ ਸਿੰਘ ਜੱਗਾ ਸਰਪੰਚ, ਮਨਪ੍ਰੀਤ ਮਨੀ ਵੜੈਚ, ਰਿੰਪਲ ਧਾਲੀਵਾਲ, ਕਰਨਵੀਰ ਬੱਬੂ, ਬਲਜਿੰਦਰ ਕੌਰ ਰੂਬੀ, ਹਰਜਿੰਦਰ ਸਿੰਘ ਵਿਰਕ ਜਸਵੰਤ ਸਿੰਘ ਭੰਮ, ਸੋਮ ਨਾਥ ਸ਼ਰਮਾ, ਬਲਦੇਵ ਭੋਲਾ, ਅੰਮ੍ਰਿਤਪਾਲ ਪੰਪ ਵਾਲੇ, ਕਿਰਪਾਲ ਸਿੰਘ ਭੰਗੂ, ਗੁਰਮੀਤ ਸ਼ਰਮਾ, ਦੀਪਕ ਅਨੇਜਾ, ਉਪੇਂਦਰ ਬਾਬਲਾ, ਬਿੰਦਰ ਜਸਵੰਤ, ਚਿਮਨ ਲਾਲ, ਸੰਜੀਵ ਹੈਪੀ, ਅਸ਼ੋਕ ਸਿੰਗਲਾ, ਬਲਵਿੰਦਰ ਸ਼ਰਮਾ, ਬਲਵਿੰਦਰ ਮਾਸਟਰ, ਨਵੀਨ ਬੰਟੀ ਆਦਿ ਮੌਜੂਦ ਸਨ।

# ਗਾਂਧੀ ਗਾਰਡਨ ਵਿਖੇ 10ਵਾਂ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ

## ਵਿਧਾਇਕ ਰਣਬੀਰ ਭੁੱਲਰ, ਫੌਜਾ ਸਿੰਘ ਸਰਾਰੀ, ਨਾਰੇਸ਼ ਕਟਾਰੀਆ ਨੇ ਵੀ ਕੀਤਾ ਯੋਗ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਫਿਰੋਜ਼ਪੁਰ ਛਾਉਣੀ ਸਥਿਤ ਗਾਂਧੀ ਗਾਰਡਨ ਵਿਖੇ 10ਵੇਂ ਅੰਤਰਰਾਸ਼ਟਰੀ ਯੋਗ ਦਿਵਸ ਦੇ ਸਬੰਧ ਵਿੱਚ ਜ਼ਿਲ੍ਹਾ ਪੱਧਰੀ ਯੋਗ ਦਿਵਸ ਦਾ ਆਯੋਜਨ ਕੀਤਾ ਗਿਆ। ਇਸ ਸਾਲ ਦੇ ਯੋਗ ਦਿਵਸ ਦਾ ਥੀਮ "ਯੋਗ-ਆਪਣੇ ਤੇ ਸਮਾਜ ਲਈ" ਸੀ।ਇਸ ਯੋਗ ਦਿਵਸ ਮੌਕੇ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਗੁਰੂ ਹਰਸਹਾਏ ਫੌਜਾ ਸਿੰਘ ਸਰਾਰੀ, ਵਿਧਾਇਕ ਜ਼ੀਰਾ ਨਾਰੇਸ਼ ਕਟਾਰੀਆ, ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਆਈਏਐੱਸ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਗਈ।ਇਸ ਮੌਕੇ ਵਿਧਾਇਕ ਫਿਰੋਜ਼ਪੁਰ ਸ਼ਹਿਰੀ ਰਣਬੀਰ ਸਿੰਘ ਭੁੱਲਰ, ਵਿਧਾਇਕ ਗੁਰੂ ਹਰਸਹਾਏ ਫੌਜਾ ਸਿੰਘ ਸਰਾਰੀ, ਵਿਧਾਇਕ ਜ਼ੀਰਾ ਨਾਰੇਸ਼ ਕਟਾਰੀਆਂ ਨੇ ਕਿਹਾ ਕਿ ਯੋਗ ਸਾਡੀ ਸਰੀਰਕ ਤੇ ਮਾਨਸਿਕ ਤੰਦਰੁਸਤੀ ਲਈ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਖੁਦ ਆਪਣੀ ਜ਼ਿੰਦਗੀ ਵਿੱਚ ਯੋਗ ਨੂੰ ਆਪਣਾ ਕੇ ਸਰੀਰਕ ਸਮੱਸਿਆਵਾਂ ਨੂੰ ਦੂਰ ਕੀਤਾ ਹੈ।ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਯੋਗਾ ਕਰਨਾ ਚਾਹੀਦਾ ਹੈ ਤੇ ਇਸ ਦਾ ਵੱਧ ਤੋਂ ਵੱਧ ਪ੍ਰਚਾਰ ਕਰਨਾ ਚਾਹੀਦਾ ਹੈ ਤਾਂ ਜੋ ਹਰ ਮਨੁੱਖ ਯੋਗ ਤੋਂ ਪ੍ਰਭਾਵਿਤ ਹੋ ਕੇ ਇਸ ਨੂੰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਸ਼ਾਮਲ ਕਰ ਸਕੇ।ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਯੋਗ ਕਰਨਾ ਸਾਡੇ ਲਈ ਬਹੁਤ ਅਹਿਮ ਹੈ।ਯੋਗ ਕਰਨ ਵਾਲਾ ਇਨਸਾਨ ਇਕ ਤੰਦਰੁਸਤ ਸਰੀਰ ਤੇ ਦਿਮਾਗ ਦਾ ਮਾਲਕ ਹੁੰਦਾ ਹੈ।ਉਨ੍ਹਾਂ ਕਿਹਾ ਕਿ ਹਰੇਕ ਵਿਅਕਤੀ ਨੂੰ ਯੋਗ ਆਪਣੀ ਰੋਜ਼ਮਰਾ ਦੀ ਜ਼ਿੰਦਗੀ ਵਿੱਚ ਸ਼ਾਮਲ ਕਰਨਾ ਚਾਹੀਦਾ ਹੈ।ਇਸ ਸਮਾਗਮ ਵਿੱਚ 500 ਦੇ ਕਰੀਬ ਲੋਕਾਂ ਨੇ ਬੜੇ ਉਤਸ਼ਾਹ ਨਾਲ ਆਪਣੀ ਭਾਗੀਦਾਰੀ ਦਰਜ ਕਰਵਾਈ।ਇਸ ਮੌਕੇ ਆਏ ਹੋਏ ਵਿਸ਼ੇਸ਼ ਮਹਿਮਾਨਾਂ ਨੂੰ ਬੂਟੇ ਵੰਡ ਕੇ ਸਨਮਾਨਤ ਕੀਤਾ ਗਿਆ ਅਤੇ ਹਰ ਮਨੁੱਖ ਨੂੰ ਵੱਧ ਤੋਂ ਵੱਧ ਬੂਟੇ ਲਾਉਣ ਲਈ ਪ੍ਰੇਰਿਤ ਵੀ ਕੀਤਾ ਗਿਆ।ਇਸ ਮੌਕੇ ਐੱਸ ਡੀ ਐੱਮ ਫਿਰੋਜ਼ਪੁਰ ਡਾ. ਚਾਰੂਮਿਤਾ ਸ਼ੇਖਰ, ਸਹਾਇਕ ਕਮਿਸ਼ਨਰ ਸੂਰਜ, ਸਕੱਤਰ ਰੈੱਡ ਕਰਾਸ ਅਸ਼ੋਕ ਬਹਿਲ, ਡਿਪਟੀ ਡੀਈਓ ਪ੍ਰਗਟ ਬਰਾੜ, ਪ੍ਰਿੰਸੀਪਲ ਡਾ. ਸਤਿੰਦਰ ਸਿੰਘ, ਦੀਪਕ ਮੰਗਲਾ, ਡਾ. ਸੁਮਿਤ ਮੋਂਗਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਯੋਗ ਸਾਧਨਾ ਕੇਂਦਰ ਫਿਰੋਜ਼ਪੁਰ ਦੇ ਮੈਂਬਰ ਤੋਂ ਇਲਾਵਾ ਆਮ ਲੋਕਾਂ ਨੇ ਵੀ ਸ਼ਮੂਲੀਅਤ ਕੀਤੀ।

22-JUNE-PAGE-7.qxd 6/21/2024 9:37 PM Page 1



# ਅੰਤਰਰਾਸ਼ਟਰੀ ਯੋਗਾ ਦਿਵਸ ਵੱਖ-ਵੱਖ ਥਾਈਂ ਉਤਸ਼ਾਹ ਨਾਲ ਮਨਾਇਆ


ਫਤਿਹਗੜ੍ਹ ਸਾਹਿਬ


ਮਲੋਟ


ਸੁਨਾਮ


ਸਮਾਣਾ

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਯੋਗ ਇੱਕ ਅਜਿਹੀ ਵਿਧੀ ਹੈ ਜੋ ਕਿ ਤੰਦਰੁਸਤ ਰਹਿਣ ਦਾ ਇੱਕ ਉੱਤਮ ਸਾਧਨ ਹੈ, ਇਸ ਲਈ ਹਰੇਕ ਇਨਸਾਨ ਨੂੰ ਰੋਜ਼ਾਨਾ ਯੋਗ ਜ਼ਰੂਰ ਕਰਨਾ ਚਾਹੀਦਾ ਹੈ ਤਾਂ ਜੋ ਉਹ ਸਰੀਰਕ ਤੇ ਮਾਨਸਿਕ ਤੌਰ 'ਤੇ ਤੰਦਰੁਸਤ ਰਹਿ ਸਕੇ।ਇਹ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ ਜਨਰਲ ਇਸ਼ਾ ਸਿੰਗਲ ਨੇ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਦੇਸ਼ ਭਗਤ ਯੂਨੀਵਰਸਿਟੀ ਵਿਖੇ ਕਰਵਾਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਗੱਲਬਾਤ ਕਰਦਿਆਂ ਕੀਤਾ।ਉਨ੍ਹਾ ਆਖਿਆ ਕਿ ਯੋਗ ਨੂੰ ਹਰ ਉਮਰ ਦਾ ਵਿਅਕਤੀ ਸਹਿਜੇ ਹੀ ਆਪਣੇ ਜੀਵਨ ਦਾ ਹਿੱਸਾ ਬਣਾ ਸਕਦਾ ਹੈ। ਯੋਗ ਲਈ ਰੋਜ਼ਾਨਾ ਕੁਝ ਸਮਾਂ ਕੱਢ ਕੇ ਅਸੀਂ ਭੱਜ ਦੌੜ ਤੇ ਤਣਾਅ ਭਰੀ ਜ਼ਿੰਦਗੀ ਵਿੱਚ ਪੂਰੀ ਤਰ੍ਹਾਂ ਤੰਦਰੁਸਤ ਜੀਵਨ ਬਤੀਤ ਕਰ ਸਕਦੇ ਹਾਂ।ਵਧੀਕ ਡਿਪਟੀ ਕਮਿਸ਼ਨਰ ਨੇ ਹੋਰ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਨੂੰ ਤੰਦਰੁਸਤ ਰੱਖਣ ਲਈ ਸੀ.ਐਮ. ਦੀ ਯੋਗਸ਼ਾਲਾ ਨਾ ਹੇਠ ਇੱਕ ਮੁਹਿੰਮ ਸ਼ੁਰੂ ਕੀਤੀ ਗਈ ਹੈ ਜਿਸ ਤਹਿਤ ਯੋਗ ਦੇ ਮਾਹਰ ਟਰੇਨਰਾਂ ਵੱਲੋਂ ਯੋਗ ਦੀ ਸਿਖਲਾਈ ਦਿੱਤੀ ਜਾਂਦੀ ਹੈ।ਇਸ ਮੌਕੇ ਚੈਅਰਮੈਨ ਮਾਰਕਿਟ ਕਮੇਟੀ ਅਮਲੋਹ ਸੁਖਵਿੰਦਰ ਕੌਰ ਗਹਿਲੋਤ, ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜੋਰਾ ਸਿੰਘ, ਤਹਿਸੀਲਦਾਰ ਯੀਸ਼ੂ ਬਾਂਸਲ ਸਮੇਤ ਵੱਡੀ ਗਿਣਤੀ ਵਿੱਚ ਵੱਖ-ਵੱਖ ਵਿਭਾਗਾਂ ਦੇ


ਫਰੀਦਕੋਟ

ਅਧਿਕਾਰੀਆਂ ਤੇ ਸ਼ਹਿਰੀ ਪਤਵੰਤਿਆਂ ਨੇ ਵੀ ਯੋਗ ਅਪਣਾ ਕੇ ਸਿਹਤਮੰਦ ਰਹਿਣ ਦਾ ਪ੍ਰਣ ਲਿਆ।

**ਜੈਤੋ (ਸਤੀਸ਼ ਕੁਮਾਰ ਭੀਗੀ)** : ਸ਼ਹਿਰ ਦੇ ਰੇਲਵੇ ਸਟੇਸ਼ਨ ਪਾਰਕ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁੱਡ ਮੋਰਨਿੰਗ ਵਾਕ ਕਲੱਬ ਵੱਲੋਂ ਅੰਤਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ।ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਕਲੱਬ ਦੇ ਆਗੂ ਦੀਪੂ ਗੋਇਲ ਨੇ ਦੱਸਿਆ ਕਿ ਯੋਗ ਕਲਾਸ ਵਿੱਚ ਸ਼ਹਿਰ ਦੇ ਪਤਵੰਤੇ ਸੱਜਣਾਂ ਨੇ ਬਹੁਤ ਹੀ ਵਧ ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਪੰਕਜ ਜਿੰਦਲ, ਭੂਸ਼ਣ ਗਰਗ, ਸ਼ਿਵਜੀ ਬਾਂਸਲ, ਸੱਤਪਾਲ ਜਿੰਦਲ, ਰਾਕੇਸ਼ ਕੁਮਾਰ, ਸੁਰਿੰਦਰ ਲਾਲਾ, ਸੁਰਿੰਦਰ ਜਿੰਦਲ, ਸ਼ੀਲੀ ਜਿੰਦਲ, ਸੁਰਿੰਦਰ ਸੱਚਦੇਵਾ, ਨਰੇਸ਼ ਕਾਂਸਲ, ਲਵਲੀ ਕਾਂਸਲ, ਕਾਲੂ ਅਬਰੋਲ, ਬਿੱਟੂ ਜੈਨ, ਦੀਪੂ ਗੋਇਲ ਆਦਿ ਮੈਂਬਰ ਹਾਜ਼ਰ ਸਨ।

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** : ਯੋਗ ਸਾਨੂੰ ਵਿਰਾਸਤ ਵਿੱਚ ਰਿਸ਼ੀਆਂ ਮੁਨੀਆਂ ਤੋਂ ਹਾਸਲ ਹੋਇਆ ਹੈ , ਜਿਸ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਮਾਨਤਾ ਹਾਸਲ ਹੋਈ ਹੈ ਤੇ ਇਹ ਸਾਡੇ ਲਈ ਬੜੇ ਹੀ ਮਾਣ ਦੀ ਗੱਲ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਫਤਿਹਗੜ੍ਹ ਸਾਹਿਬ ਤੋਂ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਆਮ ਖਾਸ ਬਾਗ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਯੋਗ ਨੂੰ ਹਰ ਉਮਰ ਦਾ ਵਿਅਕਤੀ ਸਹਿਜੇ ਹੀ ਆਪਣੇ ਜੀਵਨ ਦਾ ਹਿੱਸਾ ਬਣਾ ਸਕਦਾ ਹੈ। ਯੋਗ ਲਈ ਰੋਜ਼ਾਨਾ ਕੁਝ ਸਮਾਂ ਕੱਢ ਕੇ ਅਸੀਂ ਭੱਜ ਦੌੜ ਤੇ ਤਣਾਅ ਭਰੀ ਜ਼ਿੰਦਗੀ ਵਿੱਚ ਪੂਰੀ ਤਰ੍ਹਾਂ ਤੰਦਰੁਸਤ ਜੀਵਨ ਬਤੀਤ ਕਰ ਸਕਦੇ ਹਾਂ।ਇਸ ਕੈਂਪ ਵਿੱਚ ਜ਼ਿਲ੍ਹਾ ਭਰ ਤੋਂ ਖੇਡਾਂ ਨਾਲ ਜੁੜੇ ਹੋਏ ਖਿਡਾਰੀਆਂ, ਵਿਦਿਆਰਥੀਆਂ ਅਤੇ ਆਮ ਨਾਗਰਿਕਾਂ ਅਤੇ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਉਨ੍ਹਾ ਨਾਲ ਕੌਂਸਲਰ, ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਤੇ ਪਤਵੰਤੇ ਹਾਜ਼ਰ ਸਨ।

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)** : ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਚੰਡੀਗੜ੍ਹ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ. ਨਗਰ ਦੀ ਹਦਾਇਤਾਂ ਅਨੁਸਾਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫ਼ਰੀਦਕੋਟ ਵੱਲੋਂ ਵਿਸ਼ਵ ਯੋਗਾ ਦਿਵਸ 2024 ਦੇ ਮੌਕੇ ਯੋਗਾ ਕੈਂਪ ਦਾ ਆਯੋਜਨ ਜ਼ਿਲ੍ਹਾ ਕਚਹਿਰੀਆਂ ਵਿਖੇ ਸ੍ਰੀਮਤੀ ਨਵਜੋਤ ਕੌਰ ਜ਼ਿਲ੍ਹਾ ਤੇ ਸੈਸ਼ਨ ਜੱਜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਡਾ. ਰਾਮ ਕੁਮਾਰ ਸਿੰਗਲਾ ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ ਤੇ ਮੈਡਮ ਦਮਨਦੀਪ ਕਮਲ ਹੀਰਾ ਸਿਵਲ ਜੱਜ (ਜੂਨੀਅਰ ਡਿਵੀਜ਼ਨ) ਇੰਚਾਰਜ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਰਹਿਨੁਮਾਈ ਹੇਠ ਕੀਤਾ ਗਿਆ, ਜਿਸ ਵਿੱਚ ਜ਼ਿਲ੍ਹਾ ਕਚਹਿਰੀਆਂ ਤੇ ਸਬ-ਡਵੀਜ਼ਨ ਜੈਤੋ ਦੇ ਸਮੂਹ ਸਟਾਫ਼, ਵਕੀਲ ਸਾਹਿਬਾਨ ਤੇ ਉਨ੍ਹਾਂ ਦੇ ਕਲਰਕਾਂ ਵੱਲੋਂ ਵਧ-ਚੜ੍ਹ ਕੇ ਸ਼ਿਰਕਤ ਕੀਤੀ ਗਈ।ਯੋਗਾ ਕੈਂਪ ਵਿੱਚ ਸ੍ਰੀ ਰਮੇਸ਼ ਕੁਮਾਰ ਗੇਰਾ ਯੋਗਾ ਟ੍ਰੇਨਰ ਤੇ ਟੀਮ ਮੈਂਬਰਾਂ ਵੱਲੋਂ ਯੋਗਾ ਕੈਂਪ ਵਿੱਚ ਸ਼ਾਮਲ ਸਮੂਹ ਭਾਗੀਦਾਰਾਂ ਨੂੰ ਯੋਗ-ਪ੍ਰਣਾਲੀ ਰਾਹੀਂ ਯੋਗਾ ਕਰਾਇਆ ਗਿਆ ਤੇ ਯੋਗਾ ਤੋਂ ਹੋਣ ਵਾਲੇ ਲਾਭਾਂ ਬਾਰੇ ਵਿਸਥਾਰਪੂਰਵਕ ਜਾਣੂ ਕਰਾਇਆ ਗਿਆ।ਉਨ੍ਹਾਂ ਅਪੀਲ ਕੀਤੀ ਕਿ ਹਰੇਕ ਵਿਅਕਤੀ ਨੂੰ ਯੋਗਾ ਨੂੰ ਆਪਣੀ ਨਿੱਤ-ਦਿਨ ਦੀ ਜ਼ਿੰਦਗੀ ਵਿੱਚ ਸ਼ਾਮਲ ਕਰਦੇ ਹੋਏ ਉਸ ਤੋਂ ਵੱਧ ਤੋਂ ਵੱਧ ਲਾਭ ਲੈਣਾ ਚਾਹੀਦਾ ਹੈ। ਇਸ ਮੌਕੇ ਡਾ. ਰਾਮ ਕੁਮਾਰ ਸਿੰਗਲਾ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਵੀ ਭਾਗੀਦਾਰਾਂ ਨੂੰ ਯੋਗਾ ਤੋਂ ਹੋਣ ਵਾਲੇ ਲਾਭਾਂ ਬਾਰੇ ਜਾਣੂ ਕਰਾਇਆ ਤੇ ਦੱਸਿਆ ਕਿ ਯੋਗ ਨਾਲ ਜਿੱਥੇ ਅਸੀਂ ਆਪਣੀਆਂ ਸਰੀਰਿਕ ਬਿਮਾਰੀਆਂ ਤੋਂ ਛੁਟਕਾਰਾ ਪਾ ਸਕਦੇ ਹਾਂ, ਉੱਥੇ ਮਾਨਸਿਕ ਬਿਮਾਰੀਆਂ ਤੋਂ ਵੀ ਦੂਰ ਰਹਿ ਸਕਦੇ ਹਾਂ।ਉਨ੍ਹਾਂ ਕਿਹਾ ਕਿ ਅੱਜ-ਕਲ੍ਹ ਜ਼ਿੰਦਗੀ ਬਹੁਤ ਤੇਜ਼ ਹੋ ਚੁੱਕੀ ਹੈ, ਜਿਸ ਕਰਕੇ ਹਰ ਆਦਮੀ ਕਿਸੇ ਨਾ ਕਿਸੇ ਮਾਨਸਿਕ ਤਨਾਅ ਦੇ ਵਿੱਚ ਰਹਿੰਦਾ ਹੈ ਜਿਸ ਨੂੰ ਯੋਗ ਦੁਆਰਾ ਦੂਰ ਕੀਤਾ ਜਾ ਸਕਦਾ ਹੈ ਅਤੇ ਆਪਣੇ ਕੰਮ ਕਰਨ ਦੀ ਸਮਰੱਥਾ ਨੂੰ ਵਧਾ ਤੇ ਸੁਧਾਰ ਸਕਦਾ ਹੈ।

**ਮਲੋਟ (ਗੁਰਮੀਤ ਸਿੰਘ ਮੱਕੜ)** : ਅੰਤਰਰਾਸ਼ਟਰੀ ਯੋਗ ਦਿਵਸ ਪੂਰੇ ਦੇਸ਼ ਵਿਚ ਮਨਾਇਆ ਜਾ ਰਿਹਾ ਹੈ, ਜਿਸ ਦੇ ਚੱਲਦੇ ਮਲੋਟ ਦੇ ਸਿਵਲ ਹਸਪਤਾਲ ਵਿਚ ਵੀ ਸਿਵਲ ਸੀਨੀਅਰ ਮੈਡੀਕਲ ਅਫ਼ਸਰ ਦੀ ਨਿਗਰਾਨੀ ਹੇਠ ਯੋਗ ਦਿਵਸ ਮਨਾਉਂਦੇ ਹੋਏ ਯੋਗ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਹਸਪਤਾਲ ਦੇ ਮਰੀਜ਼ਾਂ ਤੇ ਸ਼ਹਿਰ ਵਾਸੀਆਂ ਨੂੰ ਯੋਗ ਮਾਹਿਰਾਂ ਨੇ ਯੋਗ ਆਸਣਾਂ ਬਾਰੇ ਜਾਣਕਾਰੀ ਦਿੱਤੀ ਅਤੇ ਯੋਗ ਕਰਾਇਆ ਗਿਆ। ਇਸ ਮੌਕੇ ਯੋਗ ਮਾਹਰ ਦੀਪਕ ਮੱਕੜ ਤੇ ਐਸ.ਐਮ.ਓ. ਸੁਨੀਲ ਬਾਂਸਲ ਨੇ ਦੱਸਿਆ ਕਿ ਯੋਗਾ ਕਰਨ ਨਾਲ ਜਿੱਥੇ ਸਾਡਾ ਸਰੀਰ ਤੰਦਰੁਸਤ ਰਹਿੰਦਾ ਹੈ, ਉੱਥੇ ਬਿਮਾਰੀਆਂ ਨਾਲ ਲੜਨ ਦੀ ਸ਼ਕਤੀ ਮਿਲਦੀ ਹੈ, ਇਸ ਲਈ ਸਾਨੂੰ ਯੋਗ ਨਾਲ ਜੁੜਨ ਦੀ ਜ਼ਰੂਰਤ ਹੈ।

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** : ਇਸ ਭੱਜ ਦੌੜ ਦੀ ਜ਼ਿੰਦਗੀ ਵਿੱਚ ਇਨਸਾਨ ਨੂੰ ਆਪਣੀ ਸਿਹਤ ਦਾ ਧਿਆਨ ਰੱਖਣ ਵਾਸਤੇ ਜ਼ਿਆਦਾ ਸਮਾਂ ਨਹੀਂ ਮਿਲਦਾ, ਜਿਸ ਕਾਰਨ ਇਨਸਾਨ ਸਰੀਰਕ ਤੇ ਮਾਨਸਿਕ ਤੌਰ 'ਤੇ ਚਿੰਤਾਵਾਂ ਦਾ ਸ਼ਿਕਾਰ ਹੋ ਜਾਂਦਾ ਹੈ।ਯੋਗ ਇੱਕ ਅਜਿਹੀ ਵਿਧੀ ਹੈ, ਜੋ ਤੰਦਰੁਸਤ ਰਹਿਣ ਦਾ ਇੱਕ ਉੱਤਮ ਸਾਧਨ ਹੈ, ਇਸ ਲਈ ਹਰੇਕ ਇਨਸਾਨ ਨੂੰ ਰੋਜ਼ਾਨਾ ਯੋਗ ਜ਼ਰੂਰ ਕਰਨਾ ਚਾਹੀਦਾ ਹੈ ਤਾਂ ਜੁ ਉਹ ਸਰੀਰਕ ਤੇ ਮਾਨਸਿਕ ਤੌਰ 'ਤੇ ਤੰਦਰੁਸਤ ਰਹਿ ਸਕੇ।ਇਹ ਪ੍ਰਗਟਾਵਾ ਜਲਾਲਾਬਾਦ ਦੇ ਵਿਧਾਇਕ ਸ੍ਰੀ ਜਗਦੀਪ ਕੰਬੋਜ ਗੋਲਡੀ ਨੇ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਕਰਾਏ ਯੋਗਾ ਦਿਵਸ ਸਮਾਗਮ ਦੌਰਾਨ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਆਖਿਆ ਕਿ ਯੋਗ ਨੂੰ ਹਰ ਉਮਰ ਦਾ ਵਿਅਕਤੀ ਸਹਿਜੇ ਹੀ ਆਪਣੇ ਜੀਵਨ ਦਾ ਹਿੱਸਾ ਬਣਾ ਸਕਦਾ ਹੈ।ਉਨ੍ਹਾਂ ਕਿਹਾ ਕਿ ਯੋਗ ਲਈ ਰੋਜ਼ਾਨਾ ਕੁੱਝ ਸਮਾਂ ਕੱਢ ਕੇ ਅਸੀਂ ਭੱਜ ਦੌੜ ਤੇ ਤਣਾਅ ਭਰੀ ਜ਼ਿੰਦਗੀ ਵਿੱਚ ਪੂਰੀ ਤਰ੍ਹਾਂ ਤੰਦਰੁਸਤ ਜੀਵਨ ਬਤੀਤ ਕਰ ਸਕਦੇ ਹਾਂ।

ਇਸੇ ਤਰ੍ਹਾਂ ਜੁਡੀਸ਼ੀਅਲ ਕੋਰਟ ਕੰਪਲੈਕਸ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ, ਜਿਸ ਵਿੱਚ ਸਮੂਹ ਕੋਰਟ ਸਟਾਫ਼ ਤੇ ਵਕੀਲਾਂ ਵੱਲੋਂ ਯੋਗ ਕਿਰਿਆਵਾਂ ਕੀਤੀਆਂ ਗਈਆਂ ਅਤੇ ਯੋਗ ਦੀਆਂ ਬਾਰੀਕੀਆਂ ਨੂੰ ਜਾਣਿਆ। ਇਸ ਮੌਕੇ ਬਾਰ ਐਸੋਸ਼ੀਏਸ਼ਨ ਦੇ ਜਨਰਲ ਸਕੱਤਰ ਵਿਕਾਸ ਸੱਚਦੇਵਾ ਨੇ ਕਿਹਾ ਕਿ ਯੋਗ ਇੱਕ ਅਨਮੋਲ ਤੋਹਫ਼ਾ ਹੈ ਜੋ ਸਾਡੇ ਹਿੱਸੇ ਆਇਆ, ਇਸ ਲਈ ਸਾਨੂੰ ਹਰ ਰੋਜ਼ ਯੋਗ ਕਰਨਾ ਚਾਹੀਦਾ ਹੈ ਤਾਂ ਜੁ ਸਾਡਾ ਸਰੀਰ ਤੰਦਰੁਸਤ ਰਹਿ ਸਕੇ। ਉਨ੍ਹਾਂ ਨੇ ਯੋਗਾ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਆਪਣਾ ਸਮਾਂ ਸਮਰਪਤ ਕਰਨ ਲਈ ਕੋਰਟ ਸਟਾਫ਼ ਤੇ ਵਕੀਲਾਂ ਦਾ ਧੰਨਵਾਦ ਕੀਤਾ।

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** : ਡੀਏਵੀ ਪਬਲਿਕ ਸਕੂਲ ਪਾਤੜਾਂ ਸਕੂਲ ਅਧਿਆਪਕਾਂ ਤੇ ਵਿਦਿਆਰਥੀਆਂ ਵੱਲੋਂ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ।ਕਾਰਜਕਾਰੀ ਪ੍ਰਿੰਸੀਪਲ ਹੇਮੰਤ ਭਾਰਦਵਾਜ ਨੇ ਦੱਸਿਆ ਕਿ ਪਿਛਲੇ ਕੁਝ ਸਾਲਾਂ ਤੋਂ 21 ਜੂਨ ਨੂੰ ਯੋਗ ਦਿਵਸ ਵਜੋਂ ਲਗਾਤਾਰ ਮਨਾਏ ਜਾਣ ਦੀ ਇਸ ਪ੍ਰਕਿਰਿਆ ਨੂੰ ਮੁੱਖ ਰੱਖਦੇ ਹੋਏ ਸਕੂਲ ਵਿੱਚ ਯੋਗ ਦਿਵਸ ਮਨਾਉਣ ਦਾ ਵਿਸ਼ੇਸ਼ ਤੌਰ 'ਤੇ ਪ੍ਰਬੰਧ ਕੀਤਾ ਗਿਆ।ਸਕੂਲ ਅਧਿਆਪਕਾ ਨੀਲਮ ਗੁਪਤਾ ਵੱਲੋਂ ਸੂਰਜ ਨਮਸਕਾਰ ਆਸਣ ਨਾਲ ਸ਼ੁਰੂਆਤ ਕਰਦੇ ਹੋਏ ਯੋਗ ਦੇ ਵੱਖ-ਵੱਖ ਆਸਨ ਕਰਾਏ ਗਏ।ਹਿੰਦੀ ਵਿਸ਼ੇ ਦੇ ਅਧਿਆਪਕ ਸੁਭਾਸ਼ ਚੰਦਰ, ਅੰਗਰੇਜ਼ੀ ਵਿਸ਼ੇ ਦੇ ਅਧਿਆਪਕ ਬਾਲ ਕ੍ਰਿਸ਼ਨ ਤੇ ਸਰੀਰਕ ਸਿੱਖਿਆ ਵਿਸ਼ੇ ਦੇ ਅਧਿਆਪਕ ਰਵਿੰਦਰ ਸਿੰਘ ਵੱਲੋਂ ਯੋਗ ਦੇ ਮਹੱਤਵ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ ਤੇ ਰੋਜ਼ਾਨਾ ਯੋਗਾ ਕਰਨ ਦੀ ਅਪੀਲ ਕੀਤੀ।ਇਸ ਸਮੇਂ ਸਕੂਲ ਸਟਾਫ ਵਿਚੋਂ ਸ਼ਮਸ਼ੇਰ ਸਿੰਘ, ਧਰਮਿੰਦਰ ਸਿੰਘ, ਪਰਮਜੀਤ ਕੌਰ, ਨਿਰਮਲਾ ਦੇਵੀ, ਸਰੋਜ ਬਾਲਾ, ਰਣਜੀਤ ਕੌਰ, ਸ਼ੀਤਲ ਕਾਂਸਲ, ਰਾਜੀਵ ਕੁਮਾਰ, ਸੁਖਵਿੰਦਰ ਸਿੰਘ, ਪ੍ਰਦੀਪ ਕੁਮਾਰ ਤੇ ਸ਼ਾਹ ਨਿਵਾਜ਼ ਆਦਿ ਹਾਜ਼ਰ ਸਨ।

**ਸਮਾਣਾ (ਇਕਬਾਲ ਸਿੰਘ ਬੱਲ)** : ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਸੰਤ ਨਿਰੰਕਾਰੀ ਮਿਸ਼ਨ ਵੱਲੋਂ ਪੂਰੇ ਭਾਰਤ ਵਿੱਚ ਸਥਾਪਤ ਸੰਤ ਨਿਰੰਕਾਰੀ ਮਿਸ਼ਨ ਦੀਆਂ ਵੱਖ-ਵੱਖ ਬ੍ਰਾਂਚਾਂ ਵਿੱਚ ਯੋਗਾ ਸੰਚਾਲਕਾਂ ਦੀ ਦੇਖ ਰੇਖ ਹੇਠ ਯੋਗਾ ਦਿਵਸ ਸਵੇਰੇ 6.00 ਵਜੇ ਤੋਂ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਲੜੀ ਸੰਤ ਨਿਰੰਕਾਰੀ ਸਤਿਸੰਗ ਭਵਨ ਬ੍ਰਾਂਚ ਵਿਖੇ ਸਥਾਨਕ ਸੰਯੋਜਕ ਸੁਰਿੰਦਰ ਸਿੰਘ ਐਡਵੋਕੇਟ ਤੇ ਖੇਤਰੀ ਸੰਚਾਲਕ ਮਨਮੋਹਨ ਸਿੰਘ ਦੀ ਅਗਵਾਈ ਹੇਠ ਯੋਗਾ ਦਿਵਸ ਮਨਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਨਿਰੰਕਾਰੀ ਸ਼ਰਧਾਲੂਆਂ ਤੇ ਹੋਰ ਸ਼ਹਿਰ ਨਿਵਾਸੀਆਂ ਨੇ ਵੀ ਭਾਗ ਲਿਆ।

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** : ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-


ਨਾਭਾ

ਨਿਰਦੇਸ਼ਾਂ ਤੇ ਮੈਡਮ ਜਤਿੰਦਰ ਕੌਰ, ਮਾਨਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ ਦੀ ਅਗਵਾਈ ਹੇਠ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜੁਡੀਸ਼ੀਅਲ ਕੋਰਟ ਕੰਪਲੈਕਸ ਤੇ ਸਬ ਜੇਲ੍ਹ ਵਿਖੇ ਯੋਗ ਕੈਂਪ ਲਾਇਆ ਗਿਆ ਹੈ।ਜੁਡੀਸ਼ੀਅਲ ਕੋਰਟ ਕੰਪਲੈਕਸ ਵਿਖੇ ਜੁਡੀਸ਼ੀਅਲ ਆਫ਼ੀਸਰਜ਼, ਜੁਡੀਸ਼ੀਅਲ ਸਟਾਫ਼, ਬਾਰ ਐਸੋਸੀਏਸ਼ਨ ਦੇ ਵਕੀਲ ਸਾਹਿਬਾਨ ਨੇ ਭਾਗ ਲਿਆ ਤੇ ਇਸ ਵਿੱਚ ਮੈਡਮ ਅਨੀਤਾ ਯੋਗਿਨੀ, ਯੋਗਾ ਇੰਸਟ੍ਰਕਟਰ, ਸ਼੍ਰੀ ਰਾਜ ਸਿੰਘ, ਸੀ.ਐਮ.ਡੀ.ਵਾਏ. ਯੋਗਸ਼ਾਲਾ, ਯੋਗਾ ਇੰਸਟ੍ਰਕਟਰ ਨੇ ਯੋਗ ਕਰਾਇਆ ਤੇ ਸਬ-ਜੇਲ੍ਹ ਫ਼ਾਜ਼ਿਲਕਾ ਵਿਖੇ ਕੈਦੀਆਂ ਤੇ ਹਵਾਲਾਤੀਆਂ ਨੂੰ ਸ਼੍ਰੀ ਰਾਜੇਸ਼ ਕਸਰੀਜਾ, ਵਕੀਲ-ਵ-ਆਰਟ ਉਫ਼ ਲੀਵਿੰਗ ਦੇ ਯੋਗਾ ਇੰਸਟ੍ਰਕਟਰ ਨੇ ਯੋਗਾ ਤੇ ਧਿਆਨ ਕਰਾਇਆ।

ਇਸ ਮੌਕੇ ਸ਼੍ਰੀ ਜਾਪਿੰਦਰ ਸਿੰਘ, ਮਾਨਯੋਗ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਨੇ ਦੱਸਿਆ ਕਿ ਸਰੀਰ ਨੂੰ ਤੰਦਰੁਸਤ ਰੱਖਣ ਵਿੱਚ ਯੋਗਾ ਦਾ ਬਹੁਤ ਵੱਡਾ ਰੋਲ ਹੁੰਦਾ ਹੈ।ਯੋਗ ਅਭਿਆਸ ਕਰਨ ਨਾਲ ਅਸੀਂ ਸਰੀਰਕ ਪੱਖੋਂ ਸਿਹਤਮੰਦ ਤਾਂ ਹੁੰਦੇ ਹੀ ਹਾਂ, ਸਗੋਂ ਮਾਨਸਿਕ ਤੌਰ 'ਤੇ ਵੀ ਮਜਬੂਤ ਬਣਦੇ ਹਾਂ।ਇਸ ਨਾਲ ਮਨ ਵੀ ਸਥਿਰ ਹੁੰਦਾ ਹੈ ਤੇ ਅੰਦਰੋਂ ਮਨ ਨੂੰ ਸ਼ਾਂਤੀ ਮਿਲਦੀ ਹੈ।ਇਸ ਦੇ ਅਨੇਕਾਂ ਫ਼ਾਇਦੇ ਹਨ, ਬਸ ਜ਼ਰੂਰਤ ਹੈ ਸਾਨੂੰ ਇਸ ਨੂੰ ਰੋਜ਼ਾਨਾ ਕਰਨ ਦੀ ਤੇ ਇਸ ਦੀ ਆਦਤ ਪਾਉਣ ਦੀ। ਸਵੇਰੇ-ਸਵੇਰੇ ਯੋਗਾ ਕਰਨ ਨਾਲ ਮਨ ਵਿੱਚ ਸਕਾਰਾਤਮਕ ਵਿਚਾਰਾਂ ਦਾ ਆਦਾਨ-ਪ੍ਰਦਾਨ ਹੁੰਦਾ ਹੈ, ਉਥੇ ਸਰੀਰ ਵੀ ਸਿਹਤਮੰਤ ਬਣਦਾ ਹੈ।

ਮੈਡਮ ਅਨੀਤਾ ਯੋਗਿਨੀ, ਯੋਗਾ ਇੰਸਟ੍ਰਕਟਰ ਤੇ ਸ਼੍ਰੀ ਰਾਜ ਸਿੰਘ, ਸੀ.ਐਮ.ਡੀ.ਵਾਏ. ਯੋਗਸ਼ਾਲਾ, ਯੋਗਾ ਇੰਸਟ੍ਰਕਟਰ ਨੇ ਦੱਸਿਆ ਕਿ ਯੋਗਾ ਕਰਨ ਨਾਲ ਸਾਰਾ ਦਿਨ ਸਾਡੇ ਸਰੀਰ ਵਿੱਚ ਤਾਜ਼ਗੀ ਰਹਿੰਦੀ ਹੈ।ਯੋਗਾ ਕਰਨ ਨਾਲ ਸਰੀਰ ਅੰਦਰ ਬਿਮਾਰੀਆਂ ਦਾ ਖਾਤਮਾ ਹੁੰਦਾ ਹੈ ਤੇ ਨਵੀਂਆਂ


ਪਾਤੜਾਂ

ਬਿਮਾਰੀਆਂ ਦੇ ਪੈਦਾ ਹੋਣ ਤੋਂ ਵੀ ਛੁਟਕਾਰਾ ਮਿਲਦਾ ਹੈ।ਸਾਡਾ ਸਰੀਰ ਬਹੁਤ ਹੀ ਅਨਮੋਲ ਹੈ, ਇਸ ਨੂੰ ਅਜ਼ਾਈ ਨੀ ਗਵਾਉਣਾ ਚਾਹੀਦਾ, ਇਸ ਦੀ ਸਾਂਭ-ਸੰਭਾਲ ਕਰਨੀ ਚਾਹੀਦੀ ਹੈ।

**ਸੁਨਾਮ (ਹਾਕਮ ਸਿੰਘ ਭੱਟੀ, ਅਸ਼ੋਕ ਬਾਂਸਲ)** : ਟਿਫਨ ਇੰਟਰਨੈਸ਼ਨਲ ਸਕੂਲ ਵਿੱਚ ਗਰਮੀਆਂ ਦੀਆਂ ਛੁੱਟੀਆਂ ਦੀ ਪ੍ਰਵਾਹ ਕੀਤੇ ਬਿਨਾਂ ਪੂਰੇ ਉਤਸ਼ਾਹ ਤੇ ਊਰਜਾ ਨਾਲ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ।ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਪ੍ਰਦਰਸ਼ਨ ਕਰਦੇ ਹੋਏ ਆਪਣੀਆਂ ਤਸਵੀਰਾਂ ਤੇ ਵੀਡੀਓ ਭੇਜ ਕੇ ਇਸ ਮੈਗਾ ਈਵੈਂਟ ਵਿੱਚ ਹਿੱਸਾ ਲਿਆ।ਸਮਾਗਮ ਡਾਇਰੈਕਟਰ ਪ੍ਰਿੰਸੀਪਲ ਮੈਡਮ ਮੋਨਿਕਾ ਸ਼ਰਮਾ ਤੇ ਚੇਅਰਮੈਨ ਸ੍ਰੀ ਦੀਪਕ ਗੁਪਤਾ ਦੇ ਸਹਿਯੋਗ ਨਾਲ ਸੰਭਵ ਹੋ ਸਕਿਆ।

ਯੋਗਾ ਸਵੈ ਦੁਆਰਾ ਸਵੈ ਤੇ ਸਵੈ ਤੱਕ ਦੀ ਯਾਤਰਾ ਹੈ। ਸਕੂਲ ਵਿੱਚ ਯੋਗਾ ਕਰਨਾ ਸਾਡੀਆਂ ਰੁਟੀਨ ਗਤੀਵਿਧੀਆਂ ਵਿੱਚੋਂ ਇੱਕ ਹੈ।ਹੁਨਰਮੰਦ ਕੋਚ ਤੇ ਐਚ.ਓ.ਡੀ ਸਪੋਰਟਸ ਸ੍ਰੀ ਜਸਪ੍ਰੀਤ ਸਿੰਘ ਸਕੂਲ ਵਿਚ ਯੋਗਾ ਦੀਆਂ ਕਲਾਸਾਂ ਲਾਉਂਦੇ ਹਨ ਤੇ ਵਿਦਿਆਰਥੀਆਂ ਨੂੰ ਘਰ ਵਿੱਚ ਵੀ ਯੋਗਾ ਕਰਨ ਲਈ ਮਾਰਗ ਦਰਸ਼ਨ ਕਰਦੇ ਹਨ।ਸਕੂਲ ਦੇ ਸੀਨੀਅਰ ਕਾਰਜਕਾਰੀ ਸ਼੍ਰੀ ਬਲਵਿੰਦਰ ਸਿੰਘ ਨੇ ਸਵੇਰ ਦੀ ਅਸੈਂਬਲੀ ਜਾਂ ਕਲਾਸਾਂ ਵਿੱਚ ਵੀ ਯੋਗਾ ਦੇ ਲਾਭਾਂ ਬਾਰੇ ਦੱਸਿਆ। ਯੋਗਾ ਤੁਹਾਡੇ ਸਰੀਰ ਨੂੰ ਸਿਹਤਮੰਦ ਬਣਾਉਂਦਾ ਹੈ, ਤੁਹਾਡੇ ਦਿਮਾਗ ਨੂੰ ਤਰੋਤਾਜ਼ਾ ਬਣਾਉਂਦਾ ਹੈ ਅਤੇ ਤੁਹਾਡੀ ਆਤਮਾ, ਸਰੀਰ ਅਤੇ ਮਨ ਨੂੰ ਜੋੜਦਾ ਹੈ। ਯੋਗਾ ਜ਼ਰੂਰੀ ਤੌਰ ਤੇ ਬਹੁਤ ਹੀ ਸੂਖਮ ਵਿਗਿਆਨ ਤੇ ਅਧਾਰਤ ਇੱਕ ਅਧਿਆਤਮਿਕ ਅਨੁਸ਼ਾਸਨ ਹੈ ਜੋ ਮਨ ਅਤੇ ਸਰੀਰ ਵਿਚਕਾਰ ਇਕਸੁਰਤਾ ਲਿਆਉਣ 'ਤੇ ਕੇਂਦਰਤ ਹੈ।ਇਹ ਇੱਕ ਸਿਹਤਮੰਦ ਸਰੀਰ ਦੀ ਕਲਾ ਤੇ ਵਿਗਿਆਨ ਹੈ।

**ਮਲੋਟ, (ਗੁਰਮੀਤ ਸਿੰਘ ਮੱਕੜ)** : ਡੀ.ਏ.ਵੀ ਪਬਲਿਕ ਸਕੂਲ ਵੱਲੋਂ ਪ੍ਰਿੰਸੀਪਲ ਸ਼੍ਰੀਮਤੀ ਸੰਧਿਆ ਬਠਲਾ ਦੀ ਅਗਵਾਈ ਹੇਠ ਸਕੂਲ ਦੇ ਵਿਹੜੇ ਵਿੱਚ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਇੱਕ ਰੋਜ਼ਾ ਯੋਗਾ ਕੈਂਪ ਲਾਇਆ ਗਿਆ। ਸਭ ਤੋਂ ਪਹਿਲਾਂ ਯੋਗ ਗੁਰੂ ਰਾਮ ਚੰਦਰ ਸ਼ਾਸ਼ਤਰੀ ਦੀ ਅਗਵਾਈ ਵਿੱਚ ਹਰਪ੍ਰੀਤ ਸਿੰਘ ਤੇ ਸੰਦੀਪ ਕੁਮਾਰ ਨੇ ਯੋਗ ਆਸਣ ਅਤੇ ਪ੍ਰਾਣਾਯਾਮ ਰਾਹੀਂ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ।

ਆਸਣ ਪ੍ਰਾਣਾਯਾਮ ਕਰਦੇ ਹੋਏ ਯੋਗ ਗੁਰੂ ਰਾਮ ਚੰਦਰ ਸ਼ਾਸ਼ਤਰੀ ਨੇ ਕਿਹਾ ਕਿ ਯੋਗ ਜੀਵਨ ਦੀ ਕਲਾ ਹੈ ਤੇ ਜੇਕਰ ਕੋਈ ਵਿਅਕਤੀ ਰੋਜ਼ਾਨਾ ਯੋਗਾ ਕਰੇਂ ਤਾਂ ਉਹ ਆਪਣੇ ਸਾਰੇ ਰੋਗਾਂ ਤੋਂ ਛੁਟਕਾਰਾ ਪਾ ਸਕਦਾ ਹੈ। ਯੋਗਾ ਸਰੀਰ ਦੀਆਂ ਅੰਦਰੂਨੀ ਅਤੇ ਬਾਹਰੀ ਨਾੜੀਆਂ, ਗ੍ਰੰਥੀਆਂ ਤੇ ਮਾਸਪੇਸ਼ੀਆਂ ਨੂੰ ਲਚਕੀਲਾ ਤੇ ਮਜ਼ਬੂਤ ਬਣਾ ਕੇ ਸਰੀਰ ਵਿਚ ਊਰਜਾ, ਤਾਜ਼ਗੀ ਤੇ ਹਲਕਾਪਣ ਲਿਆਉਂਦਾ ਹੈ ਤੇ ਕਈ ਤਰ੍ਹਾਂ ਦੀਆਂ ਭਿਆਨਕ ਬਿਮਾਰੀਆਂ ਤੋਂ ਬਚਾਉਂਦਾ ਹੈ। ਇਸ ਮੌਕੇ ਪ੍ਰਿੰਸੀਪਲ ਸ਼੍ਰੀਮਤੀ ਸੰਧਿਆ ਬਠਲਾ ਨੇ ਆਪਣੇ ਸੰਬੋਧਨ 'ਚ ਕਿਹਾ ਕਿ ਹਰ ਵਿਅਕਤੀ ਨੂੰ ਰੋਜ਼ਾਨਾ ਯੋਗਾ ਕਰਨਾ ਚਾਹੀਦਾ ਹੈ। ਯੋਗਾ ਕਰਨ ਨਾਲ ਵਿਅਕਤੀ ਦਾ ਮਾਨਸਿਕ ਵਿਕਾਸ ਹੁੰਦਾ ਹੈ ਤੇ ਜੇਕਰ ਕੋਈ ਵਿਅਕਤੀ ਆਪਣੇ ਸਰੀਰ ਨੂੰ ਬੁਢਾਪੇ ਤੱਕ ਸਿਹਤਮੰਦ ਰੱਖਣਾ ਚਾਹੁੰਦਾ ਹੈ ਤਾਂ ਉਸ ਨੂੰ ਰੋਜ਼ਾਨਾ ਘੱਟੋ-ਘੱਟ 10 ਤੋਂ 15 ਮਿੰਟ ਯੋਗਾ ਜ਼ਰੂਰ ਕਰਨਾ ਚਾਹੀਦਾ ਹੈ। ਇਸ ਮੌਕੇ ਸਕੂਲ ਸਟਾਫ਼ ਤੇ ਬੱਚੇ ਹਾਜ਼ਰ ਸਨ।

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** : ਕਲੀਨ ਐਂਡ ਗਰੀਨ ਪਾਰਕ ਕਲੱਬ ਦੇ ਪ੍ਰਧਾਨ ਰਾਜ ਕੁਮਾਰ ਐਡਵੋਕੇਟ ਦੀ ਅਗਵਾਈ ਹੇਠ 'ਅੰਤਰਰਾਸ਼ਟਰੀ ਯੋਗਾ ਦਿਵਸ' ਤਹਿਸੀਲ ਨੇੜਲੇ ਪਾਰਕ ਵਿਖੇ ਮਨਾਇਆ ਗਿਆ, ਜਿਸ 'ਚ ਇੰਸਟਰਕਟਰ ਅਮਰੀਕ ਸਿੰਘ ਬੈਂਕ ਮੈਨੇਜਰ, ਇੰਸਟਰਕਟਰ ਮੈਡਮ ਸੋਨੀਆ ਸੋਢੀ ਤੇ ਯੋਗ ਅਚਾਰੀਆ ਟੋਮੀ ਸੈਮੀ ਨੇ ਖੁੱਲ੍ਹੇ ਵਾਤਾਵਰਣ ਵਿੱਚ ਯੋਗਾ ਕਰਾਇਆ।ਯੋਗਾ ਦੀ ਮਹੱਤਤਾ ਦੱਸਦਿਆਂ ਯੋਗ ਅਚਾਰੀਆ ਟੋਨੀ ਸੈਮੀ ਨੇ ਦੱਸਿਆ ਕਿ ਯੋਗ ਕਰਨ ਦੇ ਨਾਲ ਸਰੀਰ ਨਿਰੋਗ ਤੇ ਤੰਦਰੁਸਤ ਰਹਿੰਦਾ ਹੈ।ਗੋਡਿਆਂ ਤੇ ਪਿੱਠ ਦਰਦ ਦੀ ਸਮੱਸਿਆ, ਜੋ ਅੱਜ ਕੱਲ ਬਹੁਤ ਵਧ ਚੁੱਕੀ ਹੈ, ਯੋਗਾ ਕਰਨ ਨਾਲ ਬਿਲਕੁਲ ਠੀਕ ਹੋ ਜਾਂਦੀ ਹੈ, ਲਗਾਤਾਰ ਯੋਗਾ ਕਰਨ ਦੇ ਨਾਲ ਇਸ ਸਮੱਸਿਆ ਤੋਂ ਪੀੜਿਤ ਲੋਕਾਂ ਦਾ ਦਵਾਈਆਂ ਤੋਂ ਖਹਿੜਾ ਵੀ ਛੁੱਟ ਜਾਂਦਾ ਹੈ। ਐਡਵੋਕੇਟ ਰਾਜ ਕੁਮਾਰ ਭਾਨ ਦੇ ਦੱਸਿਆ ਕਿ ਤਹਿਸੀਲ ਵਾਲਾ ਪਾਰਕ ਸ਼ਹਿਰ ਦੇ ਬਿਲਕੁਲ ਵਿਚਕਾਰ ਹੈ ਜਿੱਥੇ ਹਰ ਰੋਜ਼ ਬਿਨਾਂ ਨਾਗਾ ਇੰਸਟ੍ਰਕਟਰ ਬੈਂਕ ਮੈਨੇਜਰ ਅਮਰੀਕ ਸਿੰਘ ਤੇ ਇੰਸਟ੍ਰਕਟਰ ਮੈਡਮ ਸੋਨੀਆ ਬਿਨਾਂ ਪੈਸੇ ਲਏ ਯੋਗਾ ਕਰਾਉਂਦੇ ਹਨ, ਜਿਸ ਵਿੱਚ ਸ਼ਹਿਰ ਦਾ ਕੋਈ ਵੀ ਵਿਅਕਤੀ ਜਾਂ ਔਰਤ ਯੋਗਾ ਕਰਨ ਲਈ ਆ ਸਕਦੇ ਹਨ।ਯੋਗ ਕਰਾਉਣ ਦੀ ਨਿਸਵਾਰਥ ਸੇਵਾ ਕਰਨ ਕਰਕੇ ਮੈਡਮ ਸੋਨੀਆ ਸੋਢੀ ਤੇ ਬੈਂਕ ਮੈਨੇਜਰ ਅਮਰੀਕ ਸਿੰਘ ਨੂੰ ਕਲੀਨ ਐਂਡ ਗਰੀਨ ਪਾਰਕ ਕਲੱਬ ਵੱਲੋਂ ਹਰ ਸਾਲ ਸਨਮਾਨਤ ਵੀ ਕੀਤਾ ਜਾਂਦਾ ਹੈ।ਯੋਗ ਦੇ ਗੁਣ ਦੱਸਦੇ ਹੋਏ ਉਨ੍ਹਾਂ ਕਿਹਾ ਕਿ ਹਰ ਰੋਜ਼ ਯੋਗਾ ਕਰਨ ਨਾਲ ਭਿਆਨਕ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ।ਇੰਸਟ੍ਰਕਟਰ ਮੈਡਮ ਸੋਨੀਆ ਸੋਢੀ ਤੇ ਬੈਂਕ ਮੈਨੇਜਰ ਅਮਰੀਕ ਸਿੰਘ ਨੇ ਦੱਸਿਆ ਕਿ ਜਿਨ੍ਹਾਂ ਲੋਕਾਂ ਨੂੰ ਬਲੱਡ ਪ੍ਰੈਸ਼ਰ, ਸ਼ੂਗਰ, ਥਾਇਰਾਇਡ, ਗੋਡਿਆਂ ਮੋਢਿਆਂ ਦਾ ਦਰਦ, ਐਲਰਜੀ ਤੇ ਹੋਰ ਘਾਤਕ ਬਿਮਾਰੀਆਂ ਲੱਗੀਆਂ ਹੋਈਆਂ ਹਨ, ਉਹੋ ਲੋਕ ਯੋਗਾ ਨੂੰ ਆਪਣੇ ਜੀਵਨ ਦਾ ਅੰਗ ਬਣਾ ਲੈਣ ਤਾਂ ਜੁ ਇਹਨਾਂ ਭਿਆਨਕ ਬਿਮਾਰੀਆਂ ਤੋਂ ਬਚਿਆ ਜਾ ਸਕੇ ਹਨ। ਯੋਗਾ ਟ੍ਰੇਨਰ ਸੋਨੀਆ ਸੋਢੀ ਨੇ ਯੋਗਾ ਕਰਾਉਂਦੇ ਔਰਤਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਔਰਤਾਂ ਨੂੰ ਕਈ ਤਰ੍ਹਾਂ ਦੀਆਂ ਲੱਗਣ ਵਾਲੀਆਂ ਬਿਮਾਰੀਆਂ ਦਾ ਇਲਾਜ ਯੋਗਾ ਨਾਲ ਕੀਤਾ ਜਾ ਸਕਦਾ ਹੈ।

**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)** : ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਸੰਤ ਨਿਰੰਕਾਰੀ ਮਿਸ਼ਨ ਵੱਲੋਂ ਪੂਰੇ ਭਾਰਤ ਵਿੱਚ ਸਥਾਪਤ ਸੰਤ ਨਿਰੰਕਾਰੀ ਮਿਸ਼ਨ ਦੀਆਂ ਵੱਖ-ਵੱਖ ਬ੍ਰਾਂਚਾਂ 'ਚ ਯੋਗਾ ਸੰਚਾਲਕਾਂ ਦੀ ਦੇਖ-ਰੇਖ ਹੇਠ ਸਵੇਰੇ 5.00 ਵਜੇ ਤੋਂ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਲੜੀ ਤਹਿਤ ਸੰਤ ਨਿਰੰਕਾਰੀ ਸਤਿਸੰਗ ਭਵਨ ਬ੍ਰਾਂਚ ਵਿਖੇ ਇਹ ਯੋਗਾ ਦਿਵਸ ਮਨਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਨਿਰੰਕਾਰੀ ਸ਼ਰਧਾਲੂਆਂ ਅਤੇ ਹੋਰ ਸ਼ਹਿਰ ਨਿਵਾਸੀਆਂ ਨੇ ਵੀ ਭਾਗ ਲਿਆ। ਸੰਯੁਕਤ ਰਾਸ਼ਟਰ ਵੱਲੋਂ ਇਸ ਸਾਲ 'ਅੰਤਰਰਾਸ਼ਟਰੀ ਯੋਗ ਦਿਵਸ' ਦਾ ਥੀਮ 'ਔਰਤ ਸ਼ਕਤੀਕਰਨ ਲਈ ਯੋਗ' ਰੱਖਿਆ ਗਿਆ ਹੈ, ਜੋ ਅੱਜ ਦੇ ਸਮੇਂ ਦੀ ਮੰਗ ਹੈ।ਸੰਤ ਨਿਰੰਕਾਰੀ ਮਿਸ਼ਨ ਵੀ ਕਈ ਕਲਿਆਣਕਾਰੀ ਯੋਜਨਾਵਾਂ ਨੂੰ ਲਾਗੂ ਕਰਕੇ ਔਰਤਾਂ ਦੇ ਸਸ਼ਕਤੀਕਰਨ ਲਈ ਸਮੇਂ-ਸਮੇਂ 'ਤੇ ਯਤਨ ਕਰ ਰਿਹਾ ਹੈ, ਜਿਸ ਵਿੱਚ ਮੁੱਖ ਤੌਰ 'ਤੇ ਸਿਲਾਈ ਅਤੇ ਕਢਾਈ ਕੇਂਦਰ, ਬਿਊਟੀਸ਼ੀਅਨ ਕੋਰਸ, ਟਿਊਸ਼ਨ ਸੈਂਟਰ ਆਦਿ ਪ੍ਰਮੁੱਖ ਹਨ।ਸੰਤ ਨਿਰੰਕਾਰੀ ਮਿਸ਼ਨ ਦੇ ਸਮਾਜਿਕ ਵਿੰਗ ਸੰਤ ਨਿਰੰਕਾਰੀ ਚੈਰੀਟੇਬਲ ਫ਼ਾਊਂਡੇਸ਼ਨ ਵੱਲੋਂ ਸਾਲ 2015 ਤੋਂ ਯੋਗ ਦਿਵਸ ਪ੍ਰੋਗਰਾਮ ਕਰਾਇਆ ਜਾ ਰਿਹਾ ਹੈ।ਯੋਗਾ ਭਾਰਤ ਦੀ ਇੱਕ ਪ੍ਰਾਚੀਨ ਵਿਧੀ ਹੈ ਜਿਸ ਦੁਆਰਾ ਆਤਮਿਕ, ਸਰੀਰਕ, ਮਾਨਸਿਕ ਤੇ ਅਧਿਆਤਮਕ ਸਿਹਤ ਨੂੰ ਸੰਤੁਲਤ ਕੀਤਾ ਜਾਂਦਾ ਹੈ।ਯੋਗਾ ਦੇ ਨਿਯਮਤ ਅਭਿਆਸ ਨਾਲ ਵਿਅਕਤੀ ਤਣਾਅ ਮੁਕਤ ਜੀਵਨ ਬਤੀਤ ਕਰ ਸਕਦਾ ਹੈ।

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** : ਜ਼ਿਲ੍ਹਾ ਪਟਿਆਲਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਸਹਿਯੋਗ ਨਾਲ ਜੁਡੀਸ਼ੀਅਲ ਕੋਰਟਸ ਸਮਾਣਾ ਵਿਖੇ ਅੰਤਰਰਾਸ਼ਟਰੀ ਯੋਗਾ ਦਿਵਸ ਮੌਕੇ ਜੱਜ ਮੈਡਮ ਏਕਤਾ ਸੇਡਾ ਦੀ ਅਗਵਾਈ ਹੇਠ ਯੋਗਾ ਟਰੇਨਿੰਗ ਕੈਂਪ ਲਾਇਆ ਗਿਆ, ਜਿਸ ਵਿੱਚ ਯੋਗ ਅਚਾਰੀਆ ਰਜਿੰਦਰ ਕੁਮਾਰ ਨੇ ਵੱਖ-ਵੱਖ ਯੋਗ ਕਿਰਿਆਵਾਂ ਕਰਾਈਆਂ ਤੇ ਯੋਗਾ ਦੀ ਮਹੱਤਤਾ ਦੱਸਦੇ ਹੋਏ ਕਿਹਾ ਕਿ ਜਿਹੜਾ ਵਿਅਕਤੀ ਨਿਤਾ ਪ੍ਰਤੀ ਯੋਗਾ ਕਰਦਾ ਹੈ, ਉਸ ਨੂੰ ਕੋਈ ਬਿਮਾਰੀ ਨਹੀਂ ਲੱਗਦੀ ਅਤੇ ਜਿਨ੍ਹਾਂ ਨੂੰ ਕਈ ਤਰ੍ਹਾਂ ਦੀਆਂ ਬਿਮਾਰੀਆਂ ਲੱਗੀਆਂ ਹੋਈਆਂ ਹਨ, ਉਹ ਹਰ ਰੋਜ਼ ਯੋਗਾ ਕਰਨਾ ਸ਼ੁਰੂ ਕਰ ਦੇਣ ਤਾਂ ਉਨ੍ਹਾਂ ਦੀਆਂ ਬਿਮਾਰੀਆਂ ਜੜ੍ਹ ਤੋਂ ਖਤਮ ਹੋ ਜਾਣਗੀਆਂ ਤੇ ਮਹਿੰਗੀਆਂ ਦਵਾਈਆਂ ਦੇ ਖਰਚਿਆਂ ਤੋਂ ਵੀ ਬਚਿਆ ਜਾ ਸਕਦਾ ਹੈ। ਇਸ ਲਈ ਯੋਗਾ ਸਾਨੂੰ ਹਰ ਰੋਜ਼


ਪਾਤੜਾਂ

ਕਰਨਾ ਚਾਹੀਦਾ ਹੈ।ਇਸ ਮੌਕੇ ਬਾਰ ਐਸੋਸੀਏਸ਼ਨ ਤੇ ਪ੍ਰਧਾਨ ਕਰਮਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਯੋਗ ਕਰਨ ਨਾਲ ਸਰੀਰ ਨਿਰੋਗ ਤੇ ਤੰਦਰੁਸਤ ਰਹਿੰਦਾ ਹੈ। ਅਜੋਕੇ ਯੁੱਗ 'ਚ ਹਰ ਵਿਅਕਤੀ ਕਿਸੇ ਨਾ ਕਿਸੇ ਬਿਮਾਰੀ ਤੋਂ ਪੀੜਤ ਹੈ। ਇਨ੍ਹਾਂ ਬਿਮਾਰੀਆਂ ਤੋਂ ਬਚਾ ਯੋਗਾ ਰਾਹੀਂ ਕੀਤਾ ਜਾ ਸਕਦਾ ਹੈ। ਇਸ ਲਈ ਯੋਗਾ ਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਹੈ ਤੇ ਹਰ ਰੋਜ਼ ਯੋਗਾ ਕਰਨ ਦੀ ਆਦਤ ਬਣਾਉਣੀ ਹੈ ਤਾਂ ਜੁ ਸਰੀਰ ਨੂੰ ਕਿਸੇ ਤਰ੍ਹਾਂ ਦੀ ਕੋਈ ਬਿਮਾਰੀ ਨਾ ਲੱਗੇ।

**ਪਾਤੜਾਂ (ਪੱਤਰ ਪ੍ਰੇਰਕ)** : ਸਰਕਾਰੀ ਕਿਰਤੀ ਕਾਲਜ ਨਿਆਲ ਵਿਖੇ ਪ੍ਰਿੰਸੀਪਲ ਪ੍ਰੋਫੈਸਰ ਅਮਰਜੀਤ ਸਿੰਘ ਦੀ ਅਗਵਾਈ ਹੇਠ ਐੱਨਐੱਸਐੱਸ, ਐੱਨਸੀਸੀ ਵਿਭਾਗ ਵੱਲੋਂ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ।ਇਸ ਮੌਕੇ ਪ੍ਰੋਗਰਾਮ ਅਫ਼ਸਰ ਪ੍ਰੋ. ਮਨਿੰਦਰ ਸਿੰਘ ਨੇ ਮੁੱਖ ਮਹਿਮਾਨ ਤੇ ਵਲੰਟੀਅਰਾਂ ਨੂੰ ਜੀ ਆਇਆਂ ਆਖਦਿਆਂ ਦੱਸਿਆ ਕਿ ਯੋਗ ਪੂਰੇ ਵਿਸ਼ਵ 'ਚ ਪਹੁੰਚ ਚੁੱਕਾ ਹੈ ਤੇ ਸਾਨੂੰ ਸਾਰਿਆਂ ਨੂੰ ਵੀ ਕੁਝ ਸਮਾਂ ਯੋਗ ਆਸਣ ਲਈ ਲਈ ਕੱਢਣਾ ਚਾਹੀਦਾ ਹੈ।

ਉਨ੍ਹਾਂ ਵਿਦਿਆਰਥੀਆਂ ਨੂੰ ਯੋਗ ਆਸਣ ਕਰਾਉਂਦੇ ਹੋਏ ਇਨ੍ਹਾਂ ਯੋਗ ਆਸਣਾਂ ਨਾਲ ਹੋਣ ਵਾਲੇ ਸਰੀਰਕ ਫ਼ਾਇਦੇ ਬਾਰੇ ਜਾਣੂ ਕਰਾਇਆ।ਡਾ. ਜਤਿੰਦਰ ਸਿੰਘ ਨੇ ਯੋਗ ਦਿਵਸ ਦੇ ਮਹੱਤਵ ਨੂੰ ਜਾਣੂ ਕਰਾਉਂਦਿਆਂ ਇਸੇ ਤਰ੍ਹਾਂ ਹਰ ਰੋਜ਼ ਯੋਗ ਆਸਣ ਕਰਨ ਲਈ ਪ੍ਰੇਰਿਤ ਕੀਤਾ ਤੇ ਉਨ੍ਹਾਂ ਨੇ ਖੁਦ ਆਪ ਵਿਦਿਆਰਥੀਆਂ ਨਾਲ ਯੋਗ ਆਸਣ ਕੀਤੇ।ਐਨਐੱਸਐੱਸ ਪ੍ਰੋਗਰਾਮ ਪ੍ਰੋਫੈਸਰ ਰਮਨਜੀਤ ਕੌਰ ਨੇ ਮੁੱਖ ਮਹਿਮਾਨ ਅਤੇ ਵਲੰਟੀਅਰਾਂ ਦਾ ਰਸਮੀ ਧੰਨਵਾਦ ਕਰਦਿਆਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਰੁਝੇਵੇਂ ਭਰੀ ਜ਼ਿੰਦਗੀ ਵਿੱਚ ਜੇਕਰ ਕੁਝ ਸਮਾਂ ਯੋਗ ਕੀਤਾ ਜਾਵੇ ਤਾਂ ਹਰ ਵਿਅਕਤੀ ਸਰੀਰਕ ਤੇ ਮਾਨਸਿਕ ਤੌਰ 'ਤੇ ਤੰਦਰੁਸਤ ਰਹਿ ਸਕਦਾ ਹੈ।

**ਨਾਭਾ (ਵਰਿੰਦਰ ਵਰਮਾ)** : ਡੀ.ਏ.ਵੀ. ਸੈਂਟ.ਪਬਲਿਕ ਸਕੂਲ ਵਿਖੇ ਚੇਅਰਮੈਨ ਐਚ.ਆਰ. ਗੰਧਾਰ ਜੀ, ਮਾਨਯੋਗ ਮੈਨੇਜਰ ਵਿਜੇ ਕੁਮਾਰ ਦੀ ਅਗਵਾਈ ਤੇ ਪ੍ਰਿੰਸੀਪਲ ਸੰਜੇ ਠਾਕੁਰ ਦੀ ਨਿਗਰਾਨੀ ਹੇਠ ਪੂਰੇ ਉਤਸ਼ਾਹ ਨਾਲ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ ਗਿਆ।ਯੋਗ ਦਿਵਸ 21 ਜੂਨ ਨੂੰ ਵਿਸ਼ਵ ਦੀ ਹਰ ਰੂਹ ਨੂੰ ਸ਼ਾਂਤੀ, ਸਦਭਾਵਨਾ, ਖੁਸ਼ਹਾਲੀ ਅਤੇ ਸਫ਼ਲਤਾ ਲਿਆਉਣ ਲਈ ਮਨਾਇਆ ਜਾਂਦਾ ਹੈ।ਇਸ ਸਾਲ 10ਵਾਂ ਅੰਤਰਰਾਸ਼ਟਰੀ ਯੋਗ ਦਿਵਸ ਸਵੈ ਤੇ ਸਮਾਜ ਲਈ ਯੋਗ ਦੇ ਥੀਮ ਨਾਲ ਮਨਾਇਆ ਗਿਆ ਹੈ।ਇਸ ਮੌਕੇ ਸਕੂਲ ਵੱਲੋਂ ਸਵੇਰੇ 7:00 ਵਜੇ ਤੋਂ 8:30 ਵਜੇ ਤੱਕ ਯੋਗ ਆਸਨ ਕਰਵਾਏ ਗਏ।ਸਮਾਗਮ ਵਿੱਚ ਪ੍ਰਿੰਸੀਪਲ ਸਮੇਤ ਸਮੂਹ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਭਾਗ ਲਿਆ। ਯੋਗਾ ਸੈਸ਼ਨ ਦੀ ਸ਼ੁਰੂਆਤ ਸਕੂਲ ਦੇ ਡੀ.ਪੀ ਸ੍ਰੀ ਰਾਜੇਸ਼ ਵਸ਼ਿਸ਼ਟ ਨੇ ਕੀਤੀ।ਸਭ ਤੋਂ ਪਹਿਲਾਂ, ਗਾਇਤਰੀ ਮੰਤਰ ਨੇ ਸਾਰੇ ਪ੍ਰਤੀਯੋਗੀਆਂ ਨੂੰ ਮੰਤਰ ਮੁਗਧ ਕੀਤਾ ਗਿਆ।ਇਸ ਤੋਂ ਬਾਅਦ, ਗ਼ਰਮ ਅਭਿਆਸਦਾ ਅਭਿਆਸ ਕੀਤਾ ਗਿਆ।ਭਾਗ ਲੈਣ ਵਾਲਿਆਂ ਨੇ ਸੂਰਜ ਨਮਸਕਾਰ ਦੁਆਰਾ ਆਸਣ ਸ਼ੁਰੂ ਕੀਤੇ ਅਤੇ ਇਸ ਤੋਂ ਬਾਅਦ ਬੇਠਵੇਂ ਤੇ ਖੜੇ ਆਸਣ ਕੀਤੇ ਗਏ।ਸਮਾਗਮ ਦੀ ਸਮਾਪਤੀ ਪ੍ਰਾਣਾਯਾਮ, ਧਿਆਨ ਤੇ ਸ਼ਾਂਤੀ ਪਾਠ ਨਾਲ ਹੋਈ, ਜਿਸ ਦਾ ਸਾਰਿਆਂ ਵੱਲੋਂ ਜਾਪ ਕੀਤਾ ਗਿਆ।ਸਾਰੇ ਅਧਿਆਪਕਾਂ ਤੇ ਵਿਦਿਆਰਥੀਆਂ ਨੇ ਸਾਰੇ ਆਸਣ ਕਰਦੇ ਹੋਏ ਖੂਬ ਆਨੰਦ ਮਾਣਿਆ।

# ਏ ਡੀ ਸੀ ਈਸ਼ਾ ਸਿੰਗਲ ਨੇ ਜ਼ਿਲ੍ਹੇ ਦੀ ਸਾਲਾਨਾ ਕਰਜ਼ਾ ਯੋਜਨਾ ਕੀਤੀ ਜਾਰੀ

**ਪਿਛਲੇ ਸਾਲ ਤੈਅ ਟੀਚੇ ਤੋਂ ਘੱਟ ਪ੍ਰਾਪਤੀਆਂ ਕਰਨ ਵਾਲੇ ਬੈਂਕਾਂ ਦਾ ਲਿਆ ਸਖ਼ਤ ਨੋਟਿਸ**



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ਼੍ਰੀਮਤੀ ਈਸ਼ਾ ਸਿੰਗਲ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜ਼ਿਲ੍ਹੇ ਦੇ ਬੈਂਕਾਂ ਦੀ ਸਾਲਾਨਾ ਕਰਜ਼ਾ ਯੋਜਨਾ ਜਾਰੀ ਕੀਤੀ।ਉਨ੍ਹਾਂ ਸਮੂਹ ਬੈਂਕਾਂ ਨੂੰ ਨਿਰਦੇਸ਼ ਦਿੰਦਿਆਂ ਕਿਹਾ ਕਿ ਜਿਸ ਤਰ੍ਹਾਂ ਪਿਛਲੇ ਸਾਲ ਜ਼ਿਲ੍ਹੇ ਦੇ ਬੈਂਕਾਂ ਵੱਲੋਂ ਕਰਜ਼ਾ ਯੋਜਨਾ ਦੀ ਪ੍ਰਾਪਤੀ ਵਿੱਚ ਅਹਿਮ ਪ੍ਰਾਪਤੀਆਂ ਕੀਤੀਆਂ ਹਨ, ਉਸੇ ਤਰ੍ਹਾਂ ਹੀ ਇਸ ਸਾਲ ਦੀ ਜਾਰੀ ਕਰਜ਼ਾ ਯੋਜਨਾ ਨੂੰ ਵੀ 100 ਫੀਸਦੀ ਹਾਸਲ ਕਰਨ ਨੂੰ ਯਕੀਨੀ ਬਣਾਇਆ ਜਾਵੇ।ਜਾਰੀ ਕੀਤੀ ਗਈ ਕਰਜ਼ਾ ਯੋਜਨਾ ਅਧੀਨ ਖੇਤੀਬਾੜੀ ਲਈ 319 ਕਰੋੜ 52 ਲੱਖ 900/-ਰੁਪਏ, ਛੋਟੇ ਤੇ ਲਘੂ ਉਦਯੋਗਾਂ ਲਈ 438 ਕਰੋੜ 03 ਲੱਖ 800 ਰੁਪਏ ਤੇ ਹੋਰ ਤਰਜੀਹੀ ਖੇਤਰਾਂ ਲਈ 404 ਕਰੋੜ 4 ਲੱਖ 500 ਰੁਪਏ ਦੇ ਕਰਜ਼ੇ ਦੇਣ ਦਾ ਟੀਚਾ ਮਿਥਿਆ ਗਿਆ ਹੈ।

ਵਧੀਕ ਡਿਪਟੀ ਕਮਿਸ਼ਨਰ ਨੇ ਸਮੂਹ ਬੈਂਕ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੇਂਦਰ ਤੇ ਰਾਜ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਅਧੀਨ ਵੱਧ ਤੋਂ ਵੱਧ ਲਾਭਪਾਤਰੀਆਂ ਦੇ ਕਰਜ਼ੇ ਦੇ ਕੇਸ ਮਨਜ਼ੂਰ ਕੀਤੇ ਜਾਣ ਤੇ ਬਿਨਾਂ ਕਿਸੇ ਠੋਸ ਕਾਰਨ ਤੋਂ ਕੋਈ ਵੀ ਕਰਜ਼ਾ ਕੇਸ ਰੱਦ ਨਾ ਕੀਤਾ ਜਾਵੇ।ਉਨ੍ਹਾਂ ਬੈਂਕ ਅਧਿਕਾਰੀਆਂ ਨੂੰ ਕਿਹਾ ਕਿ ਰੱਦ ਕੀਤੇ ਜਾਣ ਵਾਲੇ ਕਰਜ਼ਾ ਕੇਸਾਂ ਦਾ ਯੋਗ ਤੇ ਢੁੱਕਵਾਂ ਕਾਰਨ ਜ਼ਰੂਰ ਦੱਸਿਆ ਜਾਵੇ।ਤੈਅ ਟੀਚੇ ਤੋਂ ਘੱਟ ਪ੍ਰਾਪਤੀਆਂ ਕਰਨ ਵਾਲੇ ਬੈਂਕਾਂ ਦਾ ਸਖ਼ਤ ਨੋਟਿਸ ਲੈਂਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਭਵਿੱਖ ਵਿੱਚ ਅਜਿਹੀਆਂ ਅਣਗਹਿਲੀਆਂ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ ਅਤੇ ਘੱਟ ਪ੍ਰਾਪਤੀਆਂ ਕਰਨ ਵਾਲੇ ਬੈਂਕ ਅਧਿਕਾਰੀਆਂ ਨੂੰ ਨੋਟਿਸ ਜਾਰੀ ਕੀਤੇ ਜਾਣਗੇ।

ਇਸ ਮੌਕੇ ਸ਼੍ਰੀਮਤੀ ਸਿੰਗਲ ਨੇ ਬੈਂਕਾਂ ਦੀ ਸੁਰੱਖਿਆ ਕਮੇਟੀ ਦੀ ਮੀਟਿੰਗ ਵੀ ਕੀਤੀ ਤੇ ਬੈਂਕਾਂ ਦੀ ਸੁਰੱਖਿਆ ਬਾਰੇ ਜ਼ਰੂਰੀ ਦਿਸ਼ਾ ਨਿਰਦੇਸ਼ ਦਿੱਤੇ ਗਏ।ਮੀਟਿੰਗ ਵਿੱਚ ਭਾਰਤੀ ਰਿਜ਼ਰਵ ਬੈਂਕ ਦੇ ਐੱਲ.ਬੀ.ਓ. ਸ਼੍ਰੀ ਵਿਸ਼ਾਲ, ਨਬਾਰਡ ਦੇ ਡੀ.ਡੀ.ਐੱਮ. ਸ਼੍ਰੀ ਸੰਜੀਵ ਕੁਮਾਰ, ਐੱਲ.ਡੀ.ਐੱਮ. ਸ਼੍ਰੀ ਮੁਕੇਸ਼ ਸੈਣੀ ਤੋਂ ਇਲਾਵਾ ਸਮੂਹ ਬੈਂਕਾਂ ਦੇ ਬ੍ਰਾਂਚ ਮੈਨੇਜਰ ਤੇ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

# ਪੁਲਸ ਜ਼ਿਲ੍ਹਾ ਖੰਨਾ 'ਚ ਭ੍ਰਿਸ਼ਟਾਚਾਰ ਦਾ ਬੋਲਬਾਲਾ : ਕਾਲੀ ਪਾਇਲ



**ਦੋਰਾਹਾ (ਹਰਮਿੰਦਰ ਸੇਠ)**-ਪੁਲਸ ਜ਼ਿਲ੍ਹਾ ਖੰਨਾ ਵਿੱਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਪੂਰੇ ਜੋਬਨ 'ਤੇ ਹੈ, ਜਿਸ ਦੀ ਤਾਜ਼ਾ ਮਿਸਾਲ ਵਿਜੀਲੈਂਸ ਵੱਲੋਂ ਗ੍ਰਿਫਤਾਰ ਕੀਤੇ ਗਏ ਥਾਣੇਦਾਰ ਸਿਕੰਦਰ ਰਾਜ ਦੀ ਹੈ।ਇਸ ਤੋਂ ਪਹਿਲਾਂ ਵਿਜੀਲੈਂਸ ਵੱਲੋਂ ਥਾਣੇਦਾਰ ਬਲਦੇਵ ਰਾਜ ਨੂੰ ਰਿਸ਼ਵਤ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਗਿਆ ਸੀ ਤੇ ਉਸ ਤੋਂ ਬਾਅਦ ਥਾਣੇਦਾਰ ਜਗਜੀਤ ਸਿੰਘ ਨੂੰ ਵੀ ਵਿਜੀਲੈਂਸ ਵੱਲੋਂ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਗਿਆ ਸੀ।ਉਕਤ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਪਾਇਲ ਤੋਂ ਆਜ਼ਾਦ ਚੋਣ ਲੜ ਚੁੱਕੇ ਗੁਰਦੀਪ ਸਿੰਘ ਕਾਲੀ ਨੇ ਕੀਤਾ।ਉਨ੍ਹਾ ਕਿਹਾ ਕਿ ਹੁਣ ਦੇਖਣਾ ਹੋਵੇਗਾ ਕਿ ਵਿਜੀਲੈਂਸ ਦਾ ਅਗਲਾ ਸ਼ਿਕੰਜਾ ਕਿਸ ਉੱਪਰ ਡਿਗਦਾ ਹੈ? ਕਾਲੀ ਨੇ ਕਿਹਾ ਕਿ 2022 ਵਿੱਚ ਪੰਜਾਬ ਦੇ ਲੋਕਾਂ ਨੇ ਬਦਲਾਅ ਦੇ ਨਾਂ ਉੱਪਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਾ ਦਿੱਤੀ, ਪਰ ਇਸ ਸਰਕਾਰ ਵਿੱਚ ਬਦਲਾਵ ਤਾਂ ਕੀ ਆਉਣਾ ਸੀ, ਸਗੋਂ ਰਿਸ਼ਵਤ ਦੇ ਰੇਟ ਦੁੱਗਣੇ ਚੌਗਣੇ ਹੋ ਗਏ ਹਨ।ਕੋਈ ਵੀ ਕੰਮ ਬਿਨਾਂ ਰਿਸ਼ਵਤ ਦਿੱਤੇ ਨਹੀਂ ਹੁੰਦਾ।ਕਾਲੀ ਨੇ ਕਿਹਾ ਕਿ ਪੁਲਸ ਜ਼ਿਲ੍ਹਾ ਖੰਨਾ ਵਿੱਚ ਗੈਰ-ਕਾਨੂੰਨੀ ਕੰਮ ਪਿਛਲੇ ਲੰਮੇ ਸਮੇਂ ਤੋਂ ਆਮ ਹੀ ਚੱਲ ਰਹੇ ਹਨ।ਭਾਵੇਂ ਪਿਛਲੀ ਸਰਕਾਰ ਵੇਲੇ ਬਾਹੋਮਾਜਰਾ ਨਕਲੀ ਸ਼ਰਾਬ ਫੈਕਟਰੀ ਹੋਵੇ।ਕਬਾੜ ਮਾਫੀਏ ਦੀ ਆਪਸੀ ਲੜਾਈ ਹੋਵੇ। ਤਾਜ਼ਾ ਮਿਸਾਲ ਵੱਡੀ ਮਾਤਰਾ ਵਿੱਚ ਗਊ ਮਾਸ ਦਾ ਪਕੜਿਆ ਜਾਣਾ ਵੀ ਅਹਿਮ ਗੱਲ ਹੈ।ਸਿਤਮ ਜ਼ਰੀਫੀ ਇਹ ਹੈ ਕਿ ਦੂਰਸੰਚਾਰ ਵਿਭਾਗ ਦੀ ਬਿਲਡਿੰਗ ਵਿੱਚ ਗਊ ਤਸਕਰ ਪਿਛਲੇ ਲੰਮੇ ਸਮੇਂ ਤੋਂ ਕਿਸ ਦੀ ਸ਼ਹਿ ਉੱਪਰ ਰਹਿ ਰਹੇ ਸਨ।ਪੁਲਸ ਜ਼ਿਲ੍ਹਾ ਖੰਨਾ ਅੰਦਰ ਹੀ ਤਿੰਨ ਥਾਣੇਦਾਰਾਂ ਦਾ ਵਿਜੀਲੈਂਸ ਵੱਲੋਂ ਰਿਸ਼ਵਤ ਦੇ ਦੋਸ਼ ਹੇਠ ਪਕੜਿਆ ਜਾਣਾ ਆਪਣੇ ਆਪ ਵਿੱਚ ਇੱਕ ਮਿਸਾਲ ਹੈ, ਜਿਸ ਤੋਂ ਸਾਬਿਤ ਹੁੰਦਾ ਹੈ ਕਿ ਬਿਨਾਂ ਰਿਸ਼ਵਤ ਦਿੱਤੇ ਕਿਸੇ ਵੀ ਵਿਅਕਤੀ ਦਾ ਕੋਈ ਸਰਕਾਰੀ ਕੰਮ ਹੋਣਾ ਨਾ ਮੁਮਕਿਨ ਹੈ। ਕਾਲੀ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਪੁਲਸ ਤੇ ਸਿਵਲ ਪ੍ਰਸ਼ਾਸਨ ਅਧਿਕਾਰੀਆਂ ਦੀਆਂ ਜਾਇਦਾਦ ਦੀ ਜਾਂਚ ਹੋਣੀ ਚਾਹੀਦੀ ਹੈ।

# ਇੰਗਲਿਸ਼ ਸਟੂਡੀਓ ਨੇ ਪਤੀ-ਪਤਨੀ ਦਾ ਲਵਾਇਆ ਟੂਰਿਸਟ ਵੀਜ਼ਾ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਸਥਾਨਕ ਸ਼ਹਿਰ ਦੇ ਕੋਟਕਪੂਰਾ ਰੋਡ ਉਪਰ ਸਥਿਤ ਵਿਦਿਆਰਥੀਆਂ ਦੀ ਪਹਿਲੀ ਪਸੰਦ ਆਈਲੈਟਸ ਅਤੇ ਇਮੀਗ੍ਰੇਸ਼ਨ ਸੰਸਥਾ ਇੰਗਲਸ਼ ਸਟੂਡੀਓ ਜੋ ਕੋਟਕਪੂਰਾ ਰੋਡ ਉਪਰ ਪੈਟਰੋਲ ਪੰਪ ਦੇ ਕੋਲ ਸਥਿਤ ਹੈ ਵੱਲੋਂ ਪਤੀ-ਪਤਨੀ ਇਕੱਠਿਆਂ ਦਾ 10 ਸਾਲ ਦਾ ਮਲਟੀਪਲ ਟੂਰਿਸਟ ਕੈਨੇਡਾ ਦਾ ਵੀਜ਼ਾ ਲਗਵਾ ਕੇ ਦਿੱਤਾ ਹੈ। ਇਹ ਸੰਸਥਾ ਇਲਾਕੇ ਦੇ ਲੋਕਾਂ ਨੂੰ ਲਗਾਤਾਰ ਉਚਕੋਟੀ ਦੀਆਂ ਇਮੀਗ੍ਰੇਸ਼ਨ ਸੇਵਾਵਾਂ ਪ੍ਰਦਾਨ ਕਰ ਰਹੀ ਹੈ। ਇਸ ਵਾਰ ਸੰਸਥਾ ਨੇ ਜਸਵੀਰ ਸਿੰਘ ਅਤੇ ਉਨ੍ਹਾਂ ਦੀ ਪਤਨੀ ਸਰਬਜੀਤ ਕੌਰ ਵਾਸੀ ਬਾਘਾ ਪੁਰਾਣਾ ਜ਼ਿਲਾ ਮੋਗਾ ਦਾ ਇਕੱਠਿਆਂ ਦਾ ਕੈਨੇਡਾ ਦਾ 10 ਸਾਲ ਦਾ ਮਲਟੀਪਲ ਟੂਰਿਸਟ ਵੀਜ਼ਾ ਲਗਵਾ ਕੇ ਦਿੱਤਾ ਹੈ। ਸੰਸਥਾ ਦੇ ਮੁਖੀ ਪੰਕਜ ਬਾਂਸਲ ਅਤੇ ਗੌਰਵ ਕਾਲੜਾ ਨੇ ਉਨ੍ਹਾਂ ਨੂੰ ਵਧਾਈ ਦਿੰਦੇ ਹੋਏ ਪਾਸਪੋਰਟ ਸੌਂਪ ਕੇ ਵਧਾਈ ਦਿੱਤੀ। ਇਸ ਮੌਕੇ ਸੰਸਥਾ ਦਾ ਸਮੁੱਚਾ ਸਟਾਫ ਹਾਜ਼ਰ ਸੀ।

# ਧਰਮਸੋਤ ਨਾਲ ਰਾਜਾ ਵੜਿੰਗ, ਸਿੰਗਲਾ ਤੇ ਜਲਾਲਪੁਰ ਨੇ ਜੇਲ੍ਹ 'ਚ ਕੀਤੀ ਮੁਲਾਕਾਤ



**ਨਾਭਾ (ਵਰਿੰਦਰ ਵਰਮਾ)**-ਆਮਦਨ ਤੋਂ ਵੱਧ ਜਾਇਦਾਦ ਮਾਮਲੇ ਵਿੱਚ ਨਾਭਾ ਦੀ ਨਵੀਂ ਜ਼ਿਲ੍ਹਾ ਜੇਲ੍ਹ ਵਿੱਚ ਨਜ਼ਰਬੰਦ ਸਾਬਕਾ ਮੰਤਰੀ ਸਾਧੂ ਸਿੰਘ ਧਰਮਸੋਤ ਨੂੰ ਮਿਲਣ ਲਈ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਤੇ ਲੁਧਿਆਣਾ ਤੋਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ, ਕਾਂਗਰਸ ਪਾਰਟੀ ਦੇ ਸਾਬਕਾ ਮੰਤਰੀ ਵਿਜੇਂਦਰ ਸਿੰਗਲਾ ਤੇ ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ ਨੇ ਕਰੀਬ ਅੱਧਾ ਘੰਟਾ ਜੇਲ੍ਹ ਵਿੱਚ ਮੁਲਾਕਾਤ ਕੀਤੀ।ਇਸ ਮੌਕੇ ਰਾਜਾ ਵੜਿੰਗ ਨੇ ਕਿਹਾ ਕਿ ਸਾਧੂ ਸਿੰਘ ਧਰਮਸੋਤ ਚੜ੍ਹਦੀ ਕਲਾ ਵਿੱਚ ਹਨ ਤੇ ਪਾਕ ਸਾਫ ਹੋ ਕੇ ਉਹ ਜੇਲ੍ਹ 'ਚੋਂ ਬਾਹਰ ਨਿਕਲਣਗੇ।ਨੀਟ ਪ੍ਰੀਖਿਆ ਲੀਕ ਮਾਮਲੇ ਬਾਰੇ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਅਸੀਂ ਸਮੁੱਚੇ ਦੇਸ਼ ਭਰ ਵਿੱਚ ਕਾਂਗਰਸ ਪਾਰਟੀ ਵੱਲੋਂ ਕੇਂਦਰ ਸਰਕਾਰ ਖਿਲਾਫ ਵੱਡਾ ਪ੍ਰਦਰਸ਼ਨ ਕਰਾਂਗੇ।ਰਾਜਾ ਵੜਿੰਗ ਨੇ ਕੇਂਦਰ ਸਰਕਾਰ ਵੱਲੋਂ 14 ਫਸਲਾਂ 'ਤੇ ਐੱਮ ਐੱਸ ਪੀ ਵਾਧੇ 'ਤੇ ਬੋਲਦਿਆਂ ਕਿਹਾ ਕਿ ਕਿਸਾਨਾਂ ਨੂੰ ਐੱਮ ਐੱਸ ਪੀ 'ਤੇ ਲੀਗਲ ਗਰੰਟੀ ਦੇਣੀ ਚਾਹੀਦੀ ਹੈ। ਨੀਟ ਪ੍ਰੀਖਿਆ ਲੀਕ ਮਾਮਲੇ 'ਤੇ ਰਾਜਾ ਵੜਿੰਗ ਨੇ ਕਿਹਾ ਕਿ ਇਹ ਬਹੁਤ ਵੱਡਾ ਘਪਲਾ ਹੈ ਤੇ ਲੱਖਾਂ ਹੀ ਸਟੂਡੈਂਟਾਂ ਦਾ ਭਵਿੱਖ ਦਾਅ 'ਤੇ ਲੱਗਿਆ ਹੋਇਆ ਹੈ ਅਤੇ ਬਹੁਤੇ ਸਟੂਡੈਂਟਜ਼ ਵੱਲੋਂ ਸੁਸਾਈਡ ਕੀਤਾ ਗਿਆ ਹੈ ਅਤੇ ਕਈ ਨਿਰਾਸ਼ਾ ਤੇ ਕਈ ਵਿਦਿਆਰਥੀ ਡਿਪਰੈਸ਼ਨ ਵਿੱਚ ਵੀ ਚਲੇ ਗਏ ਹਨ।ਉਨ੍ਹਾ ਕਿਹਾ ਕਿ ਬਹੁਤ ਵੱਡੀ ਧਾਂਦਲੀ ਇਸ ਵਿੱਚ ਹੈ।ਨੀਟ ਪ੍ਰੀਖਿਆ ਮਾਮਲੇ ਵਿੱਚ ਪੁਲਸ ਵੱਲੋਂ ਵਿਦਿਆਰਥੀ ਨੂੰ ਗ੍ਰਿਫਤਾਰ ਕਰਨ 'ਤੇ ਰਾਜਾ ਵੜਿੰਗ ਨੇ ਕਿਹਾ ਕਿ ਹੁਣ ਸਰਕਾਰ ਵੱਲੋਂ ਕੋਈ ਨਾ ਕੋਈ ਤਾਂ ਡਰਾਮਾ ਕਰਨਾ ਹੀ ਹੈ ਤੇ ਸੀਬੀਆਈ ਜਾਂਚ 'ਤੇ ਵੀ ਵੜਿੰਗ ਨੇ ਤੰਜ ਕੱਸਦਿਆਂ ਕਿਹਾ ਕਿ ਕੇਂਦਰ ਸਰਕਾਰ ਦੀ ਸੀਬੀਆਈ ਏਜੰਸੀ ਹੈ।ਪੰਜਾਬ ਵਿੱਚ ਦਿਨੋਂ ਦਿਨ ਵਧਦੇ ਨਸ਼ੇ ਤੇ ਪੁਲਸ ਮੁਲਾਜ਼ਮਾਂ ਦੀਆਂ ਬਦਲੀਆਂ 'ਤੇ ਰਾਜਾ ਵੜਿੰਗ ਨੇ ਕਿਹਾ ਕਿ 14 ਦਿਨਾਂ ਵਿੱਚ 14 ਮੌਤਾਂ ਹੋ ਰਹੀਆਂ ਹਨ ਅਤੇ ਸਹੁੰਆਂ ਖਾਣ ਨਾਲ ਨਸ਼ੇ ਨਹੀਂ ਰੁਕਣੇ, ਕਿਉਂਕਿ ਸਾਨੂੰ ਇਕੱਠੇ ਹੋ ਕੇ ਸਾਰਿਆਂ ਨੂੰ ਵਿਚਾਰ ਕਰਨਾ ਚਾਹੀਦਾ ਹੈ।

ਜਲੰਧਰ ਜ਼ਿਮਨੀ ਚੋਣ 'ਤੇ ਰਾਜਾ ਵੜਿੰਗ ਨੇ ਕਿਹਾ ਕਿ ਅਸੀਂ ਜ਼ਿਮਨੀ ਚੋਣ ਡੰਕੇ ਦੀ ਚੋਟ 'ਤੇ ਜਿੱਤਾਂਗੇ, ਕਿਉਂਕਿ ਲੋਕਾਂ ਦਾ ਆਮ ਆਦਮੀ ਪਾਰਟੀ ਤੇ ਹੋਰ ਪਾਰਟੀਆਂ ਤੋਂ ਮੋਹ ਭੰਗ ਹੋ ਚੁੱਕਿਆ ਹੈ। ਇਹ ਲੋਕ ਹੁਣ ਇਨ੍ਹਾਂ ਪਾਰਟੀਆਂ ਨੂੰ ਮੂੰਹ ਤੱਕ ਨਹੀਂ ਲਗਾਉਣਗੇ।

# ਪਾਵਰਕਾਮ ਤੇ ਟਰਾਂਸਕੋ ਦੇ ਆਊਟਸੋਰਸ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਦੀ ਮੰਗ

**ਕੋਟਕਪੂਰਾ (ਰਛਪਾਲ ਭੁੱਲਰ)**-ਪਾਵਰਕਾਮ ਟਰਾਂਸਕੋ ਆਊਟਸੋਰਸ ਵਰਕਰਜ਼ ਯੂਨੀਅਨ ਪੰਜਾਬ ਸਬੰਧਤ ਏਟਕ ਦੇ ਸੂਬਾ ਪ੍ਰਧਾਨ ਹਰਵਿੰਦਰ ਸ਼ਰਮਾ ਫਰੀਦਕੋਟ ਤੇ ਜਨਰਲ ਸਕੱਤਰ ਸੰਦੀਪ ਖੱਤਰੀ ਪਟਿਆਲਾ ਨੇ ਚੇਅਰਮੈਨ, ਪੰਜਾਬ ਸਟੇਟ ਪਾਵਰਕਾਮ ਕਾਰਪੋਰੇਸ਼ਨ ਲਿਮਿਟਡ ਤੋਂ ਮੰਗ ਕੀਤੀ ਹੈ ਕਿ ਆਊਟ ਸੋਰਸ ਅਧੀਨ ਵੱਖ ਵੱਖ ਕੈਟਾਗਰੀਆਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਦੀਆਂ ਲੰਮੇ ਸਮੇਂ ਤੋਂ ਲਟਕ ਰਹੀਆਂ ਹੱਕੀ ਤੇ ਜਾਇਜ਼ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾਵੇ ਅਤੇ ਪਿਛਲੇ ਸਮੇਂ ਦੌਰਾਨ ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਤੇ ਹੋਰ ਉੱਚ ਅਧਿਕਾਰੀਆਂ ਤੇ ਜਥੇਬੰਦੀ ਦੇ ਆਗੂਆਂ ਵਿਚਕਾਰ ਹੋਈਆਂ ਮੀਟਿੰਗਾਂ ਦੇ ਫੈਸਲੇ ਤੁਰੰਤ ਲਾਗੂ ਕੀਤੇ ਜਾਣ।ਆਗੂਆਂ ਨੇ ਚੇਅਰਮੈਨ ਸਾਹਿਬ ਤੋਂ ਮੰਗ ਕੀਤੀ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਵਿੱਚ ਕੰਮ ਕਰਦੇ ਸਮੂਹ ਆਊਟਸੋਰਸ ਮੁਲਾਜ਼ਮਾਂ ਨੂੰ ਠੇਕੇਦਾਰੀ ਪ੍ਰਥਾ ਵਿੱਚੋਂ ਬਾਹਰ ਕਰਕੇ ਤੇ ਵਿਭਾਗ ਅਧੀਨ ਮਰਜ ਕਰਕੇ ਰੈਗੂਲਰ ਕੀਤਾ ਜਾਵੇ, ਮਾਨਯੋਗ ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਬਰਾਬਰ ਕੰਮ ਬਰਾਬਰ ਤਨਖਾਹ ਦਾ ਸਿਧਾਂਤ ਲਾਗੂ ਕੀਤਾ ਜਾਵੇ, ਪਾਵਰਕਾਮ ਤੇ ਟਰਾਂਸਕੋ ਵਿੱਚ ਕੰਮ ਕਰਦੇ ਆਊਟਸੋਰਸ ਮੁਲਾਜ਼ਮਾਂ ਨੂੰ ਸੇਵਾਵਾਂ ਰੈਗੂਲਰ ਹੋਣ ਤੱਕ ਗੁਜ਼ਾਰੇ ਜੋਗੀ ਘੱਟ ਤੋਂ ਘੱਟ 30,000 ਰੁਪਏ ਮਹੀਨਾ ਤਨਖਾਹ ਦਿੱਤੀ ਜਾਵੇ, ਕੇਂਦਰੀ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਤੇ ਦਿੱਲੀ ਦੇ ਡੀ ਸੀ ਰੇਟਾਂ ਅਨੁਸਾਰ ਆਊਟਸੋਰਸ ਮੁਲਾਜ਼ਮਾਂ ਨੂੰ ਤਨਖਾਹ ਦੇਣੀ ਯਕੀਨੀ ਬਣਾਈ ਜਾਵੇ, ਸਾਰੇ ਮੁਲਾਜ਼ਮਾਂ ਨੂੰ ਰਿਸਕ ਭੱਤਾ, ਸ਼ਿਫਟ ਭੱਤਾ, ਪੈਟਰੋਲ ਭੱਤਾ, ਮੋਬਾਈਲ ਭੱਤਾ, ਸਕਿਲ ਅਲਾਉਂਸ ਤੇ ਓਵਰ ਟਾਈਮ ਆਦਿ ਦੇਣੇ ਯਕੀਨੀ ਬਣਾਏ ਜਾਣ, ਆਊਟਸੋਰਸ ਮੁਲਾਜ਼ਮਾਂ ਨੂੰ ਡਿਊਟੀ ਦੌਰਾਨ ਹਾਦਸੇ ਦਾ ਸ਼ਿਕਾਰ ਹੋਣ 'ਤੇ ਸਰਕਾਰੀ ਖਰਚੇ 'ਤੇ ਇਲਾਜ ਕਰਵਾਇਆ ਜਾਵੇ ਅਤੇ ਮੌਤ ਹੋ ਜਾਣ ਦੀ ਸੂਰਤ ਵਿੱਚ ਸਰਕਾਰੀ ਮੁਲਾਜ਼ਮਾਂ ਵਾਂਗ ਐਕਸਗ੍ਰੇਸ਼ੀਆ ਤੇ ਹੋਰ ਸਹੂਲਤਾਂ ਦੇਣੀਆਂ ਯਕੀਨੀ ਬਣਾਈਆਂ ਜਾਣ।ਆਗੂਆਂ ਨੇ ਅਫਸੋਸ ਪ੍ਰਗਟ ਕੀਤਾ ਕਿ ਪੰਜਾਬ ਸਰਕਾਰ ਦੇ ਕਿਰਤ ਵਿਭਾਗ ਵੱਲੋਂ ਮਹੀਨਾ ਮਾਰਚ 2024 ਤੋਂ ਠੇਕੇਦਾਰੀ ਪ੍ਰਥਾ ਤੇ ਆਊਟ ਸੋਰਸ ਮੁਲਾਜ਼ਮਾਂ ਦੀਆਂ ਉਜ਼ਰਤਾਂ ਵਿੱਚ ਕੀਤੇ ਜਾਣ ਵਾਲੇ ਵਾਧੇ ਦਾ ਅਜੇ ਤੱਕ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ, ਜਿਸ ਕਰਕੇ ਇਨ੍ਹਾਂ ਮੁਲਾਜ਼ਮਾਂ ਵਿੱਚ ਪੰਜਾਬ ਸਰਕਾਰ ਖਿਲਾਫ ਭਾਰੀ ਰੋਸ ਤੇ ਗੁੱਸਾ ਪਾਇਆ ਜਾ ਰਿਹਾ ਹੈ।ਆਗੂਆਂ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੰਦਿਆਂ ਅੱਗੇ ਕਿਹਾ ਕਿ ਇਹ ਮੁਲਾਜ਼ਮ ਆ ਰਹੀਆਂ ਜ਼ਿਮਨੀ ਚੋਣਾਂ ਵਿੱਚ ਪੰਜਾਬ ਸਰਕਾਰ ਖਿਲਾਫ ਆਪਣਾ ਰੋਸ ਪ੍ਰਗਟ ਕਰਨ ਲਈ ਮਜਬੂਰ ਹੋਣਗੇ।

# ਜ਼ਿਲ੍ਹਾ ਪ੍ਰਸ਼ਾਸਨ ਨੂੰ ਭੇਜੀ 6 ਕਰੋੜ ਦੇ ਨੁਕਸਾਨ ਦੀ ਰਿਪੋਰਟ



**ਜਗਰਾਉਂ (ਨਛੱਤਰ ਸੰਧੂ)**-ਵਧੀਕ ਜ਼ਿਲ੍ਹਾ ਮੈਜਿਸਟ੍ਰੇਟ ਨੇ 20 ਸਾਲਾਂ ਤੋਂ ਨਿਆਂ ਲਈ ਲੜ ਰਹੇ ਅਨੁਸੂਚਿਤ ਜਾਤੀ ਦੇ ਦੋ ਪਰਵਾਰਾਂ ਦੇ ਹੋਏ ਆਰਥਿਕ ਤੇ ਸਮਾਜਿਕ ਉਜਾੜੇ ਦੀ 6 ਕਰੋੜ ਰੁਪਏ ਦੇ ਨੁਕਸਾਨ ਦੀ ਰਿਪੋਰਟ ਜ਼ਿਲ੍ਹਾ ਪ੍ਰਸ਼ਾਸਨ ਨੂੰ ਭੇਜਦਿਆਂ ਸਰਕਾਰੀ ਰੂਲਾਂ ਮੁਤਾਬਿਕ ਭਰਪਾਈ ਕਰਨ ਦੀ ਸਿਫਾਰਸ਼ ਕੀਤੀ ਹੈ।ਪ੍ਰਾਪਤ ਰਿਪੋਰਟ ਪ੍ਰੈਸ ਨੂੰ ਜਾਰੀ ਕਰਦਿਆਂ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਤਰਲੋਚਨ ਸਿੰਘ ਝੋਰੜਾਂ, ਦਸਮੇਸ਼ ਕਿਸਾਨ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਗੁਰਦਿਆਲ ਸਿੰਘ ਤਲਵੰਡੀ, ਰਣਜੀਤ ਸਿੰਘ ਗੁੜੇ, ਜਸਵੰਤ ਸਿੰਘ, ਹਰਭਜਨ ਸਿੰਘ ਅੱਬੂਵਾਲ, ਮਿਸਤਰੀ ਮਜ਼ਦੂਰ ਨਿਰਮਾਣ ਯੂਨੀਅਨ (ਸੀਟੂ) ਦੇ ਪ੍ਰਧਾਨ ਨਿਰਮਲ ਸਿੰਘ ਧਾਲੀਵਾਲ, ਸਤਿਕਾਰ ਕਮੇਟੀ ਦੇ ਪ੍ਰਧਾਨ ਜਸਪ੍ਰੀਤ ਸਿੰਘ ਢੋਲਣ, ਮਜ਼ਦੂਰ ਸੰਘਰਸ਼ ਕਮੇਟੀ ਦੇ ਪ੍ਰਧਾਨ ਭਰਪੂਰ ਸਿੰਘ ਨੇ ਦੱਸਿਆ ਕਿ ਪੀੜਤਾ ਮਨਪ੍ਰੀਤ ਕੌਰ ਤੇ ਮਾਤਾ ਸੁਰਿੰਦਰ ਕੌਰ ਦੇ ਦੋਵੇਂ ਪਰਵਾਰ ਦੋ ਦਹਾਕਿਆਂ ਤੋਂ ਪੁਲਸ ਅੱਤਿਆਚਾਰਾਂ ਖਿਲਾਫ ਨਿਆਂ ਦੀ ਲੜਾਈ ਲੜ ਰਹੇ ਹਨ ਅਤੇ ਲੰਘੇ 2 ਸਾਲਾਂ ਤੋਂ ਸਿਟੀ ਥਾਣੇ ਮੂਹਰੇ ਅਣਮਿੱਥੇ ਸਮੇਂ ਲਈ ਧਰਨੇ 'ਤੇ ਬੈਠੇ ਹਨ। ਉਨ੍ਹਾਂ ਕਿਹਾ ਕਿ ਦੋਵੇਂ ਪਰਵਾਰਾਂ ਨੇ ਲੰਘੇ ਸਮੇਂ ਦੌਰਾਨ ਭਾਰੀ ਆਰਥਿਕ ਅਤੇ ਸਮਾਜਿਕ ਤਸ਼ੱਦਦ ਝੱਲਿਆ ਹੈ। ਸੰਘਰਸ਼ ਕਮੇਟੀ ਦੇ ਕਨਵੀਨਰ ਤਰਲੋਚਨ ਸਿੰਘ ਝੋਰੜਾਂ, ਸਾਧੂ ਸਿੰਘ ਅੱਚਰਵਾਲ, ਜਗਰੂਪ ਸਿੰਘ, ਜਸਦੇਵ ਸਿੰਘ ਲਲਤੋਂ ਤੇ ਨਿਰਮਲ ਸਿੰਘ ਧਾਲੀਵਾਲ ਨੇ ਦਾਅਵਾ ਕੀਤਾ ਕਿ ਪੀੜਤਾ ਮਨਪ੍ਰੀਤ ਕੌਰ, ਜੋ ਕਿ ਇੱਕ ਰਾਜਨੀਤਕ ਪਾਰਟੀ ਨਾਲ ਸਬੰਧਤ ਸੀ, ਨੂੰ ਸਿਆਸੀ ਰੰਜਿਸ਼ ਤਹਿਤ ਜਾਤੀ ਵਿਤਕਰਾ ਕਰਦਿਆਂ ਤਸ਼ੱਦਦ ਦਾ ਸ਼ਿਕਾਰ ਬਣਾਇਆ ਗਿਆ ਸੀ ਅਤੇ ਇਹ ਸਾਰਾ ਪੂਰੀ ਤਰ੍ਹਾਂ ਇਕ ਸਿਆਸੀ ਰੰਜਿਸ਼ ਦਾ ਵਰਤਾਰਾ ਸੀ। ਉਨ੍ਹਾਂ ਕਿਹਾ ਕਿ ਰਿਪੋਰਟ ਅਨੁਸਾਰ ਪੀੜਤਾਂ ਨੂੰ ਨਾ ਸਿਰਫ ਤਸੀਹੇ ਦਿੱਤੇ ਸਗੋਂ ਝੂਠੇ ਕੇਸਾਂ ਵਿੱਚ ਵੀ ਫਸਾਇਆ ਗਿਆ ਸੀ। ਝੋਰੜਾਂ ਅਨੁਸਾਰ ਪ੍ਰਸ਼ਾਸਨ ਨੇ ਸਰਕਾਰੀ ਰੂਲਾਂ ਮੁਤਾਬਿਕ ਨੁਕਸਾਨ ਦੀ ਭਰਪਾਈ ਕਰਨ ਦੀ ਸਿਫਾਰਸ਼ ਕੀਤੀ ਹੈ। ਦੱਸਣਯੋਗ ਹੈ ਕਿ ਧਰਨਾਕਾਰੀ ਜਥੇਬੰਦੀਆਂ ਪੀ ਓ ਏ ਰੂਲਜ਼ 1995 ਤਹਿਤ ਪੀੜਤ ਪਰਵਾਰਾਂ ਦੇ ਹੋਏ ਉਜਾੜੇ ਦਾ ਸਰਵੇ ਕਰਵਾਉਣ ਦੀ ਮੰਗ ਕਰ ਰਹੀਆਂ ਸਨ ਅਤੇ ਕੌਮੀ ਕਮਿਸ਼ਨ ਨੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਨੋਟਿਸ ਭੇਜ ਕੇ ਉਜਾੜੇ ਦਾ ਵੇਰਵਾ ਵੀ ਮੰਗਿਆ ਸੀ। ਜ਼ਿਲ੍ਹਾ ਪ੍ਰਸ਼ਾਸਨ ਨੂੰ ਭੇਜੀ ਰਿਪੋਰਟ ਅਨੁਸਾਰ ਪੀੜਤਾਂ ਨਾਲ ਜਾਤੀ ਮੰਦਭਾਵਨਾ ਤਹਿਤ ਹੋਏ ਅੱਤਿਆਚਾਰਾਂ ਕਾਰਨ ਭਾਰੀ ਮਾਨਸਿਕ ਤੇ ਆਰਥਿਕ ਨੁਕਸਾਨ ਹੋਇਆ ਹੈ। ਮਾਸਟਰ ਇਕਬਾਲ ਸਿੰਘ ਨੂੰ ਝੂਠੇ ਕੇਸਾਂ ਕਾਰਨ ਆਪਣੀ ਨੌਕਰੀ ਛੱਡਣੀ ਪਈ ਤੇ ਆਪਣਾ ਜੱਦੀ ਘਰ ਬਾਰ ਵੇਚਣਾ ਪਿਆ।ਇਸ ਸਮੇਂ ਜਿੰਦਰ ਮਾਣੂੰਕੇ, ਗੁਰਚਰਨ ਬਾਬੇਆਂ, ਜਲੌਰ ਸਿੰਘ, ਦਰਸ਼ਨ ਸਿੰਘ, ਸੁਖਬੀਰ ਸਿੰਘ ਰਤਨ, ਪ੍ਰੇਮ ਸਿੰਘ ਜੋਧਾਂ, ਜਸਵੀਰ ਕੌਰ ਧਾਲੀਵਾਲ, ਸਮਾਜਸੇਵੀ ਕੁਲਵੰਤ ਸਿੰਘ ਬਰਸਾਲ, ਸਮਾਜਸੇਵੀ ਸੱਤਪਾਲ ਸਿੰਘ ਦੇਹੜਕਾ, ਸਮਾਜਸੇਵੀ ਦੇਵ ਸਰਾਭਾ, ਨੰਬਰਦਾਰ ਜੱਗਾ ਸਿੰਘ ਢਿੱਲੋਂ, ਰਾਮਤੀਰਥ ਲੀਲ੍ਹ ਵੀ ਹਾਜ਼ਰ ਸਨ।

22-Jun-PAGE-8.qxd 6/21/2024 9:56 PM Page 1



# ਹਿਮਾਚਲ ਘੁੰਮਣ ਗਏ ਪੰਜਾਬੀਆਂ ਦੀ ਬਦਲਾ ਲਊ ਭਾਵਨਾ ਨਾਲ ਕੁੱਟਮਾਰ ਕਰਨਾ ਸਹਿਣਯੋਗ ਨਹੀਂ : ਬੇਗਮਪੁਰਾ ਟਾਈਗਰ ਫੋਰਸ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਬੇਗਮਪੁਰਾ ਟਾਇਗਰ ਫੋਰਸ ਦੇ ਚੇਅਰਮੈਨ ਤਰਸੇਮ ਦੀਵਾਨਾ ਅਤੇ ਕੌਮੀ ਪ੍ਰਧਾਨ ਧਰਮਪਾਲ ਸਾਹਨੇਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਬੇਗਮਪੁਰਾ ਟਾਇਗਰ ਫੋਰਸ ਦੀ ਇੱਕ ਮੀਟਿੰਗ ਫੋਰਸ ਦੇ ਸੂਬਾ ਪ੍ਰਧਾਨ ਬੀਰਪਾਲ ਠਰੋਲੀ ਪ੍ਰਧਾਨਗੀ ਹੇਠ ਫੋਰਸ ਦੇ ਮੁੱਖ ਦਫਤਰ ਭਗਤ ਨਗਰ ਨੇੜੇ ਮਾਡਲ ਵਿਖੇ ਹੋਈ। ਮੀਟਿੰਗ ਵਿੱਚ ਫੋਰਸ ਦੇ ਦੋਆਬਾ ਪ੍ਰਧਾਨ ਨੇਕੂ ਅਜਨੋਹਾ ਅਤੇ ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਨੇ ਵਿਸ਼ੇਸ ਤੌਰ 'ਤੇ ਸ਼ਿਰਕਤ ਕੀਤੀ । ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਹਿਮਾਚਲ ਦੇ ਮੰਡੀ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੀ ਜੇਤੂ ਉਮੀਦਵਾਰ ਕੰਗਣਾ ਰਣੌਤ ਨਾਲ ਚੰਡੀਗੜ੍ਹ ਏਅਰਪੋਰਟ ਤੇ ਸੀ ਆਈ ਐਸ ਐਫ ਅਧਿਕਾਰੀ ਕੁਲਵਿੰਦਰ ਕੌਰ ਨਾਲ ਵਾਦ ਵਿਵਾਦ ਤੋਂ ਬਾਅਦ ਦਿੱਤੇ ਬਿਆਨਾਂ ਕਾਰਨ ਲਗਾਤਾਰ ਹਿਮਾਚਲ ਪ੍ਰਦੇਸ਼ ਵਿੱਚ ਘੁੰਮਣ ਫਿਰਨ ਗਏ ਪੰਜਾਬੀਆਂ ਅਤੇ ਉੱਤੇ ਹਿਮਾਚਲ ਦੇ ਕੁਝ ਸ਼ਰਾਰਤੀ ਅਨਸਰਾ ਅਤੇ ਗੁੰਡਿਆਂ ਵੱਲੋਂ ਲਗਾਤਾਰ ਹਮਲੇ ਕਰਕੇ ਜਿੱਥੇ ਉਨਾਂ ਨੂੰ ਜਾਨੀ ਤੇ ਮਾਲੀ ਤੌਰ 'ਤੇ ਨੁਕਸਾਨ ਪਹੁੰਚਾਕੇ ਦਹਿਸ਼ਤ ਫਲਾਈ ਜਾ ਰਹੀ ਹੈ ਅਤੇ ਸ਼ਰਾਰਤੀ ਅਨਸਰਾਂ ਵਲੋਂ ਪੰਜਾਬ ਤੋਂ ਹਿਮਾਚਲ ਗਈਆਂ ਖੜੀਆਂ ਗੱਡੀਆ ਦੇ ਸ਼ੀਸ਼ੇ ਭੰਨੇ ਗਏ । ਜਿਸ ਨੂੰ ਹਿਮਾਚਲ ਦੀ ਮੌਜੂਦਾ ਸਰਕਾਰ ਅਤੇ ਕੇਂਦਰ ਦੀ ਨਰਿੰਦਰ ਮੋਦੀ ਸਰਕਾਰ ਤੁਰੰਤ ਦਖਲ ਦੇ ਕੇ ਸਥਿਤੀ ਨੂੰ ਵਿਸਫੋਟਕ ਬਣਨ ਤੋਂ ਰੋਕਣ ਕਿਉਂਕਿ ਹਿਮਾਚਲ ਦੇ ਲੋਕਾ ਵਲੋ ਪੰਜਾਬੀਆ ਨਾਲ ਧੱਕਾ ਕਰਨ ਤੇ ਪੰਜਾਬ ਵਾਸੀਆ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ ਉਹਨਾ ਹਿਮਾਚਲ ਅਤੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਵਾਪਰ ਰਹੀਆਂ ਘਟਨਾਵਾਂ ਦਾ ਸਖਤ ਨੋਟਿਸ ਲੈਂਦਿਆਂ ਕਿਹਾ ਕਿ ਅੱਜ ਤੱਕ ਦੀਆਂ ਸਰਕਾਰਾਂ ਪੰਜਾਬ ਵਾਸੀਆ ਵੱਲੋਂ ਪੰਜਾਬ ਦੀਆਂ ਹੱਕੀ ਮੰਗਾਂ ਮੰਗਣ ਕਾਰਨ ਉਨਾਂ ਨੂੰ ਬਦਨਾਮ ਕਰਨ ਲਈ ਬਹੁ ਗਿਣਤੀ ਵਿੱਚ ਅੱਤਵਾਦੀ ਅਤੇ ਵੱਖਵਾਦੀ ਪ੍ਰਚਾਰ ਕੇ ਉਹਨਾਂ ਨੂੰ ਭੜਕਾ ਕੇ ਪੰਜਾਬੀਆਂ ਦਾ ਜਾਨੀ ਤੇ ਮਾਲੀ ਨੁਕਸਾਨ ਕਰਦੀਆਂ ਆ ਰਹੀਆਂ ਹਨ ਜਿਸ ਦੀ ਤਾਜ਼ਾ ਉਦਾਹਰਨ ਫਿਰਕੂ ਸੋਚ ਰੱਖਣ ਵਾਲੀ ਹਿਮਾਚਲ ਦੇ ਮੰਡੀ ਹਲਕੇ ਤੋਂ ਨਵ ਨਿਯੁਕਤ ਸੰਸਦ ਕੰਗਣਾ ਰਣੌਤ ਵੱਲੋਂ ਏਅਰਪੋਰਟ ਤੇ ਵਿਵਾਦ ਤੋਂ ਬਾਅਦ ਪੰਜਾਬ ਵਿੱਚ ਅੱਤਵਾਦ ਆਉਣ ਵਾਲੇ ਵਿਚਾਰਾਂ ਤੋਂ ਲੱਗਦਾ ਹੈ ਜਿਸ ਨਾਲ ਹਿਮਾਚਲ ਵਿੱਚ ਪੰਜਾਬੀਆਂ ਤੇ ਲਗਾਤਾਰ ਹਮਲੇ ਹੋ ਰਹੇ ਹਨ ਉਹਨਾਂ ਕਿਹਾ ਕਿ ਜੇ ਕਰ ਹਿਮਾਚਲ ਸਰਕਾਰ ਨੇ ਹਿਮਾਚਲ ਅੰਦਰ ਪੰਜਾਬੀਆਂ ਖਿਲਾਫ ਇਹ ਵਰਤਾਰਾ ਤੁਰੰਤ ਬੰਦ ਨਾ ਕੀਤਾ ਤਾਂ ਸਥਿਤੀ ਵਿਸਫੋਟਕ ਤੇ ਭਿਆਨਕ ਬਣ ਸਕਦੀ ਹੈ ਜਿਸ ਦੀ ਸਾਰੀ ਜਿੰਮੇਵਾਰੀ ਹਿਮਾਚਲ ਦੀ ਸਰਕਾਰ ਅਤੇ ਕੇਂਦਰ ਸਰਕਾਰ ਦੀ ਹੋਵੇਗੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਡੀਆ ਇੰਚਾਰਜ ਚੰਦਰ ਪਾਲ ਹੈਪੀ ਸਤੀਸ਼ ਕੁਮਾਰ ਸ਼ੇਰਗੜ੍ਹ,ਬੰਟੀ ਬਸੀ ਵਾਹਦ ,ਅਮਨਦੀਪ,ਮੁਨੀਸ਼,ਚਰਨਜੀਤ ਡਾਡਾ, ਕਮਲਜੀਤ, ਰਾਮ ਜੀ, ਦਵਿੰਦਰ ਕੁਮਾਰ, ਪੰਮਾ ਡਾਡਾ, ਗੋਗਾ ਮਾਂਝੀ , ਪਵਨ ਕੁਮਾਰ ਬੱਧਣ,ਅਮਨਦੀਪ ਸਿੰਘ, ਚਰਨਜੀਤ ਸਿੰਘ,ਭੁਪਿੰਦਰ ਕੁਮਾਰ ਬੱਧਣ ਕਮਲਜੀਤ ਸਿੰਘ, ਬਿਸ਼ਨਪਾਲ, ਗਿਆਨ ਚੰਦ, ਮੁਸਾਫ਼ਰ ਸਿੰਘ, ਸ਼ੇਰਾ ਸਿੰਘ, ਵਿਸ਼ਾਲ ਸਿੰਘ, ਸਨੀ ਸੀਣਾ,ਭਿੰਦਾ ਸੀਣਾ, ਹੈਪੀ ਫਤਿਹਗੜ੍ਹ,ਦਵਿੰਦਰ ਕੁਮਾਰ, ਰਾਕੇਸ ਕੁਮਾਰ ਭੱਟੀ ਵਿਜੇ ਕੁਮਾਰ ਜੱਲੋਵਾਲ ਖਨੂਰ , ਰਵਿ ਸੁੰਦਰ ਨਗਰ ਸਮੇਤ ਸੰਗਠਨ ਦੇ ਹੋਰ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ।

## ਨਾਇਬ ਸਿੰਘ ਵੱਲੋਂ ਕੌਮਾਂਤਰੀ ਗੈਸਟ ਹਾਊਸ ਦਾ ਉਦਘਾਟਨ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਮੁੱਖ ਮੰਤਰੀ ਨਾਇਬ ਸਿੰਘ ਨੇ ਜ਼ਿਲ੍ਹਾ ਜੀਂਦ ਵਿਚ ਪ੍ਰਬੰਧਿਤ ਸੂਬਾ ਪੱਧਰੀ ਸ਼੍ਰਮਿਕ ਜਾਗਰੁਕਤਾ ਅਤੇ ਸਨਮਾਨ ਸਮਾਰੋਹ ਦੌਰਾਨ ਚੌਧਰੀ ਰਣਬੀਰ ਸਿੰਘ ਯੂਨੀਵਰਸਿਟੀ ਦੇ ਨਵੇਂ ਨਿਰਮਾਣਤ ਕੌਮਾਂਤਰੀ ਗੈਸਟ ਹਾਊਸ ਦਾ ਉਦਘਾਟਨ ਕੀਤਾ। ਇਸ ਗੇਸਟ ਹਾਊਸ ਦੇ ਨਿਰਮਾਣ 'ਤੇ 19 ਕਰੋੜ 20 ਲੱਖ ਰੁਪਏ ਦੀ ਲਾਗਤ ਆਈ ਹੈ। ਗੈਸਟ ਹਾਊਸ ਦੇ ਉਦਘਾਟਨ ਮੌਕੇ 'ਤੇ ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਹਰ ਖੇਤਰ ਵਿਚ ਵਿਕਾਸ ਕੰਮ ਕਰਵਾ ਰਹੀ ਹੈ। ਯੂਨੀਵਰਸਿਟੀ ਪਰਿਸਰ ਵਿਚ ਬਣਿਆ ਇਹ ਗੈਸਟ ਹਾਊਸ ਬਹੁਤ ਹੀ ਉਪਯੋਗੀ ਸਾਬਤ ਹੋਵੇਗਾ। ਉਨ੍ਹਾਂ ਨੇ ਕਿਹਾ ਕਿ ਮੈਡੀਕਲ, ਸਿਖਿਆ ਜਾਂ ਹੋਰ ਕਿਸੇ ਵੀ ਖੇਤਰ ਵਿਚ ਸਮੇਂ ਅਨੁਰੂਪ ਸਹੂਲਤਾਂ ਦੀ ਡਿਮਾਂਡ ਵੱਧਦੀ ਹੈ, ਸਰਕਾਰ ਇੰਨ੍ਹਾਂ ਸਹੂਲਤਾਂ ਨੂੰ ਪੂਰਾ ਕਰਨ ਦੇ ਪ੍ਰਤੀ ਗੰਭੀਰ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਚਹੁਮੁਖੀ ਵਿਕਾਸ ਕਰਵਾ ਰਹੀ ਹੈ। ਇਹ ਗੈਸਟ ਹਾਊਸ ਯੂਨੀਵਰਸਿਟੀ ਦੀ ਤਰੱਕੀ ਵਿਚ ਮੀਲ ਦਾ ਪੱਥਰ ਸਾਬਿਤ ਹੋਵੇਗਾ। ਵਰਨਣਯੋਗ ਹੈ ਕਿ ਗੈਸਟ ਹਾਊਸ ਕਰੀਬ 50 ਹਜਾਰ ਸਕੇਅਰ ਫੀਟ ਵਿਚ ਬਣਿਆ ਹੈ। ਇਹ ਪੂਰੀ ਤਰ੍ਹਾ ਨਾਲ ਏਅਰ ਕੰਡੀਸ਼ਨ ਅਤੇ ਅੱਤਆਧੁਨਿਕ ਸਹੂਲਤਾਂ ਨਾਲ ਲੈਸ ਹੈ। ਇਸ ਵਿਚ 40 ਕਮਰੇ ਬਣਾਏ ਗਏ ਹਨ। ਇਸ ਤੋਂ ਇਨਾਵਾ, ਇਸ ਦੇ ਪਰਿਸਰ ਵਿਚ ਹਰਿਆਲੀ ਦਾ ਪੂਰਾ ਧਿਆਨ ਰੱਖਿਆ ਗਿਆ ਹੈ, ਜੋ ਇਕ ਤਰ੍ਹਾਂ ਨਾਲ ਵਾਤਾਵਰਣ ਸਰੰਖਣ ਦਾ ਵੀ ਪ੍ਰਤੀਕ ਹੈ।

## ਰਾਜਪਾਲ ਬੰਡਾਰੂ ਦੱਤਾਤ੍ਰੇਯ ਨੇ ਵਿਸ਼ਵਾਸ ਫਾਊਂਡੇਸ਼ਨ ਨੂੰ ਸਨਮਾਨਤ ਕੀਤਾ

**ਪੰਚਕੂਲਾ (ਕ੍ਰਿਸ਼ਨ ਗਰਗ)** ਅੰਬਾਲਾ 'ਚ ਰੈੱਡ ਕਰਾਸ ਸੋਸਾਇਟੀ ਵੱਲੋਂ ਰਾਜ ਪੱਧਰੀ ਖੂਨਦਾਨੀ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਮਹਾਮਹਿਮ ਰਾਜਪਾਲ ਅਤੇ ਚੀਫ ਇੰਡੀਅਨ ਰੈੱਡ ਕਰਾਸ ਕਮੇਟੀ ਬੰਡਾਰੂ ਦੱਤਾਤ੍ਰੇਅ ਨੇ ਸ਼ਿਰਕਤ ਕੀਤੀ। ਇਸ ਦੌਰਾਨ ਹਰਿਆਣਾ ਦੇ ਸਾਬਕਾ ਗ੍ਰਹਿ ਮੰਤਰੀ ਅਨਿਲ ਵਿਜ, ਹਰਿਆਣਾ ਰਾਜ ਸ਼ਾਖਾ ਚੰਡੀਗੜ੍ਹ ਦੀ ਉਪ ਪ੍ਰਧਾਨ ਸੁਸ਼ਮਾ ਗੁਪਤਾ, ਜਨਰਲ ਸਕੱਤਰ ਮੁਕੇਸ਼ ਅਗਰਵਾਲ ਅਤੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਪੰਚਕੂਲਾ ਦੀ ਸਕੱਤਰ ਸਵਿਤਾ ਅਗਰਵਾਲ ਵੀ ਮੌਜੂਦ ਸਨ। ਇਸ ਪ੍ਰੋਗਰਾਮ ਵਿੱਚ ਖੂਨਦਾਨ ਕਰਨ ਵਾਲੀਆਂ ਔਰਤਾਂ ਅਤੇ ਸੇਵਾ ਸੰਸਥਾਵਾਂ ਨੂੰ ਬੁਲਾਇਆ ਗਿਆ ਅਤੇ ਉਨ੍ਹਾਂ ਦੇ ਮਹਾਨ ਖੂਨਦਾਨ ਲਈ ਸਨਮਾਨਿਤ ਕੀਤਾ ਗਿਆ।ਵਿਸ਼ਵਾਸ ਫਾਊਂਡੇਸ਼ਨ ਦੀ ਪ੍ਰਧਾਨ ਸਾਧਵੀ ਨੀਲਿਮਾ ਵਿਸ਼ਵਾਸ ਨੇ ਦੱਸਿਆ ਕਿ ਗੁਰੂਦੇਵ ਸਵਾਮੀ ਵਿਸ਼ਵਾਸ ਦੇ ਆਸ਼ੀਰਵਾਦ ਨਾਲ ਇਸ ਸਨਮਾਨ ਸਮਾਰੋਹ ਦੇ ਪ੍ਰੋਗਰਾਮ ਵਿੱਚ ਵਿਸ਼ਵਾਸ ਫਾਊਂਡੇਸ਼ਨ ਵੱਲੋਂ ਟ੍ਰਾਈਸਿਟੀ ਵਿੱਚ ਲਗਾਤਾਰ ਖੂਨਦਾਨ ਕੈਂਪ ਆਯੋਜਿਤ ਕਰਨ ਲਈ ਮਾਨਯੋਗ ਗਵਰਨਰ ਵੱਲੋਂ ਯਾਦਗਾਰੀ ਚਿੰਨ੍ਹ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਵਿਸ਼ਵਾਸ ਫਾਊਂਡੇਸ਼ਨ ਦੀ ਤਰਫੋਂ ਸੰਯੁਕਤ ਸਕੱਤਰ ਰਿਸ਼ੀ ਸਰਲ ਵਿਸ਼ਵਾਸ ਅਤੇ ਸੰਦੀਪ ਪਰਮਾਰ ਰੋਮੀ ਨੇ ਸਾਂਝੇ ਤੌਰ 'ਤੇ ਪ੍ਰਾਪਤ ਕੀਤਾ।

## 'ਪੀ ਜੀ ਆਈ ਲੰਗਰ ਲੋੜਵੰਦ ਸੇਵਾ ਮਿਸ਼ਨ' ਦੇ ਸਮੂਹ ਸੇਵਾਦਾਰਾਂ ਨੇ ਛਬੀਲ ਲਗਾਈ



**ਨੂਰਪੁਰਬੇਦੀ,(ਸੁਰਜੀਤ ਸਿੰਘ ਕਾਹਲੋਂ)**—ਪੀ.ਜੀ.ਆਈ. ਲੰਗਰ ਲੋੜਵੰਦ ਸੇਵਾ ਮਿਸ਼ਨ ਦੇ ਸਮੂਹ ਸੇਵਾਦਾਰਾਂ ਨੇ ਧਾਰਮਿਕ ਅਸਥਾਨ ਪੀਰ ਬਾਬਾ ਜ਼ਿੰਦਾ ਸ਼ਹੀਦ ਨੂਰਪੁਰਬੇਦੀ ਦੇ ਸੇਵਾਦਾਰਾਂ ਨਾਲ ਮਿਲ ਕੇ ਮੁੱਖ ਸੇਵਾਦਾਰ ਮਾ. ਚੰਨਣ ਸਿੰਘ ਸੈਨੀਮਾਜਰਾ ਦੀ ਅਗਵਾਈ ਹੇਠ ਸਥਾਨਕ ਬੱਸ ਸਟੈਂਡ ਵਿਖੇ ਨੂਰਪੁਰਬੇਦੀ-ਬਲਾਚੌਰ ਮੁੱਖ ਮਾਰਗ 'ਤੇ ਵਿਸ਼ਾਲ ਛਬੀਲ ਦਾ ਆਯੋਜਨ ਕੀਤਾ । ਇਸ ਦੌਰਾਨ ਸਭ ਤੋਂ ਪਹਿਲਾਂ ਮੁੱਖ ਸੇਵਾਦਾਰ ਮਾ. ਚੰਨਣ ਸਿੰਘ ਸੈਨੀਮਾਜਰਾ ਨੇ ਖੇਤਰ ਦੀ ਸੁੱਖ, ਸ਼ਾਂਤੀ ਅਤੇ ਸੰਗਤਾਂ ਸਹਿਤ ਸਮੂਹ ਸੇਵਾਦਾਰਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਉਪਰੰਤ ਛਬੀਲ ਦੀ ਆਰੰਭਤਾ ਕਰਵਾਈ । ਜ਼ਿਕਰਯੋਗ ਹੈ ਕਿ ਸਥਾਨਕ ਥਾਣੇ ਦੀ ਹਦੂਦ 'ਚ ਸਥਿਤ ਪੀਰ ਬਾਬਾ ਜ਼ਿੰਦਾ ਸ਼ਹੀਦ ਦੇ ਅਸਥਾਨ 'ਤੇ ਹਰ ਜੇਠੇ ਵੀਰਵਾਰ ਨੂੰ ਭਾਰੀ ਮੇਲਾ ਲੱਗਦਾ ਹੈ । ਜਿਸਦੇ ਚੱਲਦਿਆਂ ਸੇਵਾਦਾਰਾਂ ਵੱਲੋਂ ਉਕਤ ਸਾਲਾਨਾ ਛਬੀਲ ਦਾ ਆਯੋਜਨ ਕੀਤਾ ਗਿਆ ।

ਇਸ ਛਬੀਲ ਦੇ ਆਯੋਜਨ 'ਚ ਮੁੱਖ ਸੇਵਾਦਾਰ ਮਾ. ਚੰਨਣ ਸਿੰਘ, ਰੂਬੀ ਭੁੱਲਰ, ਖੁਸ਼ਹਾਲ ਕਾਲਾ, ਰਜੀਵ ਮਾਲੀਆ, ਕਮਲਪ੍ਰੀਤ, ਸੰਦੀਪ, ਮੱਖਣ, ਅਨਮੋਲਪ੍ਰੀਤ, ਸਹਿਜਪ੍ਰੀਤ, ਪਰਮਵੀਰ, ਹਰੀ ਫੌਜੀ, ਗਗਨ, ਜਰਨੈਲ ਸਿੰਘ, ਹਰਸ਼ਵੀਰ, ਅਮਰਪ੍ਰੀਤ, ਅੰਕੁਸ਼, ਅਮਨਿੰਦਰ, ਦਿਲਪ੍ਰੀਤ, ਹਰਿੰਦਰ ਸੈਣੀ, ਰਣਜੀਤ ਰਾਣੂ, ਰਮਨ, ਜੈਵੀਰ ਸਿੰਘ, ਮਨੀ, ਲਾਭ ਸਿੰਘ, ਕਾਰਤਿਕ, ਨੀਰਜ, ਪੰਚ ਕਮਲ, ਜਗਦੀਪ, ਪ੍ਰਦੀਪ, ਡਾ. ਹਰਪ੍ਰੀਤ ਰੋਪੜ, ਦਵਿੰਦਰ, ਭੂਸ਼ਣ, ਹਰਜੋਤ, ਏਕਮਪ੍ਰੀਤ, ਜਸਕਰਨ, ਮਾ. ਸੁਰਿੰਦਰ, ਰਾਮਪਾਲ, ਕੌਸ਼ਲ, ਰਾਜਨ, ਸ਼ਾਲੂ ਅਤੇ ਬਾਦਲ ਆਦਿ ਨੇ ਅਹਿਮ ਯੋਗਦਾਨ ਪਾਇਆ ।

## ਅਮਲਾਲਾ ਦੀ ਸ਼ਾਮਲਾਟ ਜ਼ਮੀਨ ਤੋਂ ਨਜਾਇਜ਼ ਕਬਜ਼ਾ ਛੁਡਵਾਇਆ

**ਡੇਰਾਬੱਸੀ (ਕ੍ਰਿਸ਼ਨ ਗਰਗ)** ਜ਼ਿਲ੍ਹਾ ਪ੍ਰਸ਼ਾਸਨ ਵਲੋਂ ਪਿੰਡ ਅਮਲਾਲਾ, ਬਲਾਕ ਡੇਰਾਬੱਸੀ, ਦੀ ਕਰੀਬ 02 ਏਕੜ 05 ਕਨਾਲ 13 ਮਰਲੇ ਵਾਹੀਯੋਗ ਜ਼ਮੀਨ ਦਾ ਕਬਜ਼ਾ ਛੁਡਵਾਇਆ ਗਿਆ, ਜਿਸ ਉੱਤੇ ਕਾਬਜ਼ਕਾਰਾਂ ਨੇ ਕਰੀਬ 15-18 ਸਾਲ ਤੋਂ ਨਾਜਾਇਜ਼ ਕਬਜ਼ਾ ਕੀਤਾ ਹੋਇਆ ਸੀ। ਇਹ ਜਾਣਕਾਰੀ ਦਿੰਦਿਆਂ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਗੁਰਪ੍ਰੀਤ ਸਿੰਘ ਮਾਂਗਟ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ, ਸ਼੍ਰੀਮਤੀ ਆਸ਼ਿਕਾ ਜੈਨ, ਏ.ਡੀ.ਸੀ (ਵਿਕਾਸ) ਸ਼੍ਰੀਮਤੀ ਸੋਨਮ ਚੌਧਰੀ ਅਤੇ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫ਼ਸਰ ਬਲਜਿੰਦਰ ਸਿੰਘ ਗਰੇਵਾਲ ਦੇ ਨਿਰਦੇਸ਼ਾਂ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਦੀ ਟੀਮ ਵੱਲੋਂ ਇਹ ਕਬਜ਼ਾ ਛੁਡਵਾਇਆ ਗਿਆ। ਬੀ.ਡੀ.ਪੀ.ਓ. ਨੇ ਦੱਸਿਆ ਕਿ ਜ਼ਮੀਨ ਉਤੇ ਲਗਭਗ 15-18 ਸਾਲ ਤੱਕ ਜਗਸੀਰ ਸਿੰਘ ਪੁੱਤਰ ਮਹਿੰਦਰ ਸਿੰਘ, ਗੁਲਜਾਰ ਸਿੰਘ ਪੁੱਤਰ ਮਹਿੰਦਰ ਸਿੰਘ ਅਤੇ ਇਕਬਾਲ ਸਿੰਘ ਪੁੱਤਰ ਦੀਦਾਰ ਸਿੰਘ ਦਾ ਨਾਜਾਇਜ਼ ਕਬਜ਼ਾ ਸੀ। ਇਸ ਜ਼ਮੀਨ ਦਾ ਕੇਸ ਪੰਚਾਇਤ ਵੱਲੋਂ ਸਾਲ 2017-18 ਵਿੱਚ ਕੁਲੈਕਟਰ, ਪੰਚਾਇਤ ਲੈਂਡ ਦੀ ਅਦਾਲਤ ਵਿਚ ਦਾਇਰ ਕੀਤਾ ਗਿਆ ਸੀ, ਜਿਸ ਦਾ ਫੈਸਲਾ 2020 ਵਿੱਚ ਪੰਚਾਇਤ ਦੇ ਹੱਕ ਵਿੱਚ ਹੋਇਆ ਸੀ। ਇਸ ਤੋਂ ਬਾਅਦ ਕੁਲੈਕਟਰ ਪੰਚਾਇਤ ਲੈਂਡ ਵੱਲੋਂ ਇਸ ਜ਼ਮੀਨ ਦਾ ਕਬਜ਼ਾ ਵਾਰੰਟ ਜਾਰੀ ਕੀਤਾ ਗਿਆ ਸੀ। ਕਬਜ਼ਾ ਕਾਰਵਾਈ ਮੌਕੇ ਪੰਚਾਇਤ ਅਫਸਰ ਮਨਦੀਪ ਸਿੰਘ ਦਰਦੀ, ਪੰਚਾਇਤ ਸਕੱਤਰ ਗੁਰਵਿੰਦਰ ਸਿੰਘ ਅਤੇ ਜਤਿੰਦਰ ਸਿੰਘ, ਗੁਰਮੁੱਖ ਸਿੰਘ ਸੰਮਤੀ ਪਟਵਾਰੀ, ਮਗਨਰੇਗਾ ਸਟਾਫ ਸੰਦੀਪ ਸ਼ਰਮਾ ਹਲਕਾ ਕਾਨੂੰਗੋ, ਸੁਮਿਤ ਰਾਏ ਡਿਊਟੀ ਮੈਜਿਸਟਰੇਟ, ਪੁਲਿਸ ਪ੍ਰਸ਼ਾਸਨ ਅਤੇ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ ਅਤੇ ਪਿੰਡ ਵਾਸੀ ਹਾਜ਼ਰ ਸਨ।

## ਜ਼ਿਲ੍ਹੇ ਦੇ ਪਿੰਡਾਂ 'ਚ 52 ਖੇਡ ਮੈਦਾਨ ਤਿਆਰ, 85 ਸੰਬੰਧੀ ਕੰਮ ਜਾਰੀ : ਸੋਨਮ ਚੌਧਰੀ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, . ( ਗੁਰਜੀਤ ਬਿੱਲਾ)**—ਪੰਜਾਬ ਨੂੰ ਮੁੜ ਰੰਗਲਾ ਪੰਜਾਬ ਬਣਾਉਣ ਦੇ ਮਕਸਦ ਨਾਲ ਜ਼ਿਲ੍ਹੇ ਦੇ ਪਿੰਡਾਂ ਵਿੱਚ 151 ਖੇਡ ਮੈਦਾਨ ਬਣਾਏ ਜਾਣੇ ਹਨ, ਜਿਨ੍ਹਾਂ ਵਿੱਚੋਂ 52 ਬਣ ਗਏ ਹਨ ਤੇ 85 ਸਬੰਧੀ ਕੰਮ ਜਾਰੀ ਹੈ। ਇਹਨਾਂ ਕਾਰਜਾਂ ਉੱਤੇ ਹੁਣ ਤੱਕ ਕਰੀਬ 525.8 ਕਰੋੜ ਰੁਪਏ ਖਰਚੇ ਜਾ ਚੁੱਕੇ ਹਨ।ਇਸ ਦੇ ਨਾਲ ਨਾਲ ਸਿੱਖਿਆ ਖੇਤਰ ਵਿੱਚ ਇਤਿਹਾਸਕ ਕਦਮ ਤਹਿਤ ਫੇਜ਼ 11, ਮੋਹਾਲੀ ਵਿਖੇ ਸਕੂਲ ਆਫ ਐਮੀਨੈਂਸ ਸ਼ੁਰੂ ਹੋ ਚੁੱਕਿਆ ਹੈ। ਖਰੜ ਤੇ ਡੇਰਾਬੱਸੀ ਵਿਖੇ ਬਣਨ ਵਾਲੇ ਸਕੂਲ ਆਫ ਐਮੀਨੈਂਸ ਦਾ ਕੰਮ ਵੀ ਜੰਗੀ ਪੱਧਰ ਉੱਤੇ ਜਾਰੀ ਹੈ, ਜਿਹੜੇ ਕਿ ਜਲਦ ਹੀ ਵਿਦਿਆਰਥੀਆਂ ਨੂੰ ਸਮਰਪਿਤ ਕਰ ਦਿੱਤੇ ਜਾਣਗੇ।ਇਹ ਜਾਣਕਾਰੀ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ਼੍ਰੀਮਤੀ ਸੋਨਮ ਚੌਧਰੀ ਨੇ ਸਥਾਨਿਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਸਾਂਝੀ ਕੀਤੀ। ਉਹਨਾਂ ਨੇ ਵਿਕਾਸ ਕਾਰਜਾਂ ਦੀ ਸਮੀਖਿਆ ਕਰਦਿਆਂ ਜ਼ਿਲ੍ਹੇ ਵਿਚ ਚੱਲ ਰਹੇ ਵੱਖ ਵੱਖ ਪ੍ਰੋਜੈਕਟਾਂ ਨੂੰ ਨਿਰਧਾਰਤ ਸਮੇਂ 'ਚ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ ਹਨ।ਉਹਨਾਂ ਕਿਹਾ ਕਿ ਸਰਕਾਰੀ ਪ੍ਰੋਜੈਕਟਾਂ ਦੇ ਚੱਲ ਰਹੇ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਸਹਿਣ ਨਹੀਂ ਕੀਤੀ ਜਾਵੇਗੀ।ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਾਂਝਾ ਜੱਲ ਤਲਾਬ ਪ੍ਰੋਜੈਕਟ ਤਹਿਤ ਜ਼ਿਲ੍ਹੇ ਵਿੱਚ 82 ਤਲਾਬ ਬਣਨੇ ਹਨ, ਜਿਨ੍ਹਾਂ ਵਿਚੋਂ 63 ਤਲਾਬ ਬਣ ਗਏ ਹਨ। ਉਹਨਾਂ ਨੇ ਸੋਕ ਪਿਟਸ ਤੇ ਰੇਨ ਵਾਟਰ ਹਾਰਵੈਸਟਿੰਗ ਦੇ ਕਾਰਜ ਤੇਜ਼ ਕਰਨ ਦੀਆਂ ਹਦਾਇਤਾਂ ਵੀ ਦਿੱਤੀਆਂ।ਸ਼੍ਰੀਮਤੀ ਚੌਧਰੀ ਨੇ ਦੱਸਿਆ ਕਿ ਐਗਰੋਫੌਰੈਸਟਰੀ ਤਹਿਤ ਡੇਰਾਬਸੀ ਦੇ ਪਿੰਡ ਕੁਰਨਵਾਲਾ ਵਿਖੇ 05 ਏਕੜ, ਖਰੜ ਦੇ ਨਬੀਪੁਰ ਵਿੱਚ 2.5 ਏਕੜ ਤੇ ਭਜਹੇੜੀ ਵਿੱਚ 17 ਏਕੜ, ਮਾਜਰੀ ਦੇ ਪਿੰਡ ਮਾਜਰਾ ਵਿੱਚ 2.5 ਏਕੜ ਅਤੇ ਮੋਹਾਲੀ ਦੇ ਪਿੰਡ ਦੈੜੀ ਵਿੱਚ 05 ਏਕੜ ਵਿੱਚ ਐਗਰੋਫੌਰੈਸਟਰੀ ਕਰਨ ਸਬੰਧੀ ਕਾਰਵਾਈ ਜਾਰੀ ਹੈ।ਵਧੀਕ ਡਿਪਟੀ ਕਮਿਸ਼ਨਰ ਨੇ ਮੰਡੀ ਬੋਰਡ ਤੇ ਪੀ.ਡਬਲਿਊ.ਡੀ. ਦੇ ਅਧਿਕਾਰੀਆਂ ਨੂੰ ਸੜਕਾਂ ਸਬੰਧੀ ਬਕਾਇਆ ਕੰਮ ਜਲਦ ਤੋਂ ਜਲਦ ਨੇਪਰੇ ਚਾੜ੍ਹਨ ਦੀਆਂ ਹਦਾਇਤਾਂ ਦਿੱਤੀਆਂ ਗਈਆਂ।ਸ਼੍ਰੀਮਤੀ ਚੌਧਰੀ ਨੇ ਛਪੜਾਂ ਦੀ ਸਾਫ-ਸਫਾਈ, ਪੀਣ ਵਾਲੇ ਪਾਣੀ ਦੇ ਪ੍ਰੋਜੈਕਟਾਂ, ਨਜ਼ਾਇਜ ਕਬਜ਼ਿਆਂ ਨੂੰ ਛੁਡਵਾਉਣ, ਪਿੰਡਾਂ ਦੀ ਦਿੱਖ ਨੂੰ ਸੁਧਾਰਨ ਹਿੱਤ ਕੀਤੇ ਜਾਣ ਵਾਲੇ ਵੱਖ ਵੱਖ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ। ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮਹਾਤਮਾ ਗਾਂਧੀ ਦਿਹਾਤੀ ਰੋਜ਼ਗਾਰ ਗਾਰੰਟੀ ਕਾਨੂੰਨ (ਮਗਨਰੇਗਾ) ਹੇਠ ਮਗਨਰੇਗਾ ਵਰਕਰਾਂ ਤੋਂ ਵੱਧ ਤੋਂ ਵੱਧ ਵੱਖ ਵੱਖ ਕਾਰਜ ਕਰਵਾਏ ਜਾਣ।ਸ਼੍ਰੀਮਤੀ ਚੌਧਰੀ ਨੇ ਕਿਹਾ ਕਿ ਮਗਨਰੇਗਾ ਦਿਹਾਤੀ ਖੇਤਰਾਂ ਵਿਚ ਨਾ ਕੇਵਲ ਲੋਕਾਂ ਨੂੰ ਰੋਜ਼ਗਾਰ ਮੁਹੱਈਆ ਕਰਵਾਉਂਦਾ ਹੈ ਸਗੋਂ ਇਸ ਨਾਲ ਦਿਹਾਤੀ ਖੇਤਰਾਂ ਵਿਚ ਬੁਨਿਆਦੀ ਢਾਂਚੇ ਦੇ ਵਿਕਾਸ ਦੇ ਨਾਲ-ਨਾਲ ਲੋਕਾਂ ਦਾ ਆਰਥਿਕ ਪੱਧਰ ਵੀ ਉਚਾ ਹੋ ਰਿਹਾ ਹੈ। ਉਹਨਾਂ ਨੇ ਮਗਨਰੇਗਾ ਤਹਿਤ ਪਿੰਡਾਂ ਵਿਚ ਮਿੰਨੀ ਜੰਗਲ ਵਿਕਸਤ ਕਰਨ, ਸਾਂਝਾ ਜਲ ਤਾਲਾਬ ਸਕੀਮ ਤਹਿਤ ਹੋਰ ਤਾਲਾਬ ਬਣਾਉਣ, ਸਕੂਲਾਂ ਵਿਚ ਮੀਂਹ ਦੇ ਪਾਣੀ ਦੀ ਸੰਭਾਲ ਲਈ ਢਾਂਚਾ ਵਿਕਸਤ ਕਰਨ, ਛਪੜਾਂ ਨੂੰ ਸਾਫ਼ ਕਰਨ ਤੇ ਗਾਰ ਕੱਢਣ ਲਈ ਮਗਨਰੇਗਾ ਵਰਕਰਾਂ ਦੀ ਸ਼ਮੂਲੀਅਤ ਯਕੀਨੀ ਬਨਾਉਣ ਲਈ ਕਿਹਾ।ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਵਿਕਾਸ ਕਾਰਜਾਂ ਨਾਲ ਸਬੰਧਤ ਵਿਭਾਗਾਂ ਦੇ ਅਧਿਕਾਰੀ ਖੁਦ ਫੀਲਡ ਵਿਚ ਜਾ ਕੇ ਪ੍ਰੋਜੈਕਟਾਂ ਦੀ ਨਿਗਰਾਨੀ ਕਰਨ। ਪਿੰਡਾਂ ਦੀ ਸਾਫ ਸਫਾਈ ਅਹਿਮ ਮਕਸਦ ਹੈ, ਜਿਸ ਵਾਸਤੇ ਜ਼ਿਲ੍ਹੇ ਦੇ ਬੀ.ਡੀ.ਓਜ਼ ਖੁਦ ਨਿਰੀਖਣ ਕਰਨ ਤਾਂ ਜੋ ਪਿੰਡਾਂ ਨੂੰ ਮਾਡਲ ਪਿੰਡ ਦੇ ਰੂਪ ਵਿਚ ਬਦਲਿਆ ਜਾ ਸਕੇ।ਇਸ ਮੌਕੇ ਐਸ.ਡੀ.ਐਮ ਮੋਹਾਲੀ ਦੀਪਾਂਕਰ ਗਰਗ, ਐੱਸ.ਡੀ.ਐਮ. ਡੇਰਾਬਸੀ ਹਿਮਾਂਸ਼ੂ ਗੁਪਤਾ ਅਤੇ ਐੱਸ.ਡੀ.ਐਮ. ਖਰੜ ਗੁਰਮੰਦਰ ਸਿੰਘ ਸਮੇਤ ਵੱਖੋ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਕਣਕ ਦੀ ਫਸਲ ਨੂੰ ਅੱਗ ਲੱਗਣ ਤੋਂ ਬਚਾਉਣ ਲਈ ਪੀ ਐੱਸ ਪੀ ਸੀ ਐੱਲ ਨੇ ਸਥਾਪਿਤ ਕੀਤਾ ਕੰਟਰੋਲ ਰੂਮ





**ਜਲੰਧਰ (ਸ਼ੈਲੀ ਐਲਬਰਟ)** : ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਵੱਲੋਂ ਕਣਕ ਦੀ ਫਸਲ ਨੂੰ ਅੱਗ ਲੱਗਣ ਤੋਂ ਬਚਾਉਣ ਲਈ ਕੰਟਰੋਲ ਰੂਮ ਦੀ ਸਥਾਪਨਾ ਕੀਤੀ ਗਈ ਹੈ। ਇਸਦੇ ਨਾਲ ਹੀ ਪੀ ਐਸ ਪੀ ਸੀ ਐਲ ਵੱਲੋਂ ਕਿਸਾਨਾਂ ਨੂੰ ਵੀ ਕੁਝ ਸਾਵਧਾਨੀਆਂ ਵਰਤਣ ਦੀ ਅਪੀਲ ਕੀਤੀ ਗਈ ਹੈ, ਤਾਂ ਜੋ ਕਿਸੇ ਵੀ ਅਣਸੁਖਾਂਵੀ ਘਟਨਾ ਤੋਂ ਬਚਿਆ ਜਾ ਸਕੇ।ਪੀ ਐਸ ਪੀ ਸੀ ਐਲ ਦੇ ਇੱਕ ਬੁਲਾਰੇ ਮੁਤਾਬਕ ਸੂਬੇ ਭਰ ਅੰਦਰ ਖੇਤਾਂ ਉੱਪਰੋਂ ਨਿਕਲਣ ਵਾਲੀਆਂ ਬਿਜਲੀ ਦੀਆਂ ਤਾਰਾਂ ਨੂੰ ਲੈ ਕੇ ਵਿਭਾਗ ਨੇ ਨਿਗਰਾਨੀ ਵਧਾ ਦਿੱਤੀ ਹੈ। ਇਸ ਲੜੀ ਹੇਠ, ਜਿਥੋਂ-ਜਿੱਥੋਂ ਇਹ ਤਾਰਾ ਨਿਕਲਦੀਆਂ ਹਨ, ਉਹਨਾਂ ਇਲਾਕਿਆਂ ਵਿੱਚ ਐਸ ਡੀ ਓ ਸਣੇ ਹੋਰਨਾਂ ਮੁਲਾਜ਼ਮਾਂ ਨੂੰ ਵਿਸ਼ੇਸ਼ ਨਿਰਦੇਸ਼ ਦਿੱਤੇ ਗਏ ਹਨ। ਇਸ ਤੋਂ ਇਲਾਵਾ, ਫਾਇਰ ਸਟੇਸ਼ਨਾਂ ਨਾਲ ਵੀ ਸੰਪਰਕ ਕਰਕੇ ਉਹਨਾਂ ਨੂੰ ਅਲਰਟ ਰਹਿਣ ਵਾਸਤੇ ਕਿਹਾ ਗਿਆ ਹੈ। ਇਸ ਦੌਰਾਨ ਬਿਜਲੀ ਦੀਆਂ ਢਿੱਲੀਆਂ/ਨੀਵੀਆਂ ਤਾਰਾਂ ਅਤੇ ਜੀ.ਓ ਸਵਿਚਾਂ ਆਦਿ ਤੋਂ ਸਪਾਰਕਿੰਗ ਨਾਲ ਕਣਕ ਦੀ ਫਸਲ ਨੂੰ ਅੱਗ ਲੱਗਣ ਤੋਂ ਬਚਾਉਣ ਲਈ ਸੂਚਨਾ ਤੁਰੰਤ ਨੇੜੇ ਦੇ ਉਪ ਮੰਡਲ ਦਫਤਰ/ਸ਼ਿਕਾਇਤ ਘਰ ਦੇ ਨਾਲ-ਨਾਲ ਕੰਟਰੋਲ ਰੂਮ ਨੰਬਰ 96461-06835, 96461-06836 ਜਾਂ 1912 'ਤੇ ਦਿੱਤੀ ਜਾ ਸਕਦੀ ਹੈ, ਤਾਂ ਜੋ ਇਹਨਾਂ ਬਿਜਲੀ ਦੀਆਂ ਲਾਈਨਾਂ/ਤਾਰਾਂ ਦੀ ਸਮੇਂ ਸਿਰ ਦਰੁਸਤੀ ਕੀਤੀ ਜਾ ਸਕੇ। ਇਸਦੇ ਨਾਲ ਹੀ ਬਿਜਲੀ ਦੀਆਂ ਢਿੱਲੀਆਂ ਜਾਂ ਨੀਵੀਆਂ ਤਾਰਾਂ ਜਾਂ ਸਪਾਰਕਿੰਗ ਦੀਆਂ ਤਸਵੀਰਾਂ ਸਮੇਤ ਲੋਕੇਸ਼ਨ ਵੱਟਸਐਪ ਨੰਬਰ 96461-06835/36 ਤੇ ਭੇਜੀਆਂ ਜਾ ਸਕਦੀਆਂ ਹਨ।ਉਪਰੋਕਤ ਤੋਂ ਇਲਾਵਾ, ਵਿਭਾਗ ਵੱਲੋਂ ਕਿਸਾਨਾਂ ਨੂੰ ਵੀ ਕੁਝ ਸਾਵਧਾਨੀਆਂ ਵਰਤਣ ਵਾਸਤੇ ਗਿਆ ਹੈ। ਇਸ ਦੌਰਾਨ ਕੱਟੀ ਹੋਈ ਕਣਕ ਬਿਜਲੀ ਦੀਆਂ ਤਾਰਾਂ ਦੇ ਹੇਠਾਂ ਜਾਂ ਟਰਾਂਸਫਾਰਮਰ ਅਤੇ ਜੀ.ਓ ਸਵਿੱਚ ਦੇ ਨਜ਼ਦੀਕ ਨਾ ਰੱਖੀ ਜਾਵੇ। ਟਰਾਂਸਫਾਰਮਰ ਦੇ ਆਲੇ-ਦੁਆਲੇ ਦੀ ਇੱਕ ਮਰਲਾ ਕਣਕ ਪਹਿਲਾਂ ਹੀ ਕੱਟ ਲਏ ਜਾਵੇ। ਖੇਤਾਂ ਵਿੱਚ ਲੱਗੇ ਟਰਾਂਸਫਾਰਮਰ ਦੇ ਆਲੇ-ਦੁਆਲੇ ਦੇ 10 ਮੀਟਰ ਦੇ ਘੇਰੇ ਨੂੰ ਗਿੱਲਾ ਰੱਖਿਆ ਜਾਵੇ, ਤਾਂ ਜੋ ਕੋਈ ਚੰਗਿਆੜੀ ਡਿੱਗਣ ਦੀ ਸਥਿਤੀ ਵਿੱਚ ਉਸ ਨਾਲ ਅੱਗ ਲੱਗਣ ਤੋਂ ਬਚਾਅ ਹੋ ਸਕੇ। ਕਣਕ ਦੇ ਨੇੜੇ ਬੀੜੀ/ਸਿਗਰੇਟ ਦੀ ਵਰਤੋਂ ਨਾ ਕੀਤੀ ਜਾਵੇ। ਬਾਂਸ ਜਾਂ ਸੋਟੀ ਨਾਲ ਬਿਜਲੀ ਦੀ ਲਾਈਨ ਨੂੰ ਨਾ ਛੇੜਿਆ ਜਾਵੇ ।

ਕਿਸੇ ਅਣ-ਅਧਿਕਾਰਿਤ ਆਦਮੀ ਨੂੰ ਜੀ.ਓ ਸਵਿੱਚ ਨਾ ਕੱਟਣ ਦਿੱਤਾ ਜਾਵੇ। ਕੱਟੀ ਹੋਈ ਕਣਕ ਦੀ ਨਾੜ/ਰਹਿੰਦ ਖੂੰਹਦ ਨੂੰ ਅੱਗ ਨਾ ਲਾਈ ਜਾਵੇ। ਹਾਰਵੈਸਟਰ ਕੰਬਾਈਨ ਸਿਰਫ ਦਿਨ ਵੇਲੇ ਹੀ ਚਲਾਈ ਜਾਵੇ। ਹਾਰਵੈਸਟਰ ਕੰਬਾਈਨ ਦੇ ਪੁਰਜਿਆਂ ਤੋਂ ਨਿਕਲਣ ਵਾਲੀਆਂ ਚੰਗਿਆੜੀਆਂ 'ਤੇ ਧਿਆਨ ਰੱਖਿਆ ਜਾਵੇ। ਇਸ ਦੌਰਾਨ ਹਾਰਵੈਸਟਰ ਕੰਬਾਈਨ ਖੰਭਿਆਂ ,ਬਿਜਲੀ ਦੀਆਂ ਤਾਰਾਂ ਅਤੇ ਖਿੱਚਾਂ ਨਾਲ ਟਕਰਾਉਣੀ ਨਹੀਂ ਚਾਹੀਦੀ। ਇਸੇ ਤਰ੍ਹਾਂ, ਕਣਕ ਨੂੰ ਅੱਗ ਤੋਂ ਬਚਾਉਣ ਲਈ ਸ਼ਰਾਰਤੀ ਅਨਸਰਾਂ ਤੇ ਵੀ ਨਿਗਰਾਨੀ ਰੱਖੀ ਜਾਵੇ।

## ਸਮੱਸਿਆਵਾਂ ਦੇ ਹੱਲ ਲਈ ਵਿਕਾਸ ਮੰਚ ਦਾ ਗਠਨ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਗੁਰਦੁਆਰਾ ਮੰਜੀ ਸਾਹਿਬ ਵਿਖੇ ਨਵਾਂਸ਼ਹਿਰ ਵਾਸੀਆਂ ਨੇ ਮੀਟਿੰਗ ਕਰਕੇ ਨਵਾਂਸ਼ਹਿਰ ਦੀਆਂ ਅਹਿਮ ਸਮੱਸਿਆਵਾਂ ਦੇ ਹੱਲ ਲਈ ਕਈ ਫੈਸਲੇ ਲਏ ਹਨ।ਜਿਹਨਾਂ ਵਿਚ ਹੜ੍ਹਾਂ ਦੇ ਅਗਾਊਂ ਪ੍ਰਬੰਧਾਂ, ਪਿਛਲੇ ਸਾਲ ਆਏ ਹੜ੍ਹਾਂ ਦੇ ਨੁਕਸਾਨ ਦਾ ਮੁਆਵਜ਼ਾ ਦਿਵਾਉਣ,ਸੀਵਰੇਜ ਦੀਆਂ ਸਮੱਸਿਆਵਾਂ, ਰੇਲਵੇ ਰੋਡ ਨਵਾਂਸ਼ਹਿਰ ਸਮੇਤ ਹੋਰ ਸੜਕਾਂ ਦੀ ਮੁਰੰਮਤ, ਕੂੜੇ ਦੇ ਢੇਰਾਂ ਦੀ ਸਫਾਈ, ਗੁਜਰਪੁਰ ਰੋਡ ਦੇ ਡਰੇਨ ਦੇ ਪੁਲ ਦੀ ਰੇਲਿੰਗ ਲਾਉਣ ਆਦਿ ਮੁੱਦਿਆਂ ਉੱਤੇ ਗੱਲਬਾਤ ਕੀਤੀ ਗਈ।ਇਸ ਮੀਟਿੰਗ ਵਿਚ 'ਨਵਾਂਸ਼ਹਿਰ ਸੁਧਾਰ ਮੰਚ' ਨਾਂਅ ਦੇ ਮੰਚ ਦਾ ਗਠਨ ਕੀਤਾ ਗਿਆ।ਜਿਸਦਾ ਸਰਬਸੰਮਤੀ ਨਾਲ ਜਸਬੀਰ ਦੀਪ ਨੂੰ ਪ੍ਰਧਾਨ ਬਣਾਇਆ ਗਿਆ।ਇਹ ਵੀ ਫੈਸਲਾ ਕੀਤਾ ਗਿਆ ਕਿ ਮਿਤੀ 21 ਜੂਨ ਨੂੰ ਸਵੇਰੇ 10 ਵਜੇ ਡਿਪਟੀ ਕਮਿਸ਼ਨਰ ਨੂੰ ਮਿਲਕੇ, ਮੰਗ ਪੱਤਰ ਦੇ ਕੇ ਵੱਖ ਵੱਖ ਸਬੰਧਤ ਅਧਿਕਾਰੀਆਂ ਨਾਲ ਪੈਨਲ ਮੀਟਿੰਗ ਦੀ ਮੰਗ ਕੀਤੀ ਜਾਵੇਗੀ।ਇਸ ਮੀਟਿੰਗ ਨੂੰ ਜਸਬੀਰ ਦੀਪ, ਕੁਲਵਿੰਦਰ ਸਿੰਘ ਵੜੈਚ, ਪ੍ਰੋ. ਇਕਬਾਲ ਸਿੰਘ ਚੀਮਾ, ਪ੍ਰਿੰਸੀਪਲ ਬਿਕਰਮਜੀਤ ਸਿੰਘ, ਅਸ਼ੋਕ ਕੁਮਾਰ, ਹਰਪਾਲ ਸਿੰਘ, ਵਿਜੈ ਕੁਮਾਰ, ਪੁਨੀਤ ਕੁਮਾਰ ਬਛੌੜੀ,ਬਲਜਿੰਦਰ ਸਿੰਘ,ਮਦਨ ਲਾਲ, ਸਤਨਾਮ ਸਿੰਘ ਸੁੱਜੋਂ,ਮਾਸਟਰ ਬਲਵੀਰ ਕੁਮਾਰ, ਗੁਰਦਿਆਲ ਸਿੰਘ ਮਹਿੰਦੀ ਪੁਰ ਨੇ ਸੰਬੋਧਨ ਕੀਤਾ।ਆਗੂਆਂ ਨੇ ਕਿਹਾ ਕਿ ਸ਼ਹਿਰ ਵਾਸੀ ਲੰਮੇ ਸਮੇ ਸਮੇਂ ਤੋਂ ਸੀਵਰੇਜ ਦੇ ਗੰਦੇ ਪਾਣੀ, ਟੁੱਟੀਆਂ ਸੜਕਾਂ ਅਤੇ ਗੰਦਗੀ ਦੇ ਢੇਰਾਂ ਦਾ ਸੰਤਾਪ ਹੰਢਾ ਰਹੇ ਹਨ।ਨਗਰ ਕੌਂਸਲ ਦੇ ਅਧਿਕਾਰੀ ਅਤੇ ਐਮ.ਸੀ ਕੁਝ ਨਹੀਂ ਕਰ ਰਹੇ।ਬੀਤੇ ਸਾਲ ਆਏ ਹੜ੍ਹਾਂ ਨਾਲ ਹੋਏ ਨੁਕਸਾਨ ਦਾ ਮੁਆਵਜ਼ਾ ਅੱਜ ਤੱਕ ਨਹੀਂ ਦਿੱਤਾ ਗਿਆ। ਇਸ ਮੀਟਿੰਗ ਵਿਚ ਬਲਵਿੰਦਰ ਕੌਰ, ਮਨਜੀਤ ਕੌਰ, ਤਰਨਜੀਤ, ਛਿੰਦਾ ਰੇਡੀਏਟਰ,ਮਨਜੀਤ ਸਿੰਘ,ਜਸਕੰਵਲ ਸਿੰਘ, ਗੁਰਪ੍ਰੀਤ ਸਿੰਘ ਬੱਬੂ,ਰੋਹਿਤ ਬਛੌੜੀ,ਪਰਵੀਨ ਕੁਮਾਰ ਨਿਰਾਲਾ ਆਦਿ ਸ਼ਹਿਰ ਵਾਸੀ ਵੀ ਮੌਜੂਦ ਸਨ।

## ਨਵਾਂ ਪਿੰਡ ਵਿਖੇ ਕੈਂਪ 'ਚ 39 ਵਿਅਕਤੀਆਂ ਨੇ ਕੀਤਾ ਸਵੈਇੱਛੁਕ ਖੂਨਦਾਨ



**ਅੱਪਰਾ (ਨਿਰਮਲ ਗੁੜਾ)**-ਨਵਾਂ ਪਿੰਡ ਨਾਇਚਾ ਵਿਖੇ ਸਥਿੱਤ ਰੌਜ਼ਾ ਸ਼ਰੀਫ ਬਾਬਾ ਕਬਰ ਵਾਲਾ ਪੰਜ ਪੀਰ ਵਿਖੇ ਏ ਸਟਾਰ ਯੂਥ ਐਂਡ ਸਪੋਰਟਸ ਕਲੱਬ ਅਤੇ ਸਮੂਹ ਨਗਰ ਨਿਵਾਸੀਆਂ ਵਲੋਂ ਗੁਰਾਇਆ ਬਲੱਡ ਸੇਵਾ ਦੇ ਸਹਿਯੋਗ ਨਾਲ ਦੂਜਾ ਖੂਨਦਾਨ ਅਤੇ ਅੱਖਾਂ ਦਾ ਮੁਫਤ ਚੈੱਕ ਅੱਪ ਕੈਂਪ ਦਾ ਆਯੋਜਨ ਕੀਤਾ ਗਿਆ। ਵਾਹਿਗੁਰੂ ਅਗੇ ਅਰਦਾਸ ਕਰਨ ਉਪਰੰਤ ਪਤਵੰਤੇ ਸੱਜਨਾਂ ਵਲੋਂ ਰੀਬਨ ਕੱਟ ਕੇ ਕੈਂਪ ਦਾ ਅਰੰਭ ਕੀਤਾ ਗਿਆ। ਗੁਰਾਇਆ ਬਲੱਡ ਸੇਵਾ ਦੇ ਸੂਬਾ ਪ੍ਰਧਾਨ ਅਤੇ ਪੁਨਰਜੋਤ ਵੈੱਲਫੇਅਰ ਸੁਸਾਇਟੀ ਦੇ ਕੋਆਰਡੀਨੇਟਰ ਹੈਪੀ ਮਾਹੀ ਦੀ ਅਗਵਾਈ ਵਿੱਚ ਲਗਾਏ ਇਸ ਕੈਂਪ ਦੌਰਾਨ 39 ਖੂਨਦਾਨੀਆਂ ਨੇ ਸਵੈਇਛੁਕ ਖੂਨਦਾਨ ਕਰਕੇ ਮਾਨਵਤਾ ਦੇ ਭਲੇ ਵਿੱਚ ਆਪਣਾ ਵਡਮੁੱਲਾ ਯੋਗਦਾਨ ਪਾਇਆ, ਪ੍ਰਬੰਧਕਾਂ ਵਲੋਂ ਖੂਨਦਾਨੀਆਂ ਨੂੰ ਸਰਟੀਫਿਕੇਟ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪੁਨਰਜੋਤ ਆਈ ਬੈਂਕ ਲੁਧਿਆਨਾ ਵਲੋਂ ਅੱਖਾਂ ਦਾ ਚੈਕ ਅੱਪ ਕੀਤਾ ਗਿਆ, ਦਵਾਈਆਂ ਅਤੇ ਐਨਕਾਂ ਮੁਫਤ ਦਿੱਤੀਆਂ ਗਈਆਂ। ਇਸ ਮੌਕੇ ਸੁਖਬੀਰ ਸਿੰਘ ਪਹਿਲਵਾਨ, ਸਾਬਕਾ ਸਰਪੰਚ ਜਸਵਿੰਦਰ ਝੱਲੀ, ਸਾਬਕਾ ਸਰਪੰਚ ਰਣਜੀਤ ਸਿੰਘ, ਲੰਬੜਦਾਰ ਕਰਨੈਲ ਚੰਦ, ਕੁਲਵੰਤ ਸਿੰਘ, ਬਿੰਦਰ ਧਾਲੀਵਾਲ, ਬਿਸ਼ਨ ਦਾਸ, ਸਰਜੀਤ ਸਿੰਘ, ਛਿੰਦੀ ਮਿਸਤਰੀ, ਛੇਸ਼ੂ, ਸੰਸਾਰ ਸਿੰਘ, ਸਤਪਾਲ ਅਤੇ ਨਗਰ ਨਿਵਾਸੀਆਂ ਨੇ ਤਨ ਮਨ ਅਤੇ ਧਨ ਨਾਲ ਸੇਵਾ ਕੀਤੀ।

## ਭਾਜਪਾ ਕਿਸਾਨ ਹਿਤੈਸ਼ੀ ਹੋਣ ਦਾ ਡਰਾਮਾ ਕਰ ਰਹੀ : ਬੱਬੀ ਬਾਦਲ

**ਚੰਡੀਗੜ੍ਹ, (ਗੁਰਜੀਤ ਬਿੱਲਾ)**— ਆਮ ਆਦਮੀ ਪਾਰਟੀ ਨੇ ਕੇਂਦਰ ਸਰਕਾਰ ਵੱਲੋਂ ਇਸ ਸਾਲ ਸਾਉਣੀ ਦੀਆਂ ਫ਼ਸਲਾਂ ਦੇ ਘੱਟੋ-ਘੱਟ ਸਮਰਥਨ ਮੁੱਲ ਵਿੱਚ ਮਾਮੂਲੀ ਵਾਧੇ 'ਤੇ ਕਿਹਾ ਕਿ ਭਾਜਪਾ ਕਿਸਾਨ ਹਿਤੈਸ਼ੀ ਹੋਣ ਦਾ ਡਰਾਮਾ ਕਰ ਰਹੀ ਹੈ। ਪਾਰਟੀ ਨੇ ਕਿਹਾ ਕਿ ਜੇਕਰ ਭਾਜਪਾ ਨੂੰ ਸੱਚਮੁੱਚ ਦੇਸ਼ ਦੇ ਕਿਸਾਨਾਂ ਦੀ ਚਿੰਤਾ ਹੈ ਤਾਂ ਉਸ ਨੂੰ ਕਿਸਾਨਾਂ ਦੀ ਮੰਗ ਅਨੁਸਾਰ ਘੱਟੋ-ਘੱਟ ਸਮਰਥਨ ਮੁੱਲ ਗਾਰੰਟੀ ਕਾਨੂੰਨ ਬਣਾਉਣਾ ਚਾਹੀਦਾ ਹੈ।ਵੀਰਵਾਰ ਨੂੰ ਚੰਡੀਗੜ੍ਹ ਸਥਿਤ ਪਾਰਟੀ ਹੈੱਡਕੁਆਟਰ ਵਿਖੇ ਪ੍ਰੈੱਸ ਕਾਨਫ਼ਰੰਸ ਨੂੰ ਸੰਬੋਧਨ ਕਰਦਿਆਂ 'ਆਪ' ਦੇ ਬੁਲਾਰੇ ਹਰਸੁਖਇੰਦਰ ਸਿੰਘ ਬੱਬੀ ਬਾਦਲ ਨੇ ਕਿਹਾ ਕਿ ਪਿਛਲੇ ਕਈ ਸਾਲਾਂ 'ਚ ਖੇਤੀ ਲਾਗਤਾਂ 'ਚ ਕਰੀਬ 70 ਫ਼ੀਸਦੀ ਦਾ ਵਾਧਾ ਹੋਇਆ ਹੈ ਅਤੇ ਮੋਦੀ ਸਰਕਾਰ ਘੱਟੋ-ਘੱਟ ਸਮਰਥਨ ਮੁੱਲ 'ਚ ਸਿਰਫ 7 ਫ਼ੀਸਦੀ ਵਾਧਾ ਕਰਕੇ ਖ਼ੁਦ ਆਪਣੀ ਪਿੱਠ ਥਪਥਪਾ ਰਹੀ ਹੈ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਦੇ ਕੈਬਨਿਟ ਮੰਤਰੀ ਪਿਊਸ਼ ਗੋਇਲ ਨੇ ਖ਼ੁਦ ਕਿਹਾ ਹੈ ਕਿ 83 ਫ਼ੀਸਦੀ ਫ਼ਸਲਾਂ ਘੱਟੋ-ਘੱਟ ਸਮਰਥਨ ਮੁੱਲ ਤੋਂ ਘੱਟ ਕੀਮਤ 'ਤੇ ਵਿਕਦੀਆਂ ਹਨ। ਘੱਟੋ-ਘੱਟ ਸਮਰਥਨ ਮੁੱਲ 'ਤੇ ਸਿਰਫ 13 ਫ਼ੀਸਦੀ ਫ਼ਸਲ ਹੀ ਖ਼ਰੀਦੀ ਜਾਂਦੀ ਹੈ। ਕਈ ਰਾਜਾਂ ਵਿੱਚ ਤਾਂ ਘੱਟੋ-ਘੱਟ ਸਮਰਥਨ ਮੁੱਲ 'ਤੇ ਵੀ ਫ਼ਸਲਾਂ ਨਹੀਂ ਖ਼ਰੀਦੀਆਂ ਜਾਂਦੀਆਂ। ਇਸ ਲਈ ਐਮਐਸਪੀ 'ਤੇ ਇਹ ਵਾਧਾ ਨਾ ਦੇ ਬਰਾਬਰ ਹੈ।ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਆਰਥਿਕ ਸੰਕਟ ਵਿੱਚੋਂ ਕੱਢਣ ਲਈ ਘੱਟੋ-ਘੱਟ ਸਮਰਥਨ ਮੁੱਲ ਵਿੱਚ ਮਾਮੂਲੀ ਵਾਧੇ ਦੀ ਲੋੜ ਨਹੀਂ ਹੈ। ਦੇਸ਼ ਦਾ ਕਿਸਾਨ ਤਾਂ ਹੀ ਖ਼ੁਸ਼ ਹੋ ਸਕਦਾ ਹੈ, ਜਦੋਂ ਉਸ ਨੂੰ ਸਵਾਮੀਨਾਥਨ ਕਮਿਸ਼ਨ ਦੀ ਰਿਪੋਰਟ ਅਨੁਸਾਰ 32+50% ਅਨੁਸਾਰ ਫ਼ਸਲਾਂ ਦਾ ਭਾਅ ਦਿੱਤਾ ਜਾਵੇ। ਇਸ ਤੋਂ ਇਲਾਵਾ ਫ਼ਸਲੀ ਵਿਭਿੰਨਤਾ ਲਈ ਕਿਸਾਨਾਂ ਨੂੰ ਵੱਖਰਾ ਵਿੱਤੀ ਪ੍ਰੋਤਸਾਹਨ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਫ਼ਸਲਾਂ ਦੇ ਭਾਅ ਅਤੇ ਖੇਤੀ ਸੰਬੰਧੀ ਨੀਤੀਆਂ ਕਿਸਾਨ ਜਥੇਬੰਦੀਆਂ ਦੇ ਸੁਝਾਵਾਂ ਨਾਲ ਤਿਆਰ ਕੀਤੀਆਂ ਜਾਣ। ਜਦੋਂ ਸਰਕਾਰ ਉਦਯੋਗਾਂ ਲਈ ਕੋਈ ਨੀਤੀ ਲੈ ਕੇ ਆਉਂਦੀ ਹੈ ਤਾਂ ਅੰਬਾਨੀ-ਅਡਾਨੀ ਅਤੇ ਹੋਰ ਉਦਯੋਗਪਤੀਆਂ ਨਾਲ ਸਲਾਹ ਮਸ਼ਵਰਾ ਕਰਦੀ ਹੈ, ਫਿਰ ਖੇਤੀ ਬਾਰੇ ਕੋਈ ਨੀਤੀ ਬਣਾਉਣ ਤੋਂ ਪਹਿਲਾਂ ਕਿਸਾਨਾਂ ਨਾਲ ਵਿਚਾਰ-ਵਟਾਂਦਰਾ ਕਿਉਂ ਨਹੀਂ ਕੀਤਾ ਜਾਂਦਾ? ਅਸਲ ਵਿੱਚ ਭਾਜਪਾ ਸਰਕਾਰ ਕਿਸਾਨਾਂ ਦਾ ਵਿਕਾਸ ਨਹੀਂ ਚਾਹੁੰਦੀ। ਉਹ ਸਿਰਫ਼ ਆਪਣੇ ਨੇੜੇ ਦੇ ਕੁਝ ਪੂੰਜੀਪਤੀਆਂ ਦਾ ਵਿਕਾਸ ਚਾਹੁੰਦੀ ਹੈ। ਉਹ ਕਿਸਾਨਾਂ ਦੀ ਮਿਹਨਤ ਦਾ ਫਲ ਆਪਣੇ ਸਰਮਾਏਦਾਰ ਦੋਸਤਾਂ ਨੂੰ ਦੇਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਸ਼ੁਰੂ ਤੋਂ ਹੀ ਕਿਸਾਨ ਵਿਰੋਧੀ ਅਤੇ ਸਰਮਾਏਦਾਰੀ ਪੱਖੀ ਰਹੀ ਹੈ। ਇਹ ਉਸਦੀਆਂ ਸਾਰੀਆਂ ਨੀਤੀਆਂ ਵਿੱਚ ਸਾਫ਼ ਝਲਕਦਾ ਹੈ।ਉਨ੍ਹਾਂ ਕਿਹਾ ਕਿ 2014 ਦੀਆਂ ਲੋਕ ਸਭਾ ਚੋਣਾਂ ਸਮੇਂ ਭਾਜਪਾ ਅਤੇ ਪ੍ਰਧਾਨ ਮੰਤਰੀ ਮੋਦੀ ਨੇ 2022 ਤੱਕ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦਾ ਵਾਅਦਾ ਕੀਤਾ ਸੀ, ਪਰ ਅੱਜ ਕਿਸਾਨਾਂ ਦੀ ਆਮਦਨ ਦੁੱਗਣੀ ਕਰਨ ਦੀ ਬਜਾਏ ਉਨ੍ਹਾਂ ਦੀਆਂ ਖ਼ੁਦਕੁਸ਼ੀਆਂ ਦੁੱਗਣੀਆਂ ਹੋ ਗਈਆਂ ਹਨ ਅਤੇ ਖੇਤੀ ਲਾਗਤਾਂ ਦੁੱਗਣੀਆਂ ਹੋ ਗਈਆਂ ਹਨ। ਪੈਟਰੋਲ, ਡੀਜ਼ਲ ਅਤੇ ਹੋਰ ਖੇਤੀ ਵਸਤਾਂ ਦੀਆਂ ਕੀਮਤਾਂ ਦੁੱਗਣੀਆਂ ਹੋ ਗਈਆਂ ਹਨ। ਭਾਜਪਾ ਨੂੰ ਇਸ ਦਾ ਜਵਾਬ ਦੇਣਾ ਚਾਹੀਦਾ ਹੈ।ਬੱਬੀ ਬਾਦਲ ਨੇ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ 'ਤੇ ਹਮਲਾ ਬੋਲਦਿਆਂ ਕਿਹਾ ਕਿ ਪੀਐਮ ਮੋਦੀ ਅਤੇ ਸੁਨੀਲ ਜਾਖੜ ਦੀ ਜੋੜੀ ਗੱਪੀ ਅਤੇ ਖੱਪੀ ਦੀ ਜੋੜੀ ਹੈ। ਮੋਦੀ ਸਰਕਾਰ ਤਾਨਾਸ਼ਾਹੀ ਕਾਨੂੰਨ ਬਣਾਉਂਦੀ ਹੈ ਅਤੇ ਸੁਨੀਲ ਜਾਖੜ ਇਸ 'ਤੇ ਮੋਹਰ ਲਗਾਉਂਦੇ ਹਨ। ਜਾਖੜ ਦਾ ਕੰਮ ਸਿਰਫ ਕੇਂਦਰ ਸਰਕਾਰ ਦੇ ਹਰ ਫ਼ੈਸਲੇ 'ਤੇ ਤਾੜੀਆਂ ਮਾਰਨਾ ਹੈ। ਭਾਜਪਾ ਵਿੱਚ ਸ਼ਾਮਲ ਹੋਣ ਤੋਂ ਬਾਅਦ ਉਨ੍ਹਾਂ ਕਦੇ ਵੀ ਪੰਜਾਬ ਦੇ ਕਿਸਾਨਾਂ ਲਈ ਕਦੇ ਆਵਾਜ਼ ਨਹੀਂ ਉਠਾਈ।

## ਆਤਮਾ ਸਕੀਮ ਅਧੀਨ ਪਿੰਡ ਨਿਹੋਲਕਾ 'ਚ ਲਗਾਇਆ ਫਾਰਮ ਸਕੂਲ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਗੁਰਜੀਤ ਬਿੱਲਾ)**— ਆਤਮਾ ਸਕੀਮ ਅਧੀਨ ਵੀਰਵਾਰ ਨੂੰ ਮੁੱਖ ਖੇਤੀਬਾੜੀ ਅਫ਼ਸਰ ਡਾ. ਗੁਰਮੇਲ ਸਿੰਘ ਦੀ ਅਗਵਾਈ ਹੇਠ ਅਤੇ ਬਲਾਕ ਖੇਤੀਬਾੜੀ ਅਫ਼ਸਰ ਡਾ. ਰਮਨ ਕਰੋੜੀਆ ਦੀ ਪ੍ਰਧਾਨਗੀ ਹੇਠ ਪਿੰਡ ਨਿਹੋਲਕਾ ਵਿਖੇ ਫਾਰਮ ਸਕੂਲ ਲਗਾਇਆ ਗਿਆ। ਇਸ ਫਾਰਮ ਸਕੂਲ ਦਾ ਮਕਸਦ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨਾ ਸੀ, ਜਿਸ ਤਹਿਤ ਪਿੰਡ ਨਿਹੋਲਕਾ ਦੇ ਕਿਸਾਨਾਂ ਨੂੰ ਸੋਇਆਬੀਨ ਦਾ ਬੀਜ ਮਹਿਕਮੇ ਵੱਲੋਂ ਆਤਮਾ ਸਕੀਮ ਅਧੀਨ ਮੁਹੱਈਆ ਕਰਵਾਇਆ ਗਿਆ, ਜਿਸ ਦੀ ਖੇਤ ਵਿਚ ਮੌਕੇ 'ਤੇ ਬਿਜਾਈ ਕਰਵਾ ਕੇ ਫਾਰਮ ਸਕੂਲ ਦੇ ਪਹਿਲੇ ਸੈਸ਼ਨ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਬਲਾਕ ਖੇਤੀਬਾੜੀ ਅਫ਼ਸਰ ਮਾਜਰੀ ਰਮਨ ਕਰੋੜੀਆ ਵਲੋਂ ਕਿਸਾਨਾਂ ਨੂੰ ਫ਼ਸਲੀ ਵਿਭਿੰਨਤਾ ਤਹਿਤ ਝੋਨੇ ਹੇਠ ਰਕਬਾ ਘਟਾ ਕੇ ਦਾਲਾਂ ਹੇਠ ਰਕਬਾ ( ਸੋਇਆਬੀਨ, ਮਾਂਹ) ਵਧਾਉਣ ਲਈ ਕਿਸਾਨਾਂ ਨੂੰ ਪ੍ਰੇਰਿਤ ਕੀਤਾ ਅਤੇ ਸੋਇਆਬੀਨ ਦੀ ਫ਼ਸਲ ਬਾਰੇ ਬਿਜਾਈ ਤੋਂ ਲੈ ਕੇ ਕਟਾਈ ਤੱਕ ਵਿਸਤਾਰ ਪੂਰਵਕ ਜਾਣਕਾਰੀ ਦਿੱਤੀ ਗਈ। ਇਸ ਫਾਰਮ ਸਕੂਲ ਵਿਚ ਆਤਮਾ ਸਟਾਫ ਦੇ ਏ .ਟੀ .ਐਮ. ਸ਼੍ਰੀਮਤੀ ਸਿਮਰਨਜੀਤ ਕੌਰ ਅਤੇ ਜਸਵੰਤ ਸਿੰਘ ਤੋਂ ਇਲਾਵਾ 30 ਕਿਸਾਨਾਂ ਨੇ ਭਾਗ ਲਿਆ ।

# ਬਿਹਤਰ ਸਿਹਤ ਸਹੂਲਤਾਂ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ : ਡਾ. ਬਲਬੀਰ ਸਿੰਘ



**ਨਵਾਂਸ਼ਹਿਰ, ( ਮਨੋਜ ਲਾਡੀ, ਕੁਲਵਿੰਦਰ ਸਿੰਘ ਦੁਰਗਾਪੁਰੀਆ)** -ਸਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਵੀਰਵਾਰ ਨੂੰ ਜ਼ਿਲ੍ਹਾ ਹਸਪਤਾਲ, ਨਵਾਂਸ਼ਹਿਰ ਦਾ ਦੌਰਾ ਕਰਕੇ ਆਮ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸਹੂਲਤਾਂ ਦਾ ਨਿਰੀਖਣ ਕੀਤਾ। ਇਸ ਮੌਕੇ 'ਤੇ ਉਨ੍ਹਾਂ ਨਾਲ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸਤਨਾਮ ਸਿੰਘ ਜਲਾਲਪੁਰ, ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ, ਐਸ.ਡੀ.ਐਮ. ਨਵਾਂਸ਼ਹਿਰ ਅਕਸ਼ੀਤਾ ਗੁਪਤਾ ਵੀ ਸਨ।ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਉਨ੍ਹਾਂ ਦੀ ਇਸ ਵਿਜਟ ਦਾ ਮੁੱਖ ਉਦੇਸ਼ ਸਿਹਤ ਢਾਂਚੇ ਅਤੇ ਸਿਹਤ ਸਹੂਲਤਾਂ ਨੂੰ ਹੋਰ ਮਜ਼ਬੂਤ ਬਣਾ ਕੇ ਜ਼ਿਲ੍ਹੇ ਦੇ ਆਮ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਨੂੰ ਯਕੀਨੀ ਬਣਾਉਣਾ ਹੈ। ਉਨ੍ਹਾਂ ਨੇ ਜ਼ਿਲ੍ਹਾ ਹਸਪਤਾਲ ਦੇ ਵੱਖ-ਵੱਖ ਵਿਭਾਗਾਂ ਵਿਚ ਉਪਲੱਬਧ ਸਿਹਤ ਸਹੂਲਤਾਂ ਦੇ ਪ੍ਰਬੰਧਾਂ ਨੂੰ ਦੇਖਿਆ। ਉਨ੍ਹਾਂ ਨੇ ਦਵਾਈ ਲੈਣ ਆਏ ਮਰੀਜ਼ਾਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ ਬਾਰੇ ਜਾਣਕਾਰੀ ਲਈ। ਇਸ 'ਤੇ ਮਰੀਜ਼ਾਂ ਨੇ ਸਿਹਤ ਸੇਵਾਵਾਂ 'ਤੇ ਤਸੱਲੀ ਪ੍ਰਗਟ ਕੀਤੀ।ਇਸ ਉਪਰੰਤ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਅਤੇ ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਸਮੇਤ ਹੋਰ ਉੱਚ ਅਧਿਕਾਰੀਆਂ ਨਾਲ ਸਿਹਤ ਸਹੂਲਤਾਂ ਸਬੰਧੀ ਵਿਚਾਰ-ਚਰਚਾ ਕੀਤੀ। ਇਸ ਮੌਕੇ ਉਨ੍ਹਾਂ ਵੈਕਟਰ ਬੌਰਨ ਅਤੇ ਵਾਟਰ ਬੌਰਨ ਬਿਮਾਰੀਆਂ ਦੀ ਰੋਕਥਾਮ ਲਈ ਢੁੱਕਵੇ ਕਦਮ ਉਠਾਉਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਵੈਕਟਰ ਬੌਰਨ ਬਿਮਾਰੀਆ ਦੇ ਪ੍ਰਸਾਰ ਨੂੰ ਰੋਕਣ ਲਈ ਜਾਗਰੂਕਤਾ, ਸਰਵੇ ਗਤੀਵਿਧੀਆਂ ਅਤੇ ਇਲਾਜ ਪ੍ਰਬੰਧਨ ਨੂੰ ਹੋਰ ਮਜ਼ਬੂਤ ਬਣਾਇਆ ਜਾਵੇ। ਉਨ੍ਹਾਂ ਡੇਂਗੂ ਦੇ ਸੀਜਨ ਨੂੰ ਮੁੱਖ ਰੱਖਦੇ ਹੋਏ ਹਦਾਇਤ ਕਰਦੇ ਹੋਏ ਕਿਹਾ ਕਿ ਹੋਟ ਸਪੋਟ ਇਲਾਕਿਆਂ ਵਿਚ ਵਿਸ਼ੇਸ਼ ਧਿਆਨ ਕੇਂਦਰਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹੋਟ ਸਪੋਟ ਇਲਾਕਿਆਂ ਵਿਚ ਡੇਂਗੂ ਵਿਰੋਧੀ ਗਤੀਵਿਧੀਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਆਯੋਜਿਤ ਕਰਕੇ ਡੇਂਗੂ ਦੇ ਫੈਲਾਅ ਨੂੰ ਰੋਕਿਆ ਜਾਵੇ। ਉਨ੍ਹਾਂ ਕਿਹਾ ਕਿ ਡੇਂਗੂ ਦੀ ਰੋਕਥਾਮ ਲਈ ਕਮਿਊਨਿਟੀ ਦੀ ਭਾਗੀਦਾਰੀ ਨੂੰ ਯਕੀਨੀ ਬਣਾਇਆ ਜਾਵੇ। ਇਸ ਦੇ ਨਾਲ ਹੀ ਸਿਹਤ ਵਿਭਾਗ ਦੇ ਭਾਈਵਾਲ ਵਿਭਾਗਾਂ ਨਾਲ ਤਾਲਮੇਲ ਕਰਕੇ ਹਰ ਪੱਧਰ 'ਤੇ ਕੋਆਰਡੀਨੇਸ਼ਨ ਕਮੇਟੀਆਂ ਕਾਇਮ ਕਰਕੇ ਡੇਂਗੂ, ਮਲੇਰੀਆ ਤੇ ਚਿਕਨਗੁਣੀਆ ਵਰਗੀਆਂ ਬਿਮਾਰੀਆਂ ਵਿਰੁੱਧ ਮੁਹਿੰਮ ਵਿੱਢੀ ਜਾਵੇ। ਹਰ ਸ਼ੁੱਕਰਵਾਰ-ਡੇਂਗੂ 'ਤੇ ਵਾਰ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇ ਅਤੇ ਇਸ ਵਿਚ ਆਸ਼ਾ ਵਰਕਰ ਤੋਂ ਲੈ ਕੇ ਏ.ਐੱਨ.ਐੱਮ., ਮਲਟੀਪਰਪਜ਼ ਹੈਲਥ ਵਰਕਰ ਅਤੇ ਕਮਿਊਨਿਟੀ ਹੈਲਥ ਅਫਸਰਾਂ ਦੀ ਸ਼ਮੂਲੀਅਤ ਯਕੀਨੀ ਬਣਾਈ ਜਾਵੇ ਤਾਂ ਜੋ ਆਮ ਲੋਕਾਂ ਵਿਚ ਜਾਗਰੂਕਤਾ ਫੈਲਾ ਕੇ ਇਸ ਬਿਮਾਰੀਆਂ ਨੂੰ ਸਿਰ ਚੁੱਕਣ ਤੋਂ ਪਹਿਲਾਂ ਹੀ ਰੋਕ ਲਿਆ ਜਾਵੇ।ਉਨ੍ਹਾਂ ਇਹ ਵੀ ਕਿਹਾ ਕਿ ਸਿੱਖਿਆ ਵਿਭਾਗ ਨਾਲ ਤਾਲਮੇਲ ਕਰਕੇ ਸਕੂਲਾਂ ਵਿਚ ਡੇਂਗੂ ਦੇ ਲਾਰਵੇ ਦੀ ਪਛਾਣ ਕਰਨ ਲਈ ਵਿਦਿਆਰਥੀਆਂ ਨੂੰ ਜਾਗਰੂਕਤਾ ਕੀਤਾ ਜਾਵੇ ਅਤੇ ਜਿਹੜੇ ਵਿਦਿਆਰਥੀਆਂ ਲਾਰਵਾ ਦੀ ਸਹੀ ਪਛਾਣ ਕਰਨ ਵਿਚ ਸਫਲ ਹੁੰਦੇ ਹਨ, ਉਨ੍ਹਾਂ ਨੂੰ ਸਨਮਾਨਿਤ ਕਰਕੇ ਸਮਾਜ ਵਿਚ ਡੇਂਗੂ ਵਿਰੁੱਧ ਜਾਗਰੂਕਤਾ ਫੈਲਾਉਣ ਲਈ ਪ੍ਰੇਰਿਤ ਕੀਤਾ ਜਾਵੇ ਤਾਂ ਜੋ ਸਮਾਜ ਵਿਚ ਹਰ ਕੋਈ ਇਸ ਬਿਮਾਰੀ ਪ੍ਰਤੀ ਜਾਗਰੂਕ ਹੋ ਕੇ ਇਸ ਬਿਮਾਰੀ ਦੀ ਰੋਕਥਾਮ ਵਿਚ ਆਪਣਾ ਬਣਦਾ ਯੋਗਦਾਨ ਪਾ ਸਕੇ।ਇਸ ਉਪਰੰਤ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ, ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਸਮੇਤ ਸਿਹਤ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਨਸ਼ਾ ਰੋਗੀਆਂ ਨੂੰ ਬਿਹਤਰ ਇਲਾਜ ਸਹੂਲਤਾਂ ਉਪਲਬੱਧ ਕਰਵਾਉਣ ਲਈ ਹਰ ਸੰਭਵ ਕੋਸ਼ਿਸ਼ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਨਸ਼ਾ ਪੀੜਤਾਂ ਦੇ ਮੁੜ ਵਸੇਬੇ ਅਤੇ ਸਿਹਤਯਾਬੀ ਲਈ ਯੋਗਾ ਅਭਿਆਸਾਂ ਦੀ ਸਿੱਖਿਆ ਦੇਣੀ ਯਕੀਨੀ ਬਣਾਈ ਜਾਵੇ। ਇਸ ਦੇ ਨਾਲ ਹੀ ਨਸ਼ਾ ਰੋਗੀਆਂ ਨੂੰ ਸਕਿੱਲ ਅਤੇ ਹੋਰ ਕ੍ਰਿਏਟਿਵ ਗਤੀਵਿਧੀਆਂ ਕਰਵਾਉਣ 'ਤੇ ਜ਼ੋਰ ਦਿੱਤਾ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਨਸ਼ਾ ਰੋਗੀਆਂ ਨੂੰ ਕਿਸੇ ਨਾ ਕਿਸੇ ਸਕਿੱਲ ਵਿਚ ਨਿਪੁੰਨ ਬਣਾਉਣ ਲਈ ਕੋਈ ਸਕੀਮ ਘੜੀ ਜਾਵੇ ਤਾਂ ਜੋ ਉਹ ਇਸ ਅਲਾਮਤ ਨੂੰ ਤਿਆਗਣ ਤੋਂ ਬਾਅਦ ਆਪਣੇ ਘਰ ਦਾ ਗੁਜ਼ਾਰਾ ਕਰਨ ਦੇ ਸਮਰੱਥ ਹੋ ਸਕਣ। ਉਨ੍ਹਾਂ ਇਹ ਵੀ ਹਦਾਇਤ ਕੀਤੀ ਕਿ ਜ਼ਿਲ੍ਹੇ ਦੇ ਨਸ਼ਾ ਪੀੜਤਾਂ ਨੂੰ ਪ੍ਰੇਰਿਤ ਕਰਕੇ ਆਪਣਾ ਇਲਾਜ ਕਰਵਾਉਣ ਲਈ ਉਤਸ਼ਾਹਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਸ਼ਾਮਲ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਲਈ ਜ਼ਮੀਨੀ ਪੱਧਰ 'ਤੇ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਚਲਾਈ ਜਾਵੇ। ਉਨ੍ਹਾਂ ਕਿਹਾ ਕਿ ਇਹ ਜਾਗਰੂਕਤਾ ਮੁਹਿੰਮ ਇਕ ਪਿੰਡ ਤੋਂ ਸ਼ੁਰੂ ਕਰਕੇ ਇਸ ਨੂੰ ਇਕ ਅੰਦੋਲਨ ਦਾ ਰੂਪ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਮਜ਼ਬੂਤ ਸਿਹਤ ਸੇਵਾਵਾਂ ਰਾਹੀਂ ਸਮਾਜ ਵਿਚੋਂ ਨਸ਼ੇ ਵਰਗੀਆਂ ਅਲਾਮਤ ਨੂੰ ਜੜ੍ਹੋਂ ਖ਼ਤਮ ਕਰਨ ਦੇ ਉਦੇਸ਼ ਨਾਲ ਹਰ ਸੰਭਵ ਉਪਰਾਲਾ ਕਰ ਰਿਹਾ ਹੈ ਅਤੇ ਆਮ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਨੂੰ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਪੀ.ਸੀ.ਪੀ.ਐੱਨ.ਡੀ.ਟੀ. ਐਕਟ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇ ਤਾਂ ਜੋ ਭਰੂਣ ਹੱਤਿਆ ਵਰਗੀ ਅਲਾਮਤ ਨੂੰ ਖਤਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਧੀਆਂ ਨੂੰ ਕੁੱਖ ਵਿਚ ਕਤਲ ਕਰਨਾ ਵੱਡਾ ਅਪਰਾਧ ਹੈ, ਇਸ ਲਈ ਜਿਹੜੇ ਅਲਟਰਾਸਾਊਂਡ ਸਕੈਨ ਸੈਂਟਰਾਂ 'ਤੇ ਇਸ ਅਪਰਾਧ ਵਿਚ ਸ਼ਾਮਲ ਹੋਣ ਦਾ ਸ਼ੱਕ ਹੈ, ਉਨ੍ਹਾਂ ਨੂੰ ਦਬੋਚਣ ਲਈ ਬਨਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇ। ਇਸ ਦੇ ਨਾਲ ਹੀ ਸਮਾਜ ਵਿਚ ਧੀਆਂ ਦੀ ਮਹੱਤਤਾ ਬਾਰੇ ਲੋਕਾਂ ਵਿਚ ਜਾਗਰੂਕਤਾ ਫੈਲਾਈ ਜਾਵੇ।ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰੀ ਹਸਪਤਾਲਾਂ ਵਿਚ ਮੈਡੀਕਲ ਅਫਸਰਾਂ ਅਤੇ ਪੈਰਾ-ਮੈਡੀਕਲ ਸਟਾਫ ਦੀਆਂ ਖਾਲੀ ਪਈਆਂ ਅਸਾਮੀਆਂ ਨੂੰ ਭਰਨ ਦੀ ਪ੍ਰਕਿਰਿਆ ਚੱਲ ਰਹੀ ਹੈ ਅਤੇ ਆਸ ਹੈ ਕਿ ਇਹ ਪ੍ਰਕਿਰਿਆ ਅਗਲੇ ਦੋ ਮਹੀਨਿਆਂ ਵਿਚ ਪੂਰੀ ਕਰ ਲਈ ਜਾਵੇਗੀ।ਡਾ. ਬਲਬੀਰ ਸਿੰਘ ਨੇ ਜ਼ਿਲ੍ਹਾ ਹਸਪਤਾਲ ਦੇ ਕੰਮਕਾਜ 'ਤੇ ਹਰ ਪੱਖੋਂ ਸੰਤੁਸ਼ਟੀ ਜ਼ਾਹਰ ਕਰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਆਮ ਲੋਕਾਂ ਨੂੰ ਵਿਸ਼ਵ ਪੱਧਰੀ ਸਿਹਤ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਇਸ ਦਿਸ਼ਾ ਵਿੱਚ ਤਰਜੀਹੀ ਆਧਾਰ 'ਤੇ ਢੁੱਕਵੇਂ ਕਦਮ ਪੁੱਟੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹਰ ਸਰਕਾਰੀ ਸਿਹਤ ਸੰਸਥਾ ਨੂੰ ਹਰ ਤਰ੍ਹਾਂ ਦੀਆਂ ਲੋੜੀਂਦੀਆਂ ਸੁਵਿਧਾਵਾਂ ਨਾਲ ਲੈਸ ਕਰ ਦਿੱਤਾ ਜਾਵੇਗਾ।

22-Jun-PAGE-9.qxd 6/21/2024 9:57 PM Page 1



# ਕਿਸਾਨਾਂ ਦੀ ਆਮਦਨ ਵਧਾਉਣ ਲਈ ਲੀਚੀ ਵਿਦੇਸ਼ਾਂ 'ਚ ਭੇਜੀ ਜਾਵੇਗੀ : ਜੌੜਾਮਾਜਰਾ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਭ ਤੋਂ ਵਧੀਆ ਗੁਣਵੱਤਾ ਵਾਲੀ ਜ਼ਿਲ੍ਹਾ ਪਠਾਨਕੋਟ ਦੀ ਲੀਚੀ ਨੂੰ ਵਿਦੇਸ਼ਾਂ ਵਿੱਚ ਭੇਜਣ ਦੀਆਂ ਤਿਆਰੀਆਂ ਜ਼ੋਰਾਂ 'ਤੇ ਹਨ। ਇਸ ਨਾਲ ਕਾਸ਼ਤਕਾਰਾਂ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਵਿੱਚ ਮਦਦ ਮਿਲੇਗੀ ਅਤੇ ਨਾਲ-ਨਾਲ ਧਰਤੀ ਹੇਠਲੇ ਪਾਣੀ 'ਤੇ ਕਿਸਾਨਾਂ ਦੀ ਨਿਰਭਰਤਾ ਨੂੰ ਵੀ ਘਟਾਇਆ ਜਾ ਸਕੇਗਾ।ਇਹ ਐਲਾਨ ਬਾਗ਼ਬਾਨੀ ਮੰਤਰੀ. ਚੇਤਨ ਸਿੰਘ ਜੌੜਾਮਾਜਰਾ ਨੇ ਸੁਜਾਨਪੁਰ ਸਥਿਤ ਲੀਚੀ ਜ਼ੋਨ ਵਿਖੇ ਮਨਾਏ ਜਾ ਰਹੇ ਰਾਜ ਪੱਧਰੀ ਲੀਚੀ ਪ੍ਰਦਰਸ਼ਨੀ ਅਤੇ ਵਿਚਾਰ ਗੋਸ਼ਟੀ ਦੌਰਾਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਖ਼ੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਅਤੇ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਵਿੱਚ ਸਭ ਤੋਂ ਵਧੀਆ ਕੁਆਲਿਟੀ ਦੀ ਲੀਚੀ ਜ਼ਿਲ੍ਹਾ ਪਠਾਨਕੋਟ ਵਿੱਚ ਪਾਈ ਜਾਂਦੀ ਹੈ ਅਤੇ ਪੂਰੇ ਪੰਜਾਬ ਵਿੱਚ ਕੀਤੀ ਜਾ ਰਹੀ ਲੀਚੀ ਦੀ ਪੈਦਾਵਾਰ ਵਿੱਚ 60 ਫ਼ੀਸਦੀ ਯੋਗਦਾਨ ਜ਼ਿਲ੍ਹਾ ਪਠਾਨਕੋਟ ਦਾ ਹੈ। ਕਿਸਾਨਾਂ ਨੂੰ ਲੀਚੀ ਦੀ ਪੈਦਾਵਾਰ ਲਈ ਜਾਗਰੂਕ ਕਰਨ ਦੇ ਉਦੇਸ਼ ਨਾਲ ਪੰਜਾਬ ਸਰਕਾਰ ਉਪਰਾਲਾ ਕਰੇਗੀ ਕਿ ਜ਼ਿਲ੍ਹਾ ਪਠਾਨਕੋਟ ਦੀ ਲੀਚੀ ਵਿਦੇਸ਼ ਤੱਕ ਪਹੁੰਚੇ ਅਤੇ ਇਸ ਕਾਰਜ ਲਈ ਛੇਤੀ ਹੀ ਲੀਚੀ ਦੀ ਖੇਪ ਵਿਦੇਸ਼ ਲਈ ਰਵਾਨਾ ਕੀਤੀ ਜਾਵੇਗੀ।ਸਮਾਗਮ ਦੌਰਾਨ ਸੰਬੋਧਨ ਕਰਦਿਆਂ ਜੌੜਾਮਾਜਰਾ ਨੇ ਕਿਹਾ ਕਿ ਧਰਤੀ ਹੇਠਲਾ ਪਾਣੀ ਬਹੁਤ ਤੇਜ਼ੀ ਨਾਲ ਹੇਠਾਂ ਜਾ ਰਿਹਾ ਹੈ ਅਤੇ ਇਸ ਤੋਂ ਬਚਾਅ ਦਾ ਇੱਕ ਹੀ ਹੱਲ ਹੈ ਕਿ ਕਿਸਾਨਾਂ ਨੂੰ ਝੋਨਾ ਅਤੇ ਕਣਕ ਦੀ ਖੇਤੀ ਤੋਂ ਬਾਹਰ ਕੱਢ ਕੇ ਬਾਗ਼ਬਾਨੀ ਵੱਲ ਪ੍ਰੇਰਿਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਜਿੰਨੇ ਜ਼ਿਆਦਾ ਬਾਗ਼ ਲਗਾਏ ਜਾਣਗੇ, ਉਨੀ ਹੀ ਤਪਸ਼ ਘੱਟ ਹੋਵੇਗੀ ਅਤੇ ਵਾਤਾਵਰਣ ਵਿੱਚ ਸੁਧਾਰ ਹੋਵੇਗਾ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪਠਾਨਕੋਟ ਲੀਚੀ ਦੀ ਖੇਤੀ ਲਈ ਵਰਦਾਨ ਹੈ ਅਤੇ ਇੱਥੋਂ ਦੇ ਕਿਸਾਨਾਂ ਨੂੰ ਲੀਚੀ ਪੈਦਾ ਕਰਕੇ ਉਸ ਦੀ ਵਿਕਰੀ ਕਰਨ 'ਤੇ ਵਧੇਰੇ ਲਾਭ ਦੇਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਛੇਤੀ ਹੀ ਲੀਚੀ ਦੀ ਪਹਿਲੀ ਖੇਪ ਵਿਦੇਸ਼ ਲਈ ਰਵਾਨਾ ਕੀਤੀ ਜਾਵੇਗੀ ਤਾਂ ਜੋ ਜ਼ਿਲ੍ਹਾ ਪਠਾਨਕੋਟ ਦੇ ਕਿਸਾਨਾਂ ਅਤੇ ਉਤਪਾਦਕਾਂ ਨੂੰ ਲੀਚੀ ਦੀ ਫ਼ਸਲ ਤੋਂ ਹੋਰ ਮੁਨਾਫ਼ਾ ਮਿਲ ਸਕੇ। ਉਨ੍ਹਾਂ ਕਿਹਾ ਕਿ ਲੀਚੀ ਨੂੰ ਵਿਦੇਸ਼ ਤੱਕ ਪਹੁੰਚਾਉਣ ਲਈ ਕਾਫ਼ੀ ਖ਼ਰਚ ਆਉਣ ਦੀ ਸੰਭਾਵਨਾ ਹੈ। ਇਸ ਕਾਰਜ ਦੀ ਸ਼ੁਰੂਆਤ ਕਰਦਿਆਂ ਕੈਬਨਿਟ ਮੰਤਰੀ ਨੇ ਆਪਣੀ ਤਨਖ਼ਾਹ ਵਿੱਚੋਂ ਇੱਕ ਲੱਖ ਰੁਪਏ ਪਠਾਨਕੋਟ ਦੀ ਲੀਚੀ ਨੂੰ ਵਿਦੇਸ਼ ਤੱਕ ਪਹੁੰਚਾਉਣ ਲਈ ਯੋਗਦਾਨ ਵਜੋਂ ਦਿੱਤੇ।ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਅੰਦਰ ਕਰੀਬ 3900 ਹੈਕਟੇਅਰ ਰਕਬਾ ਲੀਚੀ ਅਧੀਨ ਹੈ ਜਿਸ ਵਿੱਚੋਂ ਲਗਭਗ 2200 ਹੈਕਟੇਅਰ ਰਕਬਾ ਪਠਾਨਕੋਟ ਜ਼ਿਲ੍ਹੇ ਵਿੱਚ ਹੈ, ਜੋ ਪੰਜਾਬ ਦਾ ਤਕਰੀਬਨ 60 ਫ਼ੀਸਦੀ ਬਣਦਾ ਹੈ। ਜ਼ਿਲ੍ਹੇ ਵਿੱਚ ਲੀਚੀ ਦੀ ਕਾਸ਼ਤ ਵੱਡੀ ਪੱਧਰ ਤੇ ਕੀਤੀ ਜਾ ਰਹੀ ਹੈ ਅਤੇ ਹਰ ਸਾਲ ਨਵੇਂ



ਬਾਗ਼ ਲੱਗ ਰਹੇ ਹਨ ਅਤੇ ਕਿਸਾਨਾਂ ਨੂੰ ਵਧੀਆ ਆਮਦਨ ਹੋ ਰਹੀ ਹੈ। ਲੀਚੀ ਦੀ ਪਲਾਂਟੇਸ਼ਨ ਅਤੇ ਪੈਦਾਵਾਰ ਆਉਣ ਵਾਲੇ ਸਮੇਂ ਅਧੀਨ ਹੋਰ ਵੀ ਵਧੇਗੀ।ਉਨ੍ਹਾਂ ਕਿਹਾ ਕਿ ਲੀਚੀ ਦੀ ਖੇਤੀ ਉਤਸ਼ਾਹਿਤ ਕਰਨ ਲਈ ਜ਼ਿਲ੍ਹੇ ਵਿੱਚ ਲੀਚੀ ਅਸਟੇਟ ਸੁਜਾਨਪੁਰ ਵਿਖੇ ਸਥਾਪਿਤ ਕੀਤੀ ਗਈ ਹੈ ਜਿਸ ਵਿੱਚ ਇਲਾਕੇ ਦੇ ਬਾਗ਼ਬਾਨਾਂ ਨੂੰ ਇੱਕ ਛੱਤ ਹੇਠ ਸਾਰੀਆਂ ਸਹੂਲਤਾਂ ਉਪਲੱਬਧ ਕਰਵਾਈ ਜਾ ਰਹੀਆਂ ਹਨ। ਇਸ ਤੋਂ ਇਲਾਵਾ ਪਠਾਨਕੋਟ ਜ਼ਿਲ੍ਹੇ ਵਿੱਚ ਬਾਗ਼ਬਾਨੀ ਖੇਤਰ ਅਧੀਨ ਛੋਟੇ ਕਿਸਾਨਾਂ ਵੱਲੋਂ ਕਈ ਸਹਾਇਕ ਕਿੱਤੇ ਜਿਵੇਂ ਖੁੰਬ ਦੀ ਕਾਸ਼ਤ ਅਤੇ ਰੇਸ਼ਮ ਕੀਟ ਪਾਲਣ ਵੀ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੇ ਯਤਨਾਂ ਨਾਲ ਰੇਸ਼ਮ ਕੀਟ ਪਾਲਕਾਂ ਨੂੰ ਬਾਗ਼ਬਾਨੀ ਵਿਭਾਗ ਦੀਆਂ ਵੱਖ-ਵੱਖ ਸਕੀਮਾਂ ਅਧੀਨ ਹਰ ਪੱਖੋਂ ਤਕਨੀਕੀ ਸਹਾਇਤਾ ਅਤੇ ਵਿੱਤੀ ਸਬਸਿਡੀ ਮੁਹੱਈਆ ਕਰਵਾਈ ਜਾ ਰਹੀ ਹੈ। ਪੰਜਾਬ ਸਰਕਾਰ ਵਲੋਂ ਕੀਤੇ ਗਏ ਉਪਰਾਲਿਆਂ ਸਦਕਾ ਬਾਗ਼ਬਾਨੀ ਵਿਭਾਗ ਵੱਲੋਂ ਮੌਜੂਦਾ ਸਾਲ ਦੌਰਾਨ ਬਿਜਲੀ ਅਤੇ ਨਹਿਰੀ ਵਿਭਾਗ ਨਾਲ ਬਾਗ਼ਾਂ ਨੂੰ ਲਗਾਤਾਰ ਬਿਜਲੀ ਅਤੇ ਨਹਿਰੀ ਪਾਣੀ ਦੀ ਸਪਲਾਈ ਸਬੰਧੀ ਰਾਬਤਾ ਕਾਇਮ ਕੀਤਾ ਗਿਆ ਹੈ ਜਿਸ ਦੇ ਫਲਸਰੂਪ ਬਾਗ਼ਬਾਨਾਂ ਦੇ ਬਾਗ਼ਾਂ ਵਿਚ ਲਗਾਤਾਰ ਬਿਜਲੀ ਸਪਲਾਈ ਅਤੇ ਨਹਿਰੀ ਪਾਣੀ ਪ੍ਰਾਪਤ ਹੋਇਆ।ਇਸ ਮੌਕੇ ਡਾਇਰੈਕਟਰ ਬਾਗ਼ਬਾਨੀ ਸ੍ਰੀਮਤੀ ਸ਼ੈਲਿੰਦਰ ਕੌਰ ਨੇ ਬਾਗ਼ਬਾਨਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੇ ਹੋਰ ਨਵੇਂ ਉਪਰਾਲਿਆਂ ਸਦਕਾ ਇਸ ਸਾਲ ਤੋਂ ਬਾਗ਼ਬਾਨੀ ਵਿਭਾਗ ਵਲੋਂ ਕਿਸਾਨਾਂ ਦੀਆਂ ਲੋੜਾਂ ਨੂੰ ਦਰਸਾਉਂਦੇ ਹੋਏ ਵੱਖ-ਵੱਖ ਸਕੀਮਾਂ ਤਿਆਰ ਕਰਕੇ ਲਾਗੂ ਕਰਵਾਉਣ ਦੇ ਯਤਨ ਕੀਤੇ ਜਾ ਰਹੇ ਹਨ ਜਿਸ ਵਿੱਚ ਸਟੇਟ ਪਲਾਨ ਸਕੀਮ ਤਹਿਤ ਲੀਚੀ ਦੀ ਪੈਕਿੰਗ ਲਈ 10 ਕਿਲੋ ਦੇ ਗੱਤੇ ਦੇ ਬਕਸੇ 'ਤੇ 50 ਫ਼ੀਸਦੀ ਉਪਦਾਨ ਦਿੱਤਾ ਜਾਵੇਗਾ, ਜੋ ਇੱਕ ਜ਼ਿਮੀਂਦਾਰ ਨੂੰ ਵੱਧ ਤੋਂ ਵੱਧ 500 ਬਕਸਿਆਂ ਲਈ ਦਿੱਤਾ ਜਾਵੇਗਾ। ਇਸ ਦੇ ਨਾਲ ਫਲ-ਸਬਜ਼ੀ ਉਤਪਾਦਕਾਂ ਨੂੰ 50 ਫ਼ੀਸਦੀ ਸਬਸਿਡੀ 'ਤੇ ਪਲਾਸਟਿਕ ਕਰੇਟ ਦਿੱਤੇ ਜਾਣਗੇ। ਸਰਕਾਰ ਵਲੋਂ ਕੀਤੇ ਉਪਰਾਲਿਆਂ ਸਦਕਾ ਤਿੰਨ ਸਾਲ ਤੋਂ ਪੁਰਾਣੇ ਪੌਲੀ ਹਾਊਸ ਸਟਰਕਚਰ ਦੀ ਪੌਲੀਸ਼ੀਟ ਬਦਲਣ 'ਤੇ 50 ਫ਼ੀਸਦੀ ਉਪਦਾਨ ਦਿੱਤਾ ਜਾਵੇਗਾ। ਡਰਿਪ ਸਿਸਟਮ 'ਤੇ ਨਵੇਂ ਬਾਗ਼ ਲਗਾਉਣ ਵਾਲੇ ਕਿਸਾਨਾਂ ਨੂੰ 10000 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਪ੍ਰੋਤਸਾਹਨ ਰਾਸ਼ੀ ਰਾਜ ਸਰਕਾਰ ਵਲੋਂ ਦਿੱਤੀ ਜਾਵੇਗੀ। ਫੁੱਲ ਬੀਜ ਪੈਦਾਵਾਰ ਨੂੰ ਉਤਸ਼ਾਹਿਤ ਕਰਨ ਲਈ 14000 ਰੁਪਏ ਪ੍ਰਤੀ ਏਕੜ ਦੇ ਹਿਸਾਬ ਨਾਲ ਵਿੱਤੀ ਸਹਾਇਤਾ ਉਪਲਬਧ ਕਰਵਾਈ ਜਾਵੇਗੀ। ਖੁੰਬਾਂ ਦੀ ਖੇਤੀ ਨੂੰ ਉਤਸ਼ਾਹਿਤ ਕਰਨ ਹਿੱਤ 50 ਫ਼ੀਸਦੀ ਸਬਸਿਡੀ 'ਤੇ ਵਿੱਤੀ ਸਹਾਇਤਾ ਉਪਲਬਧ ਕਰਵਾਈ ਜਾਵੇਗੀ। ਇਸ ਦੇ ਨਾਲ 250 ਨਵੇਂ ਮਲਬਰੀ ਅਤੇ ਏਰੀ ਰੇਸ਼ਮ ਉਤਪਾਦਕਾਂ ਖਾਸ ਕਰਕੇ ਔਰਤਾਂ ਨੂੰ ਰੇਸ਼ਮ ਕੀਟ ਪਾਲਣ ਘਰ, ਲੋੜੀਂਦੀਆਂ ਦਵਾਈਆਂ ਅਤੇ ਤਕਨੀਕੀ ਸਹਾਇਤਾ ਉਪਲਬਧ ਕਰਵਾਈ ਜਾਵੇਗੀ।ਇਸ ਮੌਕੇ ਲੀਚੀ ਅਸਟੇਟ ਸੁਜਾਨਪੁਰ ਵਿਖੇ ਵੱਖ-ਵੱਖ ਖੇਤਰਾਂ ਵਿੱਚ ਪੈਦਾ ਹੋਣ ਵਾਲੀ ਲੀਚੀ ਨੂੰ ਲਿਆ ਕੇ ਲੀਚੀ ਪ੍ਰਦਰਸ਼ਨੀ ਲਗਾਈ ਗਈ ਜਿਸ ਵਿੱਚ ਦੂਰ-ਦੁਰਾਡੇ ਖੇਤਰਾਂ ਤੋਂ ਅਤੇ ਜ਼ਿਲ੍ਹਾ ਪਠਾਨਕੋਟ ਦੇ ਬਾਗ਼ਬਾਨਾਂ ਵੱਲੋਂ ਲੀਚੀ ਦੀਆਂ ਵੱਖ-ਵੱਖ ਕਿਸਮਾਂ ਨੂੰ ਪ੍ਰਦਰਸ਼ਿਤ ਕੀਤਾ ਗਿਆ। ਪ੍ਰਦਰਸ਼ਨੀ ਦੌਰਾਨ ਮਾਹਿਰਾਂ ਵਲੋਂ ਵਧੀਆ ਕਿਸਮ ਦੀ ਲੀਚੀ ਦੀ ਚੋਣ ਕਰਕੇ ਬਾਗ਼ਬਾਨਾਂ ਦਾ ਪਹਿਲਾ ਅਤੇ ਦੂਜਾ ਸਥਾਨ ਐਲਾਨਿਆ ਗਿਆ, ਜਿਨ੍ਹਾਂ ਨੂੰ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਵਲੋਂ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਲੀਚੀ ਅਤੇ ਰੇਸ਼ਮ ਨਾਲ ਸਬੰਧਤ ਅਗਾਂਹਵਧੂ ਕਿਸਾਨਾਂ ਨੂੰ ਵੀ ਸਨਮਾਨਿਤ ਕੀਤਾ ਗਿਆ।ਇਸ ਦੌਰਾਨ ਵੱਖ-ਵੱਖ ਵਿਭਾਗਾਂ ਵਲੋਂ ਸਬੰਧਤ ਪ੍ਰਦਰਸ਼ਨੀਆਂ ਲਗਾਈਆਂ ਗਈਆਂ ਅਤੇ ਕਿਸਾਨਾਂ ਨੂੰ ਬਾਗ਼ਬਾਨੀ ਕਿੱਤੇ ਨਾਲ ਜੁੜਨ ਲਈ ਜਾਗਰੂਕ ਕੀਤਾ ਗਿਆ।ਸਮਾਗਮ ਦੌਰਾਨ ਆਦਿੱਤਿਆ ਉੱਪਲ ਡਿਪਟੀ ਕਮਿਸ਼ਨਰ ਪਠਾਨਕੋਟ, ਸੁਹੇਲ ਮੀਰ ਐਸ.ਐਸ.ਪੀ. ਪਠਾਨਕੋਟ, ਅਮਿਤ ਮੰਟੂ ਹਲਕਾ ਇੰਚਾਰਜ ਸੁਜਾਨਪੁਰ, ਡਾ. ਹਰਦੀਪ ਸਿੰਘ ਡਿਪਟੀ ਡਾਇਰੈਕਟਰ ਬਾਗ਼ਬਾਨੀ ਪਠਾਨਕੋਟ, ਜਤਿੰਦਰ ਕੁਮਾਰ ਬਾਗ਼ਬਾਨੀ ਵਿਕਾਸ ਅਫ਼ਸਰ, ਸੰਯੁਕਤ ਡਾਇਰੈਕਟਰ ਬਾਗ਼ਬਾਨੀ ਵਿਭਾਗ, ਡੀ.ਜੀ. ਸਿੰਘ ਡਿਪਟੀ ਡੀ.ਈ.ਓ. ਪ੍ਰਾਇਮਰੀ ਅਤੇ ਹੋਰ ਵੱਖ ਵੱਖ ਸਬੰਧਤ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀ, ਬਾਗ਼ਬਾਨ, ਮੱਧੂ ਮੱਖੀ ਪਾਲਕ ਆਦਿ ਹਾਜ਼ਰ ਸਨ।

## ਬਾਬਾ ਰੱਤੜੇ ਵਾਲੀ ਸਰਕਾਰ ਦਾ ਸਾਲਾਨਾ ਮੇਲਾ ਧੂਮਧਾਮ ਨਾਲ ਮਨਾਇਆ



**ਕਾਲਾ ਸੰਘਿਆਂ (ਮਨਜੀਤ ਮਾਨ )** ਭਗਤ ਪੁਰਾ ਕਲੋਨੀ ਸੇਖੂਪੁਰ ਵਿਖੇ ਬਾਬਾ ਰੱਤੜੇ ਵਾਲਾ ਦੇ ਅਸਥਾਨ 'ਤੇ ਸਲਾਨਾ ਮੇਲਾ ਮੇਲੇ ਦੇ ਸਰਪ੍ਰਸਤ ਪਰਮਜੀਤ ਸਨੀ ਦੀ ਅਗਵਾਈ ਹੇਠ ਪਿੰਡ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੇਲੇ ਵਿੱਚ ਪੰਜਾਬ ਦੇ ਨਾਮਵਰ ਗਾਇਕਾਂ ਅਮਰੀਕ ਮਾਇਕਲ ਅਤੇ ਰਿਪੀ ਭੱਟੀ, ਸੰਮੀ ਖਾਨ ਤੇ ਮੈਡਮ ਕਿਰਨ , ਮੈਡਮ ਸੁਨੈਨਾ ਨੰਦਾ ਅੰਮ੍ਰਿਤਸਰ, ਕੁਲਵਿੰਦਰ ਰਿਪੀ , ਮਮਤਾ ਮਹਿਰਾ, ਨਿਸਾਨ ਉੱਚੇ ਵਾਲਾ, ਸਰਬਣ ਤਕਸੀਮ ਗਿੱਲ, ਸਨੀ ਸਮੀਰ, ਰਵੀ ਮਾਨ ਅਤੇ ਰੋਜੀ ਮਾਨ, ਬਲਜੀਤ ਘਾਰੂ ਅਤੇ ਐਰੀ ਙਿੰਜਰ, ਆਰ ਡੀ ਗਿੱਲ,ਸੁੱਚਾ ਜੈਲਾ, ਆਰਤੀ ਅਨਮੋਲ ਚੰਡੀਗੜ੍ਹ, ਅਰਜੁਨ ਅਰਸੀ, ਚੈਰੀ ਸੰਗਰੂਰ, ਅਨੀਸਾ ਆਲਮ, ਮਾਰੂਖ ਆਲਮ, ਅਕਬਰ ਆਲਮ , ਐਂਕਰ ਵਿਜੇ ਕੁਮਾਰ ਤੇ ਯੂਨੀਕ ਮੁਸਕਾਨ ਸਮੇਤ ਹੋਰ ਕਲਾਕਾਰਾਂ ਨੇ ਹਾਜਰੀ ਲਗਵਾਈ। ਪ੍ਰਮੋਟਰ ਜਤਿੰਦਰ ਭੰਡਾਰੀ, ਪ੍ਰਮੋਟਰ ਪਰਮਜੀਤ ਸੰਨੀ, ਪਰਮਿੰਦਰ ਪੰਨੂ, ਤਜਿੰਦਰ ਸਿੰਘ ਭੰਡਾਰੀ ਚੇਅਰਮੈਨ ਐਸ ਸੀ ਬੀ ਸੀ ਕਾਂਗਰਸ ਜਿਲ੍ਹਾ ਕਪੂਰਥਲਾ, ਰਣਧੀਰ ਧੀਰਾ, ਤਰਲੋਚਨ ਸਿੰਘ ਚਾਹਲ, ਅਮਨਦੀਪ ਸਿੰਘ ਸਰਪੰਚ, ਮਨਜੀਤ ਮਾਨ ਉੱਪ ਪ੍ਰਧਾਨ,ਗੁਰਮਨ ਸਿੰਘ,ਹਰਜਿੰਦਰ ਸਿੰਘ,ਪ੍ਰੀਤ ਸਰਿੰਜਲਾ, ਕੇਹਰ ਸਿੰਘ, ਰਜਿੰਦਰ ਭੰਡਾਰੀ,ਬਰਿੰਦਰ ਚਾਨਾ, ਮਨਜੀਤ ਮੈਡਮ, ਡਾ ਕੁਲਵਿੰਦਰ ਚੋਟ,ਬੱਬੂ ਖੇੜਾ, ਸੌਰਵ ਮੜੀਆ, ਬਲਵੀਰ ਕੁਮਾਰ ਬੀਰਾ, ਸਨੀ ਮਹਿਤਾ,ਗਗਨ ਕੈਨੇਡਾ, ਖੁਸ਼ਭਾਮ, ਸੰਤ ਸਮਾਜ ਚੈਰੀਟੇਬਲ ਸੁਸਾਇਟੀ ਰਜਿ ਪੰਜਾਬ ਦੇ ਮੈਂਬਰ ਬਾਬਾ ਸੁਖਵਿੰਦਰ ਸਾਗਰ ਜੀ,ਬਾਬਾ ਬਿੱਟੇ ਸਾਹ, ਸਾਈਂ ਰਾਣੇ ਸਾਹ, ਬਾਬਾ ਬੱਲੀ,ਬਾਬਾ ਸੋਢੀ ਸਾਹ ,ਬਾਬਾ ਸੋਖੇ ਸਾਹ,ਬਾਬਾ ਵਿਜੇ ਕੁਮਾਰ ਹਮੀਰਾ,ਦੇਵਾ ਜਸਵਿੰਦਰ ਕੌਰ, ਸਾਈਂ ਸਿਕੰਦਰ ਸਾਹ ,ਬਾਬਾ ਚੈਚਲ ਸਹੋਤਾ, ਸਾਈਂ ਮਧੂ ਜਲੰਧਰ ਵਾਲੇ ਅਤੇ ਹੋਰ ਮਹਾਂਪੁਰਖ ਫਕੀਰ ਮੇਲੇ ਵਿੱਚ ਸ਼ਾਮਿਲ ਹੋਏ। ਫਲ ਅਤੇ ਆਈਸਕ੍ਰੀਮ ਦੇ ਅਤੁੱਟ ਲੰਗਰ ਵੀ ਸੰਗਤਾਂ ਨੂੰ ਛਕਾਏ ਗਏ।

## ਗੁਰਮੀਤ ਸਿੰਘ ਖੁੱਡੀਆਂ ਨੇ ਅੱਠ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ



**ਚੰਡੀਗੜ੍ਹ, (ਗੁਰਜੀਤ ਬਿੱਲਾ)**—ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਇੱਥੇ ਆਪਣੇ ਦਫ਼ਤਰ ਵਿਖੇ ਖੇਤੀਬਾੜੀ ਅਤੇ ਮੱਛੀ ਪਾਲਣ ਵਿਭਾਗ ਵਿੱਚ ਨਵੇਂ ਭਰਤੀ ਹੋਏ ਅੱਠ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ।ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵਿੱਚ ਤਿੰਨ ਲੈਬ ਟੈਕਨੀਸ਼ੀਅਨਾਂ ਅਤੇ ਦੋ ਕਲਰਕਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ ਹਨ। ਇਨ੍ਹਾਂ ਦੋਵਾਂ ਕਲਰਕਾਂ ਨੂੰ ਤਰਸ ਦੇ ਆਧਾਰ 'ਤੇ ਭਰਤੀ ਕੀਤਾ ਗਿਆ ਹੈ। ਇਸ ਤੋਂ ਇਲਾਵਾ ਮੱਛੀ ਪਾਲਣ ਵਿਭਾਗ ਵਿੱਚ ਇੱਕ ਜੂਨੀਅਰ ਸਕੇਲ ਸਟੈਨੋਗ੍ਰਾਫਰ ਅਤੇ ਦੋ ਸਟੈਨੋ ਟਾਈਪਿਸਟਾਂ ਨੂੰ ਵੀ ਨਿਯੁਕਤੀ ਪੱਤਰ ਦਿੱਤੇ ਗਏ ਹਨ।ਗੁਰਮੀਤ ਸਿੰਘ ਖੁੱਡੀਆਂ ਨੇ ਨਵ-ਨਿਯੁਕਤ ਮੁਲਾਜ਼ਮਾਂ ਨੂੰ ਵਧਾਈ ਦਿੰਦਿਆਂ ਪੂਰੀ ਇਮਾਨਦਾਰੀ ਤੇ ਸਮਰਪਣ ਦੀ ਭਾਵਨਾ ਨਾਲ ਡਿਊਟੀ ਨਿਭਾਉਣ ਲਈ ਕਿਹਾ ਕਿਉਂਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਲੋਕਾਂ ਨੂੰ ਸੇਵਾਵਾਂ ਪ੍ਰਦਾਨ ਕਰਨ ਸਬੰਧੀ ਨੀਤੀ ਵਿੱਚ ਇਮਾਨਦਾਰੀ, ਕਾਰਜਕੁਸ਼ਲਤਾ ਅਤੇ ਪਾਰਦਰਸ਼ਤਾ ਨੂੰ ਪ੍ਰਮੁੱਖ ਤਰਜੀਹ ਦਿੱਤੀ ਗਈ ਹੈ ਤਾਂ ਜੋ ਆਮ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਵਿੱਚ ਕਿਸੇ ਕਿਸਮ ਦੀ ਪਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ।ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਰਕਾਰ ਬਣਨ ਤੋਂ ਬਾਅਦ ਹੁਣ ਤੱਕ 42,000 ਤੋਂ ਵੱਧ ਨੌਜਵਾਨਾਂ ਨੂੰ ਮੈਰਿਟ ਦੇ ਆਧਾਰ 'ਤੇ ਸਰਕਾਰੀ ਨੌਕਰੀਆਂ ਦਿੱਤੀਆਂ ਗਈਆਂ ਹਨ।ਇਸ ਮੌਕੇ ਡਾਇਰੈਕਟਰ ਖੇਤੀਬਾੜੀ ਜਸਵੰਤ ਸਿੰਘ, ਡਾਇਰੈਕਟਰ ਮੱਛੀ ਪਾਲਣ ਜਸਵੀਰ ਸਿੰਘ, ਸਹਾਇਕ ਡਾਇਰੈਕਟਰ ਮੱਛੀ ਪਾਲਣ ਬ੍ਰਿਜ ਭੂਸ਼ਣ ਗੋਇਲ ਤੇ ਸਤਿੰਦਰ ਕੌਰ, ਡਿਪਟੀ ਡਾਇਰੈਕਟਰ ਖੇਤੀਬਾੜੀ ਗੁਰਮੇਲ ਸਿੰਘ ਤੋਂ ਇਲਾਵਾ ਇਨ੍ਹਾਂ ਦੋਵਾਂ ਵਿਭਾਗਾਂ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਹੈਰੋਇਨ ਤੇ ਡਰੱਗ ਮਨੀ ਸਣੇ ਕਾਬੂ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)**- ਸਿਟੀ ਪੁਲਸ ਨੇ ਹੈਰੋਇਨ ਤੇ ਡਰੱਗ ਮਨੀ ਸਣੇ ਇੱਕ ਨੌਜਵਾਨ ਨੂੰ ਕਾਬੂ ਕਰਕੇ ਉਸ ਖਿਲਾਫ਼ ਐਨ.ਡੀ.ਪੀ.ਐਸ ਐਕਟ ਤਹਿਤ ਕੇਸ ਦਰਜ ਕੀਤਾ ਹੈ। ਥਾਣੇਦਾਰ ਪਰਗਟ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਨੂੰ ਸੂਚਨਾ ਮਿਲੀ ਸੀ ਕਿ ਉਕਤ ਵਿਅਕਤੀ ਜੋ ਨਸ਼ਾ ਵੇਚਣ ਦਾ ਧੰਦਾ ਕਰਦਾ ਹੈ ਤੇ ਅੱਜ ਵੀ ਗਾਹਕਾਂ ਦੀ ਉਡੀਕ ਕਰ ਰਿਹਾ ਹੈ ਜਿਸ 'ਤੇ ਕਾਰਵਾਈ ਕਰਦਿਆਂ ਪੁਲਸ ਨੇ ਰਿੰਦਮ ਖੰਨਾ ਪੁੱਤਰ ਵਿਨੋਦ ਖੰਨਾ ਵਾਸੀ ਮੁਹੱਲਾ ਥਾਣੇਦਾਰ ਮੇਹਲੀ ਗੇਟ ਨੂੰ ਕਾਬੂ ਕਰਕੇ ਉਸ ਪਾਸੋਂ 10 ਗ੍ਰਾਮ ਹੈਰੋਇਨ ਤੇ 40 ਹਜ਼ਾਰ ਰੁਪਏ ਦੀ ਡਰੱਗ ਮਨੀ ਬ੍ਰਾਮਦ ਕੀਤੀ ਹੈ।

## ਸਿਖਲਾਈ ਦੌਰਾਨ ਨੌਜਵਾਨਾਂ ਨੂੰ ਰਿਹਾਇਸ਼ ਤੇ ਖਾਣਾ ਮੁਫਤ ਦਿੱਤਾ ਜਾਵੇਗਾ : ਸੂਬੇਦਾਰ

**ਨਵਾਂਸ਼ਹਿਰ (ਮਨੋਜ ਲਾਡੀ)**-ਸੀ-ਪਾਈਟ ਕੈਂਪ ਨਵਾਂਸ਼ਹਿਰ ਦੇ ਟ੍ਰੇਨਿੰਗ ਅਧਿਕਾਰੀ ਸੂਬੇਦਾਰ ਤਜਿੰਦਰ ਸਿੰਘ ਨੇ ਦਸਿਆ ਹੈ ਕਿ ਅਗਨੀਵੀਰ ਦੀ ਆਰਮੀ ਦੀ ਭਰਤੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅਤੇ ਜ਼ਿਲ੍ਹਾ ਲੁਧਿਆਣਾ ਦੇ ਯੁਵਕ ਜਿਨ੍ਹਾਂ ਦਾ ਲਿਖਤੀ ਪੇਪਰ 22 ਅਪ੍ਰੈਲ 2024 ਤੋਂ 27 ਅਪ੍ਰੈਲ 2024 ਤੱਕ ਹੋਇਆ ਸੀ ਦੇ ਪਾਸ ਹੋਏ ਯੁਵਕਾਂ ਵਾਸਤੇ ਸੀ-ਪਾਈਟ ਕੈਂਪ ਨਵਾਂਸ਼ਹਿਰ ਵਿਖੇ ਫਿਜੀਕਲ ਟ੍ਰੇਨਿੰਗ ਕੈਂਪ ਚਲ ਰਿਹਾ ਹੈ। ਇਸ ਤੋਂ ਇਲਾਵਾ ਸੀ.ਆਰ.ਪੀ.ਐਫ,ਬੀ.ਐਸ.ਐਫ, ਆਦਿ ਅਤੇ ਪੰਜਾਬ ਪੁਲਸ ਦੀ ਭਰਤੀ ਵਾਸਤੇ ਵੀ ਟ੍ਰੇਨਿੰਗ ਚਲ ਰਹੀ ਹੈ। ਫਿਜੀਕਲ ਟ੍ਰੇਨਿੰਗ ਆਰਮੀ ਦੇ ਤਜੁਰਬੇਕਾਰ ਇੰਸਟਰਕਟਰਾਂ ਵੱਲੋਂ ਦਿੱਤੀ ਜਾ ਰਹੀ ਹੈ ਜਿਸ ਦਾ ਨਤੀਜਾ ਕਾਫੀ ਯੁਵਕ ਆਰਮੀ ਵਿੱਚ ਭਰਤੀ ਹੋ ਕੇ ਦੇਸ਼ ਅਤੇ ਪੰਜਾਬ ਦਾ ਗੌਰਵ ਵਧਾ ਰਹੇ ਹਨ। ਚਾਹਵਾਨ ਯੁਵਕ ਕੈਂਪ ਵਿੱਚ ਜ਼ਰੂਰੀ ਦਸਤਾਵੇਜ਼ ਜਿਵੇਂ ਕਿ ਰੋਲ ਨੰਬਰ ਸਲਿਪ, ਆਰ.ਸੀ ਦੀ ਕਾਪੀ, ਆਧਾਰ ਕਾਰਡ ਅਤੇ ਦਸਵੀਂ ਦਾ ਸਰਟੀਫਿਕੇਟ ਦੀ ਅਸਲ ਕਾਪੀ ਅਤੇ ਦੋ ਫੋਟੋ ਲੈ ਕੇ ਕੈਂਪ ਵਿਖੇ ਸਵੇਰੇ 9 ਵਜੇ ਤੋਂ ਬਾਅਦ ਹਾਜ਼ਰ ਹੋ ਸਕਦੇ ਹਨ ।ਸਿਖਲਾਈ ਦੌਰਾਨ ਨੌਜਵਾਨਾਂ ਨੂੰ ਰਿਹਾਇਸ਼ ਅਤੇ ਖਾਣਾ ਬਿਲਕੁਲ ਮੁਫਤ ਦਿੱਤਾ ਜਾਵੇਗਾ। ਵਧੇਰੇ ਜਾਣਕਾਰੀ ਲਈ ਮੋਬਾਈਲ ਨੰ - 90415-58978, 95307-52969 'ਤੇ ਸੰਪਰਕ ਕਰ ਸਕਦੇ ਹਨ।

## ਚੋਰੀ ਦੇ ਮੋਟਰਸਾਈਕਲ ਸਣੇ ਗ੍ਰਿਫ਼ਤਾਰ

**ਫਗਵਾੜਾ, (ਇੰਦਰਜੀਤ ਸਿੰਘ ਮਠਾੜੂ)** ਸਤਨਾਮਪੁਰਾ ਪੁਲਸ ਨੇ ਚੋਰੀ ਦੇ ਮੋਟਰਸਾਈਕਲ ਸਣੇ ਇੱਕ ਵਿਅਕਤੀ ਨੂੰ ਕਾਬੂ ਕਰਕੇ ਧਾਰਾ 379 ਆਈ.ਪੀ.ਸੀ ਤਹਿਤ ਕੇਸ ਦਰਜ ਕੀਤਾ ਹੈ। ਥਾਣੇਦਾਰ ਮਨਜੀਤ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਉਕਤ ਵਿਅਕਤੀ ਜੋ ਮੋਟਰਸਾਈਕਲ ਚੋਰੀ ਕਰਨ ਦਾ ਆਦੀ ਹੈ ਤੇ ਅੱਜ ਵੀ ਚੋਰੀ ਦੇ ਮੋਟਰਸਾਈਕਲ 'ਤੇ ਪਿੰਡ ਮਹੇੜੂ ਵਲੋਂ ਆ ਰਿਹਾ ਹੈ ਜਿਸ 'ਤੇ ਕਾਰਵਾਈ ਕਰਦਿਆਂ ਪੁਲਸ ਨੇ ਉਸਨੂੰ ਮਹੇੜੂ ਲਾਗਿਉਂ ਕਾਬੂ ਕਰਕੇ ਉਸ ਪਾਸੋਂ ਇੱਕ ਮੋਟਰਸਾਈਕਲ ਬ੍ਰਾਮਦ ਕੀਤਾ ਹੈ। ਕਾਬੂ ਕੀਤੇ ਵਿਅਕਤੀ ਦੀ ਪਛਾਣ ਕੁਲਦੀਪ ਸਿੰਘ ਉਰਫ਼ ਦੀਪਾ ਪੁੱਤਰ ਅਮਰੀਕ ਸਿੰਘ ਵਾਸੀ ਰਹਿਪਾ ਵਜੋਂ ਹੋਈ ਹੈ।

## ਕੁੱਟਮਾਰ ਕਰਨ ਵਾਲਿਆਂ ਵਿਰੁੱਧ ਪਰਚਾ ਦਰਜ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)** ਇੱਕ ਵਿਅਕਤੀ ਦੀ ਕੁੱਟਮਾਰ ਕਰਕੇ ਉਸਨੂੰ ਜ਼ਖਮੀ ਕਰਨ ਦੇ ਮਾਮਲੇ 'ਚ ਸਿਟੀ ਪੁਲਸ ਨੇ ਤਿੰਨ ਵਿਅਕਤੀਆਂ ਖਿਲਾਫ਼ ਧਾਰਾ 323, 325, 34, 506 ਆਈ.ਪੀ.ਸੀ ਤਹਿਤ ਕੇਸ ਦਰਜ ਕੀਤਾ ਹੈ।ਸ਼ਿਕਾਇਤ ਕਰਤਾ ਕੁਲਵਿੰਦਰ ਸਿੱਧੂ ਉਰਫ਼ ਸੂਰਜ ਪੁੱਤਰ ਸ਼ਿੰਦਰਪਾਲ ਸਿੱਧੂ ਵਾਸੀ ਮੁਹੱਲਾ ਸ਼ਿਵਪੁਰੀ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਸਦੀ ਪੁਰਾਣਾ ਦਾਣਾ ਮੰਡੀ ਵਿਖੇ ਕਰਿਆਨੇ ਦੀ ਦੁਕਾਨ ਹੈ ਤੇ ਰਾਮ ਪੁੱਤਰ ਬਜਾਏ ਸਾਫ਼ੀ ਵਾਸੀ ਪੀਪਾਰੰਗੀ ਜੋ ਰਿਕਸ਼ਾ ਚਲਾਉਂਦਾ ਹੈ ਤੇ ਉਸਦੇ ਰਿਕਸ਼ੇ 'ਤੇ ਦੋ ਟੀਨ ਰੱਖ ਕੇ ਭੇਜ ਦਿੱਤੇ ਤੇ ਇਸਨੇ ਟੀਨ ਸਹੀ ਜਗ੍ਹਾ 'ਤੇ ਰੱਖਣ ਦੀ ਬਜਾਏ ਹੋਰ ਜਗ੍ਹਾ ਰੱਖ ਦਿੱਤੇ, ਜਦੋਂ ਉਸਨੇ ਅਜਿਹਾ ਕਰਨ ਬਾਰੇ ਪੁੱਛਿਆ ਤਾਂ ਉਕਤ ਵਿਅਕਤੀ ਉਸ ਨਾਲ ਬਹਿਸਬਾਜੀ ਕਰਨ ਲੱਗ ਪਿਆ ਤੇ ਉਨ੍ਹਾਂ ਉਸ ਨੂੰ ਪੀਪਾਰੰਗੀ ਸੱਦ ਲਿਆ ਜਿਥੇ ਉਸਦੀਆਂ ਅੱਖਾਂ 'ਚ ਸਪਰੇਅ ਮਾਰ ਦਿੱਤਾ ਤੇ ਉਸ ਦੀ ਕੁੱਟਮਾਰ ਕੀਤੀ।ਜਿਸ ਸਬੰਧ 'ਚ ਪੁਲਸ ਨੇ ਰਾਮ ਪੁੱਤਰ ਬਜਾਏ ਸਾਫ਼ੀ ਵਾਸੀ ਪੀਪਾਰੰਗੀ, ਵਿਸ਼ਨੂੰ ਪੁੱਤਰ ਰਾਮ ਵਾਸੀ ਪੀਪਾਰੰਗੀ, ਸੁਮਿਤ ਪੁੱਤਰ ਧਰਮਵੀਰ ਵਾਸੀ ਪੀਪਾਰੰਗੀ ਖਿਲਾਫ਼ ਕੇਸ ਦਰਜ ਕੀਤਾ ਹੈ।

## ਅਵਤਾਰ ਸਿੰਘ ਸੀਕਰੀ ਨਮਿੱਤ ਗੁਰਮਤਿ ਸਮਾਗਮ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )**—ਅਵਤਾਰ ਸਿੰਘ ਸੀਕਰੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਜੀ ਦੇ ਚਰਨਾਂ ਵਿੱਚ ਜਾ ਬਰਾਜੇ , ਜਿਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਸਹਿਜ ਪਾਠ ਜੀ ਦੇ ਭੋਗ ਗੁਰਦੁਆਰਾ ਸਿੰਘ ਸਭਾ ਭੂੰਗਾ ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਪਾਏ ਗਏ। ਗੁਰਮਤ ਸਮਾਗਮ ਵਿੱਚ ਭਾਈ ਪਰਮਜੀਤ ਸਿੰਘ ਮੇਗੋਵਾਲ, ਭਾਈ ਸਰਤਾਜ ਸਿੰਘ ਬਸਰਾਵਾਂ, ਭਾਈ ਮਲਕੀਤ ਸਿੰਘ ਭੂੰਗਾ ਆਦਿ ਨੇ ਕਥਾ ਕੀਰਤਨ ਨਾਲ ਗੁਰੂ ਨਾਲ ਜੋੜਿਆ। ਭਾਈ ਰਸ਼ਪਾਲ ਸਿੰਘ ਨੇ ਸਟੇਜ ਸਟੇਜ ਸਕੱਤਰ ਦੀ ਸੇਵਾ ਨਿਭਾਈ। ਇਸ ਮੌਕੇ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬਾਬਾ ਗੁਰਦੇਵ ਸਿੰਘ ਮੁਖੀ ਸਾਹਿਬਜ਼ਾਦਾ ਬਾਬਾ ਫਤਿਹ ਸਿੰਘ ਤਰਨਾ ਦਲ ਬਜਵਾੜਾ ਕਲਾਂ, ਬਾਬਾ ਬਲਵੀਰ ਸਿੰਘ ਹਰਿਆਨਾ, ਡਾਕਟਰ ਯਸ਼ਮਿਤਰਾ ਰਿਟਾਇਰਡ ਡਾਇਰੈਕਟਰ ਹੈਲਥ ਪੰਜਾਬ , ਡਾਕਟਰ ਦਿਲਬਾਗ ਰਾਏ, ਸਾਹਿਲ ਸਾਂਪਲਾ, ਸਮਿੱਤਰ ਸਿੰਘ ਸੀਕਰੀ, ਦਵਿੰਦਰ ਕਲੇਰ , ਕੁਲਵਿੰਦਰ ਸਿੰਘ ਜੰਡਾ,ਡਾਕਟਰ ਹਰਜੀਤ ਸਿੰਘ ਐਸ ਐਮ ਓ ਭੂੰਗਾ, ਚੇਅਰਮੈਨ ਵਿਸ਼ਨੂ ਤਿਵਾੜੀ , ਡਾਕਟਰ ਜਗਤਾਰ ਸਿੰਘ , ਜਥੇਦਾਰ ਪਰਮਜੀਤ ਸਿੰਘ ਪੰਮੀ, ਪ੍ਰਥੀਪਾਲ ਸਿੰਘ ਜੋਸ਼ , ਟਿਮੀ ਸ਼ਾਹੀ, ਮੋਹਨ ਸਿੰਘ ਲੇਹਲ, ਮਦਨ ਨਾਗਲੂ ਡਾਕਟਰ ਸਰਬਜੀਤ ਸਿੰਘ , ਐਡਵੋਕੇਟ ਮੰਗਲ ਸਿੰਘ ਬੱਧਣ , ਐਡਵੋਕੇਟ ਦਿਲਬਾਗ ਸਿੰਘ ਬਾਗੀ , ਨਿਪਨ ਸ਼ਰਮਾ, ਓਂਕਾਰ ਸਿੰਘ ਧਾਮੀ , ਅਰਪਿੰਦਰ ਸਿੰਘ ਭੂੰਗਾ ਮੁਕੇਸ਼ ਨਰਿੰਦਰ ਸਿੰਘ ਕੂੰਟਾਂਹਰਿਆਣਾ, ਹਰਵਿੰਦਰ ਸਿੰਘ ਡੱਲੇਵਾਲ, ਡਾਕਟਰ ਸੰਦੇਸ਼ ਰਾਜਨ, ਭਾਈ ਮੁਖਤਿਆਰ ਸਿੰਘ ਭੂੰਗਾ, ਭਾਈ ਸਤਨਾਮ ਸਿੰਘ ਜੋਸ਼, ਹਰਜਿੰਦਰ ਸਿੰਘ ਡੱਲੇਵਾਲ, ਰਵਿੰਦਰ ਸਿੰਘ ਕਾਹਲੋ, ਗੁਰਜੀਤ ਸਿੰਘ ਸੂਰੀ, ਸੋਹਣ ਸਿੰਘ ਸਿਕਰੀ ਆਦਿ ਹਾਜ਼ਰ ਸਨ।

## ਬਿਮਾਰ ਪਸ਼ੂ-ਪੰਛੀਆਂ ਦੀ ਦੇਖਭਾਲ ਲਈ ਲੋੜੀਂਦੇ ਐਨਕਲੋਜ਼ਰਜ਼ ਫੌਰੀ ਤਿਆਰ ਕੀਤੇ ਜਾਣ : ਏ ਡੀ ਸੀ



**ਐੱਸ.ਏ.ਐੱਸ. ਨਗਰ, ( ਗੁਰਜੀਤ ਬਿੱਲਾ )**—ਨਗਰ ਕੌਂਸਲ ਲਾਲੜੂ ਅਧੀਨ ਆਉਂਦੇ ਖੇਤਰ ਵਿੱਚ ਕਰੀਬ 02 ਏਕੜ ਰਕਬੇ ਵਿੱਚ ਬਿਮਾਰ ਜਾਨਵਰਾਂ ਦੀ ਦੇਖਭਾਲ ਲਈ ਤਿਆਰ ਹੋ ਰਹੀ ਇਨਫ੍ਰਮਰੀ 'ਚ ਰੱਖੇ ਜਾਣ ਵਾਲੇ ਪਸ਼ੂ-ਪੰਛੀਆਂ ਲਈ ਵੱਖਰੇ-ਵੱਖਰੇ ਐਨਕਲੋਜ਼ਰਜ ਫੌਰੀ ਤਿਆਰ ਕੀਤੇ ਜਾਣ ਅਤੇ ਨਗਰ ਨਿਗਮ ਮੋਹਾਲੀ ਸਮੇਤ ਸਮੂਹ ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਵੱਲੋਂ ਐਂਬੂਲੈਂਸਾਂ ਦੀ ਖਰੀਦ ਕਰ ਕੇ ਪਾਲਣਾ ਸਰਟੀਫ਼ਿਕੇਟ ਦਿੱਤੇ ਜਾਣੇ ਯਕੀਨੀ ਬਣਾਏ ਜਾਣ। ਇਹ ਹਦਾਇਤਾਂ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸ਼੍ਰੀਮਤੀ ਸੋਨਮ ਚੌਧਰੀ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸੋਸਾਇਟੀ ਫ਼ਾਰ ਪ੍ਰੀਵੈਂਸ਼ਨ ਆਫ ਕਰੂਅਲਟੀ ਅਗੇਂਸਟ ਐਨੀਮਲਜ਼ (ਐੱਸ.ਪੀ.ਸੀ.ਏ.) ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਦਿੱਤੀਆਂ।ਵਧੀਕ ਡਿਪਟੀ ਕਮਿਸ਼ਨਰ ਨੇ ਪੁਲੀਸ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਐੱਸ.ਐੱਚ.ਓਜ਼. ਨੂੰ ਕਰੂਅਲਟੀ ਇੰਸਪੈਕਟਰ ਲਾਉਣ ਦੇ ਨਿਰਦੇਸ਼ਾਂ ਦੀ ਪਾਲਣਾ ਕਰ ਕੇ ਇਸ ਸਬੰਧੀ ਰਿਪੋਰਟ 24 ਘੰਟੇ ਵਿੱਚ ਦਿੱਤੀ ਜਾਵੇ। ਸ਼੍ਰੀਮਤੀ ਚੌਧਰੀ ਨੇ ਇਹ ਵੀ ਹਦਾਇਤ ਕੀਤੀ ਕਿ ਸਥਾਨਕ ਸਰਕਾਰਾਂ ਵਿਭਾਗ ਜ਼ਿਲ੍ਹੇ ਵਿਚ ਐਨੀਮਲ ਬਰਥ ਕੰਟਰੋਲ ਪ੍ਰੋਗਰਾਮ ਫੌਰੀ ਲਾਗੂ ਕਰੇ। ਉਹਨਾਂ ਨੇ ਸਥਾਨਕ ਸਰਕਾਰਾਂ ਵਿਭਾਗ ਦੇ ਲਾਲੜੂ ਐਮ ਸੀ ਨਾਲ ਸਬੰਧਤ ਅਧਿਕਾਰੀਆਂ ਨੂੰ ਇਹ ਵੀ ਹਦਾਇਤ ਕੀਤੀ ਕਿ ਇਨਫ੍ਰਮਰੀ ਦੀ ਸਥਾਪਤੀ ਵਾਸਤੇ ਪਿੰਡ ਮਗਰਾ ਦੀ ਤੈਅ-ਸ਼ੁਦਾ ਜ਼ਮੀਨ ਸੁਸਾਇਟੀ ਨੂੰ ਦੇਣ ਸਬੰਧੀ ਬਾਕੀ ਰਹਿੰਦੀ ਕਾਰਵਾਈ ਜਲਦ ਤੋਂ ਜਲਦ ਪੂਰੀ ਕੀਤੀ ਜਾਵੇ।

ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੋਸਾਇਟੀ ਫ਼ਾਰ ਪ੍ਰੀਵੈਂਸ਼ਨ ਆਫ ਕਰੂਅਲਟੀ ਅਗੇਂਸਟ ਐਨੀਮਲਜ਼ (ਐੱਸ.ਪੀ.ਸੀ.ਏ.) ਵੱਲੋਂ ਪਸ਼ੂ ਪਾਲਣ ਵਿਭਾਗ ਦੇ ਸਹਿਯੋਗ ਨਾਲ ਐਂਟੀ ਰੇਬੀਜ਼ ਕੈਂਪ ਲਗਾਏ ਜਾਣੇ ਹਨ, ਜਿਸ ਸਬੰਧੀ ਕਿਸੇ ਕਿਸਮ ਦੀ ਢਿੱਲ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਇਸ ਬਾਬਤ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ। ਮੀਟਿੰਗ ਵਿੱਚ ਡਿਪਟੀ ਡਾਇਰੈਕਟ ਪਸ਼ੂ ਪਾਲਣ ਵਿਭਾਗ ਕਮ ਸਕੱਤਰ ਐੱਸ.ਪੀ.ਸੀ.ਏ ਡਾ. ਸ਼ਿਵਕਾਂਤ ਗੁਪਤਾ, ਸਿਵਲ ਸਰਜਨ ਡਾ. ਦਵਿੰਦਰ ਕੁਮਾਰ ਪੁਰੀ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

## ਕਾਤਲ ਦਾ ਲਿਆ ਪੁਲਸ ਰਿਮਾਂਡ

**ਫਗਵਾੜਾ (ਇੰਦਰਜੀਤ ਸਿੰਘ ਮਠਾੜੂ)**- ਇਥੋਂ ਦੇ ਮਨਸਾ ਦੇਵੀ ਨਗਰ ਵਿਖੇ ਦੋ ਨੌਜਵਾਨਾਂ ਦੀ ਹੋਈ ਲੜਾਈ 'ਚ ਜ਼ਖ਼ਮੀ ਹੋਇਆ ਇੱਕ ਨੌਜਵਾਨ ਜੋ ਹਸਪਤਾਲ 'ਚ ਦਾਖ਼ਲ ਸੀ ਉਹ ਦਮ ਤੋੜ ਗਿਆ ਹੈ। ਜਿਸ ਸਬੰਧ 'ਚ ਪੁਲਸ ਨੇ ਇੱਕ ਨੌਜਵਾਨ ਨੂੰ ਗ੍ਰਿਫ਼ਤਾਰ ਕਰਕੇ ਉਸ ਖਿਲਾਫ਼ ਧਾਰਾ 302 ਆਈ.ਪੀ.ਸੀ ਤਹਿਤ ਕੇਸ ਦਰਜ ਕੀਤਾ ਹੈ। ਡੀ.ਐਸ.ਪੀ. ਜਸਪ੍ਰੀਤ ਸਿੰਘ ਤੇ ਐਸ.ਐਚ.ਓ ਗੌਰਵ ਧੀਰ ਨੇ ਦੱਸਿਆ ਕਿ ਮ੍ਰਿਤਕ ਦੀ ਪਛਾਣ ਸਾਹਿਲ ਅਨਸਾਰੀ ਪੁੱਤਰ ਲਾਲ ਮੁਹੰਮਦ ਅਨਸਾਰੀ ਵਾਸੀ ਗਲੀ ਨੰਬਰ 1 ਮਨਸਾ ਦੇਵੀ ਨਗਰ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਸਾਹਿਲ ਅਨਸਾਰੀ ਤੇ ਮੁਸਾਹਿਬ ਅਨਸਾਰੀ ਵਿਚਕਾਰ ਲੜਾਈ ਝਗੜਾ ਹੋਇਆ ਹੈ ਜਿਸ ਦੌਰਾਨ ਸਾਹਿਲ ਅਨਸਾਰੀ ਦੇ ਚਾਕੂ ਮਾਰਿਆ ਗਿਆ ਜਿਸ ਦੀ ਨਿੱਜੀ ਹਸਪਤਾਲ 'ਚ ਇਲਾਜ ਦੌਰਾਨ ਮੌਤ ਹੋ ਗਈ। ਉਨ੍ਹਾਂ ਦੱਸਿਆ ਕਿ ਪੁਲਸ ਨੇ ਮੁਸਾਹਿਬ ਅਨਸਾਰੀ ਪੁੱਤਰ ਰਾਇਸਮੀਆ ਅਨਸਾਰੀ ਵਾਸੀ ਪਿੰਡ ਰਘੁਨਾਥਪੁਰ ਥਾਣਾ ਮਜੋਲੀਆ ਹਾਲ ਵਾਸੀ ਮਨਸਾ ਦੇਵੀ ਨਗਰ ਨੂੰ ਗ੍ਰਿਫ਼ਤਾਰ ਕੀਤਾ ਹੈ ਤੇ ਇੱਕ ਦਿਨ ਦਾ ਪੁਲਸ ਰਿਮਾਂਡ ਹਾਸਲ ਕੀਤਾ ਹੈ।

# 24 ਲੱਖ ਵਿਦਿਆਰਥੀਆਂ ਦਾ ਭਵਿੱਖ ਖ਼ਤਰੇ 'ਚ

### * ਘੁਟਾਲੇ ਦੀ ਪੂਰੀ ਜਾਂਚ ਹੋਣੀ ਚਾਹੀਦੀ : ਆਪ

**ਚੰਡੀਗੜ੍ਹ, (ਗੁਰਜੀਤ ਬਿੱਲਾ)**—ਆਮ ਆਦਮੀ ਪਾਰਟੀ (ਆਪ) ਪੰਜਾਬ ਨੇ ਇਸ ਸਾਲ 5 ਮਈ ਨੂੰ ਐਨਟੀਏ ਨੀਟ ਪ੍ਰੀਖਿਆ ਦੇਣ ਵਾਲੇ 24 ਲੱਖ ਵਿਦਿਆਰਥੀਆਂ ਦੇ ਭਵਿੱਖ ਨੂੰ ਖ਼ਤਰੇ ਵਿੱਚ ਪਾਉਣ ਲਈ ਭਾਜਪਾ ਸਰਕਾਰ ਦੀ ਆਲੋਚਨਾ ਕੀਤੀ ਹੈ। ਪਾਰਟੀ ਨੇ ਸੁਪਰੀਮ ਕੋਰਟ ਨੂੰ ਇਸ ਮਾਮਲੇ ਦੀ ਜਾਂਚ ਲਈ ਐਸਆਈਟੀ ਬਣਾਉਣ ਦੀ ਅਪੀਲ ਕੀਤੀ ਅਤੇ ਇਸ ਵਿੱਚ ਸ਼ਾਮਲ ਹਰ ਵਿਅਕਤੀ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਦੀ ਮੰਗ ਕੀਤੀ।ਵੀਰਵਾਰ ਨੂੰ ਪਾਰਟੀ ਦਫ਼ਤਰ ਵਿਖੇ ਇੱਕ ਪ੍ਰੈਸ ਕਾਨਫ਼ਰੰਸ ਦੌਰਾਨ 'ਆਪ' ਦੇ ਬੁਲਾਰੇ ਬਿਕਰਮ ਜੀਤ ਪਾਸੀ ਨੇ ਪੇਪਰ ਲੀਕ, ਨਤੀਜੇ ਦੀ ਮਿਤੀ, ਗ੍ਰੇਸ ਅੰਕਾਂ ਅਤੇ ਇਸ ਮਾਮਲੇ 'ਤੇ ਐਨਟੀਏ (ਨੈਸ਼ਨਲ ਟੈਸਟਿੰਗ ਏਜੰਸੀ) ਦੀ ਚੁੱਪ 'ਤੇ ਸਵਾਲ ਉਠਾਏ। ਆਪ ਆਗੂ ਨੇ ਕਿਹਾ ਕਿ ਅਸੀਂ ਇਸ ਮਾਮਲੇ 'ਤੇ ਕਿਸੇ ਦੀ ਚੁੱਪ ਬਰਦਾਸ਼ਤ ਨਹੀਂ ਕਰ ਸਕਦੇ, ਕਿਉਂਕਿ ਇਹ 24 ਲੱਖ ਵਿਦਿਆਰਥੀਆਂ ਦੇ ਭਵਿੱਖ ਨਾਲ ਜੁੜਿਆ ਮਾਮਲਾ ਹੈ, ਇਸ ਨੂੰ ਹਲਕੇ 'ਚ ਨਹੀਂ ਲਿਆ ਜਾ ਸਕਦਾ। ਇਸ ਪ੍ਰੈਸ ਕਾਨਫ਼ਰੰਸ ਵਿੱਚ ਉਨ੍ਹਾਂ ਦੇ ਨਾਲ ਐਡਵੋਕੇਟ ਇੰਦਰਜੀਤ ਸਿੰਘ ਅਤੇ ਬੁਲਾਰਾ ਗਗਨਦੀਪ ਸਿੰਘ ਵੀ ਮੌਜੂਦ ਸਨ।ਮੀਡੀਆ ਨੂੰ ਸੰਬੋਧਨ ਕਰਦੇ ਹੋਏ ਬਿਕਰਮ ਜੀਤ ਪਾਸੀ ਨੇ ਕਿਹਾ ਕਿ ਨੀਟ ਪ੍ਰੀਖਿਆ 5 ਮਈ ਨੂੰ ਆਯੋਜਿਤ ਕੀਤੀ ਗਈ ਸੀ ਅਤੇ ਇਸ ਦਾ ਨਤੀਜਾ 14 ਜੂਨ ਨੂੰ ਆਉਣਾ ਸੀ, ਪਰ ਐਨਟੀਏ ਨੇ ਉਸੇ ਦਿਨ ਆਮ ਚੋਣਾਂ ਦੇ ਨਤੀਜਿਆਂ ਦੀ ਹਫੜਾ-ਦਫੜੀ ਦੇ ਵਿਚਕਾਰ 4 ਜੂਨ ਨੂੰ ਇਸ ਦਾ ਨਤੀਜਾ ਘੋਸ਼ਿਤ ਕਰ ਦਿੱਤਾ। ਜਿਸ ਵਿੱਚ 720/720 ਅੰਕਾਂ ਨਾਲ 67 ਵਿਦਿਆਰਥੀਆਂ ਨੂੰ ਟਾਪਰ ਵਜੋਂ ਐਲਾਨਿਆ ਗਿਆ। ਇਸ 'ਚ ਅਜਿਹੇ ਵਿਦਿਆਰਥੀ ਵੀ ਸਨ ਜਿਨ੍ਹਾਂ ਨੇ 719, 718, 717 ਆਦਿ ਅੰਕ ਪ੍ਰਾਪਤ ਕੀਤੇ, ਜੋ ਕਿ ਅਸੰਭਵ ਹੈ। ਇਸ ਇਮਤਿਹਾਨ ਵਿੱਚ ਇੱਕ ਉਮੀਦਵਾਰ ਨੂੰ ਸਹੀ ਉੱਤਰ ਲਈ 4 ਅੰਕ ਦਿੱਤੇ ਜਾਂਦੇ ਹਨ, ਨੈਗੇਟਿਵ ਮਾਰਕਿੰਗ ਵੀ ਹੁੰਦੀ ਹੈ, ਗਲਤ ਉੱਤਰ ਲਈ 1 ਅੰਕ ਕੱਟਿਆ ਜਾਂਦਾ ਹੈ। ਇਸ ਲਈ 715, 710, 705 ਅਤੇ ਇਸ ਤਰ੍ਹਾਂ ਦੇ ਅੰਕ ਹੋ ਸਕਦੇ ਹਨ ਪਰ 719, 718, 717 ਨਹੀਂ। ਐਨਟੀਏ ਨੇ ਗਲਤ ਮਾਰਕਿੰਗ ਨੂੰ ਗ੍ਰੇਸ ਮਾਰਕ ਕਹਿ ਕੇ ਜਾਇਜ਼ ਠਹਿਰਾਉਣ ਦੀ




ਕੋਸ਼ਿਸ਼ ਕੀਤੀ, ਪਰ ਉਸ ਨੇ ਕਦੇ ਵੀ ਗ੍ਰੇਸ ਮਾਰਕ ਦੇ ਆਧਾਰ ਅਤੇ ਨਿਯਮਾਂ ਦੀ ਜਨਤਕ ਤੌਰ 'ਤੇ ਵਿਆਖਿਆ ਨਹੀਂ ਕੀਤੀ। ਇਸ ਪ੍ਰੀਖਿਆ ਲਈ ਵਿਦਿਆਰਥੀ ਸਖ਼ਤ ਮਿਹਨਤ ਕਰਦੇ ਹਨ ਅਤੇ ਪਾਸ ਕਰਨ ਲਈ ਦਿਨ ਵਿੱਚ 16-18 ਘੰਟੇ ਪੜ੍ਹਦੇ ਹਨ। ਇਸ ਲਈ ਐਨਟੀਏ ਪਾਰਦਰਸ਼ੀ ਅਤੇ ਪਹਿਲਾਂ ਦੱਸੀ ਪ੍ਰਕਿਰਿਆ ਤੋਂ ਬਿਨਾਂ ਆਪਣੀ ਪਸੰਦ ਦੇ ਕੁਝ ਚੁਣੇ ਹੋਏ ਵਿਦਿਆਰਥੀਆਂ ਨੂੰ ਗ੍ਰੇਸ ਅੰਕ ਨਹੀਂ ਦੇ ਸਕਦਾ।ਪਾਸੀ ਨੇ ਦੱਸਿਆ ਕਿ ਕੁਝ ਵਿਦਿਆਰਥੀਆਂ ਨੇ ਪ੍ਰਸ਼ਨ ਪੱਤਰ ਲੀਕ ਕੀਤੇ ਸਨ। ਵਿਦਿਆਰਥੀਆਂ ਨੇ ਮੰਨਿਆ ਹੈ ਕਿ ਪ੍ਰੀਖਿਆ ਤੋਂ ਪਹਿਲਾਂ ਉਨ੍ਹਾਂ ਕੋਲ ਇਹੀ ਪ੍ਰਸ਼ਨਾਵਲੀ ਸੀ, ਪਰ ਐਨਟੀਏ ਨੇ ਇਸ ਨੂੰ ਸਹੀ ਢੰਗ ਨਾਲ ਹੱਲ ਕਰਨ ਦੀ ਬਜਾਏ ਸਿਰਫ਼ ਇੱਕ ਪ੍ਰੈਸ ਬਿਆਨ ਜਾਰੀ ਕਰ ਦਿੱਤਾ ਅਤੇ ਕਿਹਾ ਕਿ ਕੋਈ ਪੇਪਰ ਲੀਕ ਨਹੀਂ ਹੋਇਆ। ਜੇਕਰ ਇਹ ਸੱਚ ਸੀ ਤਾਂ ਇਸ ਮਾਮਲੇ ਵਿੱਚ ਬਿਹਾਰ ਅਤੇ ਗੁਜਰਾਤ ਵਿੱਚ ਗ੍ਰਿਫ਼ਤਾਰੀਆਂ ਕਿਉਂ ਕੀਤੀਆਂ ਗਈਆਂ। ਪਾਸੀ ਨੇ ਕਿਹਾ ਕਿ ਅਜਿਹਾ ਲੱਗਦਾ ਹੈ ਕਿ ਐਨਟੀਏ ਸਹੀ ਢੰਗ ਨਾਲ ਕੰਮ ਨਹੀਂ ਕਰ ਰਹੀ, ਉਹ ਭਾਜਪਾ ਸਰਕਾਰ ਦੇ ਦਬਾਅ ਹੇਠ ਹੈ।ਪਾਸੀ ਨੇ ਕਿਹਾ ਕਿ ਭਾਜਪਾ ਗੁਜਰਾਤ ਮਾਡਲ ਨੂੰ ਭਾਰਤ ਵਿੱਚ ਲਾਗੂ ਕਰਨ ਦੀ ਗੱਲ ਕਰਦੀ ਹੈ, ਪਰ ਗੁਜਰਾਤ ਵਿੱਚ ਪਿਛਲੇ 11 ਸਾਲਾਂ ਵਿੱਚ ਅਜਿਹੇ 11 ਪੇਪਰ ਲੀਕ ਹੋਏ ਹਨ। ਇਸੇ ਤਰ੍ਹਾਂ ਯੂਪੀ ਵਿੱਚ ਪੇਪਰ ਲੀਕ ਹੋਣਾ ਆਮ ਗੱਲ ਹੈ। ਵਿਆਪਮ ਘੁਟਾਲੇ ਤੋਂ ਵੀ ਹਰ ਕੋਈ ਜਾਣੂ ਹੈ। ਭਾਜਪਾ ਸਰਕਾਰ ਹੁਣ ਪੇਪਰ ਲੀਕ ਵਾਲੀ ਸਰਕਾਰ ਬਣ ਗਈ ਹੈ। ਉਹ ਸਾਡੇ ਦੇਸ਼ ਦੇ ਲੱਖਾਂ ਵਿਦਿਆਰਥੀਆਂ ਅਤੇ ਨੌਜਵਾਨਾਂ ਦੇ ਵਰਤਮਾਨ ਅਤੇ ਭਵਿੱਖ ਨੂੰ ਲਗਾਤਾਰ ਖ਼ਤਰੇ ਵਿੱਚ ਪਾ ਰਹੀ ਹੈ। ਭਾਜਪਾ ਵਿਸ਼ਵ ਗੁਰੂ ਹੋਣ ਦੀ ਗੱਲ ਕਰਦੀ ਹੈ, ਪਰ ਉਹ ਪੇਪਰ ਲੀਕ ਜਾਂ ਧਾਂਦਲੀ ਕੀਤੇ ਬਿਨਾਂ ਕੋਈ ਪ੍ਰੀਖਿਆ ਵੀ ਨਹੀਂ ਕਰਵਾ ਸਕਦੀ।ਆਮ ਆਦਮੀ ਪਾਰਟੀ (ਆਪ) ਨੇ ਸੁਪਰੀਮ ਕੋਰਟ ਨੂੰ ਇਸ ਘੁਟਾਲੇ ਦੀ ਡੂੰਘਾਈ ਨਾਲ ਜਾਂਚ ਕਰਨ ਲਈ ਐਸਆਈਟੀ ਬਣਾਉਣ ਦੀ ਅਪੀਲ ਕੀਤੀ ਅਤੇ 24 ਲੱਖ ਵਿਦਿਆਰਥੀਆਂ ਨੂੰ ਇਨਸਾਫ਼ ਦੇਣ ਦੀ ਮੰਗ ਕੀਤੀ। ਪਾਰਟੀ ਨੇ ਕਿਹਾ ਕਿ ਇਹ ਪ੍ਰਤੀਯੋਗੀ ਪ੍ਰੀਖਿਆਵਾਂ ਮਹੱਤਵਪੂਰਨ ਹਨ ਅਤੇ ਜੇਕਰ ਇਨ੍ਹਾਂ ਪ੍ਰੀਖਿਆਵਾਂ ਵਿੱਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਹੋ ਗਿਆ ਤਾਂ ਸਾਡੇ ਨੌਜਵਾਨਾਂ ਦਾ ਭਵਿੱਖ ਹਨੇਰੇ ਵਿੱਚ ਪੈ ਜਾਵੇਗਾ। ਪਾਸੀ ਨੇ ਮੀਡੀਆ ਨੂੰ ਵੀ ਅਪੀਲ ਕੀਤੀ ਕਿ ਉਹ ਆਪਣਾ ਯੋਗਦਾਨ ਪਾਉਣ ਅਤੇ ਮੋਦੀ ਸਰਕਾਰ ਦੀਆਂ ਅਜਿਹੀਆਂ ਨਾਕਾਮੀਆਂ ਵਿਰੁੱਧ ਬੋਲਣ ਅਤੇ ਐਨਟੀਏ ਤੋਂ ਜਵਾਬ ਮੰਗਣ ਤਾਂ ਜੋ ਸਾਡੇ ਵਿਦਿਆਰਥੀਆਂ ਅਤੇ ਨੌਜਵਾਨਾਂ ਨੂੰ ਵਾਰ-ਵਾਰ ਅਜਿਹੇ ਸੰਕਟਾਂ ਦਾ ਸਾਹਮਣਾ ਨਾ ਕਰਨਾ ਪਵੇ।

## ਰਾਹਗੀਰਾਂ ਦੀ ਜਾਨ ਦਾ ਖੌਅ ਬਣੇ ਅੱਧ ਸੜੇ ਬਾਂਸ



**ਮੇਹਟੀਆਣਾ(ਜਗਤਾਰ ਸਿੰਘ ਭੂੰਗਰਨੀ)**-ਕੋਟ ਫਤੂਹੀ-ਮੇਹਟੀਆਣਾ ਸੜਕ ਉੱਤੇ ਅਲਾਵਲਪੁਰ ਦੇ ਅੱਡੇ ਤੋਂ ਲੈ ਕੇ ਈਸਪੁਰ ਤੱਕ ਵੱਖ ਵੱਖ ਥਾਵਾਂ ਉੱਤੇ ਅੱਗ ਦੀ ਲਪੇਟ 'ਚ ਆ ਕੇ ਅੱਧ ਸੜੇ ਡਿਗੇ ਤੇ ਉੱਤੋਂ ਲਮਕਦੇ ਬਾਂਸ ਰਾਹਗੀਰਾਂ ਦੀ ਜਾਨ ਦਾ ਖੌਅ ਬਣੇ ਹੋਏ ਹਨ। ਪਿਛਲੇ ਕੁੱਝ ਦਿਨਾਂ ਤੋਂ ਇਨ੍ਹਾਂ ਨੂੰ ਦੇਖ ਕੇ ਇੰਝ ਲੱਗਦਾ ਹੈ ਕਿ ਸ਼ਾਇਦ ਸਬੰਧਿਤ ਵਿਭਾਗ ਵੀ ਕਿਸੇ ਵੱਡੀ ਘਟਨਾ ਦੇ ਇੰਤਜ਼ਾਰ ਵਿੱਚ ਹੈ। ਸ਼ਾਇਦ ਉਸ ਤੋਂ ਬਾਅਦ ਹੀ ਵਿਭਾਗ ਦੀਆਂ ਅੱਖਾਂ ਖੁੱਲਣਗੀਆਂ। ਹਰ ਛੋਟੀ ਵੱਡੀ ਗੱਡੀ ਤੇ ਦੋ ਪਹੀਆ ਵਾਹਨ ਵਾਲਾ ਰਾਹਗੀਰ ਇਨ੍ਹਾਂ ਕਰਕੇ ਖੱਜਲ ਖੁਆਰ ਹੋ ਰਿਹਾ ਹੈ। ਜਥੇ. ਇਕਬਾਲ ਸਿੰਘ ਖੇੜਾ ਕੌਮੀ ਮੀਤ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਅਮਰਜੀਤ ਸਿੰਘ ਰਾਜਾ ਜਾਂਗਲੀਆਣਾ ਤੇ ਬਲਜਿੰਦਰ ਸਿੰਘ ਪੰਜੋੜ ਨੇ ਡੀ. ਸੀ. ਸਾਹਿਬ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਇਹ ਅੱਧੀ ਅੱਧੀ ਸੜਕ ਤੱਕ ਡਿਗੇ ਤੇ ਵੱਖ ਵੱਖ ਥਾਵਾਂ 'ਤੇ ਲਮਕਦੇ ਬਾਂਸਾਂ ਨੂੰ ਕਟਵਾ ਕੇ ਅਣਸੁਖਾਵੀਂ ਘਟਨਾ ਵਾਪਰਨ ਤੇ ਆਵਾਜਾਈ 'ਚ ਹੋ ਰਹੀ ਖੱਜਲ ਖੁਆਰੀ ਨੂੰ ਰੋਕਿਆ ਜਾਵੇ।

## ਨਰਿੰਦਰ ਮੋਦੀ ਦੀ ਤੀਸਰੀ ਵਾਰੀ....... (ਸਫ਼ਾ 4 ਦੀ ਬਾਕੀ)

ਦੀ ਆਸ ਕਰਨੀ ਫਜ਼ੂਲ ਹੈ। ਆਰਥਿਕ ਖੇਤਰ ਵਿਚ ਸੁਧਾਰਾਂ ਦੇ ਨਾਂਅ 'ਤੇ ਜਨਤਕ ਮਲਕੀਅਤਾਂ ਨੂੰ ਇਜ਼ਾਰੇਦਾਰਾਂ ਹਵਾਲੇ ਕੀਤਾ ਜਾਵੇਗਾ, ਮੱਧ ਸ਼੍ਰੇਣੀ ਨੂੰ ਭਰਮਾਉਣ ਦੀ ਭਰਪੂਰ ਕੋਸ਼ਿਸ਼ ਕੀਤੀ ਜਾਵੇਗੀ ਕਿ ਦੇਸ਼ ਵਿਕਾਸ ਦੀਆਂ ਬੁਲੰਦੀਆਂ ਨੂੰ ਛੂਹ ਰਿਹਾ ਹੈ, ਵਿਕਸਤ ਭਾਰਤ ਦਾ ਨਿਰਮਾਣ ਹੋ ਰਿਹਾ ਹੈ ।

ਇਹ ਕਲਪਨਾ ਕਰਨੀ ਕਿ ਮੋਦੀ ਦੀ ਸਰਕਾਰ ਕੁਲੀਸ਼ਨ ਦੇ ਸਾਂਝੀਦਾਰਾਂ ਦੇ ਰਹਿਮੋਕਰਮ 'ਤੇ ਹੋਵੇਗੀ ਅਤੇ ਨਾਇਡੂ, ਨਿਤਿਸ਼, ਪਾਸਵਾਨ, ਏਕਨਾਥ ਸ਼ਿੰਦੇ ਦੀ ਚੌਕੜੀ ਮੋਦੀ 'ਤੇ ਲਗਾਮ ਲਾਉਣਗੇ, ਜਾਇਜ਼ ਨਹੀਂ ਹੈ। ਇਨ੍ਹਾਂ ਦੀ ਜਮਹੂਰੀ ਨੈਤਿਕਤਾ 'ਤੇ ਭਰੋਸਾ ਨਹੀਂ ਕੀਤਾ ਜਾ ਸਕਦਾ। ਜਦੋਂ ਤੱਕ ਉਨ੍ਹਾਂ ਨੂੰ ਪਾਵਰ ਤੇ ਪੈਸੇ ਨਾਲ ਖੁਸ਼ ਰੱਖਿਆ ਜਾਵੇਗਾ, ਉਹ ਜਮਹੂਰੀਅਤ, ਕਾਨੂੰਨ ਦੇ ਰਾਜ, ਮਨੁੱਖੀ ਹੱਕਾਂ ਦੀ ਉਲੰਘਣਾ ਵਿਰੁੱਧ ਆਵਾਜ਼ ਨਹੀਂ ਉਠਾਉਣਗੇ । ਵਿਰੋਧੀ ਧਿਰ ਸਮੇਤ ਕਿਸੇ ਵੀ ਸਿਆਸੀ ਪਾਰਟੀ ਨੇ ਇਨ੍ਹਾਂ ਮਾਮਲਿਆਂ ਬਾਰੇ ਚਿੰਤਾ ਜ਼ਾਹਰ ਨਹੀਂ ਕੀਤੀ। ਇਨ੍ਹਾਂ ਜਾਣਬੁਝ ਕੇ ਚਾਲਾਕੀ ਨਾਲ ਮੁਸਲਮਾਨਾਂ ਉਪਰ ਹੁੰਦੇ ਅੱਤਿਆਚਾਰਾਂ, ਅਰਬਨ ਨਕਸਲ ਦੇ ਨਾਂਅ 'ਤੇ ਆਦਿਵਾਸੀਆਂ , ਦਲਿਤਾਂ, ਮਨੁੱਖੀ ਅਧਿਕਾਰਾਂ ਦੇ ਹਿਤੈਸ਼ੀਆਂ ਦੇ ਝੂਠੇ ਪੁਲਸ ਮੁਕਾਬਲਿਆਂ ਦੇ ਮੁੱਦਿਆਂ ਨੂੰ ਨਜ਼ਰ-ਅੰਦਾਜ਼ ਕੀਤਾ ਹੈ । ਇਹ ਉਨ੍ਹਾਂ ਦੀ ਸੋਚੀ-ਸਮਝੀ ਰਣਨੀਤੀ ਰਹੀ ਹੈ, ਭਾਵੇਂ ਬੇਵਕੂਫਾਨਾ ਹੀ ਸੀ।

ਆਖੀਰ ਵਿਚ ਜੇ ਮੋਦੀ ਨੂੰ ਆਪਣੀ ਸੱਤਾ ਖਤਰੇ ਵਿਚ ਦਿਸਦੀ ਹੈ ਤਾਂ ਉਹ ਬੜੇ ਆਰਾਮ ਨਾਲ ਇਸ ਨੂੰ ਦੇਸ਼ ਵਿਰੋਧੀ ਤਾਕਤਾਂ ਦੀ ਸਾਜ਼ਿਸ਼ ਐਲਾਨ ਸਕਦਾ ਹੈ। ਉਸ ਦੇ ਕੋਲ ਭਾਰੀ ਭਰਕੰਮ ਜਾਸੂਸੀ ਤੰਤਰ ਅਤੇ ਅੰਨ੍ਹੇ-ਰਾਸ਼ਟਰਵਾਦੀਆਂ ਦੀ ਫੌਜ ਵੀ ਹੈ। ਕੋਈ ਅਨੋਖੀ ਘਟਨਾ ਨੂੰ ਵੀ ਅੰਜਾਮ ਦਿੱਤਾ ਜਾ ਸਕਦਾ ਹੈ ਅਤੇ ਅੰਧਭਗਤਾਂ ਦੀ ਵਿਸ਼ਾਲ ਪ੍ਰਚਾਰ ਮਸ਼ੀਨਰੀ ਦੀ ਮਦਦ ਨਾਲ ਮੋਦੀ ਪ੍ਰਤੀ ਹਮਦਰਦੀ ਲਹਿਰ ਖੜੀ ਕੀਤੀ ਜਾ ਸਕਦੀ ਹੈ। ਲੋਕ ਸਭਾ ਭੰਗ ਕਰਕੇ ਨਵੀਆਂ ਚੋਣਾਂ ਵਿਚ ਬੁਲੰਦ ਬਹੁਮੱਤ ਪ੍ਰਾਪਤ ਕਰਕੇ, ਮੋਦੀ ਹਿੰਦੂ ਰਾਸ਼ਟਰ ਦੇ ਨਿਸ਼ਾਨੇ ਨੂੰ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰ ਸਕਦਾ ਹੈ ।

ਸਭ ਤੋਂ ਅਹਿਮ ਸਵਾਲ ਹੈ ਕਿ ਕੀ ਵਿਰੋਧੀ ਧਿਰ ਇਨ੍ਹਾਂ ਸੰਗੀਨ ਸਾਜ਼ਿਸ਼ਾਂ ਨੂੰ ਪਹਿਚਾਣ ਪਾਏਗੀ, ਰੋਕ ਪਾਏਗੀ ? ਸੰਖੇਪ ਵਿਚ ਜਨਤਾ ਨੂੰ ਚੌਕਸ ਰਹਿਣਾ ਪਵੇਗਾ। ਇੰਡੀਆ ਬਲਾਕ ਨੂੰ ਮੋਦੀ -3 ਦੀਆਂ ਨਵੀਆਂ ਚੁਣੌਤੀਆਂ ਦੇ ਮੁਕਾਬਲੇ ਲਈ ਹਮੇਸ਼ਾ ਸਾਵਧਾਨ ਰਹਿਣ ਦੀ ਜ਼ਰੂਰਤ ਹੈ।

**ਅਨੁਵਾਦ: ਪੁਸ਼ਪਿੰਦਰ , 'ਦਾ ਵਾਇਰ' ਦੇ ਧੰਨਵਾਦ ਸਹਿਤ**

**# ਸੰਪਰਕ : 94632-32402**

## ਜਗਭਿੰਦਰ ਸਿੰਘ ਹੁੰਦਲ ਨੂੰ ਸ਼ਰਧਾਂਜਲੀਆਂ ਭੇਟ



**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** -ਭਾਰਤੀ ਫੌਜ, ਕੇਂਦਰੀ ਸੁਰੱਖਿਆ ਫੋਰਸਾਂ ਅਤੇ ਧਾਰਮਿਕ ਖੇਤਰ ਵਿਚ ਸੇਵਾ ਨਿਭਾਉਣ ਵਾਲੇ ਪਿੰਡ ਸ਼ੇਰਪੁਰ ਦੌਨਾ ਜਗਭਿੰਦਰ ਸਿੰਘ ਹੁੰਦਲ ਦੀ ਅੰਤਿਮ ਅਰਦਾਸ ਮੌਕੇ ਵੱਖ-ਵੱਖ ਸਿਆਸੀ, ਧਾਰਮਿਕ, ਸਮਾਜ ਸੇਵੀ ਅਤੇ ਇਲਾਕੇ ਦੇ ਲੋਕਾਂ ਵੱਲੋਂ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ ਗਈ। ਉੱਘੇ ਸਮਾਜ ਸੇਵੀ ਅਤੇ ਖੇਡ ਕੋਚ ਨਿਰਮਲ ਸਿੰਘ ਪੀਡੀ ਮਾਸਟਰ ਅਤੇ ਸਰਪੰਚ ਸੁਖਵਿੰਦਰ ਕੌਰ ਬਲਾਕ ਸੰਮਤੀ ਮੈਂਬਰ ਦੇ ਪਿਤਾ ਜਗਭਿੰਦਰ ਸਿੰਘ ਹੁੰਦਲ ਨਮਿਤ ਪਾਠ ਦੇ ਭੋਗ ਇਥੇ ਸ਼ੇਰਪੁਰ ਦੌਨਾ ਉਹਨਾਂ ਦੇ ਗ੍ਰਹਿ ਵਿਖੇ ਪਾਏ ਗਏ, ਉਪਰੰਤ ਅੰਤਿਮ ਅਰਦਾਸ ਗੁਰਦੁਆਰਾ ਸਾਹਿਬ ਵਿੱਚ ਹੋਈ। ਇਸ ਮੌਕੇ ਨਵਤੇਜ ਸਿੰਘ ਚੀਮਾ ਸਾਬਕਾ ਵਿਧਾਇਕ ਸੁਲਤਾਨਪੁਰ ਲੋਧੀ ਅਤੇ ਹਰਦੇਵ ਸਿੰਘ ਲਾਡੀ ਵਿਧਾਇਕ ਸ਼ਾਹਕੋਟ ਨੇ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਵੱਲੋਂ ਦੇਸ਼ ਵਾਸਤੇ ਫੌਜ਼ ਦੇ ਖੇਤਰ ਵਿਚ ਦਿੱਤੀਆਂ ਸੇਵਾਵਾਂ ਦਾ ਜ਼ਿਕਰ ਕੀਤਾ।ਇਸ ਮੌਕੇ ਨਰਿੰਦਰ ਸਿੰਘ ਜੈਨਪੁਰ ਮੈਂਬਰ ਜ਼ਿਲ੍ਹਾ ਪਰਿਸ਼ਦ , ਐਡਵੋਕੇਟ ਰਜਿੰਦਰ ਸਿੰਘ ਰਾਣਾ, ਰਮੇਸ਼ ਕੁਮਾਰ ਡਡਵਿੰਡੀ ਸਾਬਕਾ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਕਾਂਗਰਸ, ਮਹਿੰਦਰਪਾਲ ਸਿੰਘ ਸਰਪੰਚ, ਤੀਰਥ ਸਿੰਘ ਹੁੰਦਲ ਸਰਪੰਚ, ਬਲਬੀਰ ਸਿੰਘ, ਭਜਨ ਸਿੰਘ ਸਰਪੰਚ, ਬਲਕਾਰ ਸਿੰਘ ਰਣਧੀਰ ਸਿੰਘ ਧੀਰਾ, ਕੁਲਦੀਪ ਸਿੰਘ ਸਰਪੰਚ, ਹਰਜਿੰਦਰ ਸਿੰਘ, ਅਜੀਤ ਸਿੰਘ, ਮਹਿੰਦਰ ਸਿੰਘ, ਅਜੈਬ ਸਿੰਘ, ਜਸਵੀਰ ਕੌਰ ਦਿਓਲ ਹਾਜ਼ਰ ਸਨ।

## ਪਛੜੀਆਂ ਸ਼੍ਰੇਣੀਆਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਲਈ 1.71 ਕਰੋੜ ਰੁਪਏ ਦੀ ਰਾਸ਼ੀ ਜਾਰੀ: ਡਾ.ਬਲਜੀਤ ਕੌਰ

**ਚੰਡੀਗੜ੍ਹ, ( ਗੁਰਜੀਤ ਬਿੱਲਾ )**—ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਹਰ ਵਰਗ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ, ਉਥੇ ਹੀ ਪੱਛੜੀਆਂ ਸ਼੍ਰੇਣੀਆਂ ਤੇ ਆਰਥਿਕ ਤੌਰ ਤੇ ਕਮਜ਼ੋਰ ਵਰਗ ਦੇ ਲੋਕਾਂ ਦੀ ਭਲਾਈ ਲਈ ਲਗਾਤਾਰ ਕਾਰਜਸ਼ੀਲ ਹੈ।ਪੰਜਾਬ ਸਰਕਾਰ ਵੱਲੋਂ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ਤੇ ਕਮਜ਼ੋਰ ਵਰਗ ਲਈ ਅਸ਼ੀਰਵਾਦ ਸਕੀਮ ਤਹਿਤ ਮਾਲੇਰਕੋਟਲਾ ਜ਼ਿਲ੍ਹੇ ਲਈ 1.71 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਹੈ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਮਲੇਰਕੋਟਲਾ ਜਿਲੇ ਦੇ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ 337 ਲਾਭਪਾਤਰੀਆਂ ਲਈ 1.71 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਹੈ। ਇਸ ਰਾਸ਼ੀ ਵਿੱਚ ਦਸੰਬਰ 2022 ਤੋਂ ਮਾਰਚ 2023 ਦੇ 337 ਲਾਭਪਾਤਰੀਆਂ ਨੂੰ ਕਵਰ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਦਸੰਬਰ 2022 ਦੇ 84, ਜਨਵਰੀ 2023 ਦੇ 68, ਫਰਵਰੀ 2023 ਦੇ 80 ਅਤੇ ਮਾਰਚ 2023 ਦੇ 105 ਲਾਭਪਾਤਰੀ ਨੂੰ ਕਵਰ ਕੀਤਾ ਗਿਆ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਬਾਕੀ ਲੰਬਿਤ ਪਏ ਕੇਸਾਂ ਨੂੰ ਵੀ ਜਲਦ ਹੀ ਕਲੀਅਰ ਕੀਤਾ ਜਾਵੇਗਾ।ਮੰਤਰੀ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਰਾਜ ਦਾ ਸਥਾਈ ਨਾਗਰਿਕ ਹੋਵੇ, ਉਸ ਦਾ ਪਰਵਾਰ ਗਰੀਬੀ ਰੇਖਾ ਤੋਂ ਹੇਠਾਂ ਦਾ ਹੋਵੇ, ਬਿਨੈਕਾਰ ਅਨੁਸੂਚਿਤ ਜਾਤੀ, ਪੱਛੜੀਆਂ ਸ਼੍ਰੇਣੀਆਂ ਅਤੇ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਪਰਵਾਰਾਂ ਨਾਲ ਸਬੰਧਤ ਹੋਵੇ ਅਤੇ ਪਰਵਾਰ ਦੀ ਸਾਰੇ ਸਾਧਨਾ ਤੋ ਸਲਾਨਾ ਆਮਦਨ 32,790 ਰੁਪਏ ਤੋ ਘੱਟ ਹੋਵੇ, ਅਜਿਹੇ ਪਰਵਾਰਾਂ ਦੀਆਂ ਦੋ ਧੀਆਂ ਇਸ ਸਕੀਮ ਦਾ ਲਾਭ ਦੇਣ ਦੇ ਯੋਗ ਹਨ।ਡਾਕਟਰ ਬਲਜੀਤ ਕੌਰ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਲੋਕਾਂ ਦੀ ਭਲਾਈ ਲਈ ਲਗਾਤਾਰ ਕਾਰਜਸ਼ੀਲ ਹੈ। ਉਨ੍ਹਾਂ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਹੈ।

22-JUNE-PAGE-10.qxd 6/21/2024 9:36 PM Page 1



# ਵੱਖ-ਵੱਖ ਸੜਕ ਹਾਦਸਿਆਂ 'ਚ ਤਿੰਨ ਵਿਅਕਤੀਆਂ ਦੀ ਮੌਤ, ਦੋ ਗੰਭੀਰ ਜ਼ਖਮੀ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸਰਹਿੰਦ-ਚੁੰਨੀ ਮਾਰਗ 'ਤੇ ਪਿੰਡ ਪੀਰਜੈਨ ਵਿਖੇ ਤੇ ਚੁੰਨੀ ਕਲਾਂ-ਮੋਰਿੰਡਾ ਮਾਰਗ 'ਤੇ ਵਾਪਰੇ ਦੋ ਵੱਖ-ਵੱਖ ਸੜਕ ਹਾਦਸਿਆਂ 'ਚ ਤਿੰਨ ਵਿਅਕਤੀਆਂ ਦੀ ਮੌਤ ਹੋਣ ਤੇ ਦੋ ਵਿਅਕਤੀਆਂ ਦੇ ਜ਼ਖ਼ਮੀ ਹੋਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਟੈਂਪੂ ਚਾਲਕ ਕੁੰਦਨ ਕੁਮਾਰ (35) ਵਾਸੀ ਪਿੰਡ ਨਾਭਾ (ਚੰਡੀਗੜ੍ਹ) ਤੇ ਖਲਟ ਸ਼ਾਹ (56) ਵਾਸੀ ਬਿਹਾਰ ਸੈਕਟਰ 35 ਚੰਡੀਗੜ੍ਹ ਤੋਂ ਐੱਲ. ਜੀ. ਕੰਪਨੀ ਦੇ ਏ. ਸੀ. ਤੇ ਵਾਸ਼ਿੰਗ ਮਸ਼ੀਨਾਂ ਲੇਲੈਂਡ ਟੈਂਪੂ 'ਚ ਲੱਦ ਕੇ ਸਰਹਿੰਦ ਵੱਲ ਨੂੰ ਆ ਰਹੇ ਸਨ ਤੇ ਸਵੇਰੇ ਕਰੀਬ 6.30 ਵਜੇ ਉਹ ਜਦੋਂ ਪਿੰਡ ਪੀਰਜੈਨ ਦੇ ਅੱਡੇ ਕੋਲ ਪਹੁੰਚੇ ਤਾਂ ਪਿੱਛੋਂ ਓਵਰਟੇਕ ਕਰ ਰਹੇ ਕੈਂਟਰ ਨੰਬਰ ਐੱਚ.ਪੀ.12ਈ-4585 ਦੇ ਚਾਲਕ ਨੇ ਕੈਂਟਰ ਉਨ੍ਹਾਂ ਦੇ ਅੱਗੇ ਲਿਆ ਕੇ ਅਚਾਨਕ ਬਰੇਕ ਲਗਾ ਦਿੱਤੀ, ਜਿਸ ਕਾਰਨ ਟੈਂਪੂ ਕੈਂਟਰ 'ਚ ਵੱਜ ਕੇ ਸੜਕ ਵਿਚਾਲੇ ਪਲਟ ਗਿਆ ਤੇ ਕੈਂਟਰ ਸੜਕ ਕਿਨਾਰੇ ਖੜੇ ਇੱਕ ਦਰੱਖਤ ਨਾਲ ਜਾ ਟਕਰਾਇਆ।ਇਸ ਹਾਦਸੇ ਕਾਰਨ ਟੈਂਪੂ 'ਚ ਸਵਾਰ ਖਲਟ ਸ਼ਾਹ (56) ਦੀ ਮੌਤ ਹੋ ਗਈ, ਜਦੋਂਕਿ ਗੰਭੀਰ ਜ਼ਖ਼ਮੀ ਹੋਏ ਟੈਂਪੂ ਚਾਲਕ ਕੁੰਦਨ ਕੁਮਾਰ ਨੂੰ ਇੰਡਸ ਹਸਪਤਾਲ ਪੀਰਜੈਨ ਵਿਖੇ ਦਾਖਲ ਕਰਵਾਇਆ ਗਿਆ ਹੈ।ਥਾਣਾ ਬਡਾਲੀ ਆਲਾ ਸਿੰਘ ਦੀ ਪੁਲਸ ਨੇ ਕੈਂਟਰ ਦੇ ਕਥਿਤ ਚਾਲਕ ਸੰਜੀਵ ਕੁਮਾਰ ਵਾਸੀ ਸੋਲਨ (ਹਿਮਾਚਲ ਪ੍ਰਦੇਸ਼) ਵਿਰੁੱਧ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਹੈ।ਇੱਕ ਹੋਰ ਮਾਮਲੇ 'ਚ ਚਰਨ ਸਿੰਘ ਵਾਸੀ ਪਿੰਡ ਖੇੜਾ ਨੇ ਪੁਲਸ ਨੂੰ ਦਿੱਤੇ ਬਿਆਨਾਂ 'ਚ ਦੱਸਿਆ ਕਿ ਉਸ ਦਾ ਲੜਕਾ ਹਰਵਿੰਦਰ ਸਿੰਘ, ਜੋ ਸ਼ਾਦੀਸ਼ੁਦਾ ਹੈ ਤੇ ਜੇ.ਸੀ.ਬੀ. ਮਸ਼ੀਨ 'ਤੇ ਨੌਕਰੀ ਕਰਦਾ ਸੀ, 18 ਜੂਨ ਦੀ ਸ਼ਾਮ ਨੂੰ ਆਪਣੇ ਦੋਸਤ ਗੁਰਵਿੰਦਰ ਸਿੰਘ ਵਾਸੀ ਪਿੰਡ ਸੈਦੋਕੇ (ਮੋਗਾ) ਤੇ ਹਰਪ੍ਰੀਤ ਸਿੰਘ ਵਾਸੀ ਬੀਬੀਪੁਰ ਨਾਲ ਆਲਟੋ ਕਾਰ 'ਚ ਸਵਾਰ ਹੋ ਕੇ ਖਰੜ ਤੋਂ ਜੇ.ਸੀ.ਬੀ. ਮਸ਼ੀਨ ਦੇ ਪੁਰਜ਼ੇ ਲੈਣ ਲਈ ਖਰੜ ਗਿਆ ਸੀ, ਜਿੱਥੋਂ ਵਾਪਸ ਆਉਂਦੇ ਸਮੇਂ ਉਸ ਦਾ ਲੜਕਾ ਤੇ ਉਸ ਦੇ ਦੋਸਤ ਜਦੋਂ ਚੁੰਨੀ ਵੱਲ ਨੂੰ ਆ ਰਹੇ ਸਨ ਤਾਂ ਰਾਤ ਕਰੀਬ 11.30 ਵਜੇ ਤੇਜ਼ ਰਫਤਾਰ ਟਿੱਪਰ ਨੰਬਰ ਪੀ.ਬੀ.65.ਬੀ.ਐੱਚ-2613 ਨੇ ਉਨ੍ਹਾਂ ਦੀ ਆਲਟੋ ਕਾਰ ਨੂੰ ਫੇਟ ਮਾਰ ਦਿੱਤੀ, ਜਿਸ ਕਾਰਨ ਆਲਟੋ ਕਾਰ ਬੁਰੀ ਤਰ੍ਹਾਂ ਨੁਕਸਾਨੀ ਗਈ, ਜਿਸ ਨੂੰ ਚਲਾ ਰਹੇ ਹਰਵਿੰਦਰ ਸਿੰਘ, ਨਾਲ ਦੀ ਸੀਟ 'ਤੇ ਬੈਠੇ ਗੁਰਵਿੰਦਰ ਸਿੰਘ ਤੇ ਕਾਰ ਦੀ ਪਿਛਲੀ ਸੀਟ 'ਤੇ ਬੈਠੇ ਹਰਪ੍ਰੀਤ ਸਿੰਘ ਦੇ ਗੰਭੀਰ ਸੱਟਾਂ ਲੱਗੀਆਂ।ਮੌਕੇ 'ਤੇ ਪਹੁੰਚੇ ਸੜਕ ਸੁਰੱਖਿਆ ਫੋਰਸ ਦੇ ਮੁਲਾਜ਼ਮਾਂ ਨੇ ਜ਼ਖਮੀਆਂ ਨੂੰ ਕਾਰ 'ਚੋਂ ਕੱਢ ਕੇ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਵਿਖੇ ਪਹੁੰਚਾਇਆ, ਜਿੱਥੇ ਡਾਕਟਰਾਂ ਵੱਲੋਂ ਹਰਵਿੰਦਰ ਸਿੰਘ (26) ਤੇ ਗੁਰਵਿੰਦਰ ਸਿੰਘ (25) ਨੂੰ ਮ੍ਰਿਤਕ ਕਰਾਰ ਦੇ ਦਿੱਤਾ ਗਿਆ, ਜਦੋਂ ਕਿ ਗੰਭੀਰ ਜ਼ਖਮੀ ਹੋਏ ਹਰਪ੍ਰੀਤ ਸਿੰਘ (40) ਨੂੰ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਰੈਫਰ ਕਰ ਦਿੱਤਾ ਗਿਆ।ਥਾਣਾ ਬਡਾਲੀ ਆਲਾ ਸਿੰਘ ਵਿਖੇ ਟਿੱਪਰ ਦੇ ਕਥਿਤ ਚਾਲਕ ਰਮੇਸ਼ ਕੁਮਾਰ ਵਾਸੀ ਸੰਤ ਕਬੀਰ ਨਗਰ (ਯੂ.ਪੀ.) ਵਿਰੁੱਧ ਮੁਕੱਦਮਾ ਦਰਜ ਕਰਵਾ ਕੇ ਚੁੰਨੀ ਕਲਾਂ ਚੌਕੀ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

# ਪੰਚਾਇਤੀ ਜ਼ਮੀਨ ਦੀ ਬੋਲੀ ਨੂੰ ਲੈ ਕੇ ਦੋ ਧਿਰਾਂ 'ਚ ਲੜਾਈ

### ਦੋ ਜ਼ਖ਼ਮੀ, 44 ਖਿਲਾਫ਼ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਪਿੰਡ ਖੁੰਦਰ ਹਿਠਾੜ ਵਿਖੇ ਪੰਚਾਇਤੀ ਜ਼ਮੀਨ ਦੀ ਬੋਲੀ ਨੂੰ ਲੈ ਕੇ ਦੋ ਧਿਰਾਂ ਵਿੱਚ ਹੋਈ ਤਕਰਾਰ ਨੂੰ ਲੈ ਕੇ ਦੋ ਵਿਅਕਤੀਆਂ ਦੀ ਕੁੱਟਮਾਰ ਕਰਨ ਦੇ ਦੋਸ਼ ਵਿੱਚ ਥਾਣਾ ਮਮਦੋਟ ਪੁਲਸ ਨੇ 3 ਬਾਏ ਨੇਮ ਵਿਅਕਤੀਆਂ, 16 ਹੋਰ ਨਾਮਜ਼ਦ ਵਿਅਕਤੀ ਤੇ 20-25 ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਕੁਲਦੀਪ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਪਿੰਡ ਖੁੰਦਰ ਹਿਠਾੜ ਨੇ ਦੱਸਿਆ ਕਿ 18 ਜੂਨ 2024 ਨੂੰ ਜਸਵੰਤ ਸਿੰਘ ਵੜੈਚ ਡੀਡੀਪੀਓ ਸਮੇਤ ਆਪਣੇ ਅਮਲੇ ਦੇ ਉਸ ਦੇ ਪਿੰਡ ਪੰਚਾਇਤੀ ਜ਼ਮੀਨ ਦੀ ਬੋਲੀ ਕਰਾਉਣ ਲਈ ਪਿੰਡ ਦੇ ਗੁਰਦੁਆਰੇ ਸਾਹਿਬ ਦੇ ਨਜ਼ਦੀਕ ਬਣੇ ਸ਼ੈੱਡ ਵਿੱਚ ਸ਼ੁਰੂ ਕਰਾਈ ਸੀ। ਬੋਲੀ ਦੌਰਾਨ ਦੋਵਾਂ ਧਿਰਾਂ ਦਾ ਤਕਰਾਰ ਹੋ ਗਿਆ ਤੇ ਦੋਸ਼ੀਆਨ ਲਾਲ ਸਿੰਘ ਪੁੱਤਰ ਸੱਜਣ ਸਿੰਘ, ਤਰਸੇਮ ਸਿੰਘ ਪੁੱਤਰ ਲਾਲ ਸਿੰਘ, ਸ਼ਰਨ ਸਿੰਘ ਪੁੱਤਰ ਲਾਲ ਸਿੰਘ ਵਾਸੀ ਬਸਤੀ ਸ਼ਾਮ ਸਿੰਘ ਵਾਲੀ, 16 ਹੋਰ ਨਾਮਜ਼ਦ ਵਿਅਕਤੀ ਤੇ 20-25 ਅਣਪਛਾਤੇ ਵਿਅਕਤੀਆਂ ਨੇ ਕੁਲਦੀਪ ਸਿੰਘ ਤੇ ਕਰਨ ਸਿੰਘ ਪੁੱਤਰ ਕਸ਼ਮੀਰ ਸਿੰਘ ਵਾਸੀ ਖੁੰਦਰ ਹਿਠਾੜ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ। ਕੁਲਦੀਪ ਸਿੰਘ ਨੇ ਦੱਸਿਆ ਕਿ ਦੋਸ਼ੀ ਉਸ ਦੇ ਮੋਟਰਸਾਈਕਲ ਦੀ ਭੰਨ-ਤੋੜ ਕੀਤੀ ਅਤੇ ਧਮਕੀਆਂ ਦਿੱਤੀਆਂ। ਕੁਲਦੀਪ ਸਿੰਘ ਨੇ ਦੱਸਿਆ ਕਿ ਉਨ੍ਹਾਂ ਦਾ ਇਲਾਜ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਜਸਪਾਲ ਚੰਦ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਮੰਡੀ ਕਾਲਾਂਵਾਲੀ 'ਚ ਇੱਕੋ ਸਮੇਂ ਟੁੱਟੇ ਤਿੰਨ ਦੁਕਾਨਾਂ ਦੇ ਤਾਲੇ

### ਪੁਲਸ ਦੀ ਢਿੱਲੀ ਕਾਰਗੁਜ਼ਾਰੀ 'ਤੇ ਵਾਰ ਵਾਰ ਉਠ ਰਹੇ ਹਨ ਸਵਾਲ



ਚੋਰੀ ਦੀ ਘਟਨਾ ਦੇ ਖਾਲੀ ਡੱਬੇ ਦਿਖਾ ਰਹੇ ਇਲੈਕਟਰੀਸ਼ਨ ਸੱਤਪਾਲ ਸਿੰਘ।

**ਸਿਰਸਾ (ਸੁਰਿੰਦਰ ਪਾਲ ਸਿੰਘ)** ਮੰਡੀ ਕਾਲਾਂਵਾਲੀ ਦੇ ਦੁਕਾਨਦਾਰਾਂ ਸਮੇਤ ਆਮ ਲੋਕ ਹਰ ਰੋਜ਼ ਹੋ ਰਹੀਆਂ ਛੋਟੀਆਂ ਵੱਡੀਆਂ ਚੋਰੀਆਂ ਕਾਰਨ ਪ੍ਰੇਸ਼ਾਨ ਹਨ। ਲੋਕ ਪੁਲਸ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ 'ਤੇ ਵਾਰ ਵਾਰ ਸਵਾਲ ਚੁੱਕ ਰਹੇ ਹਨ। ਚੋਰੀ ਦੀਆਂ ਘਟਨਾਵਾਂ ਦੇ ਚਲਦੇ ਕਾਲਾਂਵਾਲੀ ਦੀਆਂ ਆਰਾ ਰੋਡ ਤਿੰਨ ਦੁਕਾਨਾਂ 'ਤੇ ਇੱਕੋ ਸਮੇਂ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਗਿਆ। ਸਤਪਾਲ ਇਲੈਕਟਰਿਕ ਸਟੋਰ ਦੇ ਮਾਲਕ ਸਤਪਾਲ ਸਿੰਘ ਪ੍ਰੇਮੀ ਨੇ ਸਾਡੇ ਪੱਤਰਕਾਰ ਨੂੰ ਚੋਰੀ ਦੀ ਘਟਨਾ ਦੇ ਸਬੂਤ ਦਿਖਾਉਂਦੇ ਦੱਸਿਆ ਕਿ ਰਾਤ ਸਮੇਂ ਚੋਰਾਂ ਨੇ ਉਸ ਦੀ ਦੀ ਦੁਕਾਨ ਦਾ ਪਿਛਲਾ ਸ਼ਟਰ ਤੋੜ ਕੇ ਦੁਕਾਨ ਵਿੱਚ ਪਏ ਨਵੇਂ 3 ਸੀਲਿੰਗ ਫੈਨ, ਇੱਕ ਇੰਡਕਸ਼ਨ ਕੂਕਰ, ਹੈਂਡ ਬਲੈਂਡਰ, ਹੇਅਰ ਡਰਾਇਰ ਤੋਂ ਬਿਨਾਂ ਗੱਲ੍ਹੇ ਵਿੱਚ ਰੱਖੇ ਕਰੀਬ 8 ਹਜ਼ਾਰ ਰੁਪਏ ਦੀ ਨਗਦੀ ਦੀ ਚੋਰੀ ਕਰ ਲਈ। ਸਤਪਾਲ ਨੇ ਦੱਸਿਆ ਕਿ ਉਸ ਨੇ ਚੋਰ ਦੀ ਸੀਸੀਟੀਵੀ ਤਸਵੀਰ ਸਮੇਤ ਬੰਦ ਬੰਡਲ ਦੀ ਨਗਦੀ ਚੋਰੀ ਦੇ ਸੀਰੀਅਲ ਨੰਬਰ ਵੀ ਪੁਲਸ ਨੂੰ ਨੋਟ ਕਰਵਾ ਦਿੱਤੇ ਹਨ। ਇਸੇ ਤਰ੍ਹਾਂ ਨਾਲ ਲਗਦੀ ਦੁਕਾਨ ਦੇ ਮਾਲਕ ਕ੍ਰਿਸ਼ਨ ਖਰਾਦ ਵਾਲਾ ਦਾ ਕਹਿਣਾ ਸੀ ਕਿ ਚੋਰਾਂ ਨੇ ਉਨ੍ਹਾਂ ਦੀ ਦੁਕਾਨ ਦੇ ਸ਼ਟਰ ਦੇ ਤਾਲੇ ਵੀ ਤੋੜ ਦਿੱਤੇ, ਪਰ ਦੁਕਾਨ ਵਿੱਚ ਨਗਦੀ ਨਾ ਹੋਣ ਕਾਰਨ ਚੋਰਾਂ ਨੂੰ ਖਾਲੀ ਹੱਥ ਮੁੜਨਾ ਪਿਆ। ਇਸੇ ਤਰ੍ਹਾਂ ਤੀਸਰੀ ਦੁਕਾਨ ਦੇ ਮਾਲਕ ਨਰਿੰਦਰ ਕੁਮਾਰ (ਸ਼ੰਟੀ) ਆਟਾ ਚੱਕੀ ਵਾਲੇ ਦਾ ਕਹਿਣਾ ਸੀ ਕਿ ਆਟਾ ਚੱਕੀ ਦੇ ਕਾਊਂਟਰ ਤੇ ਰੱਖੇ ਸਹਾਰਾ ਗਊਸ਼ਾਲਾ ਦੇ ਦਾਨ ਪਾਤਰ ਵਿੱਚੋਂ ਚੋਰਾਂ ਨੇ ਕਰੀਬ 1500 ਤੱਕ ਦੀ ਨਗਦੀ ਚੋਰੀ ਕਰ ਲਈ। ਇਨ੍ਹਾਂ ਦੁਕਾਨਦਾਰਾਂ ਦਾ ਕਹਿਣਾ ਸੀ ਕਿ ਜਦੋਂ ਸਵੇਰੇ ਸਾਨੂੰ ਚੋਰੀਆਂ ਦਾ ਪਤਾ ਲੱਗਿਆ ਤਾਂ ਅਸੀਂ ਆਪਣੇ ਕੈਮਰਿਆਂ ਵਿੱਚ ਕੈਦ ਹੋਈ ਚੋਰਾਂ ਦੀ ਸੀ ਸੀ ਟੀ ਵੀ ਤਸਵੀਰ ਸਮੇਤ ਇਤਲਾਹ ਪੁਲਸ ਚੌਕੀ ਵਿੱਚ ਦੇ ਦਿੱਤੀ।

ਦੂਜੇ ਪਾਸੇ ਜਾਂਚ ਕਰ ਰਹੇ ਪੁਲਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਸਥਾਨਕ ਪੁਲਸ ਤਫਤੀਸ਼ ਵਿੱਚ ਲੱਗੀ ਹੋਈ ਹੈ ਤੇ ਚਲਦੀ ਹੀ ਚੋਰਾਂ ਨੂੰ ਕਾਬੂ ਕਰ ਲਿਆ ਜਾਵੇਗਾ। ਮੰਡੀ ਕਾਲਾਂਵਾਲੀ ਨਿਵਾਸੀਆਂ ਵਿੱਚ ਅਜਿਹੀਆਂ ਘਟਨਾਵਾਂ ਦੇ ਚਲਦੇ ਸਹਿਮ ਦਾ ਮਾਹੌਲ ਹੈ।

## ਕਾਤਰਾਂ

### ਮੋਬਾਇਲ ਚੋਰੀ ਕਰਨ ਦੇ ਦੋਸ਼ 'ਚ ਇੱਕ ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਦੀ ਸਰਕਾਰੀ ਆਈਟੀਆਈ ਕਾਲਜ ਵਿਚ ਲੋਕ ਸਭਾ ਇਲੈਕਸ਼ਨ 2024 ਦੌਰਾਨ ਡਿਊਟੀ ਦੌਰਾਨ ਮੁਲਾਜ਼ਮ ਆਪਣੇ ਮੋਬਾਇਲ ਫੋਨ ਆਪਣੇ ਸਿਰਾਣੇ ਰੱਖ ਕੇ ਸੌਂ ਗਏ ਸੀ, ਜਦ ਉਨ੍ਹਾਂ ਨੇ ਸਵੇਰੇ ਉੱਠ ਕੇ ਵੇਖਿਆ ਤਾਂ ਉਨ੍ਹਾਂ ਦੇ ਤਿੰਨ ਫੋਨ ਚੋਰੀ ਹੋ ਗਏ ਸਨ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਇੱਕ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਹਰਦੀਪ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਪਿੰਡ ਕੇਰਾ ਖੇੜਾ ਥਾਣਾ ਸਦਰ ਅਬੋਹਰ ਜ਼ਿਲ੍ਹਾ ਫਾਜ਼ਿਲਕਾ ਨੇ ਦੱਸਿਆ ਕਿ ਉਹ ਪੰਜਾਬ ਰੋਡਵੇਜ਼ ਵਿਚ ਬਤੌਰ ਕੰਡਕਟਰ ਲੱਗਾ ਹੋਇਆ ਹੈ। ਉਸ ਦੀ ਤੇ ਉਸ ਦੇ ਸਾਥੀਆਂ ਦੀ ਡਿਊਟੀ ਲੋਕ ਸਭਾ ਇਲੈਕਸ਼ਨ 2024 ਸਰਕਾਰੀ ਆਈਟੀਆਈ ਕਾਲਜ ਲੜਕੀਆਂ ਫਿਰੋਜ਼ਪੁਰ ਵਿੱਚ ਲੱਗੀ ਸੀ। ਹਰਦੀਪ ਸਿੰਘ ਨੇ ਦੱਸਿਆ ਕਿ ਉਹ ਰੋਟੀ ਪਾਣੀ ਖਾ ਕੇ ਮੰਜਿਆਂ 'ਤੇ ਲੇਟ ਗਏ ਤੇ ਆਪੋ ਆਪਣੇ ਫੋਨ ਸਿਰਾਣੇ ਰੱਖ ਕੇ ਸੌਂ ਗਏ। ਜਦ ਸਵੇਰੇ ਉੱਠ ਕੇ ਵੇਖਿਆ ਤਾਂ ਉਸ ਦਾ ਤੇ ਉਸ ਦੇ ਹੋਰ ਸਾਥੀਆਂ ਦੇ ਮੋਬਾਇਲ ਫੋਨ ਨਹੀਂ ਸਨ। ਸੀਸੀਟੀਵੀ ਫੁਟੇਜ 'ਤੇ ਲੋਕਾਂ ਕੋਲੋਂ ਪੁੱਛ ਪੜਤਾਲ ਕਰਨ 'ਤੇ ਪਤਾ ਲੱਗਾ ਕਿ ਦੋਸ਼ੀ ਪਾਰਸ ਵਾਸੀ ਬਸਤੀ ਸ਼ੇਖਾਂ ਵਾਲੀ ਸਿਟੀ ਫਿਰੋਜ਼ਪੁਰ ਨੇ 3 ਮੋਬਾਇਲ ਫੋਨ ਚੋਰੀ ਕੀਤੇ ਹਨ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਅਯੂਬ ਮਸੀਹ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

### ਆਸ਼ੂ ਬੰਗੜ ਨੇ ਸਾਬਕਾ ਸੀ ਐੱਮ ਚੰਨੀ ਨਾਲ ਕੀਤੀ ਮੁਲਾਕਾਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਧਾਨ ਸਭਾ ਹਲਕਾ ਫਿਰੋਜ਼ਪੁਰ ਦਿਹਾਤੀ ਤੋਂ ਕਾਂਗਰਸ ਪਾਰਟੀ ਦੇ ਇੰਚਾਰਜ ਆਸ਼ੂ ਬੰਗੜ ਨੇ ਸਾਬਕਾ ਸੀ ਐੱਮ ਚਰਨਜੀਤ ਸਿੰਘ ਚੰਨੀ ਨਾਲ ਮੁਲਾਕਾਤ ਕਰਕੇ ਜਿੱਤ ਦੀਆਂ ਵਧਾਈਆਂ ਦਿੱਤੀਆਂ ਗਈਆਂ ਅਤੇ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਖੁਸ਼ੀ ਜ਼ਾਹਰ ਕਰਦਿਆਂ ਆਸ਼ੂ ਬੰਗੜ ਨੇ ਕਿਹਾ ਕਿ ਸਾਬਕਾ ਸੀ ਐੱਮ ਚਰਨਜੀਤ ਸਿੰਘ ਚੰਨੀ ਦੀ ਸਰਕਾਰ ਦੌਰਾਨ ਇਮਾਨਦਾਰੀ ਤੇ ਤਨਦੇਹੀ ਨਾਲ ਕੀਤੇ ਗਏ ਕੰਮਾਂ 'ਤੇ ਜਲੰਧਰ ਦੇ ਲੋਕਾਂ ਨੇ ਮੋਹਰ ਲਗਾਈ ਤੇ ਉਨ੍ਹਾਂ ਦੀ ਵੱਡੀ ਗਿਣਤੀ ਵਿੱਚ ਜਿੱਤ ਦਰਜ ਕੀਤੀ ਗਈ ਹੈ। ਇਸ ਮੌਕੇ ਆਸ਼ੂ ਬੰਗੜ ਨੇ ਆਪਣੇ ਰਿਸ਼ਤੇਦਾਰ ਸਾਬਕਾ ਸੀ ਐੱਮ ਤੇ ਮੈਂਬਰ ਆਫ ਪਾਰਲੀਮੈਂਟ ਜਲੰਧਰ ਚਰਨਜੀਤ ਸਿੰਘ ਚੰਨੀ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਤੇ ਵਧਾਈਆਂ ਦਿੱਤੀਆਂ।

### ਗੁਰਦੀਪ ਸਿੰਘ ਨੇ ਮੁੱਖ ਮੁਨਸ਼ੀ ਵਜੋਂ ਅਹੁਦਾ ਸੰਭਾਲਿਆ



**ਧਰਮਕੋਟ (ਗੁਰਦੀਪ ਸਿੰਘ ਭੁੱਲਰ)**-ਥਾਣਾ ਧਰਮਕੋਟ ਵਿੱਚ ਮੁਨਸ਼ੀ ਸੰਦੀਪ ਸ਼ਰਮਾ ਦੇ ਤਬਾਦਲੇ ਤੋਂ ਬਾਅਦ ਗੁਰਦੀਪ ਸਿੰਘ ਨੇ ਥਾਣਾ ਧਰਮਕੋਟ ਦਾ ਬਤੌਰ ਮੁੱਖ ਮੁਨਸ਼ੀ ਵਜੋਂ ਅਹੁਦਾ ਸੰਭਾਲਿਆ।ਇਸ ਮੌਕੇ ਉਨ੍ਹਾ ਕਿਹਾ ਕਿ ਥਾਣਾ ਧਰਮਕੋਟ ਅੰਦਰ ਆਉਣ ਵਾਲੇ ਹਰੇਕ ਵਿਅਕਤੀ ਤੇ ਮੋਹਤਬਰ ਦਾ ਪੂਰਾ ਮਾਣ-ਸਨਮਾਨ ਕੀਤਾ ਜਾਵੇਗਾ ਅਤੇ ਕਿਸੇ ਵੀ ਗਰੀਬ ਨਾਲ ਧੱਕੇਸ਼ਾਹੀ ਨਹੀਂ ਹੋਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਬਿਨਾਂ ਝਿਜਕ ਥਾਣਾ ਧਰਮਕੋਟ 'ਚ ਆ ਕੇ ਆਪਣੀ ਸ਼ਿਕਾਇਤ 'ਤੇ ਇਤਲਾਹ ਪੁਲਸ ਨੂੰ ਦੇ ਸਕਦਾ ਹੈ।ਉਨ੍ਹਾਂ ਕਿਹਾ ਕਿ ਐੱਸ.ਐੱਚ.ਓ. ਨਵਦੀਪ ਸਿੰਘ ਭੱਟੀ ਦੀ ਅਗਵਾਈ ਹੇਠ ਨਸ਼ਿਆਂ ਤੇ ਹੋਰ ਬੁਰੀਆਂ ਅਲਾਮਤਾਂ ਖਿਲਾਫ ਜ਼ੋਰਦਾਰ ਮੁਹਿੰਮ ਵਿੱਢੀ ਜਾਵੇਗੀ ਤੇ ਸਮਾਜ ਵਿਰੋਧੀ ਅਨਸਰਾਂ ਨੂੰ ਸਲਾਖਾਂ ਪਿੱਛੇ ਸੁੱਟਿਆ ਜਾਵੇਗਾ।ਉਨ੍ਹਾਂ ਕਿਹਾ ਕਿ ਉਹ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣਗੇ।

### ਪੁਨਰਜੋਤੀ ਆਈ-ਡੋਨੇਸ਼ਨ ਸੁਸਾਇਟੀ ਵੱਲੋਂ ਅੱਖਾਂ ਦਾ ਚੈੱਕਅਪ ਤੇ ਆਪ੍ਰੇਸ਼ਨ ਕੈਂਪ ਭਲਕੇ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-'ਨੇਤਰਦਾਨ ਮਹਾਦਾਨ' ਦੇ ਸੰਕਲਪ ਨੂੰ ਹੋਰ ਬੁਲੰਦੀਆਂ 'ਤੇ ਲਿਜਾਣ ਵਾਲੀ ਇਲਾਕੇ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਪੁਨਰਜੋਤੀ ਆਈ-ਡੋਨੇਸ਼ਨ ਸੁਸਾਇਟੀ ਰਾਮਪੁਰਾ ਫੂਲ ਵੱਲੋਂ ਸ੍ਰੀ ਮਹੰਤ ਰਾਮ ਨਰਾਇਣ ਗਿਰੀ ਜੀ, ਤ੍ਰਿਵੈਣੀ ਗਿਰੀ ਆਸ਼ਰਮ ਵਾਲੇ ਦੇ ਅਸ਼ੀਰਵਾਦ ਨਾਲ 112ਵਾਂ ਅੱਖਾਂ ਦਾ ਚੈੱਕਅਪ ਅਤੇ ਆਪ੍ਰੇਸ਼ਨ (ਲੈਂਜ) ਕੈਂਪ 23 ਜੂਨ ਐਤਵਾਰ ਨੂੰ ਸਵੇਰੇ 9 ਵਜੇ ਤੋਂ 1 ਵਜੇ ਤੱਕ, ਸਥਾਨ ਸੰਤ ਤ੍ਰਿਵੈਣੀ ਗਿਰੀ ਪੁਨਰਜੋਤੀ ਆਈ ਹਸਪਤਾਲ, ਬੱਸ ਸਟੈਂਡ ਰੋਡ, ਨੇੜੇ ਨਗਰ ਕੌਂਸਲ ਦਫਤਰ, ਰਾਮਪੁਰਾ ਫੂਲ ਵਿਖੇ ਲਗਾਇਆ ਜਾ ਰਿਹਾ ਹੈ।ਇਸ ਦੀ ਜਾਣਕਾਰੀ ਦਿੰਦਿਆ ਸੰਸਥਾ ਦੇ ਮੁੱਖ ਸੇਵਾਦਾਰ ਰਾਕੇਸ਼ ਤਾਇਲ ਨੇ ਦੱਸਿਆ ਕਿ ਇਸ ਕੈਂਪ ਵਿੱਚ ਅੱਖਾਂ ਦੇ ਆਪ੍ਰੇਸ਼ਨ (ਲੈਂਜ) ਤੇ ਦਵਾਈਆਂ ਬਿਲਕੁਲ ਮੁਫਤ ਦਿੱਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਕਰਾਉਣ ਵਾਲੇ ਮਰੀਜ਼ ਆਪਣਾ ਕਰੋਨਾ ਟੈਸਟ ਕਰਵਾ ਕੇ ਅਉਣ ਜਾਂ ਦੂਜੇ ਟੀਕੇ ਦਾ ਸਰਟੀਫਿਕੇਟ ਲੈ ਕੇ ਆਉਣ।ਮਰੀਜ਼ ਅਪਣਾ ਪਹਿਚਾਣ ਪੱਤਰ ਵੋਟਰ ਕਾਰਡ, ਡਰਾਈਵਿੰਗ ਲਾਇਸੈਂਸ ਵੀ ਜ਼ਰੂਰ ਲੈ ਕੇ ਆਉਣ।ਇਸ ਮੌਕੇ ਸੁਸਾਇਟੀ ਮੈਂਬਰ ਸ਼ੇਰ ਜੰਗ ਬੌਬੀ, ਵਿਜੈ ਕੁਮਾਰ, ਅਸ਼ਵਨੀ ਕੁਮਾਰ, ਫਕੀਰ ਚੰਦ, ਅਸ਼ੋਕ ਕੁਮਾਰ, ਸੰਜੀਵ ਕੁਮਾਰ, ਅਵਿਨਾਸ਼ ਕੁਮਾਰ, ਮਿਲਵਰਤਨ ਭੰਡਾਰੀ, ਗੁਲਸ਼ਨ ਕੁਮਾਰ, ਵਿਨੋਦ ਕੁਮਾਰ, ਪ੍ਰਸ਼ੋਤਮ ਕੁਮਾਰ ਬੌਬੀ, ਜਤਿੰਦਰ ਕੁਮਾਰ ਤੇ ਤਰਸੇਮ ਕੁਮਾਰ ਆਦਿ ਹਾਜ਼ਰ ਸਨ।

# ਦੋ ਮਹੀਨੇ ਤੋਂ ਤਨਖਾਹ ਨਾ ਮਿਲਣ ਕਰਕੇ ਚੌਥਾ ਦਰਜਾ ਮੁਲਾਜ਼ਮਾਂ ਵੱਲੋਂ ਰੋਸ ਰੈਲੀ



ਚੌਥਾ ਦਰਜਾ ਮੁਲਾਜ਼ਮਾਂ ਤੀਜੇ ਦਿਨ ਕੰਮਾਂ ਦਾ ਬਾਈਕਾਟ ਕਰਕੇ ਡਾਇਰੈਕਟਰ, ਪ੍ਰਿੰਸੀਪਲ ਸਰਕਾਰੀ ਮੈਡੀਕਲ ਕਾਲਜ ਦਫਤਰ ਅੱਗੇ ਰੋਸ ਭਰਪੂਰ ਰੈਲੀ ਕੀਤੀ ਤੇ ਮੰਗ ਕੀਤੀ ਕਿ ਮੈਡੀਕਲ ਕਾਲਜ ਤੇ ਰਜਿੰਦਰਾ ਹਸਪਤਾਲ ਦੇ ਕੱਚੇ ਮੁਲਾਜ਼ਮਾਂ ਨੂੰ ਅਪ੍ਰੈਲ ਤੇ ਮਈ ਮਹੀਨੇ ਦੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ, ਜੋ ਮੀਟਿੰਗਾਂ ਪਿਛਲੇ ਦਿਨਾਂ ਵਿੱਚ ਕੀਤੀਆਂ ਗਈਆਂ ਹਨ, ਉਨ੍ਹਾਂ ਵਿੱਚ ਸਵਿਕਾਰ ਕੀਤੀਆਂ ਮੰਗਾਂ ਨੂੰ ਲਾਗੂ ਕੀਤਾ ਜਾਵੇ।ਰੈਲੀ ਦੌਰਾਨ ਡਾਇਰੈਕਟਰ ਪ੍ਰਿੰਸੀਪਲ ਡਾ. ਰਾਜਨ ਸਿੰਗਲਾ ਨਾਲ ਗੱਲਬਾਤ ਵੀ ਕੀਤੀ ਗਈ।

**ਪਟਿਆਲਾ (ਨ ਜ਼ ਸ)**-ਸਰਕਾਰੀ ਤੇ ਅਰਧ-ਸਰਕਾਰੀ ਵਿਭਾਗਾਂ ਵਿਚਲੇ ਚੌਥਾ ਦਰਜਾ ਕਰਮਚਾਰੀਆਂ (ਕੱਚੇ ਤੇ ਪੱਕੇ) ਵੱਲੋਂ ਆਪ ਦੇ ਕੀਤੇ ਕੰਮਾਂ ਦੀਆਂ ਤਨਖਾਹਾਂ ਪ੍ਰਾਪਤੀ ਲਈ ਤੇ ਵਿਭਾਗੀ ਮੰਗਾਂ ਲਈ 01 ਮਈ ਤੋਂ 47-48 ਤਾਪਮਾਨ ਵਿੱਚ ਪੜਾਅਵਾਰ ਧਰਨੇ ਤੇ ਰੈਲੀਆਂ ਕੀਤੀਆਂ ਜਾ ਰਹੀਆਂ ਹਨ।ਖੋਜ ਮੈਡੀਕਲ ਤੇ ਸਿੱਖਿਆ ਵਿਭਾਗ ਪੰਜਾਬ ਨਾਲ ਸਬੰਧਤ ਸੰਸਥਾਵਾਂ ਸਰਕਾਰੀ ਮੈਡੀਕਲ ਕਾਲਜ ਤੇ ਆਯੂਰਵੈਦਿਕ ਕਾਲਜ, ਰਜਿੰਦਰਾ ਹਸਪਤਾਲ, ਆਯੂਰਵੈਦਿਕ ਹਸਪਤਾਲ ਤੇ ਫਾਰਮੇਸੀ ਦੇ ਤੀਜਾ ਤੇ ਚੌਥਾ ਦਰਜਾ ਕਰਮਚਾਰੀਆਂ, ਵੱਖ-ਵੱਖ ਵਰਗਾਂ ਦੇ ਕੱਚੇ ਕਰਮੀਆਂ ਨੂੰ ਤਨਖਾਹਾਂ ਨਸੀਬ ਨਾ ਹੋਣ 'ਤੇ ਰੈਲੀ ਦਾ ਸਿਲਸਿਲਾ ਲਗਾਤਾਰ ਜਾਰੀ ਹੈ।ਤਿੰਨ ਮੈਮੋਰੰਡਮ ਯਾਦ ਪੱਤਰ ਦੇ ਰੂਪ ਵਿੱਚ ਸਿਹਤ ਮੰਤਰੀ ਨੂੰ ਦਿੱਤੇ ਗਏ ਹਨ, ਪ੍ਰੰਤੂ ਇਨ੍ਹਾਂ ਵੱਲੋਂ ਨਾ ਤਾਂ ਯੂਨੀਅਨ ਨੂੰ ਸੁਣਿਆ ਗਿਆ ਤੇ ਨਾ ਹੀ ਇਨ੍ਹਾਂ ਦਾ ਕੋਈ ਨੋਟਿਸ ਲਿਆ ਗਿਆ ਹੈ, ਜਿਸ ਦਾ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ।ਇੱਥੇ ਕੱਚੇ ਤੇ ਪੱਕੇ

ਉਨ੍ਹਾਂ ਦੱਸਿਆ ਕਿ ਮੈਡੀਕਲ ਸੁਪਰਡੈਂਟ ਵੱਲੋਂ ਆਪਣੇ ਅਹੁਦੇ ਤੋਂ ਅਸਤੀਫਾ ਦੇਣ ਕਰਕੇ ਵਿੱਤੀ ਕੰਮਾਂ ਵਿੱਚ ਰੁਕਾਵਟਾਂ ਆਈਆਂ ਹਨ ਤੇ ਤਨਖਾਹਾਂ ਕੁੱਝ ਦਿਨਾਂ ਵਿੱਚ ਜਾਰੀ ਕਰ ਦਿੱਤੀਆਂ ਜਾਣਗੀਆਂ।ਮੁਲਾਜ਼ਮ ਆਗੂ ਦਰਸ਼ਨ ਸਿੰਘ ਲੁਬਾਣਾ, ਰਾਜੇਸ਼ ਗੋਲੂ, ਅਰੁਣ ਕੁਮਾਰ ਨੇ ਕਿਹਾ ਕਿ ਜੇਕਰ ਤਨਖਾਹਾਂ ਜਾਰੀ ਨਾ ਹੋਈਆਂ ਤਾਂ ਉਹ ਅਗਲਾ ਧਰਨਾ ਤੇ ਰੈਲੀ ਸਿਹਤ ਮੰਤਰੀ ਦੇ ਘਰ ਅੱਗੇ ਕਰਨ ਲਈ ਮਜਬੂਰ ਹੋਣਗੇ।ਇਸ ਮੌਕੇ ਸਵਰਨ ਸਿੰਘ ਬੰਗਾ, ਦੇਸ਼ ਰਾਜ, ਕਮਲਜੀਤ ਸਿੰਘ, ਅਜੈ ਸਿੱਪਾ, ਲਖਵੀਰ ਸਿੰਘ, ਵੇਦ ਪ੍ਰਕਾਸ਼, ਮੱਖਣ ਸਿੰਘ, ਪ੍ਰਕਾਸ਼ ਲੁਬਾਣਾ, ਅਨਿਲ ਪ੍ਰੇਮੀ, ਕਿਸ਼ੋਰ ਟੋਨੀ, ਜੀਤਾ, ਆਸ਼ੂ, ਗੀਤਾ ਆਦਿ ਹਾਜ਼ਰ ਸਨ।

# ਸਰਕਾਰ ਨੇ ਹਰਗੋਬਿੰਦ ਕੌਰ ਦੀਆਂ ਸੇਵਾਵਾਂ ਖਤਮ ਕਰਕੇ ਆਪਣੀ ਹਾਰ ਕਬੂਲੀ : ਹਨੀ ਫੱਤਣਵਾਲਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਅਧੀਨ ਪਿੰਡ ਚੱਕ ਕਾਲਾ ਸਿੰਘ ਵਾਲਾ ਦੇ ਆਂਗਣਵਾੜੀ ਸੈਂਟਰ ਵਿੱਚ ਬਤੌਰ ਆਂਗਣਵਾੜੀ ਵਰਕਰ 34 ਸਾਲ ਬੇਦਾਗ ਸੇਵਾਵਾਂ ਦੇਣ ਵਾਲੀ ਆਂਗਣਵਾੜੀ ਵਰਕਰ ਹਰਗੋਬਿੰਦ ਕੌਰ, ਜੋ ਆਂਗਣਵਾੜੀ ਇੰਪਲਾਈਜ਼ ਫੈਡਰੇਸ਼ਨ ਆਫ ਇੰਡੀਆ ਦੇ ਕੌਮੀ ਪ੍ਰਧਾਨ ਤੇ ਆਲ ਪੰਜਾਬ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੇ ਸੂਬਾ ਪ੍ਰਧਾਨ ਹਨ, ਨੂੰ ਸੰਬੰਧਤ ਮਹਿਕਮੇ ਵੱਲੋਂ ਉਨ੍ਹਾਂ ਦੀਆਂ ਸੇਵਾਵਾਂ ਖਤਮ ਕਰਨ ਦੀ ਚਿੱਠੀ ਭੇਜੀ ਗਈ ਹੈ। ਡਾਇਰੈਕਟਰ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਪੱਤਰ ਨੰਬਰ ਆਈ ਸੀ ਡੀ ਐੱਸ 2023/1996-2163 ਤਹਿਤ ਬਾਲ ਵਿਕਾਸ ਪ੍ਰੋਜੈਕਟ ਅਫਸਰ ਸ੍ਰੀ ਮੁਕਤਸਰ ਸਾਹਿਬ ਦੇ ਦਸਤਖਤਾਂ ਹੇਠ ਇਹ ਚਿੱਠੀ ਭੇਜੀ ਗਈ ਹੈ। ਮਹਿਕਮੇ ਵੱਲੋਂ ਦੋਸ਼ ਇਹ ਲਗਾਇਆ ਗਿਆ ਹੈ ਕਿ ਹਰਗੋਬਿੰਦ ਕੌਰ ਨੇ ਛੁੱਟੀਆਂ ਵੱਧ ਲਈਆਂ ਹਨ, ਜਿਸ ਕਰਕੇ ਆਂਗਣਵਾੜੀ ਸੈਂਟਰ ਦਾ ਕੰਮ ਪ੍ਰਭਾਵਿਤ ਹੋਇਆ ਹੈ। ਪੰਜਾਬ ਸਰਕਾਰ ਦੀ ਇਸ ਘਟੀਆ ਸੋਚ ਦੀ ਨਿਖੇਧੀ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਕਿਹਾ ਕਿ ਅਸਲ ਵਿੱਚ ਸਚਿਆਈ ਇਹ ਹੈ ਕਿ ਪੰਜਾਬ ਸਰਕਾਰ ਬੇਹੱਦ ਬੁਖਲਾਹਟ ਵਿੱਚ ਆਈ ਹੋਈ ਹੈ, ਕਿਉਂਕਿ ਹਰਗੋਬਿੰਦ ਕੌਰ ਨੂੰ ਸ਼੍ਰੋਮਣੀ ਅਕਾਲੀ ਦਲ ਵੱਲੋਂ ਇਸਤਰੀ ਅਕਾਲੀ ਦਲ ਦੇ ਕੌਮੀ ਪ੍ਰਧਾਨ ਬਣਾ ਦਿੱਤਾ ਗਿਆ ਸੀ। ਪਹਿਲਾਂ ਉਹ ਦੇਸ਼ ਭਰ ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਮੁੱਦੇ ਤੇ ਉਨ੍ਹਾਂ ਦੇ ਹੱਕਾਂ ਦੀ ਗੱਲ ਕਰਦੇ ਸਨ ਤੇ ਅਕਾਲੀ ਦਲ ਵਿੱਚ ਆਉਣ ਨਾਲ ਉਨ੍ਹਾਂ ਨਾਲ ਕਰੋੜਾਂ ਔਰਤਾਂ ਹੋਰ ਵੀ ਜੁੜ ਗਈਆਂ ਹਨ। ਹਨੀ ਫੱਤਣਵਾਲਾ ਨੇ ਕਿਹਾ ਕਿ ਹਰਗੋਬਿੰਦ ਕੌਰ ਨੇ ਜਿੱਥੇ ਪੰਜਾਬ ਸਰਕਾਰ ਖਿਲਾਫ ਔਰਤਾਂ ਨੂੰ ਹਜ਼ਾਰ ਹਜ਼ਾਰ ਰੁਪਏ ਨਾ ਦੇਣ ਦਾ ਮੁੱਦਾ ਚੁੱਕਿਆ, ਉਥੇ ਹੀ ਆਟੇ ਦਾਲ ਵਾਲੇ 11 ਲੱਖ ਰਾਸ਼ਨ ਕਾਰਡਾਂ ਤੇ ਗਰੀਬ ਲੋਕਾਂ ਨੂੰ ਬਿਜਲੀ ਦੇ ਵੱਧ ਆ ਰਹੇ ਬਿੱਲਾਂ ਦਾ ਮਾਮਲਾ ਉਠਾ ਕੇ ਸਰਕਾਰ ਨੂੰ ਘੇਰਿਆ। ਇਸ ਤੋਂ ਇਲਾਵਾ ਉਹ ਔਰਤ ਤੇ ਬਾਲ ਭਲਾਈ ਸੰਸਥਾ ਪੰਜਾਬ ਦੇ ਚੇਅਰਪਰਸਨ ਵੀ ਹਨ ਤੇ ਪੀੜਤ ਔਰਤਾਂ ਨੂੰ ਨਿਆ ਦਿਵਾਉਣ ਲਈ ਉਨ੍ਹਾਂ ਦੇ ਨਾਲ ਸਰਕਾਰ ਤੇ ਪ੍ਰਸ਼ਾਸਨ ਨਾਲ ਲੜਾਈ ਲੜਦੇ ਹਨ। ਇਸੇ ਕਰਕੇ ਸਰਕਾਰ ਉਨ੍ਹਾਂ ਖਿਲਾਫ ਹੋ ਗਈ ਤੇ ਪਿਛਲੇ ਕਈ ਮਹੀਨਿਆਂ ਤੋਂ ਉਨ੍ਹਾਂ ਖਿਲਾਫ ਨੌਕਰੀ ਤੋਂ ਕੱਢਣ ਲਈ ਸਾਜ਼ਿਸ਼ਾਂ ਰਚੀਆਂ ਜਾ ਰਹੀਆਂ ਸਨ। ਹਨੀ ਫੱਤਣਵਾਲਾ ਨੇ ਕਿਹਾ ਕਿ ਬੇਬੁਨਿਆਦ ਇਲਜ਼ਾਮ ਲਾ ਕੇ ਹਰਗੋਬਿੰਦ ਕੌਰ ਦੀਆਂ ਸੇਵਾਵਾਂ ਖਤਮ ਕੀਤੀਆਂ ਗਈਆਂ ਹਨ, ਜਿਨ੍ਹਾਂ ਦਾ ਉਹ ਜ਼ੋਰਦਾਰ ਵਿਰੋਧ ਕਰਦੇ ਹਨ।

# ਅਬੋਹਰ-ਬੱਲੂਆਣਾ ਹਲਕਿਆਂ ਦੇ 122 ਪਿੰਡਾਂ ਨੂੰ ਮਿਲੇਗਾ ਪੀਣ ਲਈ ਸਾਫ ਪਾਣੀ : ਡਾ. ਸੇਨੂ ਦੁੱਗਲ

### 578 ਕਰੋੜ ਦੀ ਲਾਗਤ ਨਾਲ ਪੱਤਰੇਵਾਲਾ 'ਚ ਬਣ ਰਹੀ ਹੈ ਨਹਿਰੀ ਪਾਣੀ ਅਧਾਰਤ ਬਹੁਪੱਖੀ ਜਲ ਸਪਲਾਈ ਸਕੀਮ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਸਾਫ ਨਹਿਰੀ ਪੀਣ ਦੇ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਲਈ ਅਬੋਹਰ ਤੇ ਬੱਲੂਆਣਾ ਵਿਧਾਨ ਸਭਾ ਹਲਕਿਆਂ ਨਾਲ ਸਬੰਧਤ 122 ਪਿੰਡਾਂ ਤੇ 15 ਢਾਣੀਆਂ ਵਿੱਚ ਸਾਫ ਪੀਣ ਦਾ ਪਾਣੀ ਮੁਹੱਈਆ ਕਰਵਾਉਣ ਲਈ ਪਿੰਡ ਪੱਤਰੇਵਾਲਾ ਵਿੱਚ ਨਹਿਰੀ ਪਾਣੀ ਅਧਾਰਤ ਬਹੁਪੱਖੀ ਜਲ ਸਪਲਾਈ ਸਕੀਮ ਤਿਆਰ ਕੀਤੀ ਜਾ ਰਹੀ ਹੈ।ਇਹ 578.28 ਕਰੋੜ ਰੁਪਏ ਦਾ ਪ੍ਰੋਜੈਕਟ ਹੈ, ਜਿਸ ਦਾ ਨੀਂਹ ਪੱਥਰ ਮੁੱਖ ਮੰਤਰੀ ਸ੍ਰ: ਭਗਵੰਤ ਸਿੰਘ ਮਾਨ ਨੇ ਖੁਦ ਰੱਖਿਆ ਸੀ।ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ ਨੇ ਇਸ ਪ੍ਰੋਜੈਕਟ ਦਾ ਦੌਰਾ ਕਰਕੇ ਇਸ ਦਾ ਜਾਇਜ਼ਾ ਲਿਆ।

ਇਸ ਮੌਕੇ ਡਿਪਟੀ ਕਮਿਸ਼ਨਰ ਡਾ: ਸੇਨੂ ਦੁੱਗਲ ਨੇ ਦੱਸਿਆ ਕਿ ਇਸ ਇਲਾਕੇ ਵਿੱਚ ਧਰਤੀ ਹੇਠਲੇ ਪਾਣੀ ਦੀ ਕੁਆਲਿਟੀ ਪੀਣ ਦੇ ਯੋਗ ਨਹੀਂ ਸੀ ਤੇ ਇਸ ਵਿੱਚ ਭਾਰੀ ਧਾਤਾਂ ਦੀ ਮਿਲਾਵਟ ਹੋਣ ਕਾਰਨ ਇਸ ਪਾਣੀ ਨੂੰ ਪੀਣ ਨਾਲ ਲੋਕ ਬਿਮਾਰੀਆਂ ਦਾ ਸ਼ਿਕਾਰ ਹੁੰਦੇ ਸਨ।ਇਸ ਲਈ ਸਰਕਾਰ ਨੇ ਇਸ ਸਮੱਸਿਆ ਦੇ ਸਥਾਈ ਹੱਲ ਲਈ ਨਹਿਰੀ ਪਾਣੀ ਅਧਾਰਤ ਇਹ ਮੈਗਾ ਵਾਟਰ ਵਰਕਸ ਤਿਆਰ ਕਰਨ ਦਾ ਪ੍ਰੋਜੈਕਟ ਆਰੰਭ ਕੀਤਾ ਸੀ।ਇਸ ਪ੍ਰੋਜੈਕਟ ਤੋਂ ਅਬੋਹਰ, ਖੂਈਆਂ ਸਰਵਰ, ਅਰਨੀਵਾਲਾ ਤੇ ਫਾਜ਼ਿਲਕਾ ਬਲਾਕਾਂ ਦੇ 122 ਪਿੰਡਾਂ ਤੇ 15 ਢਾਣੀਆਂ ਨੂੰ ਪਾਣੀ ਦੀ ਸਪਲਾਈ ਦਿੱਤੀ ਜਾਵੇਗੀ।ਇਸ ਤੋਂ ਹਾਲ ਦੀ ਘੜੀ 79,190 ਪਰਵਾਰਾਂ ਦੇ 4,75,144 ਲੋਕਾਂ ਨੂੰ ਪੀਣ ਦੇ ਪਾਣੀ ਦੀ ਸਪਲਾਈ ਦਿੱਤੀ ਜਾਵੇਗੀ, ਪਰ ਇਹ ਪ੍ਰੋਜੈਕਟ 2054 ਵਿੱਚ ਇਸ ਇਲਾਕੇ ਦੀ ਅਨੁਮਾਨਤ ਆਬਾਦੀ 6 ਲੱਖ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤਾ ਜਾ ਰਿਹਾ ਹੈ।ਇਸ ਵਿੱਚ ਪੀਣ ਦੀ ਸਪਲਾਈ ਲਈ ਪਾਣੀ ਗੰਗ ਕੈਨਾਲ ਤੋਂ ਲਿਆ ਜਾਵੇਗਾ ਤੇ ਇਸ ਦੀ ਸਮਰੱਥਾ 68 ਐੱਮ ਐੱਲ ਡੀ ਹੈ।ਪੱਤਰੇਵਾਲਾ ਦੇ ਇਸ ਪਲਾਂਟ ਦਾ ਨਿਰਮਾਣ ਲਾਰਸਨ ਐਂਡ ਟਰਬੋ ਕੰਪਨੀ ਵੱਲੋਂ ਕੀਤਾ ਜਾ ਰਿਹਾ ਹੈ।ਇੱਥੇ ਪਾਣੀ ਨੂੰ ਸਾਫ ਕਰਕੇ ਅੱਗੋਂ ਪੂਰੇ ਇਲਾਕੇ ਦੇ ਪਿੰਡਾਂ ਤੱਕ ਪਾਈਪਾਂ ਰਾਹੀਂ ਸਪਲਾਈ ਕੀਤਾ ਜਾਵੇਗਾ।ਇਸ ਪ੍ਰੋਜੈਕਟ ਦੇ 31 ਮਾਰਚ 2025 ਤੱਕ ਪੂਰਨ ਮੁਕੰਮਲ ਹੋਣ ਦੀ ਆਸ ਹੈ।ਹਾਲ ਦੀ ਘੜੀ ਵਾਟਰ ਟਰੀਟਮੈਂਟ ਪਲਾਂਟ ਦਾ 70 ਫੀਸਦੀ ਤੋਂ ਜ਼ਿਆਦਾ ਕੰਮ ਮੁਕੰਮਲ ਹੋ ਚੁੱਕਾ ਹੈ, ਜਦੋਂਕਿ ਇਥੋਂ 439 ਕਿਲੋਮੀਟਰ ਲੰਬੀ ਪਾਈਪ ਵੱਖ-ਵੱਖ ਪਿੰਡਾਂ ਤੱਕ ਪਵੇਗੀ, ਜਿਸ ਵਿੱਚੋਂ 278 ਕਿਲੋਮੀਟਰ ਪਾਈਪ ਪਾਈ ਜਾ ਚੁੱਕੀ ਹੈ।ਇਸ ਤੋਂ ਬਿਨਾਂ 21 ਨੰਬਰ ਪਾਣੀ ਦੀਆਂ ਨਵੀਆਂ ਟੈਂਕੀਆਂ ਵੀ ਵੱਖ-ਵੱਖ ਪਿੰਡਾਂ 'ਚ ਬਣਾਈਆਂ ਜਾਣਗੀਆਂ, ਜਦੋਂਕਿ ਪਿੰਡਾਂ ਅੰਦਰ ਜੋ ਪਾਈਪਲਾਈਨ ਪੈਣੀ ਹੈ, ਉਸ ਦੀ ਲੰਬਾਈ 700 ਕਿਲੋਮੀਟਰ ਹੈ।ਇਸ ਮੌਕੇ ਕਾਰਜਕਾਰੀ ਇੰਜਨੀਅਰ ਅੰਮ੍ਰਿਤ ਦੀਪ ਸਿੰਘ ਭੱਠਲ ਨੇ ਦੱਸਿਆ ਕਿ ਇਸ ਪ੍ਰੋਜੈਕਟ ਦੇ ਬਨਣ ਨਾਲ ਲੋਕਾਂ ਨੂੰ ਸਾਫ ਪੀਣ ਦਾ ਪਾਣੀ ਮੁਹੱਈਆ ਹੋਵੇਗਾ, ਜੋ ਹਰ ਪ੍ਰਕਾਰ ਦੇ ਖਤਰਨਾਕ ਤੱਤਾਂ ਤੋਂ ਮੁਕਤ ਹੋਵੇਗਾ ਅਤੇ ਇੱਕ ਸਿਹਤਯਾਬ ਪੰਜਾਬ ਦੀ ਸਿਰਜਣਾ ਵਿੱਚ ਇਹ ਪ੍ਰੋਜੈਕਟ ਮੀਲ ਦਾ ਪੱਥਰ ਸਾਬਿਤ ਹੋਵੇਗਾ।ਇਸ ਮੌਕੇ ਐੱਸਡੀਓ ਰਤਨਜੋਤ ਸਿੰਘ, ਪ੍ਰੋਜੈਕਟ ਇੰਚਾਰਜ ਅਨਿਲ ਕੁਮਾਰ ਤੇ ਸੌਰਭ ਭੱਟ ਵੀ ਹਾਜ਼ਰ ਸਨ।

# ਬਾਲ ਮਜ਼ਦੂਰੀ ਰੋਕਣ ਲਈ ਟਾਸਕ ਫੋਰਸ ਵੱਲੋਂ ਵੱਖ-ਵੱਖ ਥਾਵਾਂ 'ਤੇ ਚੈਕਿੰਗ



**ਮਾਨਸਾ (ਆਤਮਾ ਸਿੰਘ ਪਮਾਰ)** ਡਿਪਟੀ ਕਮਿਸ਼ਨਰ ਸ੍ਰੀ ਪਰਮਵੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਬਾਲ ਮਜ਼ਦੂਰੀ ਨੂੰ ਰੋਕਣ ਤੇ ਬੱਚਿਆਂ ਦੇ ਮੁੜ ਵਸੇਬੇ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਮਾਨਸਾ ਵਿਖੇ ਚੱਲ ਰਹੀ ਵਿਸ਼ੇਸ਼ ਮੁਹਿੰਮ ਤਹਿਤ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਵੱਲੋਂ ਵੱਖ-ਵੱਖ ਥਾਵਾਂ 'ਤੇ ਚੈਕਿੰਗ ਕੀਤੀ ਗਈ।ਟੀਮ ਵਿੱਚ ਸ਼ਾਮਲ ਲੇਬਰ ਇੰਸਪੈਕਟਰ ਪਰਦੀਪ ਗੁਲਾਟੀ ਨੇ ਦੱਸਿਆ ਕਿ ਇਸ ਮੁਹਿੰਮ ਨੂੰ ਪ੍ਰਭਾਵ ਤੇ ਯਕੀਨੀ ਬਣਾਉਂਦਿਆਂ ਬੱਚਿਆਂ ਦੇ ਅਧਿਕਾਰਾਂ ਦੀ ਰਾਖੀ ਲਈ ਸਾਰੇ ਛੋਟੇ ਤੇ ਵੱਡੇ ਵਪਾਰਕ ਅਦਾਰਿਆਂ ਜਿਵੇਂ ਫੈਕਟਰੀਆਂ, ਢਾਬਿਆਂ, ਉਦਯੋਗਾਂ, ਹੋਟਲਾਂ, ਦੁਕਾਨਾਂ, ਭੱਠਿਆਂ, ਉਸਾਰੀ ਸਥਾਨਾਂ ਆਦਿ ਵਿਖੇ ਅਚਨਚੇਤ ਛਾਪਾਮਾਰੀ ਕਰਕੇ ਬਾਲ ਮਜ਼ਦੂਰੀ ਅਪਰਾਧ ਨੂੰ ਰੋਕਣ ਲਈ ਟੀਮਾਂ ਸਰਗਰਮ ਹਨ।

ਜ਼ਿਲ੍ਹਾ ਬਾਲ ਸੁਰੱਖਿਆ ਦਫ਼ਤਰ ਤੋਂ ਕਾਊਂਸਲਰ, ਰਜਿੰਦਰ ਵਰਮਾ ਨੇ ਦੱਸਿਆ ਕਿ ਚੌਕਸੀ ਟੀਮ ਵੱਲੋਂ ਸ਼ਹਿਰ ਮਾਨਸਾ ਦੇ ਵੱਖ-ਵੱਖ ਬਜ਼ਾਰਾਂ ਤੇ ਦੁਕਾਨਾਂ 'ਤੇ 18 ਸਾਲ ਤੋਂ ਘੱਟ ਉਮਰ ਵਾਲੇ ਕੰਮ ਕਰ ਰਹੇ ਬਾਲ ਤੇ ਕਿਸ਼ੋਰ ਬੱਚਿਆਂ ਦੀ ਭਾਲ ਕਰਨ ਲਈ ਚੈਕਿੰਗ ਕੀਤੀ ਗਈ ਅਤੇ ਸਬੰਧਤ ਦੁਕਾਨਦਾਰਾਂ ਕੋਲ ਉਪਲਬਧ ਆਧਾਰ ਕਾਰਡ ਵਾਚਦਿਆਂ ਉਮਰ ਦੀ ਪੜਤਾਲ ਕੀਤੀ ਗਈ।ਇਸ ਤੋਂ ਇਲਾਵਾ ਸ਼ਹਿਰ ਤੋਂ ਬਾਹਰ ਵੱਖ-ਵੱਖ ਹੋਟਲਾਂ, ਰੈਸਟੋਰੈਂਟਾਂ ਦੀ ਵੀ ਚੈਕਿੰਗ ਕੀਤੀ ਗਈ।

ਇਸ ਦੌਰਾਨ ਬਜ਼ਾਰਾਂ ਵਿੱਚ ਲੇਬਰ ਇੰਸਪੈਕਟਰ ਪਰਦੀਪ ਗੁਲਾਟੀ ਨੇ ਹਦਾਇਤ ਕੀਤੀ ਕਿ ਜੇਕਰ ਕੋਈ ਵੀ ਵਪਾਰੀ ਜਾਂ ਦੁਕਾਨਦਾਰ ਬਾਲ ਮਜ਼ਦੂਰੀ ਕਰਵਾਉਂਦਾ ਪਾਇਆ ਜਾਂਦਾ ਹੈ ਤਾਂ ਉਸ ਵਿਰੁੱਧ ਦੀ ਚਾਈਲਡ ਐਂਡ ਅਡੋਲਸੈਂਟ ਲੇਬਰ (ਪ੍ਰੋਹੀਬਿਸ਼ਨ ਐਂਡ ਰੈਗੂਲੇਸ਼ਨ) ਐਕਟ 1986 ਤੇ ਜੁਵੇਨਾਈਲ ਜਸਟਿਸ ਐਕਟ 2015 ਤਹਿਤ ਬਣਦੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।ਚੈਕਿੰਗ ਟੀਮ ਵਿੱਚ ਪੁਲਸ ਵਿਭਾਗ ਤੋਂ ਬਲਜੀਤ ਸਿੰਘ, ਸਿੱਖਿਆ ਵਿਭਾਗ ਤੋਂ ਤਰਸੇਮ ਸਿੰਘ ਤੇ ਹੋਰ ਟੀਮ ਮੈਂਬਰ ਹਾਜ਼ਰ ਸਨ।

# ਪਾਰਟੀ ਹਿੱਤਾਂ ਪ੍ਰਤੀ ਸੁਖਬੀਰ ਬਾਦਲ ਦੀ ਅਗਵਾਈ ਜ਼ਰੂਰੀ : ਬਿੱਟੂ

### ਫਿਰਕੂ ਧਰੁਵੀਕਰਨ ਕਰ ਕੇ ਸੂਬੇ ਦੀ ਅਮਨ ਸ਼ਾਂਤੀ ਖਤਰੇ 'ਚ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜਿੱਤ ਹਾਰ ਤਾਂ ਜੰਗ ਦਾ ਅਹਿਮ ਹਿੱਸਾ ਹੈ, ਪਰ ਇਸ ਦਾ ਮਤਲਬ ਇਹ ਨਹੀਂ ਕਿ ਤੁਸੀਂ ਆਪਣੇ ਜਰਨੈਲ ਨੂੰ ਦੋਸ਼ ਦੇ ਕੇ ਦਰ ਕਿਨਾਰ ਹੋ ਜਾਓ, ਬਲਕਿ ਇਹੋ ਜਿਹੇ ਵੇਲੇ ਆਪਣੇ ਜਰਨੈਲ ਨਾਲ ਖੜਨਾ ਚਾਹੀਦਾ ਹੈ। ਮੌਜੂਦਾ ਸਿਆਸੀ ਹਾਲਾਤਾਂ ਬਾਰੇ ਵਿਚਾਰ ਚਰਚਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਮਨਜਿੰਦਰ ਸਿੰਘ ਬਿੱਟੂ ਵੱਲੋਂ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਨੂੰ ਪਾਰਟੀ ਦੇ ਹਿੱਤਾਂ ਲਈ ਯੋਗ ਕਰਾਰ ਮੰਨਦਿਆਂ ਪਾਰਟੀ ਪ੍ਰਧਾਨ ਪ੍ਰਤੀ ਪੂਰਨ 'ਤੇ ਭਰੋਸਾ ਪ੍ਰਗਟ ਕੀਤਾ ਗਿਆ। ਉਨ੍ਹਾਂ ਦੇਸ਼ ਵਿੱਚ ਵਧ ਰਹੇ ਫਿਰਕੂ ਧਰੁਵੀਕਰਨ ਬਾਰੇ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਘਿਰਣਾਯੋਗ ਤੇ ਨਿਰੰਤਰ ਫਿਰਕੂ ਭਾਵਨਾਵਾਂ ਭੜਕਾਉਣ ਵਾਲੀਆਂ ਹਿੰਸਕ ਘਟਨਾਵਾਂ ਦੀ ਇਹ ਸਿਆਸਤ ਪੰਜਾਬ ਨੂੰ ਆਪਣੀ ਲਪੇਟ ਵਿੱਚ ਲੈ ਕੇ ਸੂਬੇ ਦੀ ਅਮਨ-ਸ਼ਾਂਤੀ ਤੇ ਭਾਈਚਾਰਕ ਸਾਂਝ ਨੂੰ ਖਤਰੇ ਵਿੱਚ ਪਾ ਰਹੀ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਪਾਰਟੀ ਪ੍ਰਧਾਨ ਦੀ ਸੁਹਿਰਦ ਸੋਚ ਸਦਕਾ ਹੀ ਸ਼੍ਰੋਮਣੀ ਅਕਾਲੀ ਦਲ ਇੱਕ ਖੇਤਰੀ ਤੇ ਪੰਥਕ ਪਾਰਟੀ ਦੀ ਸੋਚ ਨੂੰ ਲੋਕਾਂ ਵਿੱਚ ਮਜ਼ਬੂਤ ਕਰਨ ਵਾਸਤੇ ਕੰਮ ਰਹੀ ਹੈ ਤੇ ਸਮੁੱਚਾ ਅਕਾਲੀ ਦਲ ਰਾਜਾਂ ਲਈ ਵਧੇਰੇ ਵਿੱਤੀ ਖੁਦਮੁਖਤਿਆਰੀ ਪ੍ਰਤੀ ਹਰ ਪਹਿਲਕਦਮੀਂ ਦੀ ਡੱਟਵੀਂ ਹਮਾਇਤ ਕਰਦਾ ਰਹੇਗਾ। ਇਸ ਦੌਰਾਨ ਹਾਜ਼ਰ ਪਾਰਟੀ ਦੇ ਜਰਨਲ ਕੌਂਸਲ ਮੈਂਬਰ ਜਗਵੰਤ ਸਿੰਘ ਲੰਬੀ ਢਾਬ, ਹਰਪਾਲ ਸਿੰਘ ਬਰਾੜ ਸਰਕਲ ਪ੍ਰਧਾਨ ਥਾਂਦੇਵਾਲਾ (ਦਿਹਾਤੀ) ਤੇ ਗੁਰਵਿੰਦਰ ਸਿੰਘ ਬਾਜਾ ਮਰਾੜ੍ਹ ਜ਼ਿਲ੍ਹਾ ਮੀਤ ਪ੍ਰਧਾਨ ਨੇ ਪਾਰਟੀ ਪ੍ਰਧਾਨ ਪ੍ਰਤੀ ਆਪਣੀ ਹਮਾਇਤ ਪੇਸ਼ ਕਰਦਿਆਂ ਕਿਹਾ ਕਿ ਭਵਿੱਖ ਵਿੱਚ ਪਾਰਟੀ ਦੇ ਏਜੰਡੇ ਤੇ ਸਮੁੱਚੀ ਰਣਨੀਤੀ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿੱਚ ਹੀ ਤੈਅ ਕੀਤੀ ਜਾਣੀ ਚਾਹੀਦੀ ਹੈ। ਇਸ ਮੌਕੇ ਰਮੀਜ ਰਿੰਪਾ ਖਾਨ ਸੀਨੀਅਰ ਅਕਾਲੀ ਆਗੂ, ਬੇਅੰਤ ਸਿੰਘ ਬਿੰਨੀ ਮਨੇਸ਼ ਯੂਥ ਆਗੂ, ਗੁਰਭੇਜ ਸਿੰਘ ਬਾਜਾ ਮਰਾੜ੍ਹ ਯੂਥ ਆਗੂ, ਗੁਰਵੰਤ ਸਿੰਘ ਬਾਜਾ ਮਰਾੜ੍ਹ, ਜਸਪਾਲ ਸਿੰਘ ਪੀਏ ਆਦਿ ਹਾਜ਼ਰ ਸਨ।

# ਨਸ਼ਾ ਤਸਕਰ ਦੇ ਘਰ 'ਤੇ ਪੁਲਸ ਨੇ ਚਲਾਇਆ ਬੁਲਡੋਜ਼ਰ

### ਜ਼ਿਲ੍ਹੇ 'ਚ ਹੋਰ ਨਸ਼ਾ ਤਸਕਰ ਪੁਲਸ ਦੀ ਰਡਾਰ 'ਤੇ : ਐੱਸ ਪੀ



**ਸਿਰਸਾ (ਜਗਤਾਰ ਸਮਾਲਸਰ)**-ਜ਼ਿਲ੍ਹਾ ਪੁਲਸ ਵੱਲੋਂ ਨਸ਼ਾ ਤਸਕਰਾਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਅੱਜ ਪੁਲਸ ਪ੍ਰਸ਼ਾਸਨ ਵੱਲੋਂ ਏਲਨਾਬਾਦ ਦੇ ਪਿੰਡ ਖਾਰੀ ਸੁਰੇਰਾ ਵਾਸੀ ਨਸ਼ਾ ਤਸਕਰ ਸੁਖਦੇਵ ਸਿੰਘ ਉਰਫ਼ ਸੁੱਖਾ ਵੱਲੋਂ ਪੰਚਾਇਤੀ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕਰਕੇ ਬਣਾਏ ਗਏ ਮਕਾਨ ਨੂੰ ਬੁਲਡੋਜ਼ਰ ਚਲਾ ਕੇ ਢਾਹ ਦਿੱਤਾ ਗਿਆ।ਜ਼ਿਲ੍ਹਾ ਪੁਲਸ ਕਪਤਾਨ ਵਿਕਰਾਂਤ ਭੂਸ਼ਣ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਵੱਲੋਂ ਸਥਾਨਕ ਪ੍ਰਸ਼ਾਸਨ ਦੇ ਸਹਿਯੋਗ ਨਾਲ ਨਸ਼ਾ ਤਸਕਰਾਂ ਤੇ ਸ਼ਿਕੰਜਾ ਕੱਸਣ ਲਈ ਇਹ ਕਾਰਵਾਈ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਉਕਤ ਨਸ਼ਾ ਤਸਕਰ ਸੁਖਦੇਵ ਸਿੰਘ ਵਾਸੀ ਪਿੰਡ ਖਾਰੀ ਸੁਰੇਰਾ ਖਿਲਾਫ ਥਾਣਾ ਏਲਨਾਬਾਦ ਵਿੱਚ ਕੁੱਲ 18 ਮੁਕੱਦਮੇ ਦਰਜ ਹਨ, ਜਿਨ੍ਹਾਂ ਵਿੱਚੋਂ 5 ਮੁਕੱਦਮੇ ਨਸ਼ੀਲੇ ਪਦਾਰਥ ਐਕਟ ਤਹਿਤ ਹਨ, ਜਦਕਿ 13 ਮਾਮਲੇ ਆਬਕਾਰੀ ਐਕਟ ਤਹਿਤ ਦਰਜ ਹਨ।ਨਸ਼ਾ ਤਸਕਰ ਸੁਖਦੇਵ ਸਿੰਘ ਉਰਫ਼ ਸੁੱਖਾ ਇਸ ਸਮੇਂ ਪਿਟ ਐਨਡੀਪੀਐਸ ਐਕਟ ਦੇ ਕੇਸ ਵਿੱਚ ਜੇਲ੍ਹ ਵਿੱਚ ਹੈ।ਐੱਸ ਪੀ ਵਿਕਰਾਂਤ ਭੂਸ਼ਣ ਨੇ ਦੱਸਿਆ ਕਿ ਇਹ ਕਾਰਵਾਈ ਡੀਐੱਸਪੀ ਏਲਨਾਬਾਦ ਸੰਜੀਵ ਬਲਹਾਰਾ, ਡਿਊਟੀ ਮੈਜਿਸਟਰੇਟ ਤਹਿਸੀਲਦਾਰ ਅਮਿਤ ਸਹੂ, ਬੀਡੀਪੀਓ ਰੋਸ਼ਨ ਲਾਲ ਤੇ ਥਾਣਾ ਇੰਚਾਰਜ ਏਲਨਾਬਾਦ ਸੰਦੀਪ ਕੁਮਾਰ ਦੀ ਅਗਵਾਈ ਵਿੱਚ ਭਾਰੀ ਪੁਲਸ ਫੋਰਸ ਦੀ ਮੌਜੂਦਗੀ ਵਿੱਚ ਕੀਤੀ ਗਈ ਹੈ। ਸੁਰੱਖਿਆ ਦੇ ਨਜ਼ਰੀਏ ਤੋਂ ਇਸ ਕਾਰਵਾਈ ਵਿੱਚ ਏਲਨਾਬਾਦ, ਰਾਣੀਆਂ ਤੇ ਪੁਲਸ ਲਾਈਨ ਸਿਰਸਾ ਤੋਂ ਪੁਲਸ ਮੁਲਾਜ਼ਮ ਤੇ ਮਹਿਲਾ ਪੁਲਸ ਟੀਮ ਸ਼ਾਮਲ ਸੀ।ਨਸ਼ਾ ਤਸਕਰ ਸੁਖਦੇਵ ਸਿੰਘ ਉਰਫ਼ ਸੁੱਖਾ ਨੇ ਕਰੀਬ 250 ਗਜ਼ ਪੰਚਾਇਤੀ ਜ਼ਮੀਨ 'ਤੇ ਨਾਜਾਇਜ਼ ਕਬਜ਼ਾ ਕਰਕੇ ਮਕਾਨ ਬਣਾਏ ਹੋਏ ਸਨ, ਜਿਨ੍ਹਾਂ ਨੂੰ ਸਥਾਨਕ ਪ੍ਰਸ਼ਾਸਨ ਦੀ ਮੱਦਦ ਨਾਲ ਜੇਬੀਸੀ ਮਸ਼ੀਨ ਨਾਲ ਢਾਹ ਦਿੱਤਾ ਗਿਆ।ਐੱਸ ਪੀ ਵਿਕਰਾਂਤ ਭੂਸ਼ਣ ਨੇ ਕਿਹਾ ਕਿ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਤੇ ਉਨ੍ਹਾਂ ਨੂੰ ਬਚਾਉਣ ਵਾਲਿਆਂ ਖ਼ਿਲਾਫ਼ ਪੁਲਸ ਸਖ਼ਤ ਕਾਰਵਾਈ ਕਰ ਰਹੀ ਹੈ।ਉਨ੍ਹਾਂ ਵੱਲੋਂ ਜ਼ਿਲ੍ਹੇ ਦੇ ਸਮੂਹ ਥਾਣਾ ਇੰਚਾਰਜਾਂ ਨੂੰ ਹਦਾਇਤਾਂ ਦਿੱਤੀਆਂ ਗਈਆਂ ਹਨ ਕਿ ਨਸ਼ਿਆਂ ਦੇ ਕਾਲੇ ਧਨ ਨਾਲ ਦੌਲਤ ਇਕੱਠੀ ਕਰਨ ਵਾਲਿਆਂ ਦੇ ਵੇਰਵੇ ਇਕੱਠੇ ਕੀਤੇ ਜਾਣ।ਉਨ੍ਹਾਂ ਦੱਸਿਆ ਕਿ ਕੁਝ ਨਸ਼ਾ ਤਸਕਰਾਂ ਵੱਲੋਂ ਐਕਵਾਇਰ ਕੀਤੀ ਗਈ ਜਾਇਦਾਦ ਦਾ ਪਤਾ ਲਗਾ ਲਿਆ ਗਿਆ ਹੈ ਅਤੇ ਜਲਦੀ ਹੀ ਉਨ੍ਹਾਂ ਦੀ ਜਾਇਦਾਦ ਨੂੰ ਵੀ ਜ਼ਬਤ ਕਰ ਲਿਆ ਜਾਵੇਗਾ।

# ਸਾਬਕਾ ਵਿਧਾਇਕ ਧਨਵੰਤ ਸਿੰਘ ਮਾਨ ਨੂੰ ਸ਼ਰਧਾਂਜਲੀਆਂ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਆਲ ਇੰਡੀਆ ਕਾਂਗਰਸ ਦੇ ਆਗੂ ਤੇ ਪੰਜਾਬ ਪ੍ਰੋਫੈਸ਼ਨਲ ਕਾਂਗਰਸ ਦੇ ਪ੍ਰਧਾਨ ਸਮਿਤ ਸਿੰਘ ਮਾਨ ਦੇ ਪਿਤਾ ਅਤੇ ਹਲਕਾ ਧੂਰੀ ਦੇ ਦੋ ਵਾਰ ਧੜੱਲੇਦਾਰ ਤੇ ਬੇਦਾਗ ਵਿਧਾਇਕ ਰਹੇ ਐਡਵੋਕੇਟ ਧਨਵੰਤ ਸਿੰਘ ਮਾਨ ਨਮਿੱਤ ਪਾਠ ਦਾ ਭੋਗ ਤੇ ਅੰਤਿਮ ਅਰਦਾਸ ਸਥਾਨਕ ਨਵੀਂ ਅਨਾਜ ਮੰਡੀ ਵਿਖੇ ਕਰਵਾਇਆ।ਇਸ ਮੌਕੇ ਕੀਰਤਨੀ ਜੱਥੇ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ।ਇਲਾਕੇ ਦੇ ਹਜ਼ਾਰਾਂ ਦੀ ਗਿਣਤੀ ਵਿੱਚ ਪੰਚ, ਸਰਪੰਚਾਂ, ਕੌਂਸਲਰ, ਰਾਜਨੀਤਕ, ਸਮਾਜਿਕ ਤੇ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਨੇ ਸ਼ਿਰਕਤ ਕਰਦਿਆਂ ਆਪਣੇ ਮਹਿਬੂਬ ਨੇਤਾ ਨੂੰ ਨਮ ਅੱਖਾਂ ਨਾਲ ਸ਼ਰਧਾਂਜਲੀ ਦਿੱਤੀ।

ਅੰਤਿਮ ਅਰਦਾਸ ਸਮਾਗਮ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਤੇ ਸਾਂਸਦ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਮੁੱਖ ਮੰਤਰੀ ਤੇ ਸਾਂਸਦ ਚਰਨਜੀਤ ਸਿੰਘ ਚੰਨੀ, ਸਾਂਸਦ ਡਾ. ਅਮਰ ਸਿੰਘ, ਸਾਬਕਾ ਮੰਤਰੀ ਵਿਜੈਇੰਦਰ ਸਿੰਗਲਾ, ਭਾਰਤ ਭੂਸ਼ਨ ਆਸ਼ੂ, ਜਗਮੀਤ ਸਿੰਘ ਬਰਾੜ, ਸਾਬਕਾ ਡੀਜੀਪੀ ਮੁਹੰਮਦ ਮੁਸਤਫ਼ਾ, ਵਿਧਾਇਕ ਸੁਖਪਾਲ ਸਿੰਘ ਖਹਿਰਾ, ਗੁਰਕੀਰਤ ਸਿੰਘ ਕੋਟਲੀ, ਸਾਬਕਾ ਵਿਧਾਇਕ ਦਲਵੀਰ ਸਿੰਘ ਗੋਲਡੀ, ਸੁਰਜੀਤ ਸਿੰਘ ਧੀਮਾਨ, ਹਰਚੰਦ ਕੌਰ ਘਨੌਰੀ, ਸੁਰਿੰਦਰਪਾਲ ਸਿੰਘ ਸਿਬੀਆ, ਸਾਬਕਾ ਸਾਂਸਦ ਸਮਸ਼ੇਰ ਸਿੰਘ ਦੂਲੋ, ਯੂਥ ਕਾਂਗਰਸ ਆਗੂ ਬਰਿੰਦਰ ਸਿੰਘ ਢਿੱਲੋਂ, ਮਾਈ ਰੂਪ ਕੌਰ ਬਾਗੜੀਆ, ਭਾਜਪਾ ਆਗੂ ਅਰਵਿੰਦ ਖੰਨਾ, ਰਾਈਸਿਲਾ ਦੇ ਸੀ.ਐਮ.ਡੀ. ਡਾ. ਏ ਆਰ ਸ਼ਰਮਾ, ਵਿਜੈ ਗੋਇਲ, ਪ੍ਰਸ਼ੋਤਮ ਦਾਸ ਗਰਗ, ਪੰਜਾਬ ਯੂਥ ਕਾਂਗਰਸ ਦੇ ਜਨਰਲ ਸਕੱਤਰ ਸ਼ੁਭਮ ਸ਼ਰਮਾ, ਪੀਪੀਪੀਸੀ ਮੈਂਬਰ ਹਰਦੀਪ ਸਿੰਘ ਦੌਲਤਪੁਰ, ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਸੰਦੀਪ ਤਾਇਲ, ਮੁੱਖ ਮੰਤਰੀ ਕੈਂਪ ਦਫ਼ਤਰ ਧੂਰੀ ਦੇ ਇੰਚਾਰਜ ਅੰਮ੍ਰਿਤ ਬਰਾੜ, ਦੇਸ਼ ਭਗਤ ਕਾਲਜ ਦੇ ਸੈਕਟਰੀ ਬਲਵੰਤ ਸਿੰਘ ਮੀਮਸਾ, ਟਰੱਸਟੀ ਐਡਵੋਕੇਟ ਜਤਿੰਦਰ ਸਿੰਘ ਸੋਨੀ ਮੰਡੇਰ, ਵਕਫ਼ ਬੋਰਡ ਪੰਜਾਬ ਦੇ ਮੈਂਬਰ ਡਾ. ਅਨਵਰ ਭਸੌੜ, ਆਪ ਆਗੂ ਗੁਰੀ ਮਾਨ, ਬਲਵਿੰਦਰ ਸਿੰਘ ਬਿੱਲੂ, ਪ੍ਰੈੱਸ ਫ਼ੈਡਰੇਸ਼ਨ ਆਫ਼ ਇੰਡੀਆ ਦੇ ਪ੍ਰਧਾਨ ਰਾਜੇਸ਼ਵਰ ਚੌਧਰੀ, ਪ੍ਰੈੱਸ ਟਰੱਸਟ ਪੰਜਾਬ ਦੇ ਪ੍ਰਧਾਨ ਮਨੋਹਰ ਸਿੰਘ ਸੱਗੂ, ਅੱਗਰਵਾਲ ਸਭਾ ਧੂਰੀ ਦੇ ਪ੍ਰਧਾਨ ਅਮਨ ਗਰਗ, ਕਾਂਗਰਸੀ ਆਗੂ ਇੰਦਰਪਾਲ ਸਿੰਘ ਗੋਲਡੀ, ਗੁਰਪਿਆਰ ਸਿੰਘ ਧੂਰਾ ਆਦਿ ਨੇ ਸ਼ਮੂਲੀਅਤ ਕੀਤੀ।ਅੰਤ ਵਿੱਚ ਸਮਿਤ ਸਿੰਘ ਮਾਨ ਨੇ ਉਨ੍ਹਾਂ ਦੇ ਦੁੱਖ ਵਿੱਚ ਸ਼ਰੀਕ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ।

# ਘੜੇ ਤੇ ਦੀਵੇ ਬਣਾਉਣ ਵਾਲੇ ਹਸਤਕਾਰ ਬਣਾਉਣ ਲੱਗੇ ਬੇਸ਼ਕੀਮਤੀ ਮਿੱਟੀ ਦੇ ਗਹਿਣੇ

### ਪ੍ਰੋਜੈਕਟ ਜਿਸ ਸੋਚ ਨਾਲ ਸ਼ੁਰੂ ਕੀਤਾ ਸੀ, ਜ਼ਿਲ੍ਹਾ ਪ੍ਰਸ਼ਾਸਨ ਉਸ 'ਚ ਸਫਲ ਰਿਹਾ : ਡੀ ਸੀ



ਹਸਤ ਕਲਾਕਾਰ ਭਾਂਤ ਭਾਂਤ ਦੇ ਗਹਿਣੇ, ਗਮਲੇ, ਘੰਟੀਆਂ, ਪਲੇਟਾਂ ਤੇ ਹੋਰ ਸਾਮਾਨ ਬਣਾਉਂਦੇ ਹੋਏ।

**ਮੋਗਾ (ਇਕਬਾਲ ਸਿੰਘ ਖਹਿਰਾ)**-ਹਸਤਕਾਰਾਂ ਵੱਲੋਂ ਮਿੱਟੀ ਦੇ ਘੜੇ ਤੇ ਦੀਵੇ ਬਣਾਉਣ ਵਾਲਿਆਂ ਦੀ ਕਲਾ ਨੂੰ ਹੋਰ ਨਿਖਾਰਨ ਤੇ ਉਨ੍ਹਾਂ ਨੂੰ ਆਪਣੇ ਉਤਪਾਦ ਵੇਚਣ ਲਈ ਅੰਤਰਰਾਸ਼ਟਰੀ ਬਾਜ਼ਾਰ ਮੁਹੱਈਆ ਕਰਵਾਉਣ ਲਈ ਤਿਆਰ ਕੀਤੇ ਗਏ ਮੋਗਾ ਟੈਰਾ-ਕੋਟਾ ਕਲਸਟਰ ਦੇ ਨਤੀਜੇ ਮਿਲਣ ਲੱਗੇ ਹਨ। ਕਿਸੇ ਸਮੇਂ ਹੱਥ ਨਾਲ ਸਿਰਫ ਘੜੇ ਤੇ ਦੀਵੇ ਬਣਾਉਣ ਵਾਲੇ ਇਹ ਕਲਾਕਾਰ ਹੁਣ ਭਾਂਤ ਭਾਂਤ ਦੇ ਗਹਿਣੇ, ਗਮਲੇ, ਘੰਟੀਆਂ, ਪਲੇਟਾਂ ਤੇ ਹੋਰ ਸਾਮਾਨ ਬਣਾਉਣ ਲੱਗੇ ਹਨ। ਇਨ੍ਹਾਂ ਕਲਾਕਾਰਾਂ ਦੁਆਰਾ ਤਿਆਰ ਕੀਤੇ ਜਾ ਰਹੇ ਉਤਪਾਦਾਂ ਨੂੰ ਲੋਕਾਂ ਤੱਕ ਲਿਜਾਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੱਕ ਕੈਟਾਲਾਗ ਤਿਆਰ ਕੀਤਾ ਗਿਆ ਹੈ, ਜਿਸ ਨੂੰ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਆਪਣੇ ਦਫਤਰ ਵਿਖੇ ਜਾਰੀ ਕੀਤਾ। ਦੱਸਣਯੋਗ ਹੈ ਕਿ ਗਰਾਂਟ ਥੋਰੋਂਟਨ ਵੱਲੋਂ ਸਿਡਬੀ (ਸਿਡਬੀ) ਦੇ ਪ੍ਰੋਜੈਕਟ ਕੇਅਰ ਰਾਹੀਂ ਜ਼ਿਲ੍ਹਾ ਮੋਗਾ ਦੇ ਇਨ੍ਹਾਂ ਕਲਾਕਾਰਾਂ ਦੀ ਆਰਥਿਕ ਤੇ ਸਮਾਜਿਕ ਉੱਨਤੀ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਪ੍ਰੋਜੈਕਟ ਰਾਹੀਂ ਇਨ੍ਹਾਂ ਕਲਾਕਾਰਾਂ ਨੂੰ ਕਿੱਤਾਮੁਖੀ ਸਿਖਲਾਈ ਦੇ ਕੇ ਸਮੇਂ ਦੇ ਹਾਣ ਦੇ ਬਣਾਇਆ ਜਾ ਰਿਹਾ ਹੈ। ਕੈਟਾਲਾਗ ਜਾਰੀ ਕਰਨ ਮੌਕੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਨੇ ਇਸ ਗੱਲ ਉੱਤੇ ਖੁਸ਼ੀ ਜ਼ਾਹਰ ਕੀਤੀ ਕਿ ਇਹ ਪ੍ਰੋਜੈਕਟ, ਜਿਸ ਸੋਚ ਨਾਲ ਸ਼ੁਰੂ ਕੀਤਾ ਗਿਆ ਸੀ, ਜ਼ਿਲ੍ਹਾ ਪ੍ਰਸ਼ਾਸਨ ਉਸ ਵਿੱਚ ਸਫਲ ਰਿਹਾ ਹੈ। ਉਨ੍ਹਾ ਕਿਹਾ ਕਿ ਇਸ ਪ੍ਰੋਜੈਕਟ ਨਾਲ ਜੁੜ ਕੇ ਕਲਾਕਾਰਾਂ ਖਾਸ ਕਰਕੇ ਔਰਤਾਂ ਨੇ ਆਪਣੀ ਕਲਾ ਵਿੱਚ ਨਿਖਾਰ ਲਿਆਉਣ ਦੇ ਨਾਲ ਨਾਲ ਇਸ ਮੌਕੇ ਦਾ ਭਵਿੱਖ ਮੁਖੀ ਫਾਇਦਾ ਲਿਆ ਹੈ।

ਉਨ੍ਹਾ ਕਿਹਾ ਕਿ ਇਸ ਪ੍ਰੋਜੈਕਟ ਤਹਿਤ ਮੌਜੂਦਾ ਸਮੇਂ 50 ਤੋਂ ਵਧੇਰੇ ਕਲਾਕਾਰ ਆਪਣੀ ਕਲਾ ਵਿੱਚ ਨਿਖਾਰ ਲਿਆਉਣ ਲਈ ਲੱਗੇ ਹੋਏ ਹਨ। ਇਨ੍ਹਾਂ 'ਚੋਂ 10 ਕਲਾਕਾਰਾਂ ਨੇ ਮਾਸਟਰ ਟ੍ਰੇਨਰ ਵਜੋਂ ਸਿਖਲਾਈ ਲੈ ਕੇ ਅੱਗੇ ਹੋਰ ਕਲਾਕਾਰਾਂ ਨੂੰ ਤਿਆਰ ਕਰਨਾ ਸ਼ੁਰੂ ਕਰ ਦਿੱਤਾ ਹੈ। ਇਨ੍ਹਾਂ ਕਲਾਕਾਰਾਂ ਨੂੰ ਕਈ ਮਾਹਰਾਂ ਜਿਵੇਂ ਕਿ ਗੋਰਖਪੁਰ ਦੇ ਸ੍ਰੀ ਹਰੀ ਓਮ, ਰਾਜਸਥਾਨ ਤੋਂ ਸ੍ਰੀ ਰਾਜੇਸ਼ ਜੈਨ, ਕਰਨਾਟਕਾ ਤੋਂ ਸ੍ਰੀਮਤੀ ਦੀਪਾ ਸੋਨਾਲੀ, ਪੰਜਾਬ ਯੂਨੀਵਰਸਿਟੀ ਤੋਂ ਸ੍ਰੀਮਤੀ ਸੰਤੋਸ਼ ਵਰਮਾ, ਜੰਮੂ ਕਸ਼ਮੀਰ ਤੋਂ ਅਜੇ ਪਾਲ ਸਿੰਘ ਤੇ ਹੋਰਾਂ ਨੇ ਸਿਖਲਾਈ ਦਿੱਤੀ ਹੈ। ਇਸ ਸਿਖਲਾਈ ਨਾਲ ਇਨ੍ਹਾਂ ਕਲਾਕਾਰਾਂ ਦੀ ਕਲਾ ਵਿੱਚ ਬਹੁਤ ਬਦਲਾਅ ਦੇਖਣ ਨੂੰ ਮਿਲਿਆ ਹੈ। ਗਰਾਂਟ ਥੋਰੋਂਟਨ ਦੇ ਨੁਮਾਇੰਦੇ ਮਨਪ੍ਰੀਤ ਸਿੰਘ ਨੇ ਦੱਸਿਆ ਕਿ ਇਨ੍ਹਾਂ ਦੁਆਰਾ ਤਿਆਰ ਕੀਤੇ ਜਾ ਰਹੇ ਗਹਿਣਿਆਂ ਦੀ ਲਗਾਤਾਰ ਮੰਗ ਵਧ ਰਹੀ ਹੈ। ਉਨ੍ਹਾ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਇਨ੍ਹਾਂ ਕਲਾਕਾਰਾਂ ਨੂੰ ਕਿੱਤਾਮੁਖੀ ਸਿਖਲਾਈ ਦੇ ਕੇ ਅੰਤਰਰਾਸ਼ਟਰੀ ਪੱਧਰ ਤੱਕ ਪਹੁੰਚਾਇਆ ਜਾਵੇਗਾ।

# ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਨੇ ਲੋਕਾਂ ਦੀਆਂ ਸੁਣੀਆਂ ਸਮੱਸਿਆਵਾਂ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਗੁਰਦਰਸ਼ਨ ਲਾਲ ਕੁੰਡਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਉਨ੍ਹਾਂ ਵੱਲੋਂ ਸਮੂਹ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰਾਂ ਨੂੰ ਪੱਤਰ ਲਿਖ ਕੇ ਸਵੇਰੇ 10 ਤੋਂ 12 ਵਜੇ ਤੱਕ ਆਪਣੇ ਦਫ਼ਤਰ ਵਿੱਚ ਰਹਿ ਕੇ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਤੇ ਹੱਲ ਕਰਨ ਦੇ ਨਿਰਦੇਸ਼ ਦਿੱਤੇ।ਉਨ੍ਹਾਂ ਦੱਸਿਆ ਕਿ ਉਨ੍ਹਾਂ ਦੁਪਹਿਰ 10 ਤੋਂ 12 ਵਜੇ ਤੱਕ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਮੌਕੇ 'ਤੇ ਹੀ ਹੱਲ ਵੀ ਕੀਤੀਆਂ।

ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਹਰ ਜ਼ਿਲ੍ਹੇ ਦੇ ਅਧਿਕਾਰੀਆਂ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 12 ਵਜੇ ਤੱਕ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਦੀਆਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਡਿਪਟੀ ਕਮਿਸ਼ਨਰ ਫਾਜ਼ਿਲਕਾ ਡਾ. ਸੇਨੂ ਦੁੱਗਲ ਵੱਲੋਂ ਬੀਤੇ ਦਿਨੀਂ ਜ਼ਿਲ੍ਹੇ ਦੇ ਅਧਿਕਾਰੀਆਂ ਨੂੰ ਸਵੇਰੇ 10 ਵਜੇ ਤੋਂ ਦੁਪਹਿਰ 12 ਵਜੇ ਤੱਕ ਲੋਕਾਂ ਦੀਆਂ ਸਮੱਸਿਆਵਾਂ ਸੁਣਨ ਦੇ ਸਖਤ ਨਿਰਦੇਸ਼ ਦਿੱਤੇ ਗਏ ਸਨ, ਜਿਸ ਤਹਿਤ ਵੀਰਵਾਰ ਨੂੰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਗੁਰਦਰਸ਼ਨ ਲਾਲ ਕੁੰਡਲ ਨੇ ਸਵੇਰੇ 10 ਵਜੇ ਤੋਂ ਦੁਪਹਿਰ 12 ਵਜੇ ਤੱਕ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਲੋਕਾਂ ਦੀਆਂ ਸਮੱਸਿਆਵਾਂ ਨੂੰ ਜਲਦ ਤੋਂ ਜਲਦ ਹੱਲ ਕਰਨ ਦੇ ਨਿਰਦੇਸ਼ ਦਿੱਤੇ।

# ਆਲ ਇੰਡੀਆ ਆਸ਼ਾ ਵਰਕਰਜ਼ ਫੈਸਿਲੀਟੇਟਰਜ਼ ਏਟਕ ਵੱਲੋਂ 28 ਤੱਕ ਕਲਮਛੋੜ ਹੜਤਾਲ

## ਹੜਤਾਲ ਦੌਰਾਨ ਹੋਏ ਨੁਕਸਾਨ ਦੀ ਜ਼ਿੰਮੇਵਾਰ ਸੂਬਾ ਸਰਕਾਰ ਹੋਵੇਗੀ : ਮਨਜਿੰਦਰ ਕੌਰ




**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਆਲ ਇੰਡੀਆ ਆਸ਼ਾ ਵਰਕਰਜ਼ ਫੈਸੀਲਿਟੇਟਰਜ ਏਟਕ ਗਰੁੱਪ ਵੱਲੋ ਆਪਣੀਆ ਹੱਕੀ ਮੰਗਾਂ ਨੂੰ ਲੈ ਕੇ ਸਿਵਲ ਹਸਪਤਾਲ ਘਰਿਆਲਾ ਦੇ ਬਾਹਰ ਕੜਕਦੀ ਧੁੱਪ 'ਚ ਰੋਸ ਧਰਨੇ ਦੌਰਾਨ ਇੱਕ ਆਸ਼ਾ ਵਰਕਰ ਦੀ ਅਚਾਨਕ ਸਿਹਤ ਵਿਗੜ ਗਈ। ਸੂਬਾ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।ਏਟਕ ਦੀ ਜ਼ਿਲਾ ਪ੍ਰਧਾਨ ਮਨਜਿੰਦਰ ਕੌਰ ਹਰੀਕੇ ਨੇ ਆਪਣੀਆ ਹੱਕੀ ਮੰਗਾਂ ਤੋਂ ਜਾਣੂ ਕਰਵਾਉਂਦਿਆਂ ਆਖਿਆ ਕਿ ਆਸ਼ਾ ਵਰਕਰਜ਼ ਫੈਸੀਲਿਟੇਟਰਜ਼ ਨੂੰ ਸੇਵਾਮੁਕਤੀ 58 ਸਾਲ ਤੋਂ ਵਧਾ ਕੇ 65 ਸਾਲ ਕੀਤੀ ਜਾਵੇ, ਸੇਵਾਮੁਕਤ ਹੋਣ ਸਮੇਂ ਮਹਿਕਮੇ ਅੰਦਰ ਕੀਤੀ ਸੇਵਾ ਨੂੰ ਮੁੱਖ ਰੱਖਦੇ ਹੋਏ ਪੰਜ ਲੱਖ ਰੁਪਏ ਦੀ ਸਹਾਇਤਾ ਰਾਸ਼ੀ ਦਿੱਤੀ ਜਾਵੇ।ਸੇਵਾ ਮੁਕਤ ਹੋਣ ਸਮੇਂ ਹਰ ਵਰਕਰ ਨੂੰ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਚਾਲੂ ਕੀਤੀ ਜਾਵੇ।ਸੇਵਾ ਮੁਕਤ ਫਾਰਗ ਕਰਨ ਸਮੇਂ ਖਾਲੀ ਹੋਈ ਜਗ੍ਹਾ 'ਤੇ ਉਸਦੇ ਪਰਿਵਾਰਕ ਮੈਂਬਰਾਂ ਨੂੰ ਪਹਿਲ ਦਿੱਤੀ ਜਾਵੇ। ਪੰਜਾਬ ਸਰਕਾਰ ਵੱਲੋਂ ਜੱਚਾ ਬੱਚਾ ਦੀ ਮੌਤ ਦਰ ਘਟਾਉਣ ਲਈ ਭਰਤੀ ਕੀਤਾ ਗਿਆ ਸੀ।ਆਸ਼ਾ ਵਰਕਰਾਂ ਨੂੰ ਵਿੱਦਿਅਕ ਯੋਗਤਾ ਦੇ ਆਧਾਰ 'ਤੇ ਦਰਜਾ ਤਿੰਨ ਮੁਲਾਜ਼ਮ ਮੰਨਿਆ ਜਾਵੇ।ਦਰਜਾ ਤਿੰਨ ਮੁਲਾਜ਼ਮਾਂ ਦੇ ਅਨੁਸਾਰ ਤਨਖਾਹਾਂ/ਭੱਤੇ ਦਿੱਤੇ ਜਾਣ।ਗਰਭਵਤੀ ਔਰਤ ਦੀ ਰਜਿਸਟਰੇਸ਼ਨ ਖਤਮ ਕਰ ਦਿੱਤੀ ਜਾਵੇ।ਗਰਭਵਤੀ ਔਰਤ ਦਾ ਆਇਰਲ ਵਾਲਾ ਕਾਲਮ, ਡਾਟਸ ਦੀ ਦਵਾਈ ਖੁਆਉਣ ਵਾਲਾ ਕੈਟਾਗਿਰੀ ਟੂ ਵਾਲਾ ਕਾਲਮ ਖਤਮ ਕੀਤਾ ਜਾਵੇ। ਕੱਟੇ ਭੱਤਿਆਂ ਨੂੰ ਚਾਲੂ ਕਰਵਾਉਣ ਸਮੇਤ ਹੋਰ ਮੰਗਾਂ ਮੰਨਵਾਉਣ ਲਈ ਮੰਗ ਪੱਤਰ ਸੌਂਪੇ ਜਾਣਗੇ।ਜੇਕਰ ਫਿਰ ਵੀ ਸਿਹਤ ਵਿਭਾਗ ਦੇ ਅਮਲੇ ਨਾਲ ਮੀਟਿੰਗ ਤਹਿ ਨਹੀਂ ਕਰਵਾਈ ਜਾਂਦੀ ਤਾਂ ਉਨ੍ਹਾਂ ਨੂੰ ਮਜਬੂਰ ਹੋ ਕੇ ਸੂਬੇ ਭਰ ਵਿਚ ਸਾਂਝੇ ਮੋਰਚੇ 'ਤੇ ਚਾਰ ਜਥੇਬੰਦੀਆਂ ਦੇ ਕਨਵੀਨਰ ਰਾਣੋ ਖੇੜੀ ਗਿੱਲ ਗਰੁੱਪ, ਸਤੀਸ਼ ਰਾਣਾ, ਮਨਦੀਪ ਕੌਰ ਜਲੰਧਰ, ਡੀ.ਐਮ.ਐਫ.ਗਰੁੱਪ ਜਰਮਨਜੀਤ, ਅਮਰਜੀਤ ਕੌਰ ਰਣ ਸਿੰਘ ਵਾਲਾ ਏਟਕ ਗਰੁੱਪ, ਸਰੋਜਬਾਲਾ ਗਰੁੱਪ ਸੀਟੂ ਦੇ ਸਹਿਯੋਗ ਨਾਲ 21 ਜੂਨ ਤੋਂ 28 ਜੂਨ ਤੱਕ ਕਲਮਛੋੜ ਹੜਤਾਲ ਕਰਕੇ ਸਿਹਤ ਵਿਭਾਗ ਦੇ ਸਾਰੇ ਕੰਮ ਠੱਪ ਕਰਦਿਆਂ ਸੂਬੇ ਭਰ ਦੇ ਸਾਰੇ ਐੱਸਐੱਮਓ ਦੇ ਦਫਤਰਾਂ ਅੱਗੇ ਰੋਸ ਪ੍ਰਦਰਸ਼ਨ ਜਾਰੀ ਰਹਿਣਗੇ।ਰੋਸ ਧਰਨੇ ਦੌਰਾਨ ਹੋਣ ਵਾਲੇ ਨੁਕਸਾਨ ਦੀ ਜ਼ੁੰਮੇਵਾਰੀ ਸੂਬਾ ਸਰਕਾਰ ਹੋਵੇਗੀ।ਇਸ ਮੌਕੇ ਸਰਬਜੀਤ ਕੌਰ ਮੀਤ ਪ੍ਰਧਾਨ, ਵੀਰਪਾਲ ਕੌਰ ਸੈਕਟਰੀ, ਅਮਨਦੀਪ ਕੌਰ, ਬਲਾਕ ਪ੍ਰਧਾਨ, ਹਰਮਿੰਦਰ ਕੌਰ ਹਰੀਕੇ, ਰਣਜੀਤ ਕੌਰ, ਗੁਰਜਿੰਦਰ ਕੌਰ ਆਸ਼ਾ ਫੈਸੀਲਿਟੇਟਰ, ਰਣਜੀਤ ਕੌਰ ਆਸ਼ਾ ਫੈਸੀਲਿਟੇਟਰ, ਮਨਪ੍ਰੀਤ ਕੌਰ ਆਸ਼ਾ ਫੈਸੀਲਿਟੇਟਰ, ਰਾਜਬੀਰ ਕੌਰ ਆਸ਼ਾ ਫੈਸੀਲਿਟੇਟਰ, ਪੁਸ਼ਪਿੰਦਰ ਕੌਰ, ਰਾਜਵਿੰਦਰ ਕੌਰ ਬਲਵਿੰਦਰ ਕੌਰ ਘਰਿਆਲਾ, ਰਾਜਵਿੰਦਰ ਕੌਰ, ਗੀਤਾ ਸਮੇਤ ਆਸ਼ਾ ਵਰਕਰਾਂ ਹਾਜ਼ਰ ਸਨ।

# ਗੁ: ਗੁਰੂ ਕੀ ਬੇਰ ਸਾਹਿਬ ਵਿਖੇ ਗੁੰਬਦ ਦੇ ਕਲਸ਼ ਦੀ ਸੇਵਾ ਅੱਜ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਮੱਤੇਵਾਲ ਦੇ ਮੁੱਖੀ ਸੰਤ ਬਾਬਾ ਸੱਜਣ ਸਿੰਘ ਜੀ ਦੀ ਅਗਵਾਈ ਹੇਠ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਅਵਤਾਰ ਗੁਰਪੁਰਬ ਦੀਆਂ ਖੁਸ਼ੀਆਂ ਵਿੱਚ 22 ਜੂਨ 2024 (9 ਹਾੜ) ਦਿਨ ਸ਼ਨੀਵਾਰ ਨੂੰ ਗੁਰਦੁਆਰਾ ਸਾਹਿਬ ਦੇ ਗੁੰਬਦ ਉੱਪਰ ਸੋਨੇ ਦੇ ਕਲਸ਼ ਦੀ ਸੇਵਾ ਕੀਤੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੁਖੀ ਸੰਤ ਬਾਬਾ ਸੱਜਣ ਸਿੰਘ ਨੇ ਦੱਸਿਆ ਕਿ ਅੱਜ 22 ਜੂਨ ਨੂੰ ਸਵੇਰੇ 10 ਵਜੇ ਤੋਂ 12 ਤੱਕ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਗੁਬਿੰਦ ਉੱਤੇ ਸੋਨੇ ਦੇ ਕਲਸ਼ ਦੀ ਸੇਵਾ ਸਮੂਹ ਇਲਾਕਾ ਨਿਵਾਸੀ ਸੰਗਤਾ ਸਹਿਯੋਗ ਨਾਲ ਕੀਤੀ ਜਾਵੇਗੀ।ਸੰਤ ਬਾਬਾ ਸੱਜਣ ਸਿੰਘ ਨੇ ਇਲਾਕੇ ਦੀ ਸਮੂਹ ਸੰਗਤ ਨੂੰ ਅਪੀਲ ਕੀਤੀ ਹੈ ਕਿ ਸਮਾਗਮ ਵਿੱਚ ਸ਼ਾਮਿਲ ਹੋਣ ਦੀ ਕਿਰਪਾਲਤਾ ਕਰਨੀ। ਇਸ ਦੌਰਾਨ ਗੁਰੂ ਜੀ ਕਾ ਲੰਗਰ ਅਟੁੱਟ ਵਰਤੇਗਾ।

# ਸਿਆਸੀ ਰੰਜਿਸ਼ ਤਹਿਤ ਕੀਤੀ ਬਦਲੀ ਦੇ ਵਿਰੋਧ 'ਚ ਦਿੱਤਾ ਵਿਸ਼ਾਲ ਧਰਨਾ

**ਟਾਂਗਰਾ (ਲਾਡੀ ਮੱਲ੍ਹੀ)**-ਟੈਕਨੀਕਲ ਸਰਵਿਸ ਯੂਨੀਅਨ, ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ, ਪੈਨਸ਼ਨਰ ਐਸੋਸੀਏਸ਼ਨ, ਸੰਯੁਕਤ ਕਿਸਾਨ ਮੋਰਚਾ ਅਤੇ ਹੋਰ ਭਰਾਤਰੀ ਜਥੇਬੰਦੀਆਂ ਵੱਲੋਂ ਸਬ-ਡਵੀਜ਼ਨ ਟਾਂਗਰਾ ਵਿਖੇ ਸਾਥੀ ਬਲਵਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਸਿਆਸੀ ਆਧਾਰ ਤੇ ਕੀਤੀ ਬਦਲੀ ਦੇ ਵਿਰੋਧ ਵਿਚ ਵਿਸ਼ਾਲ ਧਰਨਾ ਦਿਤਾ ਜਾ ਰਿਹਾ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਬਲਵਿੰਦਰ ਸਿੰਘ ਨੇ ਕਿ ਇਹ ਧਰਨਾ ਸਬ ਡਵੀਜ਼ਨ ਟਾਂਗਰਾ ਵਿਖੇ ਡਿਊਟੀ ਕਰ ਰਹੇ ਸਾਥੀ ਤਲਵਿੰਦਰ ਸਿੰਘ ਲਾਇਨ ਮੈਨ ਦੀ ਰੰਜਿਸ਼ ਤਹਿਤ ਬਿਜਲੀ ਮੰਤਰੀ ਵੱਲੋਂ ਕੀਤੀ ਬਦਲੀ ਦੇ ਵਿਰੋਧ ਵਿਚ ਹੈ। ਉਨ੍ਹਾਂ ਕਿਹਾ ਕਿ ਬਿਜਲੀ ਮੰਤਰੀ ਨੇ ਵੋਟਾਂ ਨੂੰ ਲੈ ਕਿ ਸਿਆਸੀ ਰੰਜਿਸ਼ ਰੱਖਦਿਆਂ ਧੱਕੇਸ਼ਾਹੀ ਨਾਲ ਤਲਵਿੰਦਰ ਸਿੰਘ ਦੀ ਬਦਲੀ ਹੁਸ਼ਿਆਰਪੁਰ ਵਿਖੇ ਕਰ ਦਿੱਤੀ ਹੈ ਜਿਸ ਦੇ ਵਿਰੋਧ ਵਿਚ ਬਿਜਲੀ ਕਾਮਿਆਂ ਨੇ ਧੱਕੇਸ਼ਾਹੀ ਦਾ ਵਿਰੋਧ ਕਰਦਿਆਂ ਕੰਮ ਕਾਰ ਬੰਦ ਕਰ ਦਿੱਤਾ ਸੀ। ਇਸ ਨੂੰ ਦੇਖਦਿਆਂ ਉਚ ਅਧਿਕਾਰੀਆਂ ਨੇ 13/6/2024 ਨੂੰ ਇਸ ਵਿਸ਼ਾਲ ਧਰਨੇ ਵਿੱਚ ਪਹੁੰਚ ਕੇ ਮੀਟਿੰਗ ਕਰਦਿਆਂ ਬਦਲੀ ਰੋਕਣ ਦਾ ਵਿਸ਼ਵਾਸ ਦਿਵਾਇਆ ਪ੍ਰੰਤੂ 18/6/2023 ਪੰਜ ਦਿਨ ਬਾਅਦ ਜਦੋਂ ਉਨ੍ਹਾਂ ਨਾਲ ਫਿਰ ਰਾਬਤਾ ਕਾਇਮ ਕੀਤਾ ਤਾਂ ਉਨ੍ਹਾਂ ਨੇ ਬੇਵੱਸੀ ਦਾ ਇਜ਼ਹਾਰ ਕੀਤਾ। ਇਸੇ ਬਦਲੀ ਨੂੰ ਲੈ ਕੇ ਕਸਬਾ ਟਾਂਗਰਾ ਵਿਖੇ ਬਿਜਲੀ ਕਾਮਿਆਂ ਵੱਲੋਂ ਬਿਜਲੀ ਮੰਤਰੀ ਵਿਰੁੱਧ ਰੋਸ ਮਾਰਚ ਕੱਢਿਆ ਗਿਆ। ਉਨ੍ਹਾਂ ਕਿਹਾ ਕਿ ਜੇ ਸਾਡੀ ਮੰਗ ਨਾ ਮੰਨੀ ਗਈ ਤਾਂ ਸੰਘਰਸ਼ ਨੂੰ ਹੋਰ ਤੇਜ਼ ਕਰਦਿਆਂ ਜੰਡਿਆਲਾ ਗੁਰੂ ਅਧੀਨ ਆਉਂਦੀਆਂ ਸਾਰੀਆਂ ਡਵੀਜ਼ਨਾਂ ਦਾ ਕੰਮ ਬੰਦ ਕਰਕੇ ਦਿਹਾਤੀ ਸਰਕਲ ਅੰਮ੍ਰਿਤਸਰ, ਸਰਕਲ ਗੁਰਦਾਸਪੁਰ, ਸਰਕਲ ਤਰਨਤਾਰਨ, ਸਰਕਲ ਅੰਮ੍ਰਿਤਸਰ ਸਿਟੀ ਦੇ ਬਿਜਲੀ ਮੁਲਾਜ਼ਮ, ਸੰਯੁਕਤ ਕਿਸਾਨ ਮੋਰਚਾ ਮਜ਼ਦੂਰ ਜਥੇਬੰਦੀਆਂ ਨੂੰ ਨਾਲ ਲੈ ਕੇ ਜੰਡਿਆਲਾ ਗੁਰੂ ਵਿਖੇ ਧਰਨਾ ਦੇਣ ਉਪਰੰਤ ਸ਼ਹਿਰ ਵਿੱਚ ਬਿਜਲੀ ਮੰਤਰੀ ਦੇ ਧੱਕੇਸ਼ਾਹੀ ਦੇ ਵਿਰੋਧ ਵਿਚ ਵਿਸ਼ਾਲ ਰੋਸ ਮਾਰਚ ਕੱਢਿਆ ਜਾਵੇਗਾ। ਇਸ ਸੰਘਰਸ਼ ਦੌਰਾਨ ਕਿਸਾਨਾਂ, ਮਜ਼ਦੂਰਾਂ, ਬਿਜਲੀ ਖੱਪਤਕਾਰਾ ਨੂੰ ਕੋਈ ਵੀ ਮੁਸ਼ਕਲ ਆਉਂਦੀ ਹੈ ਤਾਂ ਇਸ ਦੀ ਜ਼ਿੰਮੇਵਾਰੀ ਉਚ ਅਧਿਕਾਰੀ ਤੇ ਬਿਜਲੀ ਮੰਤਰੀ ਦੀ ਹੋਵੇਗੀ।ਇਸ ਧਰਨੇ ਦੇ ਚੱਲਦਿਆਂ ਜੇ ਬਿਜਲੀ ਦਾ ਕੰਮ ਬਾਹਰੀ ਸਰੋਤਾਂ ਤੋਂ ਕਰਵਾਇਆ ਜਾਂਦਾ ਹੈ ਤਾਂ ਇਸਦਾ ਜਥੇਬੰਦੀ ਵੱਲੋਂ ਵਿਰੋਧ ਕੀਤਾ ਜਾਵੇਗਾ।

ਸਾਰੀਆਂ ਜਥੇਬੰਦੀਆਂ ਨੇ ਕਿਹਾ ਕਿ ਅਸੀਂ ਇਸ ਧੱਕੇਸ਼ਾਹੀ ਦਾ ਡੱਟ ਕੇ ਸਮੱਰਥਨ ਕਰਦੇ ਹਾਂ। ਇਸ ਵਿਸ਼ਾਲ ਧਰਨੇ ਵਿੱਚ ਪ੍ਰਧਾਨ ਬਲਵਿੰਦਰ ਸਿੰਘ ਤੇ ਸਮੂਹ ਬਿਜਲੀ ਮੁਲਾਜ਼ਮ ਹਾਜ਼ਰ ਸਨ।

# ਐੱਸ ਐੱਸ ਐੱਮ ਕਾਲਜ 'ਚ ਯੋਗ ਦੇ ਵੱਖ-ਵੱਖ ਆਸਣਾਂ ਬਾਰੇ ਦੱਸਿਆ





**ਦੀਨਾਨਗਰ (ਸੰਜੀਵ)**-ਅੱਜ ਸਥਾਨਕ ਐੱਸ. ਐੱਸ. ਐੱਮ. ਕਾਲਜ ਦੀਨਾਨਗਰ ਵਿਖੇ 10ਵਾਂ ਅੰਤਰਰਾਸ਼ਟਰੀ ਯੋਗ ਦਿਵਸ ਪ੍ਰਿੰਸੀਪਲ ਡਾ. ਆਰ. ਕੇ. ਤੁਲੀ ਦੀ ਪ੍ਰਧਾਨਗੀ ਹੇਠ ਐੱਨ. ਸੀ. ਸੀ. (7ਵੀਂਪੰਜਾਬ ਬਟਾਲੀਅਨ), ਐੱਨ. ਐੱਸ. ਐੱਸ ਅਤੇ ਯੁਵਾ ਭਲਾਈ ਵਿਭਾਗ ਵੱਲੋਂ ਸਾਂਝੇ ਤੌਰ 'ਤੇ ਧੂਮ-ਧਾਮ ਨਾਲ ਮਨਾਇਆ। ਮੁੱਖ ਮਹਿਮਾਨ ਵੱਜੋਂ ਕਾਲਜ ਦੇ ਸਕੱਤਰ ਭਾਰਤਇੰਦੂ ਓਹਰੀ ਸ਼ਾਮਿਲ ਹੋਏ। ਪ੍ਰੋਗਰਾਮ ਦੀ ਸ਼ੁਰੂਆਤ ਵੇਦ ਮੰਤਰਾਂ ਦੀ ਧੁਨੀ ਨਾਲ ਕੀਤੀ ਗਈ।ਇਸ ਤੋਂ ਬਾਅਦ ਮੁੱਖ ਯੋਗਾ ਇੰਸਟਕਟਰ ਵਜੋਂ ਕੁਮਾਰੀ ਸਮਰੀਤੀ ਠਾਕੁਰ ਨੇ ਲੋਮ-ਵਿਲੋਮ ਮਕਰਆਸਣ, ਸੂਰਜ ਨਮਸ਼ਕਾਰ, ਤਾੜ ਆਸਣ, ਹਲ ਆਸਣ, ਨੋਕਾ ਆਸਣ ਆਦਿ ਆਸਣਾਂ ਨੂੰ ਕਰਨ ਦੇ ਸਹੀ ਢੰਗ ਦੱਸੇ।ਚੰਗੀ ਸਿਹਤ ਅਤੇ ਤੰਦਰੁਸਤੀ ਲਈ ਇਨਾਂ ਆਸਣਾਂ ਨੂੰ ਜੀਵਨ ਵਿੱਚ ਜ਼ਰੂਰੀ ਹਿੱਸਾ ਬਣਾਉਣ 'ਤੇ ਵੀ ਜੋਰ ਦਿੱਤਾ ਗਿਆ।ਇਸ ਤੋਂ ਇਲਾਵਾ ਆਲੇ-ਦੁਆਲੇ ਦੀ ਸਫਾਈ ਅਤੇ ਰੋਜ਼ਾਨਾ ਸੈਰ ਦੇ ਮਹੱਤਵ ਨੂੰ ਵੀ ਦੱਸਿਆ ਗਿਆ।ਇਸ ਮੌਕੇ ਤੇ ਲੱਗਭਗ 212 ਵਿਦਿਆਰਥੀਆਂਅਤੇ 25 ਤੋਂ ਵੱਧ ਕਾਲਜ ਅਤੇ ਸਕੂਲ ਦੇ ਅਧਿਆਪਕਾਂ ਨੇ ਹਿੱਸਾ ਲਿਆ।ਇਸ ਮੌਕੇ ਤੇ ਪ੍ਰੋ. ਅਮਿਤ ਕੁਮਾਰ, ਪ੍ਰੋ. ਪ੍ਰਬੋਧ ਗਰੋਵਰ (ਡੀਨ ਯੁਵਕ ਭਲਾਈ), ਪ੍ਰੋ. ਡਾ. ਰਾਜਨ ਹਾਂਡਾ. ਪ੍ਰੋ. ਸੁਸ਼ਮਾ, ਪ੍ਰੋ. ਸੁਬੀਰ ਰਗਬੋਤਰਾ , ਪ੍ਰੋ. ਜਤਿੰਦਰ, ਪ੍ਰੋ. ਰਮਨੀਕ, ਪ੍ਰੋ. ਰਜਤ, ਪ੍ਰੋ. ਪੁਨੀਤ ਓਹਰੀ, ਪ੍ਰੋ. ਯਸ਼ਪਾਲ ਅਤੇ 7 ਪੰਜਾਬ ਬਟਾਲੀਅਨ ਦੇ ਹੋਰ ਅਧਿਕਾਰੀ ਮੌਜੂਦ ਸਨ।

# ਬੀ ਐੱਸ ਐੱਫ਼ ਦੇ ਜਵਾਨਾਂ ਨੇ ਮਨਾਇਆ ਯੋਗ ਦਿਵਸ



**ਧਾਰੀਵਾਲ/ਕਾਹਨੂੰਵਾਨ (ਮਨਦੀਪ ਸਿੰਘ ਵਿੱਕੀ)**-ਛੋਟਾ ਘੱਲੂਘਾਰਾ ਮੈਮੋਰੀਅਲ ਕਾਹਨੂੰਵਾਨ ਵਿਖੇ 10ਵਾਂ ਅੰਤਰਰਾਸ਼ਟਰੀ ਯੋਗ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਬੀ. ਐੱਸ. ਐੱਫ. ਡੇਰਾ ਬਾਬਾ ਨਾਨਕ ਦੀ 27 ਬਟਾਲੀਅਨ ਦੇ ਅਧਿਕਾਰੀਆਂ ਅਤੇ ਜਵਾਨਾਂ ਨੇ ਸੀ.ਓ. ਸ੍ਰੀ ਮਾਨ ਸਿੰਘ ਦੀ ਅਗਵਾਈ ਹੇਠ ਭਾਗ ਲਿਆ।ਇਸ ਮੌਕੇ ਬੀ. ਐੱਸ. ਐੱਫ. ਦੇ 100 ਤੋਂ ਵੱਧ ਜਵਾਨਾਂ ਨੇ ਯੋਗ ਦੇ ਵੱਖ-ਵੱਖ ਆਸਣ ਕੀਤੇ।ਇਸ ਮੌਕੇ ਬੀ. ਐੱਸ. ਐੱਫ. ਡੇਰਾ ਬਾਬਾ ਨਾਨਕ ਦੀ 27 ਬਟਾਲੀਅਨ ਦੇ ਸੀ. ਓ. ਮਾਨ ਸਿੰਘ ਨੇ ਕਿਹਾ ਕਿ ਅੱਜ ਪੂਰੀ ਦੁਨੀਆਂ ਵਿਚ 10ਵਾਂ ਅੰਤਰਰਾਸ਼ਟਰੀ ਯੋਗਾ ਦਿਵਸ ਪੂਰੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਰੋਜ਼ਾਨਾ ਘੱਟੋ-ਘੱਟ ਇੱਕ ਘੰਟਾ ਯੋਗਾ ਕਰਨ ਸਰੀਰ ਨਿਰੋਗ ਅਤੇ ਤੰਦਰੁਸਤ ਰਹਿੰਦਾ ਹੈ।ਉਨ੍ਹਾਂ ਕਿਹਾ ਕਿ ਰੋਜ਼ਾਨਾ ਦੀ ਭੱਜ-ਦੌੜ ਦੀ ਜ਼ਿੰਦਗੀ ਕਾਰਨ ਪੈਦਾ ਹੋਏ ਤਣਾਅ ਨੂੰ ਘੱਟ ਕਰਨ ਵਿੱਚ ਯੋਗਾ ਸਹਾਈ ਹੁੰਦਾ ਹੈ। ਉਨ੍ਹਾਂ ਕਿਹਾ ਕਿ ਯੋਗ ਆਸਣਾਂ ਰਾਹੀ ਜਿੱਥੇ ਆਮ ਇਨਸਾਨ ਵੱਖ-ਵੱਖ ਬਿਮਾਰੀਆਂ ਤੋਂ ਨਿਜਾਤ ਪਾ ਸਕਦਾ ਹੈ ਉੱਥੇ ਸਰੀਰਕ ਪੱਖੋਂ ਰਿਸ਼ਟ-ਪੁਸ਼ਟ ਰੱਖਣ ਵਿਚ ਯੋਗਾ ਆਸਣ ਇਕ ਸੋਨੇ ਤੇ ਸੁਹਾਗੇ ਵਰਗੀ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਰੁਝੇਵਿਆਂ ਭਰੇ ਸਮੇਂ ਵਿਚੋਂ ਥੋੜ੍ਹਾ ਸਮਾਂ ਕੱਢ ਕੇ ਸਰੀਰਕ ਪੱਖੋਂ ਤੰਦਰੁਸਤ ਅਤੇ ਚੁਸਤ ਰਹਿਣ ਲਈ ਯੋਗਾ ਨਾਲ ਜੁੜਨਾ ਚਾਹੀਦਾ ਹੈ।

# ਕਿਸਾਨ ਤੇ ਜਵਾਨ ਭਲਾਈ ਯੂਨੀਅਨ ਪੰਜਾਬ ਦਾ ਵਫ਼ਦ ਧਾਲੀਵਾਲ ਨੂੰ ਮਿਲਿਆ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਘੋਨੇਵਾਲਾ ਨੇੜੇ ਰਾਵੀ ਦਰਿਆ ਉਤੇ ਨਵੇਂ ਬਣਾਏ ਜਾ ਰਹੇ ਪੁਲ ਦੇ ਕੰਮ ਦਾ ਜਾਇਜ਼ਾ ਲੈਣ ਪਹੁੰਚੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੂੰ ਕਿਸਾਨ ਤੇ ਜਵਾਨ ਭਲਾਈ ਯੂਨੀਅਨ ਪੰਜਾਬ ਦੇ ਪ੍ਰਧਾਨ ਸੁਖਦੇਵ ਸਿੰਘ ਭੋਜਰਾਜ ਅਤੇ ਜਨਰਲ ਸਕੱਤਰ ਕਵਲਜੀਤ ਸਿੰਘ ਖੁਸ਼ਹਾਲਪੁਰ ਨੇ ਆਪਣੀ ਟੀਮ ਸਮੇਤ ਮਿਲ ਕੇ ਡੇਰਾ ਬਾਬਾ ਨਾਨਕ ਅਤੇ ਅਜਨਾਲਾ ਇਲਾਕੇ ਦੇ ਦਰਜਨਾਂ ਪਿੰਡਾਂ ਨੂੰ ਹੜ੍ਹ ਦੀ ਮਾਰ ਤੋਂ ਬਚਾਉਣ ਲਈ ਲੋੜੀਂਦੇ ਪੁੱਖਤਾ ਪ੍ਰਬੰਧ ਕਰਨ ਲਈ ਜ਼ੋਰ ਦਿੱਤਾ।ਕਿਸਾਨ ਆਗੂ ਭੋਜਰਾਜ ਨੇ ਕਿਹਾ ਕਿ ਡਾਲਾ, ਗੂਰਚਕ, ਮਨਸੂਰ, ਘੋਨਵਾਲਾ, ਮਾਸ਼ੀਵਾਲਾ, ਧਰਮਕੋਟ ਪਤਨ ਆਦਿ ਪਿੰਡਾਂ ਦੀ ਹਜ਼ਾਰਾਂ ਏਕੜ ਜ਼ਮੀਨ ਨੂੰ ਪਾਣੀ ਦੀ ਮਾਰ ਤੋਂ ਬਚਾਉਣ ਲਈ ਪਿਛਲੇ ਸਾਲ ਇਲਾਕੇ ਦੇ ਲੋਕਾਂ ਵੱਲੋਂ ਖ਼ੁਦ ਬਣਾਏ ਗਏ ਅਤੇ ਹੁਣ ਫ਼ੌਜ (ਆਰਮੀ) ਵੱਲੋਂ ਬਣਾਏ ਜਾ ਰਹੇ ਬੰਨ ਦੇ ਪੱਥਰ ਦੀ ਦੀਵਾਰ(ਪ੍ਰੋਟੈਕਸ਼ਨ) ਜਲਦੀ ਲਗਾਉਣ ਦੀ ਮੰਗ ਕੀਤੀ।ਦਰਿਆ ਰਾਵੀ, ਬਿਆਸ ਅਤੇ ਸਤਲੁਜ ਵਿੱਚੋਂ ਰੇਤਾ ਕੱਢ ਕੇ ਪਾਣੀ ਲਈ ਸਪੇਸ ਬਣਾਉਣ ਦੀ ਮੰਗ ਵੀ ਜੋਰਦਾਰ ਢੰਗ ਨਾਲ ਉਠਾਈ ਗਈ।ਕਿਸਾਨ ਆਗੂ ਭੋਜਰਾਜ ਨੇ ਕਿਹਾ ਕਿ ਜੇਕਰ ਸੂਬੇ ਦੇ ਸਾਰੇ ਦਰਿਆਵਾਂ ਵਿੱਚੋਂ ਰੇਤਾ ਕੱਢ ਲਈ ਜਾਵੇ ਤਾਂ ਪਾਣੀ ਲਈ ਖੇਤਰਫਲ ਵੱਧ ਜਾਵੇਗਾ ਅਤੇ ਸੂਬੇ ਨੂੰ ਹੜ੍ਹਾਂ ਦੀ ਮਾਰ ਤੋਂ ਬਚਾਉਣ ਲਈ ਵੱਡੀ ਮੱਦਦ ਮਿਲੇਗੀ ਅਤੇ ਲੋਕਾਂ ਨੂੰ ਰੇਤ ਦੇ ਮਹਿੰਗੇ ਭਾਅ ਤੋਂ ਵੀ ਨਿਜਾਤ ਮਿਲੇਗੀ।ਇਸ ਮੌਕੇ ਮੰਡੀ ਬੋਰਡ ਦੇ ਰਜਿੰਦਰ ਮਹਾਜਨ, ਐਕਸੀਅਨ ਬਲਦੇਵ ਸਿੰਘ ਬਾਜਵਾ, ਐੱਸ ਡੀ ਓ ਅਸ਼ੋਕ ਕੁਮਾਰ, ਡਰੇਨ ਵਿਭਾਗ ਦੇ ਐੱਸ ਡੀ ਓ ਰਾਜ ਕੁਮਾਰ, ਇੰਜੀਨੀਅਰ ਪ੍ਰਿਤਪਾਲ ਸਿੰਘ, ਇੰਜੀਨੀਅਰ ਅਭਿਸ਼ੇਕ, ਸੂਬਾ ਮੀਤ ਪ੍ਰਧਾਨ ਗੁਰਪ੍ਰੀਤ ਸਿੰਘ ਖਾਸਾ ਵਾਲਾ, ਸਤਨਾਮ ਸਿੰਘ ਜੋੜੀਆਂ ਖੁਰਦ, ਗੁਰਸ਼ੇਰ ਸਿੰਘ ਬੋਹੜ ਵਡਾਲਾ, ਗੁਰਨਾਮ ਸਿੰਘ ਪੱਖੋਕੇ, ਬਲਰਾਜ ਸਿੰਘ ਗੁਰਚੱਕ, ਸਰਪੰਚ ਗੁਰਮੁਖ ਸਿੰਘ, ਸਰਪੰਚ ਮਿਹਰ ਸਿੰਘ ਮਨਸੂਰ, ਰਜਿੰਦਰ ਸਿੰਘ, ਸਤਿੰਦਰ ਸਿੰਘ ਰੰਧਾਵਾ ਸ਼ਾਮਿਲ ਰਹੇ।

# ਚੋਰ ਗਹਿਣੇ ਲੈ ਕੇ ਫਰਾਰ, ਤਿੱਬੜ ਪੁਲਸ 'ਤੇ ਕਾਰਵਾਈ ਨਾ ਕਰਨ ਦੇ ਦੋਸ਼



**ਗੁਰਦਾਸਪੁਰ (ਜਨਕ ਮਹਾਜਨ)**-ਪਿੰਡ ਬੱਬੇਹਾਲੀ ਵਿਚ 19 ਜੂਨ ਨੂੰ ਚੋਰਾਂ ਵਲੋਂ ਸਾਢੇ ਤਿੰਨ ਤੋਲੇ ਸੋਨੇ ਦੇ ਗਹਿਣੇ ਦਿਨ ਦਿਹਾੜੇ ਚੋਰੀ ਕਰਕੇ ਲੈ ਗਏ ਸਨ ਅਤੇ ਤਿੱਬੜ ਪੁਲਿਸ ਵਲੋਂ ਮਾਮਲਾ ਦਰਜ ਨਾ ਕਰਕੇ ਬਲਕਿ ਪੀੜਤ ਪਾਸੋਂ ਗਹਿਣੇ ਦੇ ਬਿਲ ਮੰਗ ਕੇ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਪੀੜਤ ਪਲੰਬਰ ਲਖਵਿੰਦਰ ਕੁਮਾਰ ਪੁੱਤਰ ਕਰਨੈਲ ਚੰਦ ਵਾਸੀ ਬੱਬੇਹਾਲੀ ਨੇ ਦੱਸਿਆ ਕਿ ਉਹ ਪਲੰਬਰ ਦਾ ਕੰਮ ਕਰਦਾ ਹੈ ਅਤੇ ਬਾਹਰ ਕੰਮ ਗਿਆ ਹੋਇਆ ਸੀ। ਉਸ ਦੀ ਪਤਨੀ ਸਕੂਲਾਂ ਵਿਚ ਛੁਟੀਆਂ ਹੋਣ ਕਰਕੇ ਪੇਕੇ ਘਰ ਗਈ ਹੋਈ ਸੀ। ਉਨ੍ਹਾਂ ਦੱਸਿਆ ਕਿ ਜਦੋਂ ਉਹ ਸ਼ਾਮ ਨੂੰ ਆਪਣੇ ਘਰ ਆਇਆ ਤਾਂ ਵੇਖਿਆ ਕਿ ਮੁੱਖ ਗੇਟ ਦਾ ਤਾਲਾ ਟੁੱਟਾ ਪਿਆ ਸੀ ਅਤੇ ਸਮਾਨ ਥਾਂ-ਥਾਂ ਖਿਲਰਿਆ ਪਿਆ ਸੀ। ਅਲਮਾਰੀ ਦੇ ਤਾਲੇ ਟੁੱਟੇ ਪਏ ਸਨ ਤੇ ਅਲਮਾਰੀ ਵਿਚ ਪਏ 3.50 ਤੋਲੇ ਸੋਨਾ ਗਾਇਬ ਸੀ ਜਿਸ ਨਾਲ ਉਸ ਦਾ ਲੱਖਾਂ ਰੁਪਏ ਦਾ ਨੁਕਸਾਨ ਹੋਇਆ ਹੈ। ਉਨ੍ਹਾਂ ਦੱਸਿਆ ਕਿ ਮਾਮਲਾ ਤਿੱਬੜ ਪੁਲਸ ਦੇ ਧਿਆਨ ਵਿਚ ਲਿਆਉਣ ਦੇ ਬਾਵਜੂਦ ਵੀ ਅਜੇ ਤੀਕ ਮਾਮਲਾ ਦਰਜ ਨਹੀਂ ਕੀਤਾ ਗਿਆ, ਸਗੋਂ ਪੁਲਸ ਗਹਿਣਿਆਂ ਦਾ ਬਿਲ ਮੰਗ ਕੇ ਨਜਾਇਜ਼ ਤੰਗ ਪ੍ਰੇਸ਼ਾਨ ਕਰ ਰਹੀ ਹੈ। ਉਨ੍ਹਾਂ ਜਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਪੁਲਿਸ ਤਿੱਬੜ ਨੂੰ ਹਦਾਇਤਾਂ ਜਾਰੀ ਕਰਕੇ ਮਾਮਲਾ ਦਰਜ ਕਰਵਾਉਣ ਦੇ ਨਾਲ ਨਾਲ ਚੋਰਾਂ ਨੂੰ ਕਾਬੂ ਕੀਤਾ ਜਾਵੇ।

# ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ ਦੀ ਮਹੀਨਾਵਾਰ ਮੀਟਿੰਗ



**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**-ਬਲਾਕ ਜੰਡਿਆਲਾ ਗੁਰੂ ਦੇ ਨਿਊ ਮੈਡੀਕਲ ਪ੍ਰੈਕਟੀਸ਼ਨਰਜ਼ 100 ਦੀ ਮੀਟਿੰਗ ਤਾਲ ਰੈਸਟੋਰੈਂਟ ਵਿਖੇ ਹੋਈ ।ਮੀਟਿੰਗ ਦੀ ਪ੍ਰਧਾਨਗੀ ਯੂਨੀਅਨ ਦੇ ਪ੍ਰਧਾਨ ਡਾਕਟਰ ਦੀਪਕ ਨੇ ਕੀਤੀ। ਜਿਸ ਵਿੱਚ ਬਲਾਕ ਦੇ ਡਾਕਟਰਾਂ ਨੇ ਸ਼ਿਰਕਤ ਕੀਤੀ ਅਤੇ ਆਪਣੇ-ਆਪਣੇ ਵਿਚਾਰ ਰੱਖੇ, ਡਾਕਟਰਾਂ ਨੇ ਅਤੇ ਪ੍ਰਧਾਨ ਡਾਕਟਰ ਦੀਪਕ ਜੀ ਨੇ ਪ੍ਰਸ਼ਾਸਨ ਵਲੋਂ ਤੇ ਸਰਕਾਰ ਵੱਲੋਂ ਰਚੇ ਜਾਂਦੇ ਮਨਸੂਬਿਆ ਦੀ ਨਿਖੇਧੀ ਕੀਤੀ ਅਤੇ ਐਸੋਸੀਏਸ਼ਨ ਵੱਲੋਂ ਸਾਰੇ ਡਾਕਟਰ ਦੇ ਸਾਥ ਦਾ ਭਰੋਸਾ ਦਵਾਇਆ।ਇਸ ਮੌਕੇ ਡਾ. ਬਲਕਾਰ ਵਡਾਲਾ ਜੌਹਲ ਨੇ ਸਾਰੇ ਡਾਕਟਰਾਂ ਨੂੰ ਸੰਬੋਧਨ ਕਰਦੇ ਹੋਏ ਆਖਿਆ ਕਿ ਕਿਸੇ ਵੀ ਡਾਕਟਰ ਨੂੰ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ ਪਰ ਸਾਫ ਸੁਥਰੀ ਪ੍ਰੈਕਟਿਸ ਹੀ ਕਰਦਾ ਹੋਵੇ। ਸਾਡੀ ਐਸੋਸੀਏਸ਼ਨ ਵੀ ਪ੍ਰਸ਼ਾਸਨ ਦੇ ਨਾਲ ਹੈ, ਸਮਾਜ ਵਿਚ ਨਸ਼ਾ ਖ਼ਤਮ ਕਰਨ ਲਈ ਅਸੀਂ ਪ੍ਰਸ਼ਾਸਨ ਦੇ ਨਾਲ ਹਾਂ।ਡਾ. ਜਤਿੰਦਰ ਸਿੰਘ ਨੇ ਵੀ ਡਾਕਟਰਾਂ ਨੂੰ ਬੇਨਤੀ ਕੀਤੀ ਕਿ ਸਾਰੇ ਡਾਕਟਰ ਸਾਫ ਸੁਥਰਾ ਪ੍ਰੈਕਟਿਸ ਕਰਨ, ਪਰ ਕਿਸੇ ਵੀ ਡਾਕਟਰ ਨੂੰ ਨਜਾਇਜ਼ ਤੰਗ ਨਾ ਕੀਤਾ ਜਾਵੇ।ਇਸ ਮੀਟਿੰਗ ਵਿੱਚ ਡਾਕਟਰ, ਸ਼ਾਮ ਲਾਲ, ਡਾ. ਬਿਕਰਮਜੀਤ ਸਿੰਘ, ਡਾ. ਅਸ਼ਵਨੀ, ਡਾ. ਸਰਬਜੀਤ ਸਿੰਘ, ਡਾ. ਬਲਕਾਰ ਸਿੰਘ, ਡਾ. ਬਲਰਾਜ ਸਿੰਘ, ਡਾ. ਵਰਿੰਦਰ ਸਿੰਘ, ਡਾ. ਗੁਰਸੇਵਕ ਸਿੰਘ, ਡਾ. ਸ਼ੁਬੇਗ ਸਿੰਘ, ਡਾ. ਮਨਜੀਤ ਸਿੰਘ, ਡਾ. ਲਖਬੀਰ ਸਿੰਘ ਤੇ ਹੋਰ ਕਈ ਡਾ. ਸਾਥੀ ਮੌਜੂਦ ਸਨ।

# ਜ਼ਿਲ੍ਹਾ ਤੇ ਸੈਸ਼ਨ ਜੱਜ ਰਜਿੰਦਰ ਅਗਰਵਾਲ ਸਮੇਤ ਹੋਰ ਵੀ ਜੱਜ ਸਾਹਿਬਾਨ ਨੇ ਕਮਾਇਆ ਯੋਗ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਿਟੀ ਦੇ ਕਾਰਜਕਾਰੀ ਚੇਅਰਮੈਨ ਮਾਨਯੋਗ ਮਿਸਟਰ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ, ਕਾਰਜਕਾਰੀ ਚੀਫ਼ ਜਸਟਿਸ, ਪੰਜਾਬ ਅਤੇ ਹਰਿਆਣਾ ਹਾਈਕੋਰਟ, ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਿਕ ਰਜਿੰਦਰ ਅਗਰਵਾਲ, ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਕਚਹਿਰੀਆਂ, ਗੁਰਦਾਸਪੁਰ ਵਿੱਚ 10ਵਾਂ ਅੰਤਰਰਾਸ਼ਟਰੀ ਯੋਗਾ ਦਿਵਸ-2024 ਮਨਾਇਆ ਗਿਆ।ਇਹ ਅੰਤਰਰਾਸ਼ਟਰੀ ਯੋਗਾ ਦਿਵਸ ਜ਼ਿਲ੍ਹਾ ਪ੍ਰਸ਼ਾਸਨ, ਗੁਰਦਾਸਪੁਰ ਦੇ ਤਾਲ-ਮੇਲ ਨਾਲ ਕਰਵਾਇਆ ਗਿਆ।ਇਸ ਅੰਤਰਰਾਸ਼ਟਰੀ ਯੋਗਾ ਦਿਵਸ ਮੌਕੇ ਰਜਿੰਦਰ ਅਗਰਵਾਲ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ, ਸ੍ਰੀ ਪ੍ਰਿਤਪਾਲ ਸਿੰਘ, ਵਧੀਕ ਪ੍ਰਿੰਸੀਪਲ ਜੱਜ (ਫੈਮਲੀ ਕੋਰਟ), ਗੁਰਦਾਸਪੁਰ, ਸ੍ਰੀ ਰਵੀ ਗੁਲਾਟੀ, ਵਧੀਕ ਜ਼ਿਲ੍ਹਾ ਅਤੇ ਸੈਸ਼ਨ ਜੱਜ, ਗੁਰਦਾਸਪੁਰ, ਸ੍ਰੀ ਰੰਜੀਵਪਾਲ ਸਿੰਘ ਚੀਮਾ, ਚੀਫ਼ ਜੁਡੀਸ਼ੀਅਲ ਮੈਜਿਸਟਰੇਟ, ਗੁਰਦਾਸਪੁਰ ਅਤੇ ਚੰਦਨ ਹੰਸ, ਸਿਵਲ ਜੱਜ (ਜੂਨੀਅਰ ਡਵੀਜ਼ਨ), ਗੁਰਦਾਸਪੁਰ, ਜ਼ਿਲ੍ਹਾ ਬਾਰ ਐਸੋਸੀਏਸ਼ਨ, ਗੁਰਦਾਸਪੁਰ ਦੇ ਮੈਂਬਰ, ਪੈਨਲ ਐਡਵੋਕੇਟਜ਼ ਤੋਂ ਇਲਾਵਾ ਜੁਡੀਸ਼ੀਅਲ ਸਟਾਫ਼ ਵੀ ਮੌਜੂਦ ਸੀ।ਸ੍ਰੀ ਰਜਿੰਦਰ ਅਗਰਵਾਲ, ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ, ਗੁਰਦਾਸਪੁਰ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਅੰਤਰਰਾਸ਼ਟਰੀ ਯੋਗਾ ਦਿਵਸ ਸਾਲ 2015 ਤੋਂ ਸ਼ੁਰੂ ਹੋਇਆ ਸੀ ਅਤੇ ਉਸ ਤੋਂ ਬਾਅਦ ਇਹ ਹਰ ਸਾਲ 21 ਜੂਨ ਨੂੰ ਪੂਰੇ ਵਿਸ਼ਵ ਵਿੱਚ ਮਨਾਇਆ ਜਾਂਦਾ ਹੈ।ਯੋਗ ਸਾਡੇ ਰਿਸ਼ੀਆਂ-ਮੁਨੀਆਂ ਦੀ ਤਪੱਸਿਆ ਦੁਆਰਾ ਮਨੁੱਖ ਦੇ ਸੰਪੂਰਨ ਵਿਕਾਸ ਅਤੇ ਤੰਦਰੁਸਤੀ ਲਈ ਲੱਭੀ ਗਈ ਪ੍ਰਾਚੀਨ ਪੱਧਤੀ ਹੈ। ਯੋਗਾ ਕਰਨ ਨਾਲ ਮਨੁੱਖ ਦਾ ਸੰਪੂਰਨ ਵਿਕਾਸ ਹੁੰਦਾ ਹੈ ਅਤੇ ਮਨੁੱਖ ਦੀ ਇਕਾਗਰਤਾ ਵਿੱਚ ਵਾਧਾ ਹੁੰਦਾ ਹੈ ਅਤੇ ਮਨੁੱਖ ਵਿੱਚ ਸਾਕਾਰਾਤਮਕ ਵਿਅਕਤੀਤਵ ਵਿਕਸਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਯੋਗਾ ਭਾਰਤ ਦੀ ਵਿਰਾਸਤ ਹੈ ਅਤੇ ਯੋਗਾ ਵਿੱਚ ਸਾਰੀ ਮਨੁੱਖ ਜਾਤੀ ਨੂੰ ਇੱਕਜੁੱਟ ਕਰਨ ਦੀ ਸ਼ਕਤੀ ਹੈ। ਉਨ੍ਹਾਂ ਕਿਹਾ ਕਿ ਯੋਗਾ ਇੱਕ ਸੰਪੂਰਨ ਕਸਰਤ ਹੈ, ਜੋ ਸਰੀਰ ਨੂੰ ਨਿਰੋਗ ਰੱਖਣ ਵਿੱਚ ਸਹਾਈ ਹੁੰਦੀ ਹੈ।ਇਸ ਤੋਂ ਇਲਾਵਾ ਉਨ੍ਹਾਂ ਨੇ ਦੱਸਿਆ ਕਿ ਵਿਸ਼ਵ ਯੋਗਾ ਦਿਵਸ ਦਾ ਉਦੇਸ਼ ਪੂਰੀ ਦੁਨੀਆ ਦੇ ਲੋਕਾਂ ਨੂੰ ਯੋਗਾ ਦੇ ਲਾਭਾਂ ਬਾਰੇ ਜਾਗਰੂਕ ਕਰਨਾ ਹੈ। ਮਾਨਯੋਗ ਜੱਜ ਸਾਹਿਬਾਨ ਨੇ ਆਪਣੇ ਸੰਬੋਧਨ ਵਿੱਚ ਸਾਰਿਆਂ ਨੂੰ ਯੋਗਾ ਨੂੰ ਆਪਣੀ ਦਿਨ-ਚਰਿਆ ਦਾ ਹਿੱਸਾ ਬਣਾਉਣ ਵਾਸਤੇ ਪ੍ਰੇਰਿਤ ਕੀਤਾ ਤਾਂ ਜੋ ਅਸੀਂ ਨਿਰੋਗੀ ਜੀਵਨ ਹੰਢਾ ਸਕੀਏ।ਅੰਤ ਵਿੱਚ ਮਾਨਯੋਗ ਜੱਜ ਸਾਹਿਬਾਨ ਨੇ ਡਾ. ਕੁਲਬੀਰ ਕੌਰ ਤੇ ਉਨ੍ਹਾਂ ਦੀ ਆਈ ਟੀਮ ਦਾ ਧੰਨਵਾਦ ਕੀਤਾ।

# ਦੋਦਵਾਂ ਮੋੜ 'ਤੇ ਬਣੇ ਬੱਸ ਸਟਾਪੇਜ ਦੀ ਹਾਲਤ ਖਸਤਾ, ਲੋਕ ਪ੍ਰੇਸ਼ਾਨ




**ਗੁਰਦਾਸਪੁਰ, (ਜਨਕ ਮਹਾਜਨ)**-ਦੀਨਾਨਗਰ-ਬਹਿਰਾਮਪੁਰ ਗਾਹਲੜੀ ਸੜਕ 'ਤੇ ਪੈਂਦੇ ਪਿੰਡ ਦੋਦਵਾ ਮੋੜ 'ਤੇ ਬਣੇ ਬੱਸ ਸ਼ੈਡ ਦੀ ਹਾਲਤ ਖਸਤਾ ਹੋਣ ਕਾਰਨ ਲੋਕਾਂ ਦਾ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਪਿੰਡ ਦੋਦਵਾਂ ਮੋੜ 'ਤੇ ਬਣੇ ਬੱਸ ਸ਼ੈਡ ਦੀ ਸਾਫ ਸਫਾਈ ਅਤੇ ਸਾਂਭ ਸੰਭਾਲ ਨਾ ਹੋਣ ਕਾਰਨ ਲੋਕਾਂ ਨੂੰ ਗਰਮੀ, ਵਰਖਾ ਵੇਲੇ ਬੱਸਾਂ ਆਦਿ ਦਾ ਇੰਤਜ਼ਾਰ ਕਰਨ ਵੇਲੇ ਕਾਫੀ ਮੁਸ਼ਕਲਾਂ ਪੇਸ਼ ਆ ਰਹੀਆਂ ਹਨ। ਜ਼ਿਕਰਯੋਗ ਹੈ ਕਿ ਇਸ ਬੱਸ ਸ਼ੈਡ ਨੇੜੇ ਸਰਕਾਰੀ ਬਹੁਤ ਤਕਨੀਕੀ ਕਾਲਜ ਵੀ ਸਥਿਤ ਹੈ ਜੋ ਸੜਕ ਦੇ ਕੰਢੇ ਥੋੜ੍ਹੀ ਦੂਰ 'ਤੇ ਹੈ ਜਿਸ ਕਾਰਨ ਇਥੋਂ ਵੱਡੀ ਗਿਣਤੀ ਵਿੱਚ ਵਿਦਿਆਰਥੀ ਅਤੇ ਨੇੜਲੇ ਪਿੰਡਾਂ ਦੇ ਲੋਕ ਇਸ ਬੱਸ ਸ਼ੈਡ ਦੀ ਜ਼ਰੂਰਤ ਨੂੰ ਮਹਿਸੂਸ ਕਰਦੇ ਹਨ ਪਰ ਬੱਸ ਸ਼ੈੱਡ ਦੀ ਮਾੜੀ ਹਾਲਤ ਹੋਣ ਕਾਰਨ ਲੋਕ ਇਸ ਦਾ ਇਸਤੇਮਾਲ ਨਹੀਂ ਕਰ ਸਕਦੇ। ਇਲਾਕਾਂ ਵਾਸੀਆਂ ਦੀ ਮੰਗ ਹੈ ਕਿ ਬੱਸ ਸ਼ੈਡ ਦੀ ਮੁਰੰਮਤ ਜਲਦੀ ਤੋਂ ਜਲਦੀ ਕਰਵਾਈ ਜਾਵੇ ਤਾਂ ਜੋ ਵਿਦਿਆਰਥੀ ਅਤੇ ਇਲਾਕਾ ਵਾਸੀ ਇਸ ਦਾ ਲਾਭ ਲੈ ਸਕਣ।

# ਸਤਿਗੁਰੂ ਕਬੀਰ ਮੰਦਿਰ ਫੱਜੂਪੁਰ ਤੋਂ ਸੰਗਤਾਂ ਨੇ ਸਜਾਇਆ ਵਿਸ਼ਾਲ ਨਗਰ ਕੀਰਤਨ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪ੍ਰਬੰਧਕੀ ਕਮੇਟੀ ਸਤਿਗੁਰ ਕਬੀਰ ਮੰਦਿਰ (ਰਜਿ.) ਫੱਜੂਪੁਰ, ਧਾਰੀਵਾਲ ਵਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਤਿਗੁਰੂ ਕਬੀਰ ਜੀ ਦੇ 626ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਵਿਸ਼ਾਲ ਨਗਰ ਕੀਰਤਨ ਕੱਢਿਆ ਗਿਆ।ਇਹ ਨਗਰ ਕੀਰਤਨ ਸਤਿਗੁਰ ਕਬੀਰ ਮੰਦਿਰ ਫੱਜੂਪੁਰ ਤੋਂ ਸੁੰਦਰ ਪਾਲਕੀ ਵਿੱਚ ਸੁਸ਼ੋਭਿਤ ਪਵਿੱਤਰ ਕਬੀਰ ਬਾਣੀ ਦੇ ਗ੍ਰੰਥ ਦੀ ਅਗਵਾਈ ਵਿੱਚ ਆਰੰਭ ਹੋ ਕੇ ਪਿੰਡ ਫੱਤੇਨੰਗਲ, ਲੇਹਲ ਦੀਨਪੁਰ, ਅਹਿਮਦਾਬਾਦ, ਬੇਦੀ ਕਲੋਨੀ ਧਾਰੀਵਾਲ, ਦਾਣਾ ਮੰਡੀ ਧਾਰੀਵਾਲ ਆਦਿ ਸਮੇਤ ਵੱਖ-ਵੱਖ ਥਾਵਾਂ ਤੋਂ ਹੁੰਦਾ ਹੋਇਆ ਮੁੜ ਵਾਪਸ ਆਰੰਭਕ ਸਥਾਨ ਕਬੀਰ ਮੰਦਿਰ ਫੱਜੂਪੁਰ ਵਿਖੇ ਸਮਾਪਤ ਹੋਇਆ। ਨਗਰ ਕੀਰਤਨ ਦਾ ਵੱਖ-ਵੱਖ ਥਾਵਾਂ ਤੇ ਸ਼ਰਧਾਲੂਆਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਸੰਗਤਾਂ ਲਈ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਅਤੇ ਕਈ ਪ੍ਰਕਾਰ ਦੇ ਲੰਗਰ ਲਗਾਏ ਗਏ।ਨਗਰ ਕੀਰਤਨ ਦੌਰਾਨ ਰਾਗੀ ਜਥਿਆਂ ਨੇ ਕਬੀਰ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ।ਨਗਰ ਕੀਰਤਨ ਵਿੱਚ ਸਤਿਗੁਰ ਕਬੀਰ ਮੰਦਿਰ ਫੱਜੂਪੁਰ ਦੀ ਕਮੇਟੀ ਪ੍ਰਧਾਨ ਅਸ਼ਵਨੀ ਫੱਜੂਪੁਰ, ਸੈਕਟਰੀ ਗੁਰਬਚਨ ਸਿੰਘ ਜ਼ਿਲ੍ਹੇਦਾਰ, ਸੀਨੀਅਰ ਮੀਤ ਪ੍ਰਧਾਨ ਪ੍ਰੇਮਪਾਲ ਪੰਮਾ, ਕੈਸ਼ੀਅਰ ਪ੍ਰੇਮ ਅਹਿਮਦਾਬਾਦ, ਬਸਪਾ ਦੇਜ਼ਿਲ੍ਹਾ ਪ੍ਰਧਾਨ ਜੇ. ਪੀ. ਭਗਤ, ਹਲਕਾ ਕਾਦੀਆਂ ਦੇ ਪ੍ਰਧਾਨ ਕਸਤੂਰੀ ਲਾਲ ਐਸਡੀਓ, ਡਾਕਟਰ ਸੰਤੋਖ ਭਗਤ ਬਿੱਧੀਪੁਰ, ਭਗਤ ਦੀਨਾ ਨਾਥ, ਕੀਮਤੀ ਲਾਲ ਭਗਤ, ਸਰਪੰਚ ਬਲਵਿੰਦਰ ਪਾਲ ਟਾਕ, ਸੀਨੀਅਰ ਆਗੂ ਕੇਵਲ ਕ੍ਰਿਸ਼ਨ ਟਾਕ, ਪ੍ਰੇਮ ਸਿੰਘ ਬੇਦੀ ਕਲੋਨੀ ਧਾਰੀਵਾਲ, ਸੇਵਾਦਾਰ ਕੁੰਦਨ ਲਾਲ, ਹਰੀ ਰਾਮ, ਸਾਂਈ ਦਾਸ ਭਗਤ, ਤਰਲੋਕ ਲਾਲ ਭਗਤ ਏਡੀਓ, ਬਲਵਿੰਦਰ ਬਿੰਦਾ,ਤਲਵਿੰਦਰ ਪਾਲ, ਭਗਤ ਦੀਨਾ ਨਾਥ, ਹਰਮੀਤ ਭਗਤ, ਮਾਸਟਰ ਸੁਭਾਸ ਚੰਦਰ, ਪੂਰਨ ਚੰਦ, ਜਤਿੰਦਰ ਭਗਤ ਦੀਨਪੁਰ, ਦਰਸਨ ਲਾਲ ਲੇਹਲ,ਐਡਵੋਕੇਟ ਲਲਿਤ ਪ੍ਰਸ਼ਾਦ, ਰਾਮ ਕ੍ਰਿਸ਼ਨ, ਵਿਮਲ ਭਗਤ, ਪ੍ਰੇਮ ਪਾਲ ਨੰਬਰਦਾਰ, ਅਸ਼ੋਕ ਕੁਮਾਰ, ਪ੍ਰਿੰਸੀਪਲ ਨੰਦ ਲਾਲ ਕਲਿਆਣਪੁਰ, ਜਸਵਿੰਦਰ ਕੌਰ, ਨੀਰਜ ਕੁਮਾਰੀ, ਸ੍ਰਿਸ਼ਟਾ, ਸਰਿਤਾ, ਸੋਭਨਾ, ਰਾਣੀ, ਗੀਟਾ, ਰਚਨਾ ਕੁਮਾਰੀ ਆਦਿ ਪ੍ਰਬੰਧਕ ਸੇਵਾਦਾਰਾਂ ਅਤੇ ਸ਼ਰਧਾਲੂਆਂ ਸਮੇਤ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਸਾਮਲ ਸਨ।

# ਉਰਦੂ ਆਮੋਜ਼ ਜਮਾਤਾਂ ਦਾ ਦਾਖ਼ਲਾ 10 ਜੁਲਾਈ ਤੱਕ : ਡਾ. ਕਲਸੀ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਪੰਜਾਬ ਸਰਕਾਰ ਦੇ ਉਚੇਰੀ ਸਿੱਖਿਆ ਅਤੇ ਭਾਸ਼ਾਵਾਂ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਗੁਰਦਾਸਪੁਰ ਤੇ ਅੰਮ੍ਰਿਤਸਰ ਦੇ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਪਰਮਜੀਤ ਸਿੰਘ ਕਲਸੀ (ਨੈਸ਼ਨਲ ਐਵਾਰਡੀ) ਨੇ ਜਾਣਕਾਰੀ ਦਿੰਦਿਆਂ ਦੱਸਿਆ ਹੈ ਕਿ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਗੁਰਦਾਸਪੁਰ ਤੇ ਅੰਮ੍ਰਿਤਸਰ ਵਿੱਚ 01 ਜੁਲਾਈ, 2024 ਤੋਂ ਦਸੰਬਰ, 2024 ਤੱਕ ਛਿਮਾਹੀ ਸੈਸ਼ਨ ਲਈ ਦਫ਼ਤਰੀ ਸਮੇਂ ਤੋਂ ਬਾਅਦ (ਸ਼ਾਮ 5 ਵਜੇ ਤੋਂ 6 ਵਜੇ ਤੱਕ) ਰੋਜ਼ਾਨਾ ਇੱਕ ਘੰਟੇ ਲਈ ਉਰਦੂ ਆਮੋਜ਼ ਜਮਾਤ ਲਗਾਈ ਜਾ ਰਹੀ ਹੈ।ਛਿਮਾਹੀ ਉਰਦੂ ਜਮਾਤ ਦਾ ਕੋਰਸ ਪੂਰਾ ਕਰਨ ਵਾਲਿਆਂ ਨੂੰ ਵਿਭਾਗ ਵੱਲੋਂ ਪ੍ਰਮਾਣ-ਪੱਤਰ ਵੀ ਜਾਰੀ ਕੀਤਾ ਜਾਂਦਾ ਹੈ। ਇਸ ਵਿੱਚ ਕੋਈ ਵੀ ਉਮੀਦਵਾਰ, ਸਰਕਾਰੀ ਕਰਮਚਾਰੀ/ਅਧਿਕਾਰੀ, ਅਰਧ-ਸਰਕਾਰੀ ਕਰਮਚਾਰੀ, ਵਿਦਿਆਰਥੀ/ਕਾਰੋਬਾਰੀ ਦਾਖ਼ਲਾ ਲੈ ਸਕਦਾ ਹੈ। ਦਾਖ਼ਲਾ ਫ਼ਾਰਮ ਇਸ ਦਫ਼ਤਰ ਤੋਂ ਪ੍ਰਾਪਤ ਕੀਤੇ ਜਾ ਸਕਦੇ ਹਨ। ਉਰਦੂ ਜਮਾਤਾਂ ਦੇ ਚਾਹਵਾਨ ਉਮੀਦਵਾਰ ਫ਼ਾਰਮ, ਫੋਟੋ, ਆਧਾਰ ਕਾਰਡ ਤੇ ਵਿੱਦਿਅਕ ਯੋਗਤਾ ਦੇ ਦਸਤਾਵੇਜ਼ਾਂ ਦੀ ਕਾਪੀ ਸਮੇਤ ਮੁਕੰਮਲ ਮਿਸਲ ਕਮਰਾ ਨੰ. 501-502, ਬਲਾਕ-ਬੀ, ਚੌਥੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਦਫਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਗੁਰਦਾਸਪੁਰ ਅਤੇ ਅੰਮ੍ਰਿਤਸਰ ਦੇ ਕਮਰਾ ਨੰਬਰ 301, ਤੀਸਰੀ ਮੰਜ਼ਿਲ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਅੰਮ੍ਰਿਤਸਰ ਵਿਖੇ ਸੰਪਰਕ ਕਰਕੇ 10 ਜੁਲਾਈ, 2024 ਤੱਕ ਜਮ੍ਹਾ ਕਰਵਾ ਸਕਦੇ ਹਨ।ਇਸ ਉਰਦੂ ਜਮਾਤ ਦੇ ਛਿਮਾਹੀ ਕੋਰਸ ਲਈ ਕੇਵਲ 500 ਰੁਪਏ ਫ਼ੀਸ ਹੀ ਵਿਭਾਗ ਵੱਲੋਂ ਰੱਖੀ ਗਈ ਹੈ।

# ਦਸਵੰਧ ਸੇਵਾ ਸੁਸਾਇਟੀ ਨੇ ਛੇਵਾਂ ਖੂਨਦਾਨ ਕੈਂਪ ਲਗਾਇਆ




**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**—ਦਸਵੰਧ ਸੇਵਾ ਸੁਸਾਇਟੀ ਅਜਨਾਲਾ ਜੋ ਹਰ ਮਨੁੱਖਤਾ ਦੇ ਭਲੇ ਲਈ ਗਰੀਬ ਪਰਿਵਾਰਾਂ ਦੀ ਇਲਾਜ ਅਤੇ ਰਾਸ਼ਨ ਦੀ ਸੇਵਾ ਕਰਦੀ ਹੈ, ਇਸ ਦੇ ਨਾਲ-ਨਾਲ ਦਸਵੰਧ ਸੇਵਾ ਸੁਸਾਇਟੀ ਵੱਲੋਂ ਛੇਵਾਂ ਖੂਨਦਾਨ ਕੈਂਪ ਸਰਕਾਰੀ ਹਸਪਤਾਲ ਅਜਨਾਲਾ ਵਿੱਚ ਲਗਾਇਆ ਗਿਆ ਜਿਸ ਵਿੱਚ 19 ਦੇ ਕਰੀਬ ਦਾਨੀਆਂ ਨੇ ਖ਼ੂਨ ਦਾਨ ਦੇ ਸੇਵਾ ਵਿੱਚ ਹਿੱਸਾ ਪਾਇਆ। ਇਸ ਮੌਕੇ ਸੋਸਾਇਟੀ ਦੇ ਸੇਵਾਦਾਰ ਅਮਰਜੀਤ ਸਿੰਘ ਬਾਜਵਾ, ਲਖਵਿੰਦਰ ਸਿੰਘ ਬਾਜਵਾ, ਡਾਕਟਰ ਗੁਰਪ੍ਰੀਤ ਸਿੰਘ ਬੱਗਾ ਨੇ ਦੱਸਿਆ ਕਿਸੇ ਵੀ ਵੀਰ ਨੂੰ ਕਿਸੇ ਵੀ ਗਰੁੱਪ ਦਾ ਬਲੱਡ ਚਾਹੀਦਾ ਹੋਵੇ ਉਹ ਸਾਡੇ ਨਾਲ ਸੰਪਰਕ ਕਰ ਸਕਦਾ ਹੈ। ਸਾਡਾ ਇਹ ਕੈਂਪ ਲਾਉਣ ਦਾ ਮੁੱਖ ਮੰਤਵ ਇਹ ਹੈ ਕਿਸੇ ਵੀ ਗਰੀਬ ਜੋ ਪੈਸੇ ਪੈਸੇ ਦੇ ਕੇ ਖ਼ੂਨ ਨਹੀਂ ਲੈ ਸਕਦਾ ਉਸ ਨੂੰ ਫਰੀ ਵਿੱਚ ਬਲੱਡ ਦਿੱਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਕਾਰ ਸਿੰਘ ਬਾਜਵਾ, ਜਸਬੀਰ ਸਿੰਘ ਢਿੱਲੋਂ, ਸਰਬਜੀਤ ਸਿੰਘ ਬੱਗਾ, ਸ਼ੇਰਾ ਅਤੇ ਗੋਰਾ ਹਾਜ਼ਰ ਸਨ। ਸਰਕਾਰੀ ਹਸਪਤਾਲ ਦੇ ਡਾਕਟਰ, ਬਲੱਡ ਬੈਂਕ ਦੇ ਇੰਚਾਰਜ ਡਾ. ਰੀਤੂ ਸ਼ਰਮਾ, ਡਾ. ਨੀਰਜ ਅਗਰਵਾਲ, ਸਤਿੰਦਰਬੀਰ ਕੌਰ, ਸਾਹਿਬ ਸਿੰਘ, ਸੰਦੀਪ ਸਿੰਘ ਆਦਿ ਵੀ ਹਾਜ਼ਰ ਸਨ।

# ਠੇਕੇਦਾਰ ਰਾਜੂ ਦੇ ਪੁੱਤ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ



**ਝਬਾਲ (ਹਰਜਿੰਦਰ ਸਿੰਘ ਸੋਨੀ)**-ਪਿੰਡ ਝਬਾਲ ਪੁਖਤਾ ਦੇ ਠੇਕੇਦਾਰ ਧਰਮਿੰਦਰ ਸਿੰਘ ਰਾਜੂ ਨੂੰ ਉਸ ਵੇਲ਼ੇ ਗਹਿਰਾ ਸਦਮਾ ਪੁੱਜਾ ਜਦੋਂ ਉਨ੍ਹਾਂ ਦੇ ਨੌਜਵਾਨ ਪੁੱਤਰ ਬਿਕਰਮਜੀਤ ਸਿੰਘ ਬੌਬੀ ਦਾ ਅਚਨਚੇਤ ਦਿਹਾਂਤ ਹੋ ਗਿਆ ਜਿਸ ਦਾ ਅੰਤਿਮ ਸੰਸਕਾਰ ਪਿੰਡ ਝਬਾਲ ਦੇ ਸ਼ਮਸ਼ਾਨਘਾਟ ਵਿਖੇ ਸੈਂਕੜੇ ਨਮ ਅੱਖਾਂ ਨਾਲ ਕਰ ਦਿੱਤਾ ਗਿਆ।ਇਸ ਮੌਕੇ ਹਲਕਾ ਵਿਧਾਇਕ ਕਸ਼ਮੀਰ ਸਿੰਘ ਸੋਹਲ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮੁਨੀਸ਼ ਕੁਮਾਰ ਮੋਨੂੰ ਚੀਮਾ, ਚੇਅਰਮੈਨ ਰਮਨ ਕੁਮਾਰ ਝਬਾਲ, ਸਬ ਇੰਸ ਕਸ਼ਮੀਰ ਸਿੰਘ ਝਬਾਲ, ਲੇਖਕ ਜਸਬੀਰ ਸਿੰਘ ਝਬਾਲ, ਪੱਤਰਕਾਰ ਹਰਜਿੰਦਰ ਸਿੰਘ ਲਾਲਾ ਝਬਾਲ, ਪੱਤਰਕਾਰ ਹਰਦੀਪ ਸਿੰਘ ਝਬਾਲ, ਬਾਬਾ ਵਰਿਆਮ ਸਿੰਘ, ਸਾਬਕਾ ਸਰਪੰਚ ਗੁਰਦੀਪ ਸਿੰਘ, ਸਰਪੰਚ ਗੁਰਜਿੰਦਰ ਸਿੰਘ, ਸੁਖਦੇਵ ਸਿੰਘ ਠੱਠੀ, ਗੁਰਬਿੰਦਰ ਸਿੰਘ ਖੈਰਦੀ, ਅਜਮੇਰ ਸਿੰਘ ਮੀਆਂਪੁਰ, ਮੈਂਬਰ ਕਰਮ ਸਿੰਘ ਝਬਾਲ, ਬਾਬਾ ਜਗੀਰ ਸਿੰਘ, ਚੇਅਰਮੈਨ ਹੀਰਾ ਸਿੰਘ, ਬਾਬਾ ਸਵਰਨ ਸਿੰਘ, ਕਸ਼ਮੀਰ ਸਿੰਘ ਫੌਜੀ, ਹੀਰਾ ਸਿੰਘ, ਹਰਜੀਤ ਸਿੰਘ, ਬਲਵਿੰਦਰ ਸਿੰਘ ਮਿੱਠੂ, ਬਲਕਾਰ ਸਿੰਘ, ਮੈਂਬਰ ਹਰਭਜਨ ਸਿੰਘ, ਮਾਸਟਰ ਵਿਜੇ ਕੁਮਾਰ ਨੇ ਬੌਬੀ ਦੀ ਵਿਛੋੜੇ ਨੂੰ ਪਰਿਵਾਰ ਲਈ ਕਦੇ ਨਾ ਪੂਰਾ ਹੋਣ ਵਾਲ਼ਾ ਘਾਟਾ ਦੱਸਿਆ।

# ਸ਼ਿਵ ਮੰਦਰ ਪਾਰਕ 'ਚ ਮਨਾਇਆ ਵਿਸ਼ਵ ਯੋਗਾ ਦਿਵਸ



**ਕਲਾਨੌਰ (ਮਨਦੀਪ ਕੋਹਲੀ)**-ਵਿਸ਼ਵ ਭਰ ਵਿੱਚ ਮਨਾਏ ਜਾ ਰਹੇ 10ਵੇਂ ਅੰਤਰਰਾਸ਼ਟਰੀ ਯੋਗਾ ਦਿਵਸ ਸਬੰਧੀ ਅੱਜ ਪਿਛਲੀ ਸਰਕਾਰ ਮੌਕੇ ਕਰੋੜਾਂ ਦੀ ਲਾਗਤ ਨਾਲ ਤਿਆਰ ਕਰਵਾਈ ਕਲਾਨੌਰ ਦੀ ਸ਼ਿਵ ਮੰਦਿਰ ਪਾਰਕ ਵਿੱਚ ਸੀਐੱਮ ਦੀ ਯੋਗਸ਼ਾਲਾ ਤਹਿਤ ਯੋਗਾ ਦਿਵਸ ਮਨਾਇਆ ਗਿਆ, ਜਿਸ ਵਿੱਚ ਕਲਾਨੌਰ ਦੀਆਂ ਭਾਰੀ ਗਿਣਤੀ ਵਿੱਚ ਔਰਤਾਂ ਸ਼ਾਮਿਲ ਹੋਈਆਂ ਜਿਨਾਂ ਵਿੱਚੋਂ ਵੱਖ-ਵੱਖ ਔਰਤਾਂ ਨੇ ਦੱਸਿਆ ਕਿ ਯੋਗ ਕਰਨ ਨਾਲ ਕੀ ਕੀ ਲਾਭ ਹੁੰਦੇ ਹਨ ਅਤੇ ਉਨ੍ਹਾਂ ਨੂੰ ਕਿਹੜੀਆਂ ਕਿਹੜੀਆਂ ਬਿਮਾਰੀਆਂ ਤੋਂ ਛੁਟਕਾਰਾ ਮਿਲਿਆ ਹੈ। ਵੱਖ-ਵੱਖ ਔਰਤਾਂ ਨੇ ਕਿਹਾ ਕਿ ਥੋੜੇ ਦਿਨਾਂ ਵਿੱਚ ਹੀ ਯੋਗਾ ਕਰਨ ਨਾਲ ਔਰਤਾਂ ਦੀਆਂ ਕਈ ਫਿਜ਼ੀਕਲ ਪ੍ਰੌਬਲਮਸ ਦੂਰ ਹੋ ਜਾਂਦੀਆਂ ਹਨ ਅਤੇ ਦਵਾਈਆਂ ਤੋਂ ਵੀ ਛੁਟਕਾਰਾ ਮਿਲ ਜਾਂਦਾ ਹੈ।ਕਈਆਂ ਨੇ ਕਿਹਾ ਕਿ ਅਸੀਂ ਬੜੀ ਜਗ੍ਹਾ ਤੋਂ ਦਵਾਈਆਂ ਖਾ ਖਾ ਕੇ ਥੱਕ ਚੁੱਕੇ ਹਾਂ ਅਤੇ ਹੁਣ ਯੋਗ ਕਰਨ ਨਾਲ ਹੀ ਸਰੀਰ ਤੰਦਰੁਸਤ ਹੋਇਆ ਹੈ ਅਤੇ ਮਨ ਨੂੰ ਸੰਤੁਸ਼ਟੀ ਮਿਲੀ ਹੈ। ਇਸ ਮੌਕੇ ਯੋਗਾ ਟ੍ਰੇਨਰ ਤ੍ਰਿਪਾਟੀ ਨੇ ਦੱਸਿਆ ਕਿ ਉਨ੍ਹਾਂ ਵੱਲੋ ਸੀਐੱਮ ਦੀ ਯੋਗਸ਼ਾਲਾ ਤਹਿਤ ਕਲਾਨੌਰ ਵਿੱਚ 6 ਗਰੁੱਪਾਂ ਵਿੱਚ ਕਲਾਸਾਂ ਲਗਾਈਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਪਹਿਲੀ ਕਲਾਸ ਸਵੇਰੇ ਸ਼ਿਵ ਮੰਦਰ ਪਾਰਕ ਵਿੱਚ, ਦੂਸਰੀ ਕਲਾਸ ਬਾਵਾ ਲਾਲ ਦਿਆਲ ਮੰਦਿਰ ਢੱਕੀ ਮੁਹੱਲਾ, ਉਸ ਤੋਂ ਬਾਅਦ ਚੱਕਰੀ ਮਹੱਲਾ, ਨਵਾਂ ਕਟੜਾ, ਨਾਗਾਂ ਵਾਲਾ ਮੰਦਰ ਆਦਿ ਵਿੱਚ ਫ੍ਰੀ ਯੋਗ ਦੀਆਂ ਕਲਾਸਾਂ ਲਗਾਈਆਂ ਜਾ ਰਹੀਆਂ ਹਨ। ਇਨ੍ਹਾਂ ਕਲਾਸਾਂ ਵਿੱਚ ਸੈਂਕੜੇ ਔਰਤਾਂ ਫ੍ਰੀ ਯੋਗਾ ਦਾ ਲਾਭ ਲੈ ਰਹੀਆਂ ਹਨ।ਇਸ ਮੌਕੇ ਹੋਰਨਾ ਤੋਂ ਇਲਾਵਾ ਆਰਤੀ, ਬਲਜੀਤ, ਮਨਜੀਤ, ਨੀਲਮ, ਦਰਸ਼ਨਾ, ਅਨੀਤਾ, ਸ਼ਾਲੂ ਸ਼ਰਮਾ, ਬਲਜੀਤ, ਰਾਜ ਕੁਮਾਰੀ, ਵੰਦਨਾ ਅਗਰਵਾਲ, ਰੁਪਿੰਦਰ ਕੌਰ, ਪੂਜਾ ਬੇਦੀ, ਮਧੂ ਬਲਹੋਤਰਾ, ਮੰਜੂ ਮਹਾਜਨ, ਕਮਲਾ ਰਾਣੀ, ਪੁਸ਼ਪਾ ਰਾਣੀ, ਰਜਨੀ ਮਹਾਜਨ ਆਦਿ ਤੂੰ ਇਲਾਵਾ ਅਨੇਕਾਂ ਔਰਤਾਂ ਹਾਜ਼ਰ ਸਨ ।

22-Jun-PAGE-12.qxd 6/21/2024 10:03 PM Page 1



# ਭ੍ਰਿਸ਼ਟਾਚਾਰ ਵਿਰੁੱਧ 'ਜ਼ੀਰੋ ਟਾਲਰੈਂਸ' ਦੀ ਨੀਤੀ ਅਪਣਾਈ ਜਾਵੇਗੀ : ਡਿਪਟੀ ਕਮਿਸ਼ਨਰ

**ਜਲੰਧਰ (ਸ਼ੈਲੀ ਐਲਬਰਟ)** - ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਾਲ ਵਿਭਾਗ ਦੇ ਅਧਿਕਾਰੀਆਂ ਨੂੰ ਸਖ਼ਤ ਹਦਾਇਤਾਂ ਦਿੰਦਿਆਂ ਕਿਹਾ ਕਿ ਤਹਿਸੀਲਾਂ ਵਿੱਚ ਆਪਣੇ ਕੰਮਾਂ ਲਈ ਆਉਣ ਵਾਲੇ ਲੋਕਾਂ ਨੂੰ ਕਿਸੇ ਕਿਸਮ ਦੀ ਮੁਸ਼ਕਲ ਪੇਸ਼ ਨਹੀਂ ਆਉਣੀ ਚਾਹੀਦੀ। ਉਨ੍ਹਾਂ ਕਿਹਾ ਕਿ ਨਾਗਰਿਕਾਂ ਦੀ ਖੱਜਲ-ਖੁਆਰੀ ਕਿਸੇ ਪੱਧਰ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ । ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮਾਲ ਵਿਭਾਗ ਦੇ ਕੰਮਕਾਜ ਦਾ ਜਾਇਜ਼ਾ ਲੈਣ ਲਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਲੋਕਾਂ ਤੱਕ ਵਿਭਾਗ ਦੀ ਸੇਵਾਵਾਂ ਨਿਰਵਿਘਨ, ਸੁਚਾਰੂ ਅਤੇ ਸਮਾਂਬੱਧ ਢੰਗ ਨਾਲ ਪਹੁੰਚਾਉਣ ਨੂੰ ਤਰਜੀਹ ਦਿੱਤੀ ਜਾਵੇ। ਉਨ੍ਹਾਂ ਮਾਲ ਵਿਭਾਗ ਨਾਲ ਸਬੰਧਤ ਸੇਵਾਵਾਂ ਲਈ ਪ੍ਰਾਪਤ ਅਰਜ਼ੀਆਂ ਦਾ ਨਿਪਟਾਰਾ ਪਹਿਲ ਦੇ ਆਧਾਰ 'ਤੇ ਯਕੀਨੀ ਬਣਾਉਣ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਕੰਮਾਂ ਵਿੱਚ ਬੇਲੋੜੀ ਦੇਰੀ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ । ਡਾ. ਅਗਰਵਾਲ ਨੇ ਉਪ ਮੰਡਲ ਮੈਜਿਸਟ੍ਰੇਟਾਂ ਨੂੰ ਮਾਲ ਵਿਭਾਗ ਦੇ ਕੰਮਾਂ ਦੀ ਨਿਗਰਾਨੀ ਯਕੀਨੀ ਬਣਾਉਣ ਦੀਆਂ ਹਦਾਇਤਾਂ ਵੀ ਦਿੱਤੀਆਂ। ਉਨ੍ਹਾਂ ਕਿਹਾ ਕਿ ਰੈਵੇਨਿਊ ਸਬੰਧੀ ਕੰਮਾਂ ਦੀ ਵਿਅਕਤੀਗਤ ਤੌਰ 'ਤੇ ਨਜ਼ਰਸਾਨੀ ਲਈ ਐਸ.ਡੀ.ਐਮ ਆਪੋ-ਆਪਣੇ ਅਧਿਕਾਰ ਖੇਤਰ ਵਿੱਚ ਆਉਂਦੇ ਵਿਭਾਗ ਦੇ ਅਧਿਕਾਰੀਆਂ ਨਾਲ ਨਿਯਮਿਤ ਮੀਟਿੰਗਾਂ ਕਰਨ ਤਾਂ ਜੋ ਮਾਲ ਵਿਭਾਗ ਨਾਲ ਸਬੰਧਤ ਕੰਮਾਂ ਦੀ ਪੈਂਡੈਂਸੀ ਨੂੰ ਸਿਫ਼ਰ ਕੀਤਾ ਜਾ ਸਕੇ।।



ਭ੍ਰਿਸ਼ਟਾਚਾਰ ਵਿਰੁੱਧ 'ਜ਼ੀਰੋ ਟਾਲਰੈਂਸ' ਦੀ ਨੀਤੀ ਅਪਣਾਉਣ 'ਤੇ ਜ਼ੋਰ ਦਿੰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਤਹਿਸੀਲਾਂ ਵਿੱਚ ਭ੍ਰਿਸ਼ਟਾਚਾਰ ਕਿਸੇ ਵੀ ਕੀਮਤ 'ਤੇ ਸਹਿਣ ਨਹੀਂ ਕੀਤਾ ਜਾਵੇਗਾ ਅਤੇ ਜੇਕਰ ਅਜਿਹਾ ਕੋਈ ਮਾਮਲਾ ਸਾਹਮਣਾ ਆਉਂਦਾ ਹੈ ਤਾਂ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਉਨ੍ਹਾਂ ਕਿਹਾ ਕਿ ਅਜਿਹੀ ਕਿਸੇ ਵੀ ਭ੍ਰਿਸ਼ਟ ਕਾਰਵਾਈ ਲਈ ਲੋਕ ਸਬੰਧਤ ਸਬ ਡਵੀਜ਼ਨ ਦੇ ਐਸ.ਡੀ.ਐਮ. ਦਫ਼ਤਰ ਜਾਂ ਸਿੱਧੇ ਤੌਰ 'ਤੇ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਪਹੁੰਚ ਕਰ ਸਕਦੇ ਹਨ । ਇਸ ਦੌਰਾਨ ਰੈਵੇਨਿਊ ਕੋਰਟ ਅਦਾਲਤਾਂ ਵਿੱਚ ਲੰਬਿਤ ਕੇਸਾਂ ਦੀ ਸਮੀਖਿਆ ਕਰਦਿਆਂ ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ 2 ਸਾਲ ਜਾਂ ਇਸ ਤੋਂ ਵੱਧ ਸਮੇਂ ਤੋਂ ਪੁਰਾਣੇ ਕੇਸਾਂ ਦਾ ਵਿਸ਼ੇਸ਼ ਤਵਜੋਂ ਦਿੰਦਿਆਂ ਜਲਦ ਤੋਂ ਜਲਦ ਨਿਪਟਾਰਾ ਯਕੀਨੀ ਬਣਾਇਆ ਜਾਵੇ। ਨਾਲ ਹੀ ਉਨ੍ਹਾਂ ਰਿਕਰਵਰੀ ਦੀ ਪ੍ਰਕਿਰਿਆ ਨੂੰ ਹੋਰ ਤੇਜ਼ ਕਰਨ ਦੇ ਨਿਰਦੇਸ਼ ਵੀ ਦਿੱਤੇ । ਇੰਤਕਾਲਾਂ ਦੇ ਬਕਾਇਆ ਕੇਸਾਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇੰਤਕਾਲਾਂ ਦੇ ਪੁਰਾਣੇ ਕੇਸਾਂ ਵਿੱਚ ਢੁੱਕਵੀਂ ਪ੍ਰਕਿਰਿਆ ਅਪਣਾਉਂਦਿਆਂ ਮਾਮਲਿਆਂ ਦਾ ਜਲਦ ਤੋਂ ਜਲਦ ਨਿਪਟਾਰਾ ਕੀਤਾ ਜਾਵੇ।

ਉਨ੍ਹਾਂ ਕਿਹਾ ਕਿ ਅਜਿਹੀਆਂ ਅਰਜ਼ੀਆਂ ਦੀ ਬਕਾਇਆ ਦਰ ਸਿਫ਼ਰ ਕਰਨ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਤਾਂ ਜੋ ਲੋਕਾਂ ਨੂੰ ਜਲਦ ਤੋਂ ਜਲਦ ਇੰਤਕਾਲ ਜਾਰੀ ਕੀਤੇ ਜਾ ਸਕਣ।। ਡਿਪਟੀ ਕਮਿਸ਼ਨਰ ਨੇ ਇਸ ਦੌਰਾਨ ਜਮ੍ਹਾਬੰਦੀਆਂ ਦੀ ਸਥਿਤੀ, ਪਟਵਾਰੀਆਂ ਅਤੇ ਕਾਨੂੰਨਗੋਆਂ ਦੀ ਜਾਂਚ, ਰੈਵੇਨਿਊ ਕੋਰਟ ਮੈਨੇਜਮੈਂਟ ਸਿਸਟਮ 'ਤੇ ਜਾਣਕਾਰੀ ਦੀ ਨਿਯਮਿਤ ਅਪਡੇਸ਼ਨ, ਨਿਸ਼ਾਨਦੇਹੀ ਸਬੰਧੀ ਪੈਂਡੈਂਸੀ, ਡਿਜੀਟਾਈਜ਼ਡ ਕੈਡਸਟ੍ਰਲ ਮੈਪ ਦੀ ਪ੍ਰਗਤੀ ਆਦਿ ਦਾ ਵੀ ਜਾਇਜ਼ਾ ਲਿਆ । ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਅਮਿਤ ਮਹਾਜਨ , ਐਸ.ਡੀ.ਐਮਜ਼, ਜ਼ਿਲ੍ਹਾ ਮਾਲ ਅਫ਼ਸਰ ਨਵਦੀਪ ਸਿੰਘ ਭੋਗਲ, ਤਹਿਸੀਲਦਾਰ, ਨਾਇਬ ਤਹਿਸੀਲਦਾਰ ਅਤੇ ਮਾਲ ਵਿਭਾਗ ਦੇ ਹੋਰ ਅਧਿਕਾਰੀ ਵੀ ਮੌਜੂਦ ਸਨ ।

# ਪੀਣ ਵਾਲੇ ਪਾਣੀ ਤੇ ਸੀਵਰੇਜ ਦੀ ਸਮੱਸਿਆ ਨੂੰ ਲੈ ਕੇ ਜ਼ੋਰਦਾਰ ਮੁਜ਼ਾਹਰਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**—ਲੇਬਰ ਪਾਰਟੀ ਦੇ ਪ੍ਰਧਾਨ ਜੈ ਗੋਪਾਲ ਧੀਮਾਨ ਅਤੇ ਨਰਿੰਦਰ ਸਿੰਘ ਨੇ ਮਾਹਿਲਪੁਰ ਦੇ ਨਜਦੀਕ ਪਿੰਡ ਲੱਧੇਵਾਲੀ ਵਿਚ ਪਿਛਲੇ 28 ਸਾਲਾਂ ਤੋਂ ਲੋਕ ਮੁੱਢਲੀਆਂ ਬੁਨਿਆਦੀ ਸਹੂਲਤਾਂ,ਪੀਣ ਵਾਲਾ ਪਾਣੀ,ਗਲੀਆਂ,ਨਾਲੀਆਂ,ਸੀਵਰੇਜ਼ ਆਦਿ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਰਜਿੰਦਰ ਕੁਮਾਰ ਦੀ ਅਗਵਾਈ 'ਚ ਹੱਥਾਂ ਵਿਚ ਖਾਲੀ ਬਾਲਟੀਆਂ ਲੈ ਕੇ ਪੰਜਾਬ ਸਰਕਾਰ ਦੇ ਵਿਰੁੱਧ ਜੋਰਦਾਰ ਮੁਜਾਹਰਾ ਕੀਤਾ ਤੇ ਜਾਣਬੁਝ ਕੇ ਅਣਦੇਖੀ ਕੀਤੇ ਜਾਣ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਲੋਕਾਂ ਵਲੋਂ ਵਾਰ ਵਾਰ ਸਬੰਧਤ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ,ਐਸਡੀਓ ਵਾਟਰ ਸਪਲਾਈ ਮਾਹਿਲ ਪੁਰ,ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਹੁਸ਼ਿਆਰਪੁਰ ਅਤੇ ਡਿਪਟੀ ਕਮਿਸ਼ਨਰ ਅਤੇ ਵਧਾਇਕ ਗੜ੍ਹਸ਼ੰਕਰ ਅਤੇ ਪਹਿਲਾਂ ਰਹਿ ਚੁੱਕੇ ਵਧਾਇਕ ਹਲਾਕ ਚੱਬੇਵਾਲ ਦੇ ਧਿਆਨ ਹੇਠ ਮਾਮਲਾ ਲਿਆਉਣ 'ਤੇ ਵੀ ਮੁਸ਼ਕਿਲ ਜਿਉਂ ਦੀ ਤਿਉਂ ਬਣੀ ਪਈ ਹੈ।ਧੀਮਾਨ ਨੂੰ ਲੋਕਾਂ ਨੇ ਦਸਿਆ ਕਿ ਉਹ ਥੱਕਹਾਰ ਕਿ ਬੈਠ ਗਏ ਹਨ ਤੇ ਨਜਦੀਕ ਪਿੰਡ ਹਵੇਲੀ ਦੀ ਵਾਟਰ ਸਪਲਾਈ ਤੋਂ ਪਾਣੀ ਦੀ ਸਪਲਾਈ ਦਿੱਤੀ ਜਾ ਸਕਦੀ ਹੈ।ਉਨ੍ਹਾਂ ਦਸਿਆ ਕਿ ਜਰੂਰੀ ਸੇਵਾਵਾਂ ਐਕਟ 1955 ਅਧੀਨ ਕਿਸੇ ਨੂੰ ਵੀ ਪੀਣ ਵਾਲੇ ਪਾਣੀ ਤੋਂ ਵਾਂਝਾ ਰਖਣਾ ਕਾਨੂੰਨ ਦੀ ਉਲੰਘਣਾ ਹੈ ਤੇ ਸੰਵਿਧਾਨ ਦੇ ਮੂਲ ਸੰਵਿਧਾਨਕ ਅਧਿਕਾਰਾਂ ਦੀ ਧਾਰਾ ਰਾਇਟ ਟੂ ਲਿਵ 21 ਦੇ ਵੀ ਵਿਰੁੱਧ ਹੈ।ਅਜਿਹਾ ਕਰਨਾ ਸੰਵਿਧਾਨ ਅਤੇ ਲੋਕਾਂ ਦਾ ਅਪਮਾਨ ਵੀ ਹੈ।ਅਜਿਹਾ ਕਦੇ ਵੀ ਨਹੀਂ ਕੀਤਾ ਜਾ ਸਕਦਾ। ਧੀਮਾਨ ਨੇ ਦਸਿਆ ਕਿ ਅਗਰ ਵਾਟਰ ਸਪਲਾਈ ਅਤੇ ਪੰਚਾਇਤੀ ਰਾਜ ਵਿਭਾਗ ਦੇ ਅਧਿਕਾਰੀਆਂ ਨੇ 1 ਹਫਤੇ ਦੇ ਅੰਦਰ ਕੋਈ ਕਾਰਵਾਈ ਨਾ ਕੀਤੀ ਤਾਂ ਮਾਨਯੋਗ ਪੰਜਾਬ ਐਂਡ ਹਰਿਆਣਾ ਹਾਈਕੋਰਟ ਵਿਚ ਜਨਹਿੱਤ ਪਟੀਸ਼ਨ ਦਾਇਰ ਕੀਤੀ ਜਾਵੇਗੀ।ਇਸ ਮੌਕੇ ਅਮਨਦੀਪ ਸਿੰਘ, ਪ੍ਰਿਤਪਾਲ ਸਿੰਘ, ਬਲਵੀਰ ਸਿੰਘ, ਕਰਮਯੋਤ, ਮਨੀ, ਉਂਨਕਾਰ ਸਿੰਘ, ਪਰਵਿੰਦਰ ਸਿੰਘ,ਜਸਵੀਰ ਕੌਰ, ਅਮਨਦੀਪ ਕੌਰ, ਦਿਲਰਾਜ ਸਿੰਘ, ਰਾਜਵਿੰਦਰ ਸਿੰਘ, ਰਾਮ ਪਾਲ,ਕ੍ਰਿਸਨਾ, ਸਤਨਾਮ,ਰਾਧਾ, ਆਸ਼ਾ ਰਾਣੀ, ਤਰਸੇਮ ਸਿੰਘ, ਕਰਮਜੀਤ ਸਿੰਘ, ਰਾਜ ਕੁਮਾਰ,ਅਮਰਜੀਤ ਸਿੰਘ,ਗੀਤਾ, ਰੇਸ਼ਮਾ ਆਦਿ ਹਾਜਰ ਸਨ।



# ਅਮਿੱਟ ਯਾਦਾਂ ਛੱਡਦਾ ਸੰਪੰਨ ਹੋਇਆ ਬਾਬਾ ਮਸਤਾਨ ਸ਼ਾਹ ਅਲੀ ਦਾ ਸਾਲਾਨਾ ਜੋੜ ਮੇਲਾ



**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਇਲਾਕੇ ਦੇ ਪਿੰਡ ਲਹਿਰਾ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦਰਬਾਰ ਬਾਬਾ ਮਸਤਾਨ ਸ਼ਾਹ ਅਲੀ ਵਿਖੇ ਦੋ ਦਿਨਾਂ ਸਾਲਾਨਾ ਜੋੜ ਮੇਲਾ 17 ਅਤੇ 18 ਜੂਨ ਨੂੰ ਬਹੁਤ ਹੀ ਸ਼ਰਧਾ ਪੂਰਵਕ ਮਨਾਇਆ ਗਿਆ । ਪੰਜਾਬ ਦੇ ਮਸ਼ਹੂਰ ਕਲਾਕਾਰਾਂ,ਕਵਾਲਾਂ ਅਤੇ ਨਕਾਲ ਪਾਰਟੀਆਂ ਵਲੋਂ ਦਰਬਾਰ 'ਤੇ ਹਾਜ਼ਰੀ ਭਰੀ ਗਈ। ਸੋਮਵਾਰ ਸ਼ਾਮ ਨੂੰ ਦਰਬਾਰ 'ਤੇ ਚਿਰਾਗ ਰੋਸ਼ਨ ਕੀਤੇ ਗਏ ਉਪਰੰਤ ਦੇਰ ਰਾਤ ਤੱਕ ਅਵਤਾਰ ਮੁਸਾਫਿਰ ਕਵਾਲ ਪਾਰਟੀ ਅਤੇ ਮੁਲਾ ਡੱਲੇਵਾਲੀਆ ਨਕਾਲ ਪਾਰਟੀ ਵਲੋਂ ਹਾਜ਼ਰੀ ਭਰੀ ਗਈ। ਮੰਗਲਵਾਰ ਸਵੇਰੇ 10 ਵਜੇ ਝੰਡਾ ਅਤੇ ਚਾਦਰ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ ਉਪਰੰਤ ਨਕਾਲ ਪਾਰਟੀ ਨੇ ਦਰਬਾਰ 'ਤੇ ਹਾਜ਼ਰੀ ਭਰੀ ਅਤੇ ਬਾਅਦ ਦੁਪਿਹਰ ਪੰਜਾਬ ਦੀ ਮਸ਼ਹੂਰ ਅਵਾਜ਼ ਗੁਰੀ ਧਾਲੀਵਾਲ ਮਿਊਜ਼ੀਕਲ ਗਰੁੱਪ ਅਤੇ ਲੋਈ ਭੰਗੜਾ ਗਰੁੱਪ ਵਲੋਂ ਪ੍ਰੋਗਰਾਮ ਪੇਸ਼ ਕੀਤਾ ਗਿਆ । ਠੰਡੇ ਮਿੱਠੇ ਜਲ ਦੀਆ ਛਬੀਲਾਂ ਅਤੇ ਬਾਬਾ ਜੀ ਦੇ ਲੰਗਰ ਵੀ ਅਤੁੱਟ ਵਰਤਾਏ ਗਏ ।ਮੰਚ ਸੰਚਾਲਕ ਦੀ ਭੂਮਿਕਾ ਮਨਜੀਤ ਲੱਲੀਆਂ ਵਲੋਂ ਨਿਭਾਈ ਗਈ।

# ਯੋਗ ਇੱਕ ਸਾਧਨਾ, ਜੋ ਅਭਿਆਸ ਨਾਲ ਪੂਰੀ ਹੁੰਦੀ ਹੈ : ਸੰਤੋਸ਼ ਗੋਗੀ



**ਫਗਵਾੜਾ ( ਡਾ. ਰਮਨ, ਜਸਵਿੰਦਰ ਢੱਡਾ )** ਸਰਬ ਨੌਜਵਾਨ ਵੈਲਫੇਅਰ ਸੁਸਾਇਟੀ, ਸਰਬ ਨੌਜਵਾਨ ਸਭਾ ਰਜਿ ਫਗਵਾੜਾ ਅਤੇ ਨਹਿਰੂ ਯੁਵਾ ਕੇਂਦਰ ਕਪੂਰਥਲਾ ਵਲੋਂ ਸਾਂਝਾ ਉਪਰਾਲਾ ਕਰਦੇ ਹੋਏ ਵਿਸ਼ਵ ਯੋਗਾ ਦਿਵਸ ਗਗਨਦੀਪ ਕੌਰ ਜਿਲਾ ਯੂਥ ਅਫ਼ਸਰ ਨਹਿਰੂ ਯੁਵਾ ਕੇਂਦਰ ਕਪੂਰਥਲਾ ਦੇ ਦਿਸ਼ਾ ਨਿਰਦੇਸਾਂ ਤਹਿਤ ਸਵਿਤਾ ਪਰਾਸ਼ਰ, ਅਰਚਨਾ ਬੱਤਰਾ ਤੇ ਸ੍ਰੀਮਤੀ ਜਨਕ ਪਲਾਹੀ ਦੀ ਅਗਵਾਈ ਹੇਠ ਆਰੀਆ ਆਈ.ਐੱਮ. ਟੀ. ਕਾਲਜ ਪਲਾਹੀ ਰੋਡ ਫਗਵਾੜਾ ਵਿਖੇ ਮਨਾਇਆ ਗਿਆ। ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਦੇਖਰੇਖ ਹੇਠ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਸਕੀਮ ਨੰਬਰ 3 ਵਿਖੇ ਚਲਾਏ ਜਾ ਰਹੇ ਵੋਕੇਸ਼ਨਲ ਟਰੇਨਿੰਗ ਸੈਂਟਰ ਦੀਆਂ ਲੜਕੀਆਂ ਨੇ ਵੀ ਬੜੇ ਜੋਸ਼ੋ ਖਰੋਸ਼ ਨਾਲ ਯੋਗ ਸਾਧਨਾ 'ਚ ਹਿੱਸਾ ਲਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਆਮ ਆਦਮੀ ਪਾਰਟੀ ਐਸ.ਸੀ. ਵਿੰਗ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਸੰਤੋਸ਼ ਕੁਮਾਰ ਗੋਗੀ ਨੇ ਹਾਜਰੀਨ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਯੋਗ ਇੱਕ ਸਾਧਨਾ ਹੈ, ਜਿਹੜੀ ਕਿ ਅਭਿਆਸ ਨਾਲ ਸੰਪੂਰਨ ਹੁੰਦੀ ਹੈ ਅਤੇ ਯੋਗ ਦਾ ਸਰੀਰ ਅਤੇ ਮਨ ਉਤੇ ਉਦੋਂ ਹੀ ਕਾਰਗਰ ਅਸਰ ਹੁੰਦਾ ਹੈ, ਜੇਕਰ ਇਸ ਨੂੰ ਨਿਯਮ ਤੇ ਤਨਦੇਹੀ ਅਤੇ ਵਿਸ਼ਵਾਸ ਨਾਲ ਕੀਤਾ ਜਾਵੇ। ਸਵਿਤਾ ਪ੍ਰਾਸ਼ਰ ਨੇ ਯੋਗ ਦੀ ਮਹੱਤਤਾ ਬਾਰੇ ਦੱਸਦਿਆਂ ਕਿਹਾ ਕਿ ਵਿਅਕਤੀ, ਸਮਾਜ ਤੇ ਦੇਸ਼ ਲਈ ਯੋਗ ਦਾ ਬੜਾ ਮਹੱਤਵ ਹੈ, ਕਿਉਂਕਿ ਹਰੇਕ ਵਿਅਕਤੀ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਦੀ ਇੱਛਾ ਰੱਖਦਾ ਹੈ। ਮੈਡਮ ਅਰਚਨਾ ਬੱਤਰਾ ਅਤੇ ਜਨਕ ਪਲਾਹੀ ਨੇ ਯੋਗ ਨੂੰ ਪ੍ਰਾਚੀਨ ਸਮੇਂ ਤੋਂ ਸਰੀਰਕ ਸਾਧਨਾ ਦਾ ਮਹੱਤਵਪੂਰਣ ਤੰਤਰ ਦੱਸਿਆ ਅਤੇ ਹਾਜ਼ਰੀਨ ਨੂੰ ਯੋਗ ਕਿਰਿਆਵਾਂ ਕਰਵਾਈਆਂ। ਅਖੀਰ ਵਿਚ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਨਹਿਰੂ ਯੁਵਾ ਕੇਂਦਰ ਕਪੂਰਥਲਾ, ਸਮੂਹ ਪਤਵੰਤਿਆਂ ਅਤੇ ਯੋਗ ਸਾਧਨਾਂ ਵਿਚ ਹਿੱਸਾ ਲੈਣ ਵਾਲਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸਭਾ ਦੇ ਜਨਰਲ ਸਕੱਤਰ ਡਾ. ਵਿਜੇ ਕੁਮਾਰ, ਵਾਈਸ ਪ੍ਰਧਾਨ ਰਵਿੰਦਰ ਸਿੰਘ ਰਾਏ, ਮੈਨੇਜਰ ਜਗਜੀਤ ਸੇਠ, ਪਰਮਜੀਤ ਰਾਏ, ਰਾਕੇਸ਼ ਕੋਛੜ, ਸਮਾਜ ਸੇਵਕ ਰਮਨ ਨੇਹਰਾ, ਅਨੂਪ ਦੁੱਗਲ, ਸਾਹਿਬਜੀਤ ਸਾਬੀ, ਜਸ਼ਨ ਮਹਿਰਾ, ਹਰਵਿੰਦਰ ਸਿੰਘ, ਰਾਮ ਕਿਸ਼ਨ ਭੱਟੀ, ਮਨਦੀਪ ਬਾਸੀ, ਗੁਰਸ਼ਰਨ ਬਾਸੀ, ਬਖ਼ਸ਼ੀਸ਼ ਸਿੰਘ ਸੇਵਾਮੁਕਤ ਐੱਸ.ਡੀ.ਓ., ਮੈਡਮ ਤਨੂੰ, ਮੈਡਮ ਸਪਨਾ ਸ਼ਾਰਦਾ, ਮੈਡਮ ਰਮਨਦੀਪ ਕੌਰ, ਮੈਡਮ ਆਸ਼ੂ ਬੱਗਾ, ਦੀਆ, ਰੋਜ਼ੀ ਰਾਏ, ਮੇਘਾ, ਅਮਨਦੀਪ, ਨੀਲਮ, ਕਾਜਲ, ਸ਼ਿਲਪੀ, ਖੁਸ਼ਪ੍ਰੀਤ, ਸੁਨੈਨਾ, ਰੌਸ਼ਨੀ, ਪਲਕ, ਸੰਜਨਾ, ਈਸ਼ਾ, ਗੀਤਾ, ਸਵਿਤਾ, ਵਿਸ਼ਾਖਾ, ਮੁਸਕਾਨ, ਮੋਨਿਕਾ, ਅੰਜਲੀ, ਹੀਰ, ਖੁਸ਼ੀ, ਗੋਮਤੀ, ਸਿਮਰਨਜੀਤ ਕੌਰ, ਆਂਚਲ, ਜੈਸਮੀਨ ਕੌਰ, ਦਿਵਯਾ, ਨੰਦਨੀ ਤੇ ਕੋਸ਼ੱਲਿਆ ਆਦਿ ਹਾਜਰ ਸਨ।

# ਮੱਲ੍ਹਾ ਸੋਢੀਆਂ ਵਿਖੇ ਬਾਬਾ ਸੰਸਾਰ ਦਾਸ ਦੀ ਯਾਦ 'ਚ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)** ਦਰਬਾਰ ਬਾਬਾ ਸੰਸਾਰ ਦਾਸ ਮੱਲ੍ਹਾ ਸੋਢੀਆਂ ਵਿਖੇ ਸਾਲਾਨਾ ਮੇਲਾ ਮੁੱਖ ਸੇਵਾਦਾਰ ਬਾਬਾ ਸੁੱਚਾ ਰਾਮ, ਬਾਬਾ ਰਾਮ ਸਰੂਪ, ਬੀਬੀ ਭਜਨ ਕੌਰ ਦੀ ਰਹਿਨੁਮਾਈ, ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ, ਐਨ ਆਰ ਆਈ ਵੀਰਾਂ ਅਤੇ ਸਮੂਹ ਬੰਗੜ ਪਰਵਾਰ ਵਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।

ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਇਸ ਦੋ ਦਿਨਾ ਮੇਲੇ ਦੌਰਾਨ ਪੰਜਾਬ ਦੇ ਮਸ਼ਹੂਰ ਕਲਾਕਾਰਾਂ ਬਲਰਾਜ ਬਿਲਗਾ, ਦਵਿੰਦਰ ਰੂਹੀ, ਸਰਤਾਜ ਅਲੀ, ਮੋਹਣ ਮਾਹੀ,ਦੀਪ ਛਿੰਦਾ, ਸਾਬਰੀ ਸਾਬ, ਮਾਨਕ ਮੱਲੂਪੋਤਾ ਤੋਂ ਇਲਾਵਾ ਕਵਾਲ ਅਤੇ ਨਕਾਲ ਪਾਰਟੀਆਂ ਨੇ ਹਾਜ਼ਰੀਆਂ ਭਰੀਆਂ। ਪ੍ਰਬੰਧਕਾਂ ਵਲੋਂ ਪਹੁੰਚੇ ਹੋਏ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਸਟੇਜ ਸੈਕਟਰੀ ਦੀ ਭੂਮਿਕਾ ਸੁੱਖਾ ਮੋਰਾਂਵਾਲੀ ਵਲੋਂ ਨਿਭਾਈ ਗਈ। ਇਸ ਮੌਕੇ ਸਰਪੰਚ ਸੁਸ਼ਮਾ ਦੇਵੀ ,ਸੁਖਦੇਵ ਮੱਲ੍ਹਾ ਸੰਮਤੀ ਮੈਂਬਰ,ਮਹਿੰਦਰ ਪਾਲ, ਕੁਲਦੀਪ, ਜਸਵੀਰ ਰਾਮ, ਰਾਜਪਾਲ, ਯੋਗਰਾਜ ਯੂ ਕੇ, ਜਗਦੀਸ਼ ਇਟਲੀ, ਵਿਸ਼ਾਲ ਇਟਲੀ, ਸੰਤੋਖ ਪੰਚ, ਕੁਲਵਿੰਦਰ ਕੌਰ ਪੰਚ,ਅਮਨ ਢੋਲੀ ਆਦਿ ਹਾਜ਼ਰ ਸਨ।

# ਦਰਬਾਰ ਚੋਲੀਪੁਰ ਵਿਖੇ ਸੂਫੀਆਨਾ ਦਰਬਾਰ 'ਤੇ ਸਾਲਾਨਾ ਜੋੜ ਮੇਲਾ



**ਅੱਡਾ ਸਰਾਂ (ਜਸਵੀਰ ਕਾਜਲ)**-ਬਾਬਾ ਹਰਸੈਹ ਜੀ, ਬਾਬਾ ਮਿਹਰ ਸ਼ਾਹ ਜੀ ਦੇ ਪਵਿੱਤਰ ਅਸਥਾਨ ਦਰਬਾਰ ਚੋਲੀਪੁਰ ਨੇੜੇ ਪਿੰਡ (ਧੁਰੀਆਂ-ਸਰਾਈ) ਵਿਖੇ ਦੋ ਦਿਨਾ ਸਾਲਾਨਾ ਸੂਫੀਆਨਾ ਦਰਬਾਰ 'ਤੇ ਜੋੜ ਮੇਲਾ ਸਫਲਤਾ ਪੂਰਵਕ ਸੰਪੰਨ ਹੋ ਗਿਆ।ਦਰਬਾਰ ਚੋਲੀਪੁਰ ਦੇ ਮੁੱਖ ਸੇਵਾਦਾਰ ਮੌਜੂਦਾ ਗੱਦੀਨਸ਼ੀਨ ਸੰਤ ਬਾਬਾ ਸੋਢੀ ਸ਼ਾਹ ਦੀ ਰਹਿਨੁਮਾਈ ਹੇਠ ਸਰਬੱਤ ਦੇ ਭਲੇ ਦੀ ਕਾਮਨਾ ਨਾਲ ਕਰਵਾਏ ਗਏ ਸਾਲਾਨਾ ਸੂਫੀਆਨਾ ਦਰਬਾਰ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀ ਲਗਵਾਈ।ਇਸ ਮੌਕੇ ਵੱਖ-ਵੱਖ ਕਵਾਲ ਪਾਰਟੀਆਂ ਤੋਂ ਇਲਾਵਾ ਪੰਜਾਬੀ ਸੂਫੀ ਗਾਇਕ ਮਾਸ਼ਾ ਅਲੀ, ਗਾਇਕ ਅਮਰਿੰਦਰ ਬੌਬੀ, ਮਨਾਵਰ ਅਲੀ, ਬਖਸ਼ਿਸ਼ ਕੱਵਾਲ ਐਂਡ ਪਾਰਟੀ, ਗਾਇਕ ਮਲਕੀਤ ਬੁੱਲਾ, ਉਮਰ ਦਰਾਜ ਚਿਸ਼ਤੀ ਕਵਾਲ ਐਂਡ ਪਾਰਟੀ ਤੇ ਹੋਰ ਗਾਇਕ ਕਲਾਕਾਰਾਂ ਨੇ ਪੀਰਾਂ ਦੀ ਮਹਿਮਾ ਦਾ ਗੁਣਗਾਨ ਕਰਦੇ ਹੋਏ ਸਭਨਾਂ ਨੂੰ ਝੂਮਣ ਲਾ ਦਿੱਤਾ।ਸਮੁੱਚੇ ਸੂ ਫੀ ਆ ਨਾ ਦਰਬਾਰ ਵਿੱਚ ਐਂਕਰ ਦੀ ਭੂ ਮਿ ਕਾ ਤਰਲੋਚਨ ਬੱਧਣ ਨੇ ਨਿਭਾਈ। ਇਸ ਮੌਕੇ ਸੰਗਤ ਦੀ ਸੇਵਾ ਵਾਸਤੇ ਵੱਡੀ ਪੱਧਰ 'ਤੇ ਗੁਰੂ ਦੇ ਲੰਗਰ, ਠੰਡੇ ਮਿੱਠੇ ਜਲ ਦੀਆਂ ਛਬੀਲਾਂ ਤੇ ਚਾਹ ਦੇ ਲੰਗਰ ਲਗਾਏ ਗਏ।ਇਸ ਮੌਕੇ ਵਿਧਾਇਕ ਜਸਵੀਰ ਸਿੰਘ ਰਾਜਾ, ਸਾਬਕਾ ਸੰਸਦੀ ਸਕੱਤਰ ਦੇਸ਼ਰਾਜ ਸਿੰਘ ਧੁੱਗਾ, ਯੂਥ ਆਗੂ ਸਰਬਜੀਤ ਸਿੰਘ ਮੋਮੀ, ਪਰਮਜੀਤ ਬਿੱਟੂ ਜੌਹਲ, ਜਸਵਿੰਦਰ ਸਿੰਘ ਮਾਣਕੂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੇਵਾਦਾਰ ਤੇ ਸੰਗਤਾਂ ਹਾਜ਼ਰ ਸਨ।

# ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਯੋਗ ਦਿਵਸ ਮਨਾਇਆ



**ਸੁਲਤਾਨਪੁਰ ਲੋਧੀ, ( ਹਨੀ )**

ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਸੁਲਤਾਨਪੁਰ ਲੋਧੀ ਵਿਖੇ ਪ੍ਰਿੰਸੀਪਲ ਰੇਨੂੰ ਅਰੋੜਾ ਦੀ ਅਗਵਾਈ ਵਿਚ ਆਨਲਾਈਨ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ। ਜਿਸ ਵਿੱਚ ਕੇਜੀਵਿੰਗ ਤੋਂ ਲੈ ਕੇ ਸੀਨੀਅਰ ਵਿੰਗ ਤੱਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਦੌਰਾਨ ਵਿਦਿਆਰਥੀਆਂ ਦੁਆਰਾ ਵੱਖ-ਵੱਖ ਆਸਣ ਗਤੀਵਿਧੀਆਂ ਨੂੰ ਆਨਲਾਈਨ ਸਾਝਾਂ ਕਰਦਿਆਂ ਹੋਇਆਂ ਸਿਹਤ ਸੰਭਾਲ ਦਾ ਸੰਦੇਸ਼ ਦਿੱਤਾ । ਇਸ ਸਬੰਧੀ ਆਪਣੇ ਵਿਚਾਰ ਸਾਂਝੇ ਕਰਦਿਆਂ ਪ੍ਰਿੰਸੀਪਲ ਰੇਨੂੰ ਅਰੋੜਾ ਨੇ ਕਿਹਾ ਕਿ ਯੋਗ ਨਾਲ ਵਿਅਕਤੀ ਸਰੀਰਕ ਤੌਰ ਤੇ ਹੀ ਤੰਦਰੁਸਤ ਨਹੀਂ ਬਣਦਾ ਸਗੋਂ ਮਾਨਸਿਕ ਤੌਰ 'ਤੇ ਵੀ ਮਜਬੂਤ ਹੁੰਦਾ ਹੈ। ਯੋਗ ਹੀ ਇੱਕ ਮਾਤਰ ਅਜਿਹਾ ਸਾਧਨ ਹੈ ਜੋ ਸਰੀਰ, ਮਨ ਅਤੇ ਆਤਮਾ ਵਿੱਚ ਇੱਕਮਿਕਤਾ ਬਣਾਉਂਦਾ ਹੈ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀਨੀਅਰ ਸਵਰਨ ਸਿੰਘ ਪ੍ਰਧਾਨ ਖਾਲਸਾ ਕਾਲਜ ਸੁਲਤਾਨਪੁਰ ਲੋਧੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ ਅਤੇ ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਨੇ ਵਿਦਿਆਰਥੀਆਂ ਨੂੰ ਯੋਗ ਆਸਣਾਂ ਨੂੰ ਆਪਣੇ ਜੀਵਨ ਦਾ ਪ੍ਰਮੁੱਖ ਹਿੱਸਾ ਬਣਾਉਣ ਅਤੇ ਆਪਣੀ ਸਿਹਤ ਨੂੰ ਤੰਦਰੁਸਤ ਰੱਖਣ ਦਾ ਸੁਨੇਹਾ ਦਿੱਤਾ।

# ਪੀ ਏ ਪੀ ਵਿਖੇ ਮਨਾਇਆ ਯੋਗ ਦਿਵਸ



**ਜਲੰਧਰ, ( ਸ਼ੈਲੀ ਐਲਬਰਟ)**- 10ਵੇਂ ਅੰਤਰਰਾਸ਼ਟਰੀ ਯੋਗ ਦਿਵਸ ਸਬੰਧੀ ਸਮਾਗਮ ਏ.ਡੀ.ਜੀ.ਪੀ. ਸਟੇਟ ਆਰਮਡ ਪੁਲਸ ਐਮ.ਐਫ. ਫਾਰੂਕੀ ਦੀ ਪ੍ਰਧਾਨਗੀ ਹੇਠ ਪੀ.ਏ.ਪੀ. ਕੈਂਪਸ ਜਲੰਧਰ ਵਿਖੇ ਮਨਾਇਆ ਗਿਆ, ਜਿਸ ਵਿੱਚ ਸਟੇਟ ਆਰਮਡ ਪੁਲਸ ਦੇ ਵੱਖ-ਵੱਖ ਰੈਂਕਾਂ ਦੇ ਤਕਰੀਬਨ 1100 ਪੁਲਸ ਅਧਿਕਾਰੀ ਸਮੇਤ ਪਰਵਾਰਕ ਮੈਂਬਰਾਂ ਦੇ ਨਾਲ ਸ਼ਾਮਿਲ ਹੋਏ। ਫਾਰੂਕੀ ਵਲੋਂ ਤੰਦਰੁਸਤ ਤੇ ਖੁਸ਼ਹਾਲ ਜ਼ਿੰਦਗੀ ਲਈ ਯੋਗ ਅਭਿਆਸ ਨੂੰ ਆਪਣੀ ਜ਼ਿੰਦਗੀ ਦਾ ਅਨਿੱਖੜਵਾਂ ਅੰਗ ਬਣਾਉਣ ਦਾ ਸੱਦਾ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਮਨ ਅਤੇ ਸਰੀਰ ਜਦ ਇਕਸਾਰਤਾ ਵਿੱਚ ਆ ਜਾਂਦੇ ਹਨ ਤਾਂ ਪ੍ਰਮਾਤਮਾ ਨਾਲ ਮਿਲਾਪ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਅੱਜ ਦੇ ਭੱਜ-ਦੌੜ ਵਾਲੇ ਯੁੱਗ ਵਿੱਚ ਯੋਗ ਅਭਿਆਸ ਕਰਨ ਨਾਲ ਮਾਨਸਿਕ ਤੇ ਸਰੀਰਿਕ ਸੰਤੁਲਨ ਬਣਿਆ ਰਹਿੰਦਾ ਹੈ ।ਉਨ੍ਹਾਂ ਵਲੋਂ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਆ ਗਿਆ।ਯੋਗ ਅਧਿਆਪਕਾਂ ਵਲੋਂ ਸਮਾਗਮ ਵਿੱਚ ਹਾਜ਼ਰ ਸਾਰੇ ਪੁਲਸ ਅਧਿਕਾਰੀਆਂ ਅਤੇ ਕਰਮੀਆਂ ਨੂੰ ਯੋਗ ਅਭਿਆਸ ਦੇ ਵੱਖ-ਵੱਖ ਆਸਣਾਂ ਦੀ ਸਿਖਲਾਈ ਦਿੱਤੀ ਗਈ।ਇੰਦਰਬੀਰ ਸਿੰਘ ਡੀ.ਆਈ.ਜੀ. ਪ੍ਰਸ਼ਾਸਨ ਪੀ.ਏ.ਪੀ. ਵਲੋਂ ਮੁੱਖ ਮਹਿਮਾਨ ਏ.ਡੀ.ਜੀ.ਪੀ. ਐਮ.ਐਫ. ਫਾਰੂਕੀ ਅਤੇ ਯੋਗ ਦਿਵਸ ਵਿੱਚ ਸ਼ਿਰਕਤ ਕਰਨ ਵਾਲੇ ਪੁਲਿਸ ਅਧਿਕਾਰੀਆਂ ਤੇ ਕਰਮੀਆਂ ਨੂੰ ਜੀ ਆਇਆਂ ਆਖਿਆ ਗਿਆ। ਇਸ ਸਮਾਗਮ ਵਿੱਚ ਮਨਜੀਤ ਸਿੰਘ ਏ.ਆਈ.ਜੀ. ਏ.ਆਰ.ਪੀ., ਹਰਕਮਲਪ੍ਰੀਤ ਸਿੰਘ ਖੱਖ ਕਮਾਂਡੈਂਟ 27ਵੀਂ ਬਟਾਲੀਅਨ ਪੀ.ਏ.ਪੀ., ਸੁਭਾਸ਼ ਚੰਦਰ ਅਰੋੜਾ ਡੀ.ਐਸ.ਪੀ. ਆਰ.ਟੀ.ਸੀ., ਦਵਿੰਦਰ ਸਿੰਘ ਸੈਨੀ ਡੀ.ਐਸ.ਪੀ. ਆਰ.ਟੀ.ਸੀ., ਪਰਮਿੰਦਰ ਕੁਮਾਰ ਡੀ.ਐਸ.ਪੀ. 27ਵੀਂ ਬਟਾਲੀਅਨ ਪੀ.ਏ.ਪੀ., ਮਨੀਸ਼ ਕੁਮਾਰ. ਡੀ.ਐਸ.ਪੀ. ਸਕਿਉਰਿਟੀ, ਡਾ. ਪ੍ਰਦੀਪ ਕੁਮਾਰ ਪੀ.ਏ.ਪੀ. ਹਸਪਤਾਲ ਜਲੰਧਰ, ਰਮਨ ਸ਼ਰਮਾ ਮੈਨੇਜਰ ਐਚ.ਡੀ.ਐਫ.ਸੀ. ਬੈਂਕ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ।

# ਐੱਸ ਡੀ ਕਾਲਜ 'ਚ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ



**ਸੁਲਤਾਨਪੁਰ ਲੋਧੀ, ( ਹਨੀ )**-ਐਸ ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਦੇ ਐਨ ਐਸ ਐਸ ਵਿਭਾਗ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ।ਸਮੂਹ ਸਟਾਫ ਅਤੇ ਵਿਦਿਆਰਥਣਾਂ ਵੱਲੋਂ ਯੋਗ ਆਸਣ ਕੀਤੇ ਗਏ। ਯੋਗ ਦੀ ਆਪਣੇ ਜੀਵਨ ਵਿੱਚ ਮਹੱਤਤਾ ਨੂੰ ਦਰਸਾਉਂਦੇ ਹੋਏ ਪ੍ਰੋਗਰਾਮ ਅਫਸਰ ਰਾਜਬੀਰ ਕੌਰ ਨੇ ਦੱਸਿਆ ਕਿ ਯੋਗ ਸਾਡੇ ਜੀਵਨ ਵਿੱਚ ਬਹੁਤ ਜਰੂਰੀ ਹੈ। ਯੋਗ ਭਜਾਏ ਰੋਗ ਦੀ ਸਿੱਖਿਆ ਦਿੰਦੇ ਹੋਏ ਵਿਦਿਆਰਥਣਾਂ ਨੂੰ ਕੇਵਲ 21 ਜੂਨ ਨੂੰ ਹੀ ਨਹੀਂ, ਬਲਕਿ ਹਰ ਰੋਜ਼ ਯੋਗ ਕਰਨ ਦੀ ਸਿੱਖਿਆ ਦਿੰਦਾ ਇਹ ਪ੍ਰੋਗਰਾਮ ਬਹੁਤ ਯਾਦਗਾਰੀ ਹੋ ਕੇ ਸਿਰੇ ਚੜ੍ਹਿਆ। ਵਿਦਿਆਰਥਣਾਂ ਵਿੱਚ ਵੀ ਭਾਰੀ ਉਤਸ਼ਾਹ ਦਿਖਿਆ ਅਤੇ ਉਹਨਾਂ ਨੇ ਪ੍ਰਣ ਲਿਆ ਕਿ ਉਹ ਯੋਗ ਅਭਿਆਸ ਨੂੰ ਆਪਣੀ ਜੀਵਨ ਸ਼ੈਲੀ ਵਿੱਚ ਸ਼ਾਮਲ ਕਰਨਗੇ।

# ਐੱਸ ਡੀ ਓ ਪਾਵਰਕਾਮ ਭਾਗ ਸਿੰਘ ਧਾਮੀ ਨੇ ਅਹੁਦਾ ਸੰਭਾਲਿਆ



**ਨੂਰਪੁਰਬੇਦੀ, (ਸੁਰਜੀਤ ਸਿੰਘ ਕਾਹਲੋਂ )**-ਐੱਸ.ਡੀ.ਓ. ਪੰਜਾਬ ਰਾਜ ਪਾਵਰਕਾਮ ਦਫ਼ਤਰ ਸਿੰਘਪੁਰ ਇੰਜ. ਭਾਗ ਸਿੰਘ ਧਾਮੀ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ । ਜਦਕਿ ਪਹਿਲੇ ਐੱਸ.ਡੀ.ਓ. ਇੰਜ. ਬਿਕਰਮ ਸੈਣੀ ਦਾ ਤਬਾਦਲਾ ਸਬ-ਸੈਂਟਰ ਰੂਪਨਗਰ ਵਿਖੇ ਕਰ ਦਿੱਤਾ ਗਿਆ ਹੈ । ਧਾਮੀ ਜੋ ਪਹਿਲਾਂ ਵੀ ਨੂਰਪੁਰਬੇਦੀ ਵਿਖੇ ਆਪਣੀਆਂ ਸੇਵਾਵਾਂ ਨਿਭਾ ਚੁੱਕੇ ਹਨ ਨੇ ਅਹੁਦਾ ਸੰਭਾਲਣ ਮੌਕੇ ਗੱਲਬਾਤ ਕਰਦਿਆਂ ਆਖਿਆ ਕਿ ਖਪਤਕਾਰਾਂ ਦੀਆਂ ਤਮਾਮ ਸਮੱਸਿਆਵਾਂ ਨੂੰ ਸਮੇਂ ਸਿਰ ਹੱਲ ਕਰਨ ਨੂੰ ਪਹਿਲ ਦਿੱਤੀ ਜਾਵੇਗੀ ।

ਉਨ੍ਹਾਂ ਆਖਿਆ ਕਿ ਇਸ ਪਾਵਰਕਾਮ ਦਫ਼ਤਰ ਅਧੀਨ 3 ਸਬ-ਸਟੇਸ਼ਨ ਸੇਵਾਵਾਂ ਪ੍ਰਦਾਨ ਕਰ ਰਹੇ ਹਨ ਜਿੱਥੋਂ ਘਰੇਲੂ ਤੇ ਵਪਾਰਿਕ ਸੰਸਥਾਨਾਂ ਨੂੰ ਬਿਜਲੀ ਸਪਲਾਈ ਦਿੱਤੀ ਜਾ ਰਹੀ ਹੈ । ਉਨ੍ਹਾਂ ਆਖਿਆ ਕਿ ਬਿਜਲੀ ਸੇਵਾਵਾਂ ਨੂੰ ਨਿਰਵਿਘਨ ਜਾਰੀ ਰੱਖਿਆ ਜਾਵੇਗਾ ਅਤੇ ਖਪਤਕਾਰਾਂ ਨੂੰ ਕਿਸੀ ਵੀ ਪ੍ਰਕਾਰ ਦੀ ਮੁਸ਼ਕਿਲ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ।

ਉਨ੍ਹਾਂ ਆਖਿਆ ਕਿ ਅਗਰ ਫਿਰ ਵੀ ਖਪਤਕਾਰਾਂ ਨੂੰ ਕੋਈ ਵੀ ਕੰਮ ਕਰਵਾਉਣ ਨੂੰ ਲੈ ਕੇ ਕਿਸੀ ਵੀ ਪ੍ਰਕਾਰ ਦੀ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਉਨ੍ਹਾਂ ਨੂੰ ਸਿੱਧੇ ਤੌਰ 'ਤੇ ਦਫ਼ਤਰ ਵਿਖੇ ਕੰਮ ਵਾਲੇ ਦਿਨ ਮਿਲ ਸਕਦੇ ਹਨ ।

# ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ 'ਚ ਯੋਗ ਦਿਵਸ ਮਨਾਇਆ



**ਕਪੂਰਥਲਾ,, ( ਹਨੀ )**-ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਦੇ ਆਨਲਾਇਨ ਅੰਤਰਰਾਸ਼ਟਰੀ ਯੋਗ ਡੇ ਮਨਾਇਆ ਗਿਆ । ਜਿਸ ਵਿਚ ਬੱਚਿਆਂ ਨੇ ਵੱਖ-ਵੱਖ ਯੋਗ ਦੇ ਆਸਣ ਕੀਤੇ । ਸਕੂਲ ਦੇ ਐੱਨ ਸੀ ਸੀ ਕੈਡਿਟਸ ਨੇ 21 ਪੰਜਾਬ ਬਟਾਲੀਅਨ ਐੱਨ ਸੀ ਸੀ ਕਪੂਰਥਲਾ ਦੁਆਰਾ ਆਯੋਜਿਤ ਕੀਤੇ ਗਏ ਯੋਗ ਕੈਂਪ ਵਿੱਚ ਵੀ ਹਿੱਸਾ ਲਿਆ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਡਾਇਰੈਕਟਰ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸ਼ਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ ਨੇ ਵਿਦਿਆਰਥੀਆਂ ਨੂੰ ਸੁਨੇਹਾ ਦਿੰਦੇ ਹੋਏ ਕਿਹਾ ਕਿ ਯੋਗ ਸਿਰਫ਼ ਸਾਡੇ ਸਰੀਰ ਨੂੰ ਹੀ ਨਹੀਂ ਸਾਡੇ ਦਿਮਾਗ ਨੂੰ ਵੀ ਸਵੱਸਥ ਰੱਖਦਾ ਹੈ । ਇਸ ਲਈ ਸਾਨੂੰ ਸਾਰਿਆਂ ਨੂੰ ਹਰ ਰੋਜ਼ ਯੋਗ ਕਰਨਾ ਚਾਹੀਦਾ ਹੈ ।

# ਕਬੱਡੀ ਕਨਵੀਨਰ ਅਜੀਤ ਸਿੰਘ ਦਾ ਦੇਹਾਂਤ, ਅੰਤਮ ਅਰਦਾਸ 29 ਨੂੰ



**ਸ਼ਾਹਕੋਟ(ਗਿਆਨ ਸੈਦਪੁਰੀ)** ਚਾਨਣ ਸਿੰਘ ਚੰਦੀ ਸਪੋਰਟਸ ਕਲੱਬ ਕਾਸੂਪੁਰ ਦੇ ਕਬੱਡੀ ਕਨਵੀਨਰ ਮਾਸਟਰ ਅਜੀਤ ਸਿੰਘ ਦਾ ਵੀਰਵਾਰ ਰਾਤ ਦੇਹਾਂਤ ਹੋ ਗਿਆ। ਸ਼ੁੱਕਰਵਾਰ ਨੂੰ ਉਨ੍ਹਾਂ ਦਾ ਸਸਕਾਰ ਪੱਤੀ ਅਕਲਪੁਰ (ਮਲਸੀਆ) ਦੇ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ। ਇਸ ਮੌਕੇ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ, ਅਸ਼ਵਿੰਦਰ ਪਾਲ ਸਿੰਘ ਖੈਹਿਰਾ ਚੇਅਰਮੈਨ ਸ਼ੂਗਰ ਮਿੱਲ ਮਹਿਤਪੁਰ, ਕੇਵਲ ਸਿੰਘ ਰੁਪੈਵਾਲੀ ਸਾਬਕਾ ਐਮ. ਡੀ. ਕੋ: ਬੈਂਕ ਜਲੰਧਰ ਆਦਿ ਹਾਜ਼ਰ ਸਨ। ਮਾਸਟਰ ਅਜੀਤ ਸਿੰਘ ਨਮਿਤ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 29 ਜੂਨ ਦਿਨ ਸ਼ਨਿੱਚਰਵਾਰ ਨੂੰ ਗੁਰਦਵਾਰਾ ਦਮਦਮਾ ਸਾਹਿਬ ਮਲਸੀਆ ਵਿਖੇ ਹੋਵੇਗੀ।

# ਪੀ ਟੀ ਐੱਮ ਆਰੀਆ 'ਚ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ



**ਨੂਰਮਹਿਲ ( ਬਾਲ ਕ੍ਰਿਸ਼ਨ ਬਾਲੀ )**- ਸਥਾਨਕ ਪੀ. ਟੀ. ਐੱਮ ਆਰੀਆ ਕਾਲਜ 'ਚ ਕਾਲਜ ਦੇ ਡਾਇਰੈਕਟਰ ਪ੍ਰੋ. ਆਰ. ਕੇ. ਜੈਨ ਦੀ ਅਗਵਾਈ ਹੇਠ ਐੱਨ. ਐੱਸ. ਐੱਸ ਵਿਭਾਗ ਦੇ ਇੰਚਾਰਜ ਪ੍ਰੋ. ਬਬੀਤਾ ਰਾਣੀ ਅਤੇ ਯੂਥ ਸਰਵਿਸ ਵਲੋਂ ਯੋਗ ਦਿਵਸ ਮਨਾਇਆ ਗਿਆ। ਜਿਸ ਵਿੱਚ ਡਾ. ਸਰਵੇਸ਼ ਵਲੋਂ ਯੋਗ ਆਸਣ ਦਾ ਸਾਡੇ ਜੀਵਨ ਵਿੱਚ ਮਹੱਤਵ ਅਤੇ ਯੋਗ ਕਰਨ ਨਾਲ ਹੋਣ ਵਾਲੇ ਲਾਭ ਬਾਰੇ ਜਾਣੂ ਕਰਵਾਇਆ ਅਤੇ ਮਾਨਸਿਕ, ਬੋਧਿਕ ਵਿਕਾਸ ਵਿੱਚ ਯੋਗ ਆਸਣ ਦੀ ਮਹੱਤਤਾ ਅਤੇ ਮਨ ਨੂੰ ਇਕਾਗਰ ਕਰਨ ਬਾਰੇ ਦੱਸਿਆ। ਮੰਚ ਸੰਚਾਲਕ ਦੀ ਭੂਮਿਕਾ ਪ੍ਰੋ. ਸੀਮਾ ਵਲੋਂ ਨਿਭਾਈ ਗਈ। ਪ੍ਰੋ. ਇੰਦਰਜੀਤ ਕੌਰ ਨੇ ਆਏ ਹੋਏ ਮਹਿਮਾਨਾਂ ਅਤੇ ਕਾਲਜ ਦੀ ਪ੍ਰਬੰਧਕ ਕਮੇਟੀ ਦਾ ਧੰਨਵਾਦ ਕੀਤਾ। ਇਸ ਮੌਕੇ ਸਮੂਹ ਵਿਦਿਆਰਥੀ ਅਤੇ ਅਧਿਆਪਕ ਹਾਜ਼ਰ ਸਨ।

# ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ



**ਮਹਿਤਪੁਰ (ਰਾਜਾ)** ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਮਹਿਤਪੁਰ ਵਿਖੇ ਹਰ ਸਾਲ ਦੀ ਤਰ੍ਹਾਂ ਅੰਤਰਰਾਸ਼ਟਰੀ ਯੋਗ ਦਿਵਸ ਪ੍ਰਿੰਸੀਪਲ ਹਰਜੀਤ ਸਿੰਘ ਦੀ ਅਗਵਾਈ ਵਿੱਚ ਮਨਾਇਆ ਗਿਆ,ਜਿਸ ਵਿੱਚ ਸਕੂਲ ਦੇ ਸਮੂਹ ਸਟਾਫ ਵੱਲੋਂ ਭਾਗ ਲਿਆ ਗਿਆ।ਇਸ ਮੌਕੇ ਤੇ ਸਕੂਲ ਵਿਖੇ ਪੌਦੇ ਵੀ ਲਗਾਏ ਗਏ। ਪ੍ਰਿੰਸੀਪਲ ਨੇ ਸਿਹਤ ਲਈ ਯੋਗ ਦੀ ਮਹੱਤਤਾ 'ਤੇ ਚਾਨਣਾ ਪਾਇਆ ਅਤੇ ਵਾਤਾਵਰਣ ਨੂੰ ਸ਼ੁੱਧ ਰੱਖਣ ਲਈ ਵੱਧ ਤੋਂ ਵੱਧ ਪੌਦੇ ਲਗਾਉਣ ਲਈ ਪ੍ਰੇਰਿਤ ਕੀਤਾ।

# ਸਾਲਾਨਾ ਜੋੜ ਮੇਲਾ ਧੂਮਧਾਮ ਨਾਲ ਮਨਾਇਆ



**ਨਵਾਂਸ਼ਹਿਰ ( ਕੁਲਵਿੰਦਰ ਸਿੰਘ ਦੁਰਗਾਪੁਰੀਆ)** ਗੜ੍ਹਸ਼ੰਕਰ ਰੋਡ 'ਤੇ ਸਥਿਤ ਦਰਬਾਰ ਥਾਨ ਲੱਖ ਦਾਤਾ ਪੀਰ ਦਾ ਸਾਲਾਨਾ ਜੋੜ ਮੇਲਾ ਜੇਠੇ ਵੀਰਵਾਰ ਨੂੰ ਬੜੀ ਸ਼ਰਧਾ ਪੂਰਵਕ ਧੂਮਧਾਮ ਨਾਲ ਮਨਾਇਆ ਗਿਆ। ਕਮੇਟੀ ਪ੍ਰਧਾਨ ਜਿੰਦਰ ਸਿੰਘ ਸਾਧੜਾ ਨੇ ਦੱਸਿਆ ਕਿ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਅਤੇ ਚਿਰਾਗ ਰੋਸ਼ਨ ਕੀਤੇ ਗਏ। ਨਵਾਂਸ਼ਹਿਰ ਨਗਰ ਦੀ ਸੁੱਖ-ਸ਼ਾਂਤੀ ਲਈ ਅਰਦਾਸ ਕੀਤੀ ਗਈ, ਚਾਦਰ ਚੜ੍ਹਾਈ ਗਈ ਅਤੇ ਸਵੇਰੇ ਚਾਹ-ਪਕੌੜਿਆਂ ਤੋਂ ਬਾਅਦ ਵੱਖ-ਵੱਖ ਪਕਵਾਨਾਂ ਅਤੇ ਮਠਿਆਈਆਂ ਦਾ ਲੰਗਰ ਅਤੁੱਟ ਵਰਤਾਇਆ ਗਿਆ। ਪ੍ਰਸਿੱਧ ਗਾਇਕਾਂ ਨੇ ਆਪਣੀ ਹਾਜ਼ਰੀ ਲਗਵਾਈ। ਇਸ ਮੌਕੇ ਸਟੇਜ ਸੈਕਟਰੀ ਸੋਹਨ ਦੀਵਾਨਾ ਮੇਜਰ ਸਿੰਘ ਸਾਧੜਾ, ਪਰਗਣ ਸਿੰਘ, ਪੰਡਿਤ ਸੋਮਨਾਥ, ਦਿਲਵਾਰਾ ਹੀਰ, ਪਾਲ ਸਿੰਘ ਹੀਰ, ਚਰਨ ਸਿੰਘ ਹੀਰ ਬਿੱਲੂ ਰਾਮ ਸਿੰਘ ਹਾਜ਼ਰ ਹੋਏ।

# ਲੂ ਲੱਗਣ ਨਾਲ ਮੌਤ

**ਭੁਲੱਥ, (ਮਨਪ੍ਰੀਤ ਸਿੰਘ)**-ਸਭ ਡਿਵੀਜ਼ਨ ਕਸਬਾ ਭੁਲੱਥ ਵਿਖੇ ਇੱਕ ਪੰਜਾਹ ਸਾਲਾਂ ਦੇ ਵਿਅਕਤੀ ਹਰਭਜਨ ਲਾਲ ਪੁੱਤਰ ਪਿਆਰਾ ਲਾਲ ਦੀ ਅੱਤ ਗਰਮੀ 'ਚ ਦੁਪਹਿਰ ਸਮੇਂ ਲੂੰ ਲੱਗਣ ਕਰਕੇ ਮੌਤ ਹੋ ਗਈ।ਵਾਰਡ ਨੰਬਰ 13 ਦੇ ਵਸਨੀਕ ਹਰਭਜਨ ਲਾਲ ਉਰਫ ਕਾਲਾ ਦੇ ਪਰਵਾਰਕ ਮੈਂਬਰਾਂ ਨੇ ਦੱਸਿਆ ਕਿ ਦੁਪਹਿਰ ਸਮੇਂ ਉਹ ਘਰ ਦੇ ਕਮਰੇ ਵਿੱਚ ਆ ਕੇ ਲੇਟ ਗਏ ਤੇ ਬਾਹਰ ਨਹੀਂ ਆਏ । ਕੁਝ ਸਮੇਂ ਬਾਅਦ ਪਰਵਾਰਕ ਮੈਂਬਰਾਂ ਨੇ ਕਮਰੇ ਵਿੱਚ ਜਾ ਕੇ ਦੇਖਿਆ ਤਾਂ ਉਹ ਪਰਵਾਰ ਨੂੰ ਸਦਾ ਲਈ ਅਲਵਿਦਾ ਕਹਿ ਚੁੱਕੇ ਸਨ।

## ਵਰ੍ਹੇਗੰਢ ਮੁਬਾਰਕ



ਗੁਰਦਾਸਪੁਰ ਦੇ ਸੁਰਜੀਤ ਸ਼ਰਮਾ ਅਤੇ ਸਵਿਤਾ ਦੇ ਵਿਆਹ ਦੀ 47ਵੀਂ ਵਰ੍ਹੇਗੰਢ 'ਤੇ ਮੁਬਾਰਕਾਂ।

# ਜ਼ਿਲ੍ਹਾ ਕਚਹਿਰੀ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ



**ਜਲੰਧਰ -(ਨ ਜ਼ ਸ)**-- ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਅਤੇ ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੀਆਂ ਹਿਦਾਇਤਾਂ ਮੁਤਾਬਕ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਵਲੋਂ ਨਿਰਭਉ ਸਿੰਘ ਗਿੱਲ, ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਕਮ-ਚੇਅਰਮੈਨ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਦੀ ਯੋਗ ਰਹਿਨੁਮਾਈ ਹੇਠ ਜ਼ਿਲ੍ਹਾ ਕਚਹਿਰੀ, ਜਲੰਧਰ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ। ਪਤੰਜਲੀ ਯੋਗ ਪੀਠ, ਜਲੰਧਰ ਵਲੋਂ ਮੈਡਮ ਪੂਨਮ ਗੁਲਾਟੀ ਅਤੇ ਮੈਡਮ ਪ੍ਰਿਅੰਕਾ ਵਲੋਂ ਯੋਗ ਆਸਣ ਅਤੇ ਪ੍ਰਾਣਾਯਾਮ ਕਰਵਾਏ ਗਏ। ਮੈਡਮ ਅਰਚਨਾ ਕੰਬੋਜ, ਇੰਚਾਰਜ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਮੈਡਮ ਰਮਨਦੀਪ ਕੌਰ, ਸਿਵਲ ਜੱਜ (ਜੂਨੀਅਰ ਡਵੀਜ਼ਨ), ਮੈਡਮ ਰੇਨੂਕਾ ਕਾਲੜਾ, ਸਿਵਲ ਜੱਜ (ਜੂਨੀਅਰ ਡਵੀਜ਼ਨ) ਅਤੇ ਮੈਡਮ ਬੱਬਲਜੀਤ ਕੌਰ, ਸਿਵਲ ਜੱਜ (ਜੂਨੀਅਰ ਡਵੀਜ਼ਨ), ਜਲੰਧਰ ਹਾਜ਼ਰ ਸਨ।

ਹਾਜ਼ਰ ਜੱਜ ਸਾਹਿਬਾਨਾਂ ਵਲੋਂ ਸਟਾਫ ਅਤੇ ਹਾਜ਼ਰ ਵਕੀਲਾਂ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ ਅਤੇ ਯੋਗ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਉਣ ਲਈ ਪ੍ਰੇਰਿਤ ਕੀਤਾ। ਸਟਾਫ, ਵਕੀਲਾਂ ਨੂੰ ਯੋਗ ਕ੍ਰਿਆਵਾਂ ਸਬੰਧੀ ਜਾਗਰੂਕ ਕੀਤਾ ਗਿਆ ਅਤੇ ਯੋਗ ਦੀ ਮਹੱਤਤਾ ਸਬੰਧੀ ਜਾਣਕਾਰੀ ਦਿੱਤੀ ਗਈ। ਇਹ ਵੀ ਦੱਸਿਆ ਗਿਆ ਕਿ ਰੋਜ਼ਾਨਾ ਯੋਗ ਆਸਣ ਕਰਨ ਨਾਲ ਸਰੀਰ ਰਿਸ਼ਟ-ਪੁਸ਼ਟ ਰਹਿੰਦਾ ਹੈ ਅਤੇ ਕਈ ਤਰ੍ਹਾਂ ਦੀਆਂ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ। ਹਾਜ਼ਰ ਸਟਾਫ ਅਤੇ ਵਕੀਲਾਂ ਵਲੋਂ ਭਰੋਸਾ ਦਿਵਾਇਆ ਗਿਆ ਕਿ ਉਹ ਸਾਰੇ ਯੋਗ ਨੂੰ ਆਪਣੇ ਰੋਜ਼ਾਨਾ ਜੀਵਨ ਦਾ ਹਿੱਸਾ ਬਨਾਉਣਗੇ। ਇਸ ਮੌਕੇ 'ਤੇ ਹਰਨੇਕ ਸਿੰਘ, ਚੀਫ ਲੀਗਲ ਏਡ ਡਿਫੈਂਸ ਕੌਂਸਲ, ਨਵੀਤ ਢੱਲ, ਡਿਪਟੀ ਚੀਫ ਲੀਗਲ ਏਡ ਡਿਫੈਂਸ ਕੌਂਸਲ, ਜਗਨ ਨਾਥ, ਸੀਨੀਅਰ ਅਸਿਸਟੈਂਟ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਅਤੇ ਹੋਰ ਸਟਾਫ ਮੈਂਬਰ ਹਾਜ਼ਰ ਸਨ।

# ਕਾਜ਼ੀ ਮੰਡੀ 'ਚ ਕਾਸੋ ਦੀ ਕਾਰਵਾਈ ਦੌਰਾਨ ਵੱਡੀ ਮਾਤਰਾ 'ਚ ਹੈਰੋਇਨ ਸਮੇਤ ਦੋ ਕਾਬੂ



**ਜਲੰਧਰ,: ( ਸ਼ੈਲੀ ਐਲਬਰਟ)**: ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਪੁਲਸ ਕਮਿਸ਼ਨਰੇਟ ਨੇ ਸ਼ੁੱਕਰਵਾਰ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਕਾਸੋ ਆਪਰੇਸ਼ਨ ਦੌਰਾਨ ਦੋ ਵਿਅਕਤੀਆਂ ਨੂੰ ਭਾਰੀ ਮਾਤਰਾ ਵਿੱਚ ਹੈਰੋਇਨ ਸਮੇਤ ਕਾਬੂ ਕੀਤਾ ਹੈ।ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਪੁਲਸ ਕਮਿਸ਼ਨਰ ਨੇ ਦੱਸਿਆ ਕਿ ਏ.ਡੀ.ਜੀ.ਪੀ ਟ੍ਰੈਫਿਕ ਪੰਜਾਬ ਏ.ਐਸ.ਰਾਏ ਦੀ ਅਗਵਾਈ ਹੇਠ 'ਆਪ੍ਰੇਸ਼ਨ ਈਗਲ' ਨਾਂਅ ਦਾ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਕਾਸੋ ਅਪਰੇਸ਼ਨ ਚਲਾਇਆ ਗਿਆ। ਉਨ੍ਹਾਂ ਕਿਹਾ ਕਿ 17 ਟੀਮਾਂ ਵਿੱਚ 300 ਤੋਂ ਵੱਧ ਪੁਲਸ ਮੁਲਾਜ਼ਮਾਂ ਨੂੰ ਕਾਜ਼ੀ ਮੰਡੀ, ਜਲੰਧਰ ਦੇ ਨਸ਼ਿਆਂ ਦੇ ਹੌਟਸਪੌਟ ਨੂੰ ਨਿਸ਼ਾਨਾ ਬਣਾਉਣ ਲਈ ਲਾਮਬੰਦ ਕੀਤਾ ਗਿਆ ਸੀ। ਇਸ ਅਪ੍ਰੇਸ਼ਨ ਦਾ ਉਦੇਸ਼ ਨਸ਼ਾ ਤਸਕਰੀ ਅਤੇ ਤਸਕਰੀ ਨੂੰ ਨੱਥ ਪਾਉਣਾ ਹੈ ਅਤੇ ਇਸ ਦੌਰਾਨ ਚੈਕਿੰਗ ਕਰਕੇ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਅਤੇ ਅਪਰੇਸ਼ਨ ਈਗਲ ਦੀ ਸਫ਼ਲਤਾ ਨੂੰ ਦਰਸਾਉਂਦੇ ਹੋਏ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਕੇਸ ਦਰਜ ਕੀਤੇ ਗਏ। ਉਨ੍ਹਾਂ ਦੱਸਿਆ ਕਿ ਇਸ ਕਾਰਵਾਈ ਦੌਰਾਨ ਧਰਮਿੰਦਰ ਕੁਮਾਰ ਪੁੱਤਰ ਮੋਹਨ ਲਾਲ ਵਾਸੀ ਮੁਹੱਲਾ ਨੰਬਰ 13 ਵਿਨੈ ਨਗਰ ਲੰਮਾਂ ਪਿੰਡ ਜਲੰਧਰ ਨੂੰ 230 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ । ਉਸਦੇ ਖਿਲਾਫ ਥਾਣਾ ਰਾਮਾ ਮੰਡੀ ਜਲੰਧਰ ਵਿਖੇ ਐਫ.ਆਈ.ਆਰ ਨੰਬਰ 150 ਮਿਤੀ 21-06-2024 ਅਧੀਨ 21-61-85 ਐਨ.ਡੀ.ਪੀ.ਐਸ ਐਕਟ ਦਰਜ ਕੀਤਾ ਗਿਆ ਹੈ। ਇਸੇ ਤਰ੍ਹਾਂ ਰੋਹਿਤ ਕੁਮਾਰ ਪੁੱਤਰ ਰਾਜੇਸ਼ ਕੁਮਾਰ ਵਾਸੀ ਨੰਬਰ 174 ਮੁਸਲਿਮ ਕਾਲੋਨੀ ਜਲੰਧਰ ਨੂੰ 10 ਗ੍ਰਾਮ ਹੈਰੋਇਨ ਸਮੇਤ ਕਾਬੂ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਥਾਣਾ ਰਾਮਾ ਮੰਡੀ ਜਲੰਧਰ ਵਿਖੇ ਮੁਕੱਦਮਾ ਨੰਬਰ 151 ਮਿਤੀ 21-06-2024 ਅਧੀਨ 21-61-85 ਐਨਡੀਪੀਐਸ ਐਕਟ ਦਰਜ ਕੀਤਾ ਗਿਆ ਹੈ। ਧਰਮਿੰਦਰ ਖ਼ਿਲਾਫ਼ ਪਹਿਲਾਂ ਹੀ ਤਿੰਨ ਐਫਆਈਆਰਜ਼ ਲੰਬਿਤ ਹਨ ਜਦੋਂਕਿ ਇੱਕ ਰੋਹਿਤ ਖ਼ਿਲਾਫ਼ ਲੰਬਿਤ ਹੈ।

22-Jun-PAGE-12.qxd 6/21/2024 10:03 PM Page 2

## ਫਲੌਰਾ ਗੋਤ ਜਠੇਰਿਆਂ ਦਾ ਜੋੜ ਮੇਲਾ 7 ਨੂੰ

ਫਿਲੌਰ (ਨਿਰਮਲ)- ਫਲੌਰਾ ਗੋਤ ਵਾਲਿਆਂ ਪਰਵਾਰਾਂ ਦੇ ਜਠੇਰਿਆਂ ਦਾ ਸਲਾਨਾ ਜੋੜ ਮੇਲਾ 7 ਅਪ੍ਰੈਲ ਦਿਨ ਨੂੰ ਪਿੰਡ ਬਰਿਆਨਾ (ਗੜ੍ਹਸ਼ੰਕਰ) ਵਿਖੇ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਹ ਜਾਣਕਾਰੀ ਦਿੰਦੇ ਹੋਏ ਆਗੂ ਮਨਿੰਦਰ ਸਿੰਘ ਫਲੌਰਾ ਨੇ ਦੱਸਿਆ ਕਿ ਪੂਜਾ ਸਵੇਰੇ 9 ਵਜੇ ਹਵਨ ਆਹੂਤੀ 11 ਵਜੇ ਅਤੇ ਨਿਸ਼ਾਨ ਸਾਹਿਬ ਚੜ੍ਹਾਉਣ ਦੀ ਰਸਮ 11:30 ਵਜੇ ਹੋਵੇਗੀ। ਲੰਗਰ ਅਤੁੱਟ ਵਰਤੇਗਾ।